ਮੱਘਰ (ਨਾਨਕਸ਼ਾਹੀ ਸੰਮਤ ੫੫੭)
ਨਵੰਬਰ 2025

2/- ਰੁਪਏ
PRGI No. 88, Vol. 69, Issue 11, November 2025

ਮਾਸਿਕ

ਗੁਰਦੁਆਰਾ ਗਜ਼ਟ



ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਲਗਾਤਾਰ ਪੰਜਵੀਂ ਵਾਰ ਪ੍ਰਧਾਨ ਚੁਣੇ ਗਏ



ਦਫਤਰ ਬ੍ਰੰਮਣੀ ਕਮੇਟੀ ਤੇਜਾ ਸਿੰਘ ਸਮੁੰਦਰੀ ਹਾਲ ਵਿਖੇ ਕਰਵਾਏ ਗਏ ਜਨਰਲ ਇਜਲਾਸ ਦੌਰਾਨ ਸੰਬੋਧਨ ਕਰਦੇ ਹੋਏ ਪ੍ਰਧਾਨ ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ ਅਤੇ ਸ਼ਾਮਲ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਰਘਬੀਰ ਸਿੰਘ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਤੇ ਸ੍ਰੀ ਅਕਾਲ ਤਖਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਅਤੇ ਮੈਂਬਰ ਸਾਹਿਬਾਨ ਤੇ ਅਧਿਕਾਰੀ। (3 ਨਵੰਬਰ)



ਮੁਤ ਪ੍ਰਧਾਨ ਚੁਣੇ ਜਾਣ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਪਰਿਕਰਮਾਂ ਵਿਚ ਯਾਦਗਾਰੀ ਤਸਵੀਰ ਵਿਚ ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ, ਸੀਨੀ: ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ, ਜੂਨੀ: ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਅੰਤ੍ਰਿੰਗ ਮੈਂਬਰ ਸਾਹਿਬਾਨ ਅਤੇ ਅਧਿਕਾਰੀ। (3 ਨਵੰਬਰ)

ੴ ਵਾਹਿਗੁਰੂ ਜੀ ਕੀ ਫ਼ਤਹ॥

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਦਾ

ਮਾਸਿਕ ਪੱਤਰ

ਗੁਰਦੁਆਰਾ ਗਜ਼ਟ

ਸਥਾਪਤ ੧੯੨੯

ਮੱਘਰ	:	ਨਾਨਕਸ਼ਾਹੀ ਸੰਮਤ ੫੫੭
ਅੰਕ ੧੧	:	ਜਿਲਦ 69
ਨਵੰਬਰ	:	2025

ਸੰਪਾਦਕ : ਪ੍ਰਤਾਪ ਸਿੰਘ
ਐਸੋਸੀਏਟ ਸੰਪਾਦਕ: ਡਾ. ਰਾਜਵਿੰਦਰ ਸਿੰਘ ਜੋਗਾ

ਚੰਦਾ

ਦੇਸ਼		ਵਿਦੇਸ਼
ਸਾਲਾਨਾ 20/-	:	ਸਾਲਾਨਾ 500/-
ਲਾਈਫ 200/-	:	(ਹਵਾਈ ਡਾਕ)

Website : www.sgpc.net
E-mail : gurdwaragazette@gmail.com
info@sgpc.net
Phone : 0183-255 3956-60, Ext. 254

ਸੂਚਨਾ

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦੇ ਮਾਸਿਕ ਪੱਤਰ ਗੁਰਦੁਆਰਾ ਗਜ਼ਟ ਦੀ ਸਥਾਪਤੀ ਦੇ ਸਮੇਂ ਤੋਂ ਚੱਲ ਰਹੇ ਜਿਲਦ ਨੰਬਰ ਦੀ ਲੜੀ ਅਨੁਸਾਰ ਸਾਲ ੨੦੨੦ ਵਿਚ ਜਿਲਦ ਨੰਬਰ ੯੨ ਛਪ ਰਿਹਾ ਸੀ। ਪਰੰਤੂ ਆਰ.ਐਨ.ਆਈ. ਵਿਭਾਗ ਭਾਰਤ ਸਰਕਾਰ ਪਾਸ ਪਰਚੇ ਦੀ ਰਜਿਸਟ੍ਰੇਸ਼ਨ ੧੯੫੭ ਵਿਚ ਹੋਈ ਸੀ, ਜਿਸ ਸਬੰਧੀ ਆਰ.ਐਨ.ਆਈ. ਵਿਭਾਗ ਵੱਲੋਂ ਪੁੱਜੇ ਪੱਤਰ ਦੀ ਰੌਸ਼ਨੀ ਵਿਚ ਅੰਤ੍ਰਿੰਗ ਕਮੇਟੀ ਦੇ ਮਤਾ ਨੰਬਰ ੫੨੪ ਮਿਤੀ ੫-੯-੨੦੨੦ ਰਾਹੀਂ ਸਤੰਬਰ ੨੦੨੦ ਦੇ ਅੰਕ ਤੋਂ ਜਿਲਦ ਨੰਬਰ ੯੨ ਦੀ ਜਗ੍ਹਾ ੬੪ ਕੀਤਾ ਗਿਆ।

ਕੇਂਦਰੀ ਲਾਇਬ੍ਰੇਰੀ ਕਮੇਟੀ ਅਤੇ ਸੰਚਾਲਕ ਲੋਕ ਸੰਪਰਕ ਵਿਭਾਗ ਚੰਡੀਗੜ੍ਹ ਦੀ ਚਿੱਠੀ ਨੰ: ਲ. ਸ. ਵ. (ਲਾਇਬ)-68/10258 ਮਿਤੀ 20-6-67 ਰਾਹੀਂ ਸਰਕਾਰੀ ਲਾਇਬ੍ਰੇਰੀਆਂ ਲਈ ਪ੍ਰਵਾਨ ਹੈ।

ਪ੍ਰਤੀ ਕਾਪੀ 2/-ਰੁਪਏ

ਤਤਕਰਾ

ਲੇਖ	ਪੰਨਾ
ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਦਰਬਾਰ ਸਾਹਿਬ ਦੀ ਪਵਿੱਤਰ ਮਰਯਾਦਾ	4
ਇਤਿਹਾਸਕ ਦਿਹਾੜੇ	5
ਗੁਰਬਾਣੀ ਵਿਚਾਰ	7
ਸੰਪਾਦਕੀ	8
ਗੁਰੁ ਨਾਨਕ ਜਗ ਮਾਹਿ ਪਠਾਇਆ -ਸ. ਤੀਰਥ ਸਿੰਘ ਢਿੱਲਵਾਂ	11
ਟੌਹੜਾ ਇੰਸਟੀਚਿਊਟ ਦਾ ਧਾਰਮਿਕ ਟੂਰ -ਭਾਈ ਪਰਦੀਪ ਸਿੰਘ ਵਿਦਿਆਰਥੀ	14
ਸ਼੍ਰੋਮਣੀ ਕਮੇਟੀ ਖ਼ਬਰਨਾਮਾ	18
ਕਾਰਵਾਈ ਜਨਰਲ ਇਜਲਾਸ	108
ਹਿਸਾਬ ਕਿਤਾਬ	123
ਮਤੇ	160

English Section

Historical Events	165
Primary Sources of Sikh History: Basic Information -Dr. Hardev Singh	167
SGPC News	169

ਪਾਠਕ ਧਿਆਨ ਦੇਣ

ਸਮੂਹ ਸੰਗਤ ਨੂੰ ਸਤਿਕਾਰ ਸਹਿਤ ਬੇਨਤੀ ਹੈ ਕਿ 'ਗੁਰਦੁਆਰਾ ਗਜ਼ਟ' ਮੈਗਜ਼ੀਨ ਵਿਚ ਧਾਰਮਿਕ ਸਮੱਗਰੀ ਅਤੇ ਗਤੀਵਿਧੀਆਂ ਛਾਪੀਆਂ ਜਾਂਦੀਆਂ ਹਨ। ਇਸ ਲਈ ਹਰੇਕ ਪਾਠਕ ਲਈ ਇਸ ਮੈਗਜ਼ੀਨ ਨੂੰ ਪੂਰਨ ਸਤਿਕਾਰਤ ਰੂਪ ਵਿਚ ਸੰਭਾਲਣਾ ਜ਼ਰੂਰੀ ਹੈ। ਇਸ ਨੂੰ ਪੜ੍ਹ ਕੇ ਏਧਰ-ਓਧਰ ਸੁੱਟਣ ਦੀ ਬਜਾਇ ਕਿਸੇ ਹੋਰ ਧਾਰਮਿਕ ਰੁਚੀ ਵਾਲੇ ਪਾਠਕ ਨੂੰ ਦੇ ਦਿਓ ਜਾਂ ਆਪਣੇ ਨੇੜੇ ਦੀ ਕਿਸੇ ਲਾਇਬ੍ਰੇਰੀ ਵਿਚ ਜਮ੍ਹਾਂ ਕਰਵਾ ਦਿਓ ਜੀ। ਪਰੰਤੂ ਜਾਣੇ-ਅਣਜਾਣੇ ਇਸ ਧਾਰਮਿਕ ਰਸਾਲੇ ਨੂੰ ਰੱਦੀ ਵਿਚ ਦੇ ਕੇ ਬੇਅਦਬੀ ਨਾ ਕਰੋ ਜੀ। -ਸੰਪਾਦਕ

ੴ ਸਤਿਗੁਰ ਪ੍ਰਸਾਦਿ॥

ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਪਵਿੱਤਰ ਮਰਯਾਦਾ

ਮਹੀਨਾ ਮੱਘਰ

* ਕਿਵਾੜ ਖੁੱਲ੍ਹਣ ਦਾ ਸਮਾਂ ੩-੦੦ ਵਜੇ ਅੰਮ੍ਰਿਤ ਵੇਲੇ
* ਕੀਰਤਨ ਆਰੰਭ ੩-੦੦ ਵਜੇ ਅੰਮ੍ਰਿਤ ਵੇਲੇ
* ਆਸਾ ਦੀ ਵਾਰ ਦਾ ਕੀਰਤਨ ਆਰੰਭ ੪-੦੦ ਵਜੇ ਸਵੇਰੇ
* ਪਾਲਕੀ ਸਾਹਿਬ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਚੱਲਣ ਦਾ ਸਮਾਂ ੫-੦੦ ਵਜੇ ਸਵੇਰੇ
* ਪਹਿਲਾ ਹੁਕਮਨਾਮਾ ੫-੩੦ ਵਜੇ ਸਵੇਰੇ
* ਪਹਿਲੀ ਅਰਦਾਸ ੬-੦੦ ਵਜੇ ਸਵੇਰੇ
* ਆਸਾ ਦੀ ਵਾਰ ਦੀ ਸਮਾਪਤੀ ੭-੦੦ ਵਜੇ ਸਵੇਰੇ
* ਦੂਸਰੀ ਅਰਦਾਸ ਤੇ ਹੁਕਮਨਾਮਾ ੭-੧੫ ਵਜੇ ਤੱਕ ਸਵੇਰੇ
* ਸ਼ਾਮ ਨੂੰ ਸੋ ਦਰੁ, ਰਹਰਾਸਿ ਸਾਹਿਬ ਦਾ ਪਾਠ ਸੂਰਜ ਛਿਪਣ ਉਪਰੰਤ ਸ਼ੁਰੂ ਹੁੰਦਾ ਹੈ।
* ਹੁਕਮਨਾਮਾ ਰਾਤ ਨੂੰ ਸਮਾਪਤੀ ਸਮੇਂ ੯-੩੦ ਵਜੇ ਰਾਤ
* ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੋਂ ਪਾਲਕੀ ਸਾਹਿਬ ਚੱਲਣ ਦਾ ਸਮਾਂ ੯-੪੫ ਵਜੇ ਰਾਤ
* ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪਹੁੰਚਣ ਦਾ ਸਮਾਂ ੧੦-੦੦ ਵਜੇ ਰਾਤ
* ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਦੇ ਕਿਵਾੜ ਖੁੱਲ੍ਹਣ ਤੋਂ ਲੈ ਕੇ ਸਮਾਪਤੀ ਤਕ ਅਖੰਡ ਕੀਰਤਨ ਹੁੰਦਾ ਰਹਿੰਦਾ ਹੈ।
* ਰਾਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸਵਾਰੀ ਜਾਣ ਉਪਰੰਤ ਇਕ ਘੰਟਾ ਸੇਵਾ ਤੇ ਸਫਾਈ ਆਦਿ ਉਪਰੰਤ ਇਸ਼ਨਾਨ ਕਰਾਉਣ ਦੀ ਸੇਵਾ ਸ਼ਰਧਾਲੂ, ਸੇਵਾਦਾਰਾਂ ਦੇ ਸਹਿਯੋਗ ਨਾਲ ਕਰਦੇ ਹਨ।
* ਇਸ਼ਨਾਨ ਸਮੇਂ ਮਿਲ ਕੇ ਪ੍ਰੇਮੀ ਇਸ਼ਨਾਨ ਕਰਾਉਂਦੇ ਹਨ ਅਤੇ ਨਾਲ ਬੜੇ ਹੀ ਪ੍ਰੇਮ ਸਹਿਤ ਰਸ-ਭਿੰਨੀ ਸੁਰ ਵਿਚ ਗੁਰਬਾਣੀ ਦੇ ਸ਼ਬਦ ਗਾਇਨ ਕਰਦੇ ਹਨ। ਇਸ਼ਨਾਨ ਆਦਿ ਦੀ ਸੇਵਾ ਕਰਾਉਣ ਉਪਰੰਤ ਵਿਛਾਈਆਂ 'ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਸਿੰਘਾਸਨ ਸਜਾ ਕੇ ਅਰਦਾਸ ਹੁੰਦੀ ਹੈ ਤੇ ਕੜਾਹ ਪ੍ਰਸ਼ਾਦਿ ਦੀ ਦੇਗ ਵਰਤਦੀ ਹੈ।
* ਫਿਰ ਤਿੰਨ-ਪਹਿਰੇ ਦੀ ਚੌਂਕੀ ਦਾ ਕੀਰਤਨ ਆਰੰਭ ਹੁੰਦਾ ਹੈ।
* ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਦੀ ਵਿਚਕਾਰਲੀ ਛੱਤ ਅਤੇ ਗੁੰਬਦ ਵਿਚ ਹਰ ਵਕਤ ਅਖੰਡ ਪਾਠ ਸਾਹਿਬ ਚੱਲਦੇ ਹਨ, ਜਿਨ੍ਹਾਂ ਦਾ ਵਾਰੀ ਨਾਲ ਰੋਜ਼ਾਨਾ ਇਕ ਅਖੰਡ ਪਾਠ ਸਾਹਿਬ ਦਾ ਭੋਗ ਪੈਂਦਾ ਹੈ।

ਪਾਠਕ/ਲੇਖਕ 'ਗੁਰਦੁਆਰਾ ਗਜ਼ਟ' ਲਈ ਰਚਨਾਵਾਂ, ਸਹਾਇਤਾ ਅਤੇ ਸੁਝਾਅ ਹੇਠ ਲਿਖੇ ਪਤੇ 'ਤੇ ਭੇਜਣ ਦੀ ਕ੍ਰਿਪਾਲਤਾ ਕਰਨ।

ਸਕੱਤਰ,

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ-੧੪੩੦੦੬

ਫੋਨ : ੦੦੯੧-੧੮੩-੨੫੫੩੬੫੭,੫੮,੫੯

16 ਨਵੰਬਰ ਤੋਂ 15 ਦਸੰਬਰ ਤਕ ਦੇ ਇਤਿਹਾਸਕ ਦਿਹਾੜੇ

੧੬ ਨਵੰਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਪਹਿਲੀ ਚੋਣ ਮੁਕੰਮਲ ਹੋਈ। (੧੬-੧੧-੧੯੨੦)

੧੮ ਨਵੰਬਰ (ਓ) ਸਿੱਖਾਂ ਨੇ ਗੁਰੂ ਕੇ ਬਾਗ ਦਾ ਮੋਰਚਾ ਜਿੱਤ ਲਿਆ। (੧੮-੧੧-੧੯੨੨)

(ਅ) ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਦਮਦਮਾ ਸਾਹਿਬ ਤਲਵੰਡੀ ਸਾਬੋ (ਬਠਿੰਡਾ) ਨੂੰ ਸਿੱਖਾਂ ਦਾ ਪੰਜਵਾਂ ਤਖ਼ਤ ਐਲਾਨਿਆ। (੧੮-੧੧-੧੯੬੬)

੧੯ ਨਵੰਬਰ (ਓ) ਮਹਾਰਾਜਾ ਰਣਜੀਤ ਸਿੰਘ ਨੇ ਪੇਸ਼ਾਵਰ 'ਤੇ ਕਬਜ਼ਾ ਕੀਤਾ। (੧੯-੧੧-੧੮੧੮)

(ਅ) ਗੁਰਦੁਆਰਾ ਪੰਜਾ ਸਾਹਿਬ (ਹਸਨ ਅਬਦਾਲ) ਨੂੰ ਜਥੇਦਾਰ ਕਰਤਾਰ ਸਿੰਘ ਝੱਬਰ ਦੀ ਅਗਵਾਈ ਵਿਚ ਸਿੱਖਾਂ ਨੇ ਆਜ਼ਾਦ ਕਰਵਾਇਆ। (੧੯-੧੧-੧੯੨੦)

੨੨ ਨਵੰਬਰ ਸਿੱਖਾਂ ਤੇ ਅੰਗਰੇਜ਼ਾਂ ਵਿਚ ਰਾਮਨਗਰ (ਹੁਣ ਪਾਕਿਸਤਾਨ) ਦੀ ਲੜਾਈ ਹੋਈ। (੨੨-੧੧-੧੮੪੮)

੨੩ ਨਵੰਬਰ ਗੁਰਿਆਈ ਦਿਵਸ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ। (੩੫੦ ਸਾਲਾ) (ਮੱਘਰ ਸੁਦੀ ੩)

੨੪ ਨਵੰਬਰ (ਓ) ਸ੍ਰੀ ਗੁਰੂ ਅਰਜਨ ਦੇਵ ਜੀ ਨੇ ਕਸਬਾ ਕਰਤਾਰਪੁਰ (ਜਲੰਧਰ) ਦਾ ਨੀਂਹ ਪੱਥਰ ਰੱਖਿਆ। (੨੪-੧੧-੧੫੯੪)

(ਅ) ਸ਼ਹੀਦੀ ਭਾਈ ਦਿਆਲਾ ਜੀ, ਭਾਈ ਮਤੀ ਦਾਸ ਜੀ ਤੇ ਭਾਈ ਸਤੀ ਦਾਸ ਜੀ। (੩੫੦ ਸਾਲਾ) (ਮੱਘਰ ਸੁਦੀ ੪)

(ਏ) ਸਿੱਖਾਂ ਨੇ ਪੰਡਿਤ ਜਵਾਹਰ ਲਾਲ ਨਹਿਰੂ ਵੱਲੋਂ ਸਿੱਖਾਂ ਪ੍ਰਤੀ ਕੀਤੀਆਂ ਅਪਮਾਨਜਨਕ ਟਿੱਪਣੀਆਂ ਦੇ ਖ਼ਿਲਾਫ਼ ਦਿੱਲੀ ਵਿਚ ਇਕ ਵਿਸ਼ਾਲ ਰੋਸ ਮਾਰਚ ਕੀਤਾ। (੨੪-੧੧-੧੯੬੦)

੨੫ ਨਵੰਬਰ (ਓ) ਸ਼ਹੀਦੀ ਦਿਵਸ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ (੩੫੦ ਸਾਲਾ) (ਮੱਘਰ ਸੁਦੀ ੫)

(ਅ) ਅਕਾਲੀ ਦਲ ਦੀ ਸਿਲਵਰ ਜੁਬਲੀ ਕਾਨਫਰੰਸ ਜ਼ਿਲ੍ਹਾ ਜਲੰਧਰ ਦੇ ਕਸਬਾ ਜੰਡਿਆਲਾ ਵਿਖੇ ਹੋਈ, ਜਿਸ ਵਿਚ ਪਾਕਿਸਤਾਨ ਬਣਾਏ ਜਾਣ ਦੀ ਮੁਖ਼ਾਲਫ਼ਤ ਕੀਤੀ। (੨੫-੧੧-੧੯੪੪)

੨੬ ਨਵੰਬਰ ਸਿੱਖ ਲੀਡਰਾਂ ਨੇ ਭਾਰਤ ਦੇ ਨਵੇਂ ਬਣੇ ਸੰਵਿਧਾਨ ਨੂੰ ਰੱਦ ਕਰਦਿਆਂ ਇਸ 'ਤੇ ਦਸਤਖਤ ਕਰਨ ਤੋਂ ਇਨਕਾਰ ਕਰ ਦਿੱਤਾ। (੨੬-੧੧-੧੯੪੯)

੨੮ ਨਵੰਬਰ (ਓ) ਅਕਾਲ ਚਲਾਣਾ ਭਾਈ ਮਰਦਾਨਾ ਜੀ। (੧੩ ਮੱਘਰ)

(ਅ) ਭਾਰਤ ਸਰਕਾਰ ਨੇ ਬਿਆਨ ਦਿੱਤਾ ਕਿ ਸ੍ਰੀ ਦਰਬਾਰ ਸਾਹਿਬ ਦੇ ਘੱਲੂਘਾਰੇ ਦੇ ਵਿਰੁੱਧ ਰੋਸ ਪ੍ਰਗਟ ਕਰਨ ਵਾਲੇ ਫੌਜੀਆਂ ਵਿੱਚੋਂ ੨੨੩੯ ਸਿੱਖ ਫੌਜੀ ਸਿਪਾਹੀਆਂ ਦਾ ਕੋਰਟ ਮਾਰਸ਼ਲ ਕੀਤਾ। ੯੮ ਸਿੱਖ ਫੌਜੀਆਂ ਨੂੰ ਬਗ਼ਾਵਤ ਦੇ ਦੋਸ਼ ਬਦਲੇ ਨੌਕਰੀਆਂ ਤੋਂ ਵਿਹਲੇ ਕਰ ਦਿੱਤਾ ਗਿਆ। (੨੮-੧੧-੧੯੮੫)

੩੦ ਨਵੰਬਰ ਜਨਮ ਦਿਹਾੜਾ ਸਾਹਿਬਜ਼ਾਦਾ ਬਾਬਾ ਜ਼ੋਰਾਵਰ ਸਿੰਘ ਜੀ। (੧੫ ਮੱਘਰ)

੪ ਦਸੰਬਰ (ਓ) ਸਿੱਖਾਂ ਨੇ ਪੰਡਿਤ ਜਵਾਹਰ ਲਾਲ ਨਹਿਰੂ ਦੀ ਰਾਜਪੁਰਾ ਰੈਲੀ ਵਿਚ 'ਪੰਜਾਬੀ ਸੂਬਾ ਜ਼ਿੰਦਾਬਾਦ' ਦੇ ਨਾਅਰੇ ਲਗਾਏ, ਜਿਸ ਕਾਰਨ ੧੫ ਸਿੱਖ ਗ੍ਰਿਫਤਾਰ ਕਰ ਲਏ ਗਏ। (੪-੧੨-੧੯੬੦)

(ਅ) ਸ਼ਹੀਦੀ ਦਿਹਾੜਾ ਬਾਬਾ ਗੁਰਬਖ਼ਸ਼ ਸਿੰਘ ਜੀ। (੧੯ ਮੱਘਰ)

੭ ਦਸੰਬਰ ਬਾਬਾ ਬੰਦਾ ਸਿੰਘ ਬਹਾਦਰ ਨੂੰ ਉਨ੍ਹਾਂ ਦੇ ੭੦੦ ਸਾਥੀਆਂ ਸਮੇਤ ਗ੍ਰਿਫਤਾਰ ਕਰ ਲਿਆ ਗਿਆ ਅਤੇ ਬੰਦੀ ਬਣਾ ਕੇ ਦਿੱਲੀ ਲਿਜਾਇਆ ਗਿਆ। (੭-੧੨-੧੭੧੫)

੧੧ ਦਸੰਬਰ ਸ਼੍ਰੋਮਣੀ ਅਕਾਲੀ ਦਲ ਨੇ ਬਦਲੇ ਹੋਏ ਹਾਲਾਤਾਂ ਨੂੰ ਮੁੱਖ-ਰੱਖਦਿਆਂ 'ਦਲ' ਦੀਆਂ ਨੀਤੀਆਂ ਦਾ ਖਰੜਾ ਤਿਆਰ ਕਰਨ ਲਈ ਇਕ ਕਮੇਟੀ ਦਾ ਗਠਨ ਕੀਤਾ। ਇਸ ਕਮੇਟੀ ਨੇ ਇਤਿਹਾਸਕ ਮਤੇ 'ਅਨੰਦਪੁਰ ਸਾਹਿਬ ਦਾ ਮਤਾ' ਦਾ ਖਰੜਾ ਤਿਆਰ ਕੀਤਾ। (੧੧-੧੨-੧੯੭੨)

੧੨ ਦਸੰਬਰ (ਓ) ਸਿੱਖਾਂ ਤੋਂ ਬੁਰੀ ਤਰ੍ਹਾਂ ਹਾਰ ਜਾਣ 'ਤੇ ਅਹਿਮਦ ਸ਼ਾਹ ਅਬਦਾਲੀ ਆਪਣੇ ਵਤਨ ਵਾਪਸ ਚਲਾ ਗਿਆ। ਕਾਬਲੀ ਮੱਲ ਪੰਜਾਬ ਦਾ ਗਵਰਨਰ ਬਣਿਆ ਤੇ ਸਿੱਖ ਪੰਜਾਬ ਦੇ ਅਸਲੀ ਮਾਲਕ ਬਣ ਗਏ। (੧੨-੧੨-੧੭੬੨)

(ਅ) ੫੩ ਮਹੰਤਾਂ ਨੇ ਅੰਮ੍ਰਿਤਸਰ ਵਿਖੇ ਇਕ ਇਕੱਠ ਕਰਕੇ ਗੁਰਦੁਆਰਾ ਸੁਧਾਰ ਲਹਿਰ ਦਾ ਵਿਰੋਧ ਕਰਨ ਦਾ ਫੈਸਲਾ ਕੀਤਾ। (੧੨-੧੨-੧੯੨੦)

੧੪ ਦਸੰਬਰ (ਓ) ਜਨਮ ਦਿਹਾੜਾ ਸਾਹਿਬਜ਼ਾਦਾ ਬਾਬਾ ਫਤਹਿ ਸਿੰਘ ਜੀ। (੨੯ ਮੱਘਰ)

(ਅ) ਸਥਾਪਨਾ ਦਿਵਸ 'ਸ਼੍ਰੋਮਣੀ ਅਕਾਲੀ ਦਲ'। (੧੪ ਦਸੰਬਰ, ੧੯੨੦)

ਫ਼ਾਰਮ IV ਰੂਲ ੮

੧ ਛਪਣ ਦਾ ਅਸਥਾਨ	ਸ੍ਰੀ ਅੰਮ੍ਰਿਤਸਰ
੨ ਛਪਣ ਦਾ ਸਮਾਂ	ਹਰ ਮਹੀਨੇ ਦੀ ੧੫-੧੬ ਤਾਰੀਖ
੩ ਮੁਦ੍ਰਕ ਦਾ ਨਾਂ	ਪ੍ਰਤਾਪ ਸਿੰਘ
ਕੌਮੀਅਤ	ਭਾਰਤੀ
ਪਤਾ	ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।
੪ ਪ੍ਰਕਾਸ਼ਕ ਦਾ ਨਾਂ	ਪ੍ਰਤਾਪ ਸਿੰਘ
ਕੌਮੀਅਤ	ਭਾਰਤੀ
ਪਤਾ	ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।
੫ ਸੰਪਾਦਕ	ਪ੍ਰਤਾਪ ਸਿੰਘ
ਕੌਮੀਅਤ	ਭਾਰਤੀ
ਪਤਾ	ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।
੬ ਮਾਲਕ	ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।

ਮੈਂ ਪ੍ਰਤਾਪ ਸਿੰਘ ਸੰਪਾਦਕ, ਘੋਸ਼ਣਾ ਕਰਦਾ ਹਾਂ ਕਿ ਜਿਥੋਂ ਤਕ ਮੈਨੂੰ ਪਤਾ ਹੈ, ਉਪਰ ਦਿੱਤੀ ਜਾਣਕਾਰੀ ਸਹੀ ਹੈ।

ਸਹੀ/-ਪ੍ਰਤਾਪ ਸਿੰਘ

ਗੁਰਬਾਣੀ ਵਿਚਾਰ:

ਮੰਘਿਰਿ ਮਾਹਿ ਸੋਹੰਦੀਆ...

ਮੰਘਿਰਿ ਮਾਹਿ ਸੋਹੰਦੀਆ ਹਰਿ ਪਿਰ ਸੰਗਿ ਬੈਠੜੀਆਹ॥
ਤਿਨ ਕੀ ਸੋਭਾ ਕਿਆ ਗਣੀ ਜਿ ਸਾਹਿਬਿ ਮੇਲੜੀਆਹ॥
ਤਨੁ ਮਨੁ ਮਉਲਿਆ ਰਾਮ ਸਿਉ ਸੰਗਿ ਸਾਧ ਸਹੇਲੜੀਆਹ॥
ਸਾਧ ਜਨਾ ਤੇ ਬਾਹਰੀ ਸੇ ਰਹਨਿ ਇਕੇਲੜੀਆਹ॥
ਤਿਨ ਦੁਖੁ ਨ ਕਬਹੂ ਉਤਰੈ ਸੇ ਜਮ ਕੈ ਵਸਿ ਪੜੀਆਹ॥
ਜਿਨੀ ਰਾਵਿਆ ਪ੍ਰਭੁ ਆਪਣਾ ਸੇ ਦਿਸਨਿ ਨਿਤ ਖੜੀਆਹ॥
ਰਤਨ ਜਵੇਹਰ ਲਾਲ ਹਰਿ ਕੰਠਿ ਤਿਨਾ ਜੜੀਆਹ॥
ਨਾਨਕ ਬਾਂਛੈ ਧੂੜਿ ਤਿਨ ਪ੍ਰਭ ਸਰਣੀ ਦਰਿ ਪੜੀਆਹ॥
ਮੰਘਿਰਿ ਪ੍ਰਭੁ ਆਰਾਧਣਾ ਬਹੁੜਿ ਨ ਜਨਮੜੀਆਹ ॥੧੦॥

ਮੱਘਰ (ਦੇ ਠੰਢੇ-ਮਿੱਠੇ) ਮਹੀਨੇ ਵਿਚ ਉਹ ਜੀਵ-ਇਸਤਰੀਆਂ ਸੋਹਣੀਆਂ ਲੱਗਦੀਆਂ ਹਨ, ਜੋ ਹਰੀ-ਪਤੀ ਦੇ ਨਾਲ ਬੈਠੀਆਂ ਹੁੰਦੀਆਂ ਹਨ। ਜਿਨ੍ਹਾਂ ਨੂੰ ਮਾਲਕ-ਪ੍ਰਭੂ ਨੇ ਆਪਣੇ ਨਾਲ ਮਿਲਾ ਲਿਆ, ਉਨ੍ਹਾਂ ਦੀ ਸ਼ੋਭਾ ਬਿਆਨ ਨਹੀਂ ਹੋ ਸਕਦੀ। ਸਤਸੰਗੀ ਸਹੇਲੀਆਂ ਦੀ ਸੰਗਤ ਵਿਚ ਪ੍ਰਭੂ ਦੇ ਨਾਲ (ਚਿੱਤ ਜੋੜ ਕੇ) ਉਨ੍ਹਾਂ ਦਾ ਤਨ, ਮਨ ਸਦਾ ਖਿੜਿਆ ਰਹਿੰਦਾ ਹੈ।

ਪਰ ਜਿਹੜੀਆਂ ਜੀਵ-ਇਸਤਰੀਆਂ ਸਤਸੰਗੀਆਂ (ਦੀ ਸੰਗਤ) ਤੋਂ ਵਾਂਝੀਆਂ ਰਹਿੰਦੀਆਂ ਹਨ, ਉਹ ਇਕੱਲੀਆਂ (ਛੁੱਟੜ) ਹੀ ਰਹਿੰਦੀਆਂ ਹਨ, ਜਿਵੇਂ ਸੜੇ ਹੋਏ ਤਿਲਾਂ ਦਾ ਬੂਟਾ ਪੈਲ਼ੀ ਵਿਚ ਨਿਖਸਮਾ ਰਹਿੰਦਾ ਹੈ। ਇਕੱਲੀ ਨਿਖਸਮੀ ਜ਼ਿੰਦ ਨੂੰ ਵੇਖ ਕੇ ਕਾਮਾਦਿਕ ਕਈ ਵੈਰੀ ਆ ਕੇ ਘੇਰ ਲੈਂਦੇ ਹਨ ਤੇ ਉਨ੍ਹਾਂ ਦਾ (ਵਿਕਾਰਾਂ ਤੋਂ ਉਪਜਿਆ) ਦੁੱਖ ਕਦੇ ਲਹਿੰਦਾ ਨਹੀਂ, ਉਹ ਜਮਾਂ ਦੇ ਵੱਸ ਪਈਆਂ ਰਹਿੰਦੀਆਂ ਹਨ।

ਜਿਨ੍ਹਾਂ ਜੀਵ-ਇਸਤਰੀਆਂ ਨੇ ਪਤੀ-ਪਰਮਾਤਮਾ ਦਾ ਸਾਥ ਮਾਣਿਆ ਹੈ, ਉਹ (ਵਿਕਾਰਾਂ ਦੇ ਹੱਲੇ ਵੱਲੋਂ) ਸਦਾ ਸੁਚੇਤ ਦਿੱਸਦੀਆਂ ਹਨ (ਵਿਕਾਰ ਉਨ੍ਹਾਂ ਉਤੇ ਚੋਟ ਨਹੀਂ ਕਰ ਸਕਦੇ, ਕਿਉਂਕਿ) ਪਰਮਾਤਮਾ ਦੇ ਗੁਣ ਉਨ੍ਹਾਂ ਦੇ ਹਿਰਦੇ ਵਿਚ ਪ੍ਰੋਤੇ ਰਹਿੰਦੇ ਹਨ, ਜਿਵੇਂ ਹੀਰੇ, ਜਵਾਹਰ ਤੇ ਲਾਲਾਂ ਦਾ ਹਾਰ ਗਲ ਵਿਚ ਪਾਇਆ ਹੁੰਦਾ ਹੈ।

ਗੁਰੂ ਜੀ ਉਨ੍ਹਾਂ ਸਤਸੰਗੀਆਂ ਦੇ ਚਰਨਾਂ ਦੀ ਧੂੜ ਮੰਗਦੇ ਹਨ, ਜੋ ਪ੍ਰਭੂ ਦੇ ਦਰ 'ਤੇ ਪਏ ਰਹਿੰਦੇ ਹਨ, ਜੋ ਪ੍ਰਭੂ ਦੀ ਸ਼ਰਨ ਵਿਚ ਰਹਿੰਦੇ ਹਨ। ਮੱਘਰ ਵਿਚ ਪਰਮਾਤਮਾ ਦਾ ਸਿਮਰਨ ਕੀਤਿਆਂ ਮੁੜ ਜਨਮ-ਮਰਨ ਦਾ ਗੇੜ ਨਹੀਂ ਵਾਪਰਦਾ॥੧੦॥ ■

ਸੰਪਾਦਕੀ...

ਕਲਿ ਤਾਰਣਿ ਗੁਰੁ ਨਾਨਕ ਆਇਆ

ਸਿੱਖ ਧਰਮ ਦੁਨੀਆਂ ਦੇ ਤਮਾਮ ਧਰਮਾਂ ਵਿਚੋਂ ਕਾਲ-ਕ੍ਰਮ ਮੁਤਾਬਿਕ ਨਵਾਂ ਤੇ ਛੋਟੀ ਉਮਰ ਦਾ ਧਰਮ ਮੰਨਿਆ ਜਾਂਦਾ, ਪਰ ਇਸ ਦੇ ਸਿਧਾਂਤ ਤੇ ਸੰਕਲਪ ਐਸੇ ਹਨ ਜਿਨ੍ਹਾਂ ਕਰਕੇ ਇਹ ਦੂਸਰੇ ਧਰਮਾਂ ਵਿਚੋਂ ਵਿਲੱਖਣ ਧਰਮ ਕਹਿਲਾਉਣ ਦਾ ਭਾਗੀ ਹੈ। ਇਸ ਧਰਮ ਦਾ ਆਰੰਭ ਗੁਰੂ ਨਾਨਕ ਪਾਤਸ਼ਾਹ ਜੀ ਦੇ ਪ੍ਰਕਾਸ਼ ਤੋਂ ਮੰਨਿਆ ਜਾਂਦਾ ਹੈ। ਜਗਤ ਅੰਦਰ ਕਿੰਨੇ ਹੀ ਪੀਰ, ਪੈਗ਼ੰਬਰ ਤੇ ਧਰਮ ਦੇ ਆਗੂ ਹੋਏ ਹਨ, ਜਿਨ੍ਹਾਂ ਦਾ ਮਨੋਰਥ ਲੋਕ-ਭਲਾਈ ਹਿੱਤ ਕਾਰਜ ਕਰਨੇ ਤੇ ਉਨ੍ਹਾਂ ਨੂੰ ਸੱਚ ਦੇ ਮਾਰਗ 'ਤੇ ਚੱਲਣ ਦੀ ਪ੍ਰੇਰਨਾ ਦੇਣਾ ਰਿਹਾ ਹੈ। ਪਰ ਸਮਾਂ ਪਾ ਕੇ ਇਨ੍ਹਾਂ ਧਰਮਾਂ ਦੇ ਧਾਰਮਿਕ ਆਗੂਆਂ ਵਿਚ ਭਰਮ, ਪਾਖੰਡ, ਕਰਮ-ਕਾਂਡ, ਊਚ-ਨੀਚ ਜਾਂ ਰੂੜੀਵਾਦੀ ਵਿਚਾਰਧਾਰਾ ਪੈਦਾ ਹੋ ਗਈ ਸੀ, ਜਿਸ ਕਰਕੇ ਇਨ੍ਹਾਂ ਦਾ ਤੇ ਇਨ੍ਹਾਂ ਦੇ ਅਨੁਯਾਈਆਂ ਦਾ ਜੀਵਨ ਨਿਘਾਰ ਵੱਲ ਨੂੰ ਚਲਾ ਗਿਆ। ਅਜਿਹੇ ਹਾਲਾਤਾਂ ਨੂੰ ਗੁਰੂ ਨਾਨਕ ਪਾਤਸ਼ਾਹ ਜੀ ਨੇ ਆਪਣੀ ਬਾਣੀ ਵਿਚ ਬਿਆਨ ਕੀਤਾ ਹੈ:

ਕਲਿ ਕਾਤੀ ਰਾਜੇ ਕਾਸਾਈ ਧਰਮੁ ਪੰਖ ਕਰਿ ਉਡਰਿਆ॥
ਕੂੜੁ ਅਮਾਵਸ ਸਚੁ ਚੰਦ੍ਰਮਾ ਦੀਸੈ ਨਾਹੀ ਕਹ ਚੜਿਆ॥
ਹਉ ਭਾਲਿ ਵਿਕੁੰਨੀ ਹੋਈ॥ ਆਧੇਰੈ ਰਾਹੁ ਨ ਕੋਈ॥
ਵਿਚਿ ਹਉਮੈ ਕਰਿ ਦੁਖੁ ਰੋਈ॥
ਕਹੁ ਨਾਨਕ ਕਿਨਿ ਬਿਧਿ ਗਤਿ ਹੋਈ॥ (ਸ੍ਰੀ ਗੁਰੂ ਗ੍ਰੰਥ ਸਾਹਿਬ, ੧੪੫)

ਅਰਥਾਤ- ਰਾਜੇ ਜਿਨ੍ਹਾਂ ਦਾ ਕੰਮ ਪਰਜਾ ਦੀ ਭਲਾਈ ਕਰਨਾ ਹੁੰਦਾ ਹੈ, ਉਹ ਕਸਾਈ ਬਣ ਗਏ ਸਨ ਤੇ ਧਰਮ ਖੰਭ ਲਾ ਕੇ ਉਡ ਗਿਆ ਸੀ। ਮੱਸਿਆ ਦੀ ਰਾਤ ਦੀ ਤਰ੍ਹਾਂ ਘੁਪ ਹਨ੍ਹੇਰਾ ਪਸਰ ਚੁੱਕਾ ਸੀ ਤੇ ਸੱਚ ਰੂਪ ਚੰਦ੍ਰਮਾ ਕਿਤੇ ਵੀ ਚੜਿਆ ਨਜ਼ਰ ਨਹੀਂ ਆ ਰਿਹਾ ਸੀ।

ਭਾਈ ਗੁਰਦਾਸ ਜੀ ਨੇ ਵੀ ਐਸੇ ਭਿਆਨਕ ਹਾਲਾਤਾਂ ਦਾ ਵਰਣਨ ਆਪਣੀਆਂ ਵਾਰਾਂ ਵਿਚ ਇਸ ਤਰ੍ਹਾਂ ਕੀਤਾ ਹੈ:

ਭਈ ਗਿਲਾਨਿ ਜਗਤ ਵਿਚਿ ਚਾਰਿ ਵਰਨ ਆਸ੍ਰਮ ਉਪਾਏ।
ਦਸ ਨਾਮਿ ਸੰਨਿਆਸੀਆ ਜੋਗੀ ਬਾਰਹ ਪੰਥਿ ਚਲਾਏ।
ਜੰਗਮ ਅਤੇ ਸਰੇਵੜੇ ਦਗੇ ਦਿਗੰਬਰਿ ਵਾਦਿ ਕਰਾਏ।
ਬ੍ਰਹਮਣਿ ਬਹੁ ਪਰਕਾਰਿ ਕਰਿ ਸਾਸਤ੍ਰਿ ਵੇਦ ਪੁਰਾਣਿ ਲੜਾਏ।
ਖਟਿ ਦਰਸਨ ਬਹੁ ਵੈਰਿ ਕਰਿ ਨਾਲਿ ਛਤੀਸਿ ਪਖੰਡ ਰਲਾਏ।
ਤੰਤ ਮੰਤ ਰਾਸਣਿਆ ਕਰਾਮਾਤਿ ਕਾਲਖਿ ਲਪਟਾਏ।
ਇਕਸਿ ਤੇ ਬਹੁ ਰੂਪਿ ਕਰਿ ਕਰੂਪੀ ਘਣੇ ਦਿਖਾਏ।
ਕਲਿਜੁਗਿ ਅੰਦਰਿ ਭਰਮਿ ਭੁਲਾਏ॥੧੯॥

(ਭਾਈ ਗੁਰਦਾਸ ਜੀ, ਵਾਰ ੧, ਪਉੜੀ ੧੯)

ਚਾਰਿ ਵਰਨ ਚਾਰਿ ਮਜਹਬਾ ਜਗ ਵਿਚਿ ਹਿੰਦੂ ਮੁਸਲਮਾਣੇ।
ਖੁਦੀ ਬਖੀਲਿ ਤਕਬਰੀ ਖਿੰਚੋਤਾਣ ਕਰੇਨਿ ਧਿਙਾਣੇ।

ਗੰਗ ਬਨਾਰਸਿ ਹਿੰਦੂਆ ਮਕਾ ਕਾਬਾ ਮੁਸਲਮਾਣੇ।
ਸੁੰਨਤਿ ਮੁਸਲਮਾਣ ਦੀ ਤਿਲਕ ਜੰਞੂ ਹਿੰਦੂ ਲੋਭਾਣੇ।
ਰਾਮ ਰਹੀਮ ਕਹਾਇਦੇ ਇਕੁ ਨਾਮੁ ਦੁਇ ਰਾਹ ਭੁਲਾਣੇ।
ਬੇਦ ਕਤੇਬ ਭੁਲਾਇਕੈ ਮੋਹੇ ਲਾਲਚ ਦੁਨੀ ਸੈਤਾਣੇ।
ਸਚੁ ਕਿਨਾਰੇ ਰਹਿ ਗਇਆ ਖਹਿ ਮਰਦੇ ਬਾਹਮਣ ਮਉਲਾਣੇ।
ਸਿਰੋ ਨ ਮਿਟੇ ਆਵਣ ਜਾਣੇ॥੨੧॥ (ਭਾਈ ਗੁਰਦਾਸ ਜੀ, ਵਾਰ ੧, ਪਉੜੀ ੨੧)

ਅਰਥਾਤ ਸਮਾਜ ਵਿਚ ਇੰਨੀ ਗਿਲਾਨੀ ਆ ਗਈ ਸੀ ਕਿ ਉਹ ਚਾਰ ਵਰਨਾਂ ਬ੍ਰਾਹਮਣ, ਕਸ਼ੱਤ੍ਰੀ, ਵੈਸ਼ ਤੇ ਸ਼ੂਦਰਾਂ ਵਿਚ ਵੰਡਿਆ ਹੋਇਆ ਸੀ। ਸੰਨਿਆਸੀਆਂ ਨੇ ਵੀ ਆਪਣੇ ਦਸ ਫਿਰਕੇ ਬਣਾ ਲਏ ਸਨ ਤੇ ਜੋਗੀਆਂ ਨੇ ਬਾਰ੍ਹਾਂ ਪੰਥ। ਜੰਗਮ, ਸਰੇਵੜੇ ਤੇ ਦਿਗੰਬਰ ਆਦਿ ਇਕ ਦੂਜੇ ਦੇ ਵਿਰੋਧੀ ਬਣ ਬੈਠੇ ਸਨ। ਇਨ੍ਹਾਂ ਨੇ ਧਾਰਮਿਕ ਸ਼ਾਸਤ੍ਰਾਂ ਦੇ ਗਿਆਨ ਨੂੰ ਛੱਡ ਕੇ ਪਖੰਡ ਚਲਾ ਲਏ ਸਨ। ਚਾਰ ਵਰਨਾਂ ਤੋਂ ਇਲਾਵਾ ਇਨ੍ਹਾਂ ਨੇ ਆਪਣੇ-ਆਪਣੇ ਧਾਰਮਿਕ ਅਸਥਾਨ ਵੀ ਮੁਕਰਰ ਕਰ ਲਏ ਸਨ। ਹਿੰਦੂਆਂ ਲਈ ਗੰਗਾ ਅਤੇ ਮੁਸਲਮਾਨਾਂ ਲਈ ਮਕਾ ਤੇ ਕਾਬਾ ਮੁਕੱਦਸ ਸਥਾਨ ਸਨ। ਇਨ੍ਹਾਂ ਨੇ ਆਪਣੇ-ਆਪਣੇ ਇਸ਼ਟ ਵੀ ਰਾਮ ਤੇ ਰਹੀਮ ਦੇ ਰੂਪ ਵਿਚ ਵੰਡੇ ਹੋਏ ਸਨ। ਮੁਸਲਮਾਨ ਸੁੰਨਤ ਕਰਦੇ ਤੇ ਹਿੰਦੂ ਜਨੇਊ ਪਹਿਨਦੇ ਸਨ। ਇਹ ਦੋਵੇਂ ਹੀ ਆਪਣੇ ਧਾਰਮਿਕ ਪਵਿੱਤ੍ਰ ਗ੍ਰੰਥਾਂ- ਵੇਦ ਤੇ ਕਤੇਬ ਦੇ ਉੱਚ ਆਦਰਸ਼ਾਂ ਤੋਂ ਲਾਂਬੇ ਹੋ ਚੁੱਕੇ ਸਨ। ਧਾਰਮਿਕ ਆਗੂ ਕਹਾਉਣ ਵਾਲੇ ਬ੍ਰਾਹਮਣ ਤੇ ਮੌਲਾਣੇ ਸੱਚ ਦਾ ਪੱਲਾ ਛੱਡ ਕੇ ਆਪਸ ਵਿਚ ਖਹਿ-ਖਹਿ ਮਰਦੇ ਸਨ। ਭਾਵ ਪਰਮਾਤਮਾ ਦੇ ਨਾਮ 'ਤੇ ਵੰਡੀਆਂ ਪਾ ਰੱਖੀਆਂ ਸਨ। ਜਗਤ ਦੀ ਅਜਿਹੀ ਹਾਲਤ ਵਿਚ ਧਰਤੀ ਰੱਬ ਅੱਗੇ ਪੁਕਾਰ ਕਰਦੀ ਹੈ ਜਿਸ ਕਾਰਨ ਗੁਰੂ ਨਾਨਕ ਸਾਹਿਬ ਧਰਤੀ 'ਤੇ ਦੇਹ ਰੂਪ ਵਿਚ ਅਵਤਰਿਤ ਹੁੰਦੇ ਹਨ। ਇਸ ਨੂੰ ਭਾਈ ਗੁਰਦਾਸ ਜੀ ਆਪਣੇ ਸ਼ਬਦਾਂ ਵਿਚ ਇੰਝ ਬਿਆਨ ਕਰਦੇ ਹਨ:

ਸੁਣੀ ਪੁਕਾਰਿ ਦਾਤਾਰ ਪ੍ਰਭੁ ਗੁਰੁ ਨਾਨਕ ਜਗ ਮਾਹਿ ਪਠਾਇਆ॥...
ਕਲਿ ਤਾਰਣਿ ਗੁਰੁ ਨਾਨਕੁ ਆਇਆ॥੨੩॥

(ਭਾਈ ਗੁਰਦਾਸ ਜੀ, ਵਾਰ ੧, ਪਉੜੀ ੨੩)

ਐਸੇ ਹੀ ਅੰਧ-ਘੋਰ ਵਾਲੇ ਸਮੇਂ ਵਿਚ ਇਕ ਨਵੇਂ ਯੁੱਗ ਦਾ ਆਰੰਭ ਹੋਇਆ। ਜਿਸ ਬਾਰੇ ਭਾਈ ਸਾਹਿਬ ਜੀ ਆਪਣੀਆਂ ਵਾਰਾਂ ਵਿਚ ਫੁਰਮਾਉਂਦੇ ਹਨ:

ਸਤਿਗੁਰ ਨਾਨਕ ਪ੍ਰਗਟਿਆ ਮਿਟੀ ਧੁੰਧੁ ਜਗਿ ਚਾਨਣੁ ਹੋਆ।
ਜਿਉ ਕਰਿ ਸੂਰਜੁ ਨਿਕਲਿਆ ਤਾਰੇ ਛਪੇ ਅੰਧੇਰੁ ਪਲੋਆ।
ਸਿੰਘ ਬੁਕੇ ਮਿਰਗਾਵਲੀ ਭੰਨੀ ਜਾਇ ਨ ਧੀਰਿ ਧਰੋਆ।
ਜਿਥੇ ਬਾਬਾ ਪੈਰ ਧਰੇ ਪੂਜਾ ਆਸਣੁ ਥਾਪਣਿ ਸੋਆ।
ਸਿਧ ਆਸਣਿ ਸਭਿ ਜਗਤ ਦੇ ਨਾਨਕ ਆਦਿ ਮਤੇ ਜੇ ਕੋਆ।
ਘਰਿ ਘਰਿ ਅੰਦਰਿ ਧਰਮਸਾਲ ਹੋਵੈ ਕੀਰਤਨੁ ਸਦਾ ਵਿਸੋਆ।
ਬਾਬੇ ਤਾਰੇ ਚਾਰਿ ਚਕਿ ਨਉ ਖੰਡਿ ਪ੍ਰਿਥਮੀ ਸਚਾ ਢੋਆ।
ਗੁਰਮਖਿ ਕਲਿ ਵਿਚ ਪਰਗਟੁ ਹੋਆ॥੨੭॥

(ਭਾਈ ਗੁਰਦਾਸ ਜੀ, ਵਾਰ ੧, ਪਉੜੀ ੨੭)

ਭਾਵ ਜਦੋਂ ਗੁਰੂ ਨਾਨਕ ਪਾਤਸ਼ਾਹ ਜੀ ਨੇ ਪ੍ਰਕਾਸ਼ ਧਾਰਿਆ ਤਾਂ ਜਗਤ ਅੰਦਰ ਗਿਆਨ ਦਾ ਐਸਾ ਚਾਨਣ ਹੋਇਆ ਜਿਵੇਂ ਸੂਰਜ ਨਿਕਲਣ ਨਾਲ ਤਾਰੇ ਛਿਪ ਜਾਂਦੇ ਹਨ। ਭਾਈ ਸਾਹਿਬ ਜੀ ਨੇ

ਇਨ੍ਹਾਂ ਪੰਗਤੀਆਂ ਵਿਚ 'ਧੁੰਧ' ਸ਼ਬਦ ਵਰਤਿਆ ਹੈ, ਹਨ੍ਹੇਰਾ ਨਹੀਂ, ਕਿਉਂਕਿ ਹਨ੍ਹੇਰਾ ਕਿਸੇ ਲਾਈਟ ਦੇ ਪ੍ਰਕਾਸ਼ ਨਾਲ ਦੂਰ ਕੀਤਾ ਜਾ ਸਕਦਾ ਹੈ, ਪਰ ਧੁੰਧ ਨਹੀਂ। ਗੁਰੂ ਨਾਨਕ ਪਾਤਸ਼ਾਹ ਜੀ ਦੇ ਆਗਮਨ ਨਾਲ ਅਗਿਆਨ ਰੂਪੀ ਹਨ੍ਹੇਰੇ ਦੀ ਧੁੰਧ ਮਿਟੀ ਗਈ। ਕਲਜੁਗ ਵਿਚ ਐਸਾ ਗੁਰਮੁਖ ਪੈਦਾ ਹੋਇਆ ਕਿ ਘਰ-ਘਰ ਅੰਦਰ ਧਰਮ ਦਾ ਪ੍ਰਚਾਰ ਹੋਣ ਲੱਗਾ।

ਗੁਰੂ ਨਾਨਕ ਸਾਹਿਬ ਪਾਤਸ਼ਾਹ ਜੀ ਨੇ ਧਿਆਨ ਧਰ ਕੇ ਵੇਖਿਆ ਕਿ ਜਗਤ ਧਾਰਮਿਕ, ਸਮਾਜਿਕ, ਰਾਜਨੀਤਿਕ ਤੇ ਸਮਾਜਿਕ ਬੁਰਾਈਆਂ ਕਰਕੇ ਤਪ ਰਿਹਾ ਹੈ, ਭਾਵ ਸਾਰੀ ਹੀ ਧਰਤੀ ਦੇ ਲੋਕ ਅਸ਼ਾਂਤ ਸਨ, ਜਿਸ ਬਾਰੇ ਭਾਈ ਸਾਹਿਬ ਜੀ ਫੁਰਮਾਉਂਦੇ ਹਨ:

ਬਾਬਾ ਦੇਖੈ ਧਿਆਨ ਧਰਿ ਜਲਤੀ ਸਭਿ ਪ੍ਰਿਥਵੀ ਦਿਸਿ ਆਈ।
ਬਾਝਹੁ ਗੁਰੂ ਗੁਬਾਰ ਹੈ ਹੈ ਹੈ ਕਰਦੀ ਸੁਣੀ ਲੁਕਾਈ।
ਬਾਬੇ ਭੇਖ ਬਣਾਇਆ ਉਦਾਸੀ ਕੀ ਰੀਤਿ ਚਲਾਈ।
ਚੜ੍ਹਿਆ ਸੋਧਣਿ ਧਰਤਿ ਲੁਕਾਈ॥੨੪॥

(ਭਾਈ ਗੁਰਦਾਸ ਜੀ, ਵਾਰ ੧, ਪਉੜੀ ੨੪)

ਗੁਰੂ ਨਾਨਕ ਸਾਹਿਬ ਜੀ ਨੇ ਜਗਤ ਵਿਚ ਐਸਾ 'ਨਿਰਮਲ ਪੰਥ' ਚਲਾਇਆ। ਜਿਸ ਬਾਰੇ ਭਾਈ ਗੁਰਦਾਸ ਜੀ ਫੁਰਮਾਉਂਦੇ ਹਨ:

ਮਾਰਿਆ ਸਿਕਾ ਜਗਤਿ ਵਿਚਿ ਨਾਨਕ ਨਿਰਮਲ ਪੰਥ ਚਲਾਇਆ।

ਗੁਰੂ ਨਾਨਕ ਪਾਤਸ਼ਾਹ ਜੀ ਦੁਆਰਾ ਚਲਾਏ 'ਨਿਰਮਲ ਪੰਥ' ਨੇ ਪੜਾਅ-ਦਰ-ਪੜਾਅ ਵਿਕਾਸ ਕਰਦਿਆਂ ਲਗਪਗ ੨੩੦ ਸਾਲਾਂ ਬਾਅਦ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਰਾਹੀਂ 'ਖ਼ਾਲਸਾ ਪੰਥ' ਦਾ ਰੂਪ ਧਾਰਨ ਕੀਤਾ। ਇਨ੍ਹਾਂ ਦੋਵਾਂ ਦੇ ਅੰਤਰੀਵ ਅਰਥ 'ਨਿਰਮਲ, ਪਵਿੱਤ੍ਰ, ਭਾਵ ਸ਼ੁੱਧ' ਹੀ ਹਨ। ਇਸ ਵਿਚ ਸਿਧਾਂਤਕ ਤੇ ਅੰਦੂਰਨੀ ਤੌਰ 'ਤੇ ਕੋਈ ਫਰਕ ਨਹੀਂ ਹੈ ਪਰ ਬਾਹਰੀ ਤੌਰ 'ਤੇ ਲਿਬਾਸ ਪੱਖੋਂ ਪੰਜ ਕਕਾਰੀ ਰਹਿਤ ਦਾ ਧਾਰਨੀ ਹੋ ਕੇ ਲੱਖਾਂ ਵਿਚ ਪਛਾਣਿਆ ਜਾਣ ਵਾਲਾ ਸੁੰਦਰ ਸਰੂਪ ਜ਼ਰੂਰ ਬਣ ਗਿਆ ਹੈ।

ਖ਼ਾਲਸਾ ਪੰਥ ਦੇ ਕਰਮ-ਯੋਗੀਆਂ ਨੇ ਗੁਰੂ ਨਾਨਕ ਪਾਤਸ਼ਾਹ ਜੀ ਦੁਆਰਾ ਬਖ਼ਸ਼ੇ ਵਿਲੱਖਣ ਸਿਧਾਂਤਾਂ ਤੇ ਸੰਕਲਪਾਂ ਕਰਕੇ ਸਰਬ ਲੋਕਾਈ ਲਈ ਅਜਿਹੇ ਕਾਰਜ ਕੀਤੇ ਹਨ ਕਿ ਅੱਜ ਦੁਨੀਆਂ ਪੱਧਰ 'ਤੇ ਆਪਣੀ ਇਕ ਵਿਲੱਖਣ ਪਛਾਣ ਕਾਇਮ ਕਰ ਲਈ ਹੈ।

ਧਾਰਮਿਕ ਪ੍ਰੀਖਿਆ

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਕੂਲਾਂ ਅਤੇ ਕਾਲਜਾਂ ਦੇ ਵਿਦਿਆਰਥੀਆਂ ਨੂੰ ਹਰ ਸਾਲ ਧਾਰਮਿਕ ਪ੍ਰੀਖਿਆ ਲੈ ਕੇ ਵਜ਼ੀਫੇ ਦਿੱਤੇ ਜਾਂਦੇ ਹਨ। ਇਹ ਪ੍ਰੀਖਿਆ ਹਰ ਸਾਲ ਅਕਤੂਬਰ-ਨਵੰਬਰ ਵਿਚ ਹੁੰਦੀ ਹੈ। ਇਸ ਪ੍ਰੀਖਿਆ ਵਿਚ ਸ਼ਾਮਲ ਹੋਣ ਦੇ ਚਾਹਵਾਨ ਵਿਦਿਆਰਥੀ ਸਕੱਤਰ, ਧਰਮ ਪ੍ਰਚਾਰ ਕਮੇਟੀ (ਸ਼੍ਰੋ: ਗੁ: ਪ੍: ਕਮੇਟੀ), ਸ੍ਰੀ ਅੰਮ੍ਰਿਤਸਰ ਨੂੰ ਲਿਖਣ।

ਗੁਰੁ ਨਾਨਕ ਜਗ ਮਾਹਿ ਪਠਾਇਆ

-ਸ. ਤੀਰਥ ਸਿੰਘ ਢਿੱਲਵਾਂ*

ਜਦੋਂ ਵੀ ਦੁਨੀਆ ਵਿਚ ਪਾਪ, ਜ਼ੁਲਮ-ਓ-ਸਿਤਮ ਅਤੇ ਅਧਰਮ ਵੱਧ ਜਾਂਦਾ ਹੈ, ਕੂੜ ਦੀ ਕਾਲੀ ਬੋਲੀ ਰਾਤ ਸੱਚ ਰੂਪੀ ਚੰਦਰਮਾ ਨੂੰ ਢੱਕ ਲੈਂਦੀ ਹੈ, ਨੇਕੀ, ਮੁਹੱਬਤ ਤੇ ਦਇਆ ਦਾ ਸੂਰਜ ਡੁੱਬ ਜਾਂਦਾ ਹੈ ਤਾਂ ਅਜਿਹੇ ਨਿਰਾਸ਼ਾਜਨਕ ਹਾਲਾਤ ਅੰਦਰ ਅਕਾਲ ਪੁਰਖ ਆਪਣੇ ਕਿਸੇ ਵਿਸ਼ੇਸ਼ ਨੁਮਾਇੰਦੇ ਨੂੰ ਆਪਣੇ ਨੂਰ ਨਾਲ ਰੋਸ਼ਨ ਕਰ ਕੇ ਮਨੁੱਖਤਾ ਦੇ ਕਲਿਆਣ ਲਈ ਸੰਸਾਰ 'ਤੇ ਭੇਜਦਾ ਹੈ। ਬਿਲਕੁਲ ਅਜਿਹੇ ਹਾਲਾਤ ਅੰਦਰ ਹੀ, ਭਾਰਤ-ਵਰਸ਼ ਦੀ ਧਰਤੀ ਤੇ ਸੱਚ ਦਾ ਸੂਰਜ ਉਦੈ ਹੋਇਆ। ਸਾਰੇ ਪਾਸੇ ਨੂਰ ਪਸਰ ਗਿਆ, ਲੋਕਾਈ ਦੇ ਹੱਥ ਪ੍ਰਭੂ ਦੇ ਸ਼ੁਕਰਾਨੇ ਅੰਦਰ ਜੁੜ ਗਏ। ਸਾਰੀ ਮਨੁੱਖਤਾ ਕਹਿ ਉੱਠੀ:

ਸੁਣੀ ਪੁਕਾਰਿ ਦਾਤਾਰ ਪ੍ਰਭੁ ਗੁਰੁ ਨਾਨਕ ਜਗ ਮਾਹਿ ਪਠਾਇਆ॥ (ਵਾਰ ੧:੨੩)

ਸਾਰੇ ਪਾਸੇ ਠੰਢ ਵਰਤ ਗਈ। ਸ੍ਰੀ ਗੁਰੂ ਨਾਨਕ ਸਾਹਿਬ ਜੀ ਦੇ ਰੂਪ ਵਿਚ ਪ੍ਰੇਮ, ਨੇਕੀ, ਦਇਆ, ਧਰਮ, ਸੱਚ, ਨਿਆਂ ਅਤੇ ਮਿਹਰਾਂ ਦਾ ਸੂਰਜ ਚੜ੍ਹਿਆ। ਭਾਈ ਗੁਰਦਾਸ ਜੀ ਫੁਰਮਾਉਂਦੇ ਹਨ:

ਚੜਿਆ ਸੂਰਜੁ ਜਗੁ ਰੁਸਨਾਈ। (ਵਾਰ ੧:੩੪)

ਸ੍ਰੀ ਗੁਰੂ ਨਾਨਕ ਸਾਹਿਬ ਜੀ ਦਾ ਮਿਸ਼ਨ ਦੁਨੀਆ ਵਿੱਚੋਂ ਅਗਿਆਨਤਾ, ਵਹਿਮਾਂ-ਭਰਮਾਂ, ਜਾਤਾਂ-ਪਾਤਾਂ, ਨਾ-ਇਨਸਾਫੀਆਂ, ਕਰਮ-ਕਾਂਡਾਂ ਤੇ ਕੂੜ ਪਸਾਰੇ ਨੂੰ ਦੂਰ ਕਰ ਕੇ ਲੋਕਾਂ ਨੂੰ ਇਕ ਪਰਮ-ਪਿਤਾ ਪਰਮੇਸ਼ਰ ਨਾਲ ਜੋੜਨਾ ਅਤੇ ਉਨ੍ਹਾਂ ਦਾ ਸਹੀ-ਮਾਰਗ ਦਰਸ਼ਨ ਕਰ ਕੇ ਉਨ੍ਹਾਂ ਨੂੰ ਨੇਕ ਇਨਸਾਨ ਬਣਾਉਣਾ, ਸੱਚੀ ਜੀਵਨ-ਜਾਚ ਦੱਸਣੀ ਤੇ ਭੁੱਲੇ-ਭਟਕਿਆਂ ਨੂੰ ਸਿੱਧੇ ਰਾਹੇ ਪਾਉਣਾ ਸੀ।

ਇਹ ਮਹਾਨ ਪਰੰਤੂ ਬੜਾ ਕਠਿਨ ਕਾਰਜ ਸੀ। ਗੁਰੂ ਸਾਹਿਬ ਨੇ ਇਸ ਮਹਾਨ ਕਾਰਜ ਲਈ ਪਰਵਾਰ ਦਾ ਮੋਹ ਤਿਆਗ ਕੇ, ਪਰਮਾਰਥ ਦੇ ਮਾਰਗ ਦਾ ਪਾਂਧੀ ਬਣਨ ਦਾ ਫੈਸਲਾ ਕੀਤਾ। ਜਦੋਂ ਆਪ ਜੀ ਜਗਤ ਜਲੰਦੇ ਨੂੰ ਆਪਣੀ ਕਿਰਪਾ ਧਾਰ ਕੇ ਰੱਖਣ ਅਤੇ ਧਰਤ ਲੋਕਾਈ ਨੂੰ ਸੋਧਣ ਹਿੱਤ, ਉਦਾਸੀਆਂ ਅਰਥਾਤ ਪ੍ਰਚਾਰ ਯਾਤਰਾਵਾਂ ਲਈ ਰਵਾਨਾ ਹੋਏ ਤਾਂ ਉਨ੍ਹਾਂ ਨਾਲ ਲਿਆ ਸਾਥੀ ਭਾਈ ਮਰਦਾਨਾ ਜੀ ਰਬਾਬੀ ਨੂੰ। ਗੁਰੂ ਸਾਹਿਬ ਨੇ ਰੱਬੀ ਬਾਣੀ ਦੇ ਕੀਰਤਨ ਨੂੰ ਆਪਣੇ ਉਪਦੇਸ਼ਾਂ ਦਾ ਮਾਧਿਅਮ ਬਣਾਇਆ। ਗੁਰੂ ਸਾਹਿਬ ਦੀ ਰਸੀਲੀ ਅਵਾਜ਼ ਅਤੇ ਭਾਈ ਮਰਦਾਨਾ ਜੀ ਦੀ "ਤੂੰ-ਤੂੰ" ਕਰਦੀ ਰਬਾਬ ਦੀ ਟੁਣਕਾਰ ਦੇ ਸੁਮੇਲ ਨਾਲ ਅਜਿਹਾ ਅਲੌਕਿਕ ਸਮਾਂ ਸਿਰਜਿਆ ਜਾਂਦਾ, ਜਿਸ ਵਿਚ ਸਰੋਤੇ ਸੁੱਤੇਸਿੱਧ, ਪ੍ਰਭੂ-ਚਰਨਾਂ ਨਾਲ ਜੁੜ ਜਾਂਦੇ। ਇਹ ਕੀਰਤਨ ਦਾ ਹੀ ਅਸਰ ਸੀ ਕਿ ਸੱਜਣ ਵਰਗੇ ਠੱਗ, ਕੋਡੇ ਵਰਗੇ ਰਾਖਸ਼, ਨੂਰਸ਼ਾਹ ਵਰਗੀਆਂ ਜਾਦੂਗਰਨੀਆਂ ਤੇ ਵਲੀ ਕੰਧਾਰੀ ਵਰਗੇ ਤਪ-ਸਾਧਨਾ ਦੇ ਅਭਿਮਾਨੀ ਅਤੇ ਹੰਕਾਰੀ ਵੀ ਨੇਕ ਅਤੇ ਸਚਿਆਰੇ ਇਨਸਾਨ ਬਣ ਗਏ।

ਦੇਸ਼-ਦੇਸ਼ਾਂਤਰਾਂ ਦੇ ਰਟਨ ਦੌਰਾਨ ਗੁਰੂ ਜੀ ਭਾਈ ਮਰਦਾਨਾ ਜੀ ਨਾਲ ਪੋਠੋਹਾਰ ਦੀ ਧਰਤੀ ਦੇ ਕਸਬੇ ਹਸਨ ਅਬਦਾਲ ਪੁੱਜੇ। ਹਸਨ ਅਬਦਾਲ ਪਹਾੜੀ ਕਸਬਾ ਅਤੇ ਰਮਣੀਕ ਸਥਾਨ ਹੋਣ ਕਾਰਨ ਕਾਦਰ ਦੀ ਕੁਦਰਤ ਤੋਂ ਹਰ ਸਮੇਂ ਬਲਿਹਾਰੀ ਜਾਣ ਵਾਲੇ ਗੁਰੂ ਜੀ ਨੇ ਉੱਥੇ ਟਿਕਾਣਾ ਕੀਤਾ। ਆਪ ਰੱਬ ਦੀ ਯਾਦ ਵਿਚ ਜੁੜ ਜਾਂਦੇ, ਕੀਰਤਨ ਦੀ ਛਹਿਬਰ ਲੱਗ ਜਾਂਦੀ ਅਤੇ ਸੰਗਤ ਦਰਸ਼ਨਾਂ ਨੂੰ ਆਉਂਦੀ ਤੇ ਨਿਹਾਲ

*ਪਿੰਡ ਢਿਲਵਾਂ, ਡਾਕ: ਦਕੋਹਾ, ਜ਼ਿਲ੍ਹਾ ਜਲੰਧਰ-੧੪੦੦੨੩ ਮੋ: +੯੧੯੮੧੫੪-੬੧੭੧੦

ਹੋ ਕੇ ਜਾਂਦੀ:

ਸਾ ਧਰਤੀ ਭਈ ਹਰੀਆਵਲੀ ਜਿਥੈ ਮੇਰਾ ਸਤਿਗੁਰੁ ਬੈਠਾ ਆਇ॥
ਸੇ ਜੰਤ ਭਏ ਹਰੀਆਵਲੇ ਜਿਨੀ ਮੇਰਾ ਸਤਿਗੁਰੁ ਦੇਖਿਆ ਜਾਇ॥ (ਪੰਨਾ ੩੧੦)

ਦਰਸ਼ਨ ਕਰ ਕੇ ਤਪਦੇ ਮਨੁੱਖੀ ਹਿਰਦੇ ਸੀਤਲ ਥੀ ਜਾਂਦੇ। ਤਨ-ਮਨ ਹਰਿਆਲੇ ਹੋ ਜਾਂਦੇ। ਹਸਨ ਅਬਦਾਲ ਵਿਚ ਗੁਰੂ ਜੀ ਦੇ ਪੜਾਅ ਦੌਰਾਨ ਇਕ ਦਿਨ ਭਾਈ ਮਰਦਾਨਾ ਜੀ ਨੂੰ ਪਾਣੀ ਦੀ ਪਿਆਸ ਨੇ ਸਤਾਇਆ। ਗੁਰੂ ਸਾਹਿਬ ਜੀ ਤੋਂ ਪਾਣੀ ਪੀਣ ਦੀ ਆਗਿਆ ਲੈ ਕੇ ਭਾਈ ਮਰਦਾਨਾ ਜੀ ਪਹਾੜੀ ਉੱਤੇ ਸਥਿਤ ਚਸ਼ਮੇ ਤੋਂ ਪਾਣੀ ਪੀਣ ਗਏ। ਉਹ ਚਸ਼ਮਾ ਇਕ ਤਪੱਸਵੀ ਵਲੀ ਕੰਧਾਰੀ ਦੇ ਤਪ-ਅਸਥਾਨ ਦੇ ਲਾਗਿਓਂ ਵਗਦਾ ਸੀ। ਵਲੀ ਕੰਧਾਰੀ ਨੇ ਹੰਕਾਰ ਤੇ ਈਰਖਾ ਵੱਸ ਭਾਈ ਮਰਦਾਨਾ ਜੀ ਨੂੰ ਜਲ ਨਾ ਛੱਕਣ ਦਿੱਤਾ। ਜਦੋਂ ਭਾਈ ਮਰਦਾਨਾ ਜੀ ਤੀਜੀ ਵਾਰੀ ਗਏ ਅਤੇ ਦੱਸਿਆ ਕਿ ਉਹ ਜਗਤ-ਗੁਰੂ, ਸ੍ਰੀ ਗੁਰੂ ਨਾਨਕ ਸਾਹਿਬ ਜੀ ਦਾ ਸੰਗੀ ਹੈ ਤਾਂ ਵਲੀ ਕੰਧਾਰੀ ਹੋਰ ਵੀ ਕ੍ਰੋਧਿਤ ਹੋ ਗਿਆ ਤੇ ਹੰਕਾਰ ਵੱਸ ਹੋ ਕੇ ਬੋਲਿਆ ਕਿ "ਜੇ ਤੇਰੇ ਰਹਿਬਰ ਕੋਲ ਕੋਈ ਸ਼ਕਤੀ ਹੈ, ਤਾਂ ਉਹ ਤੇਰੀ ਪਿਆਸ ਬੁਝਾਕੇ ਤੈਨੂੰ ਤ੍ਰਿਪਤ ਨਹੀਂ ਕਰ ਸਕਦਾ?" ਉਸ ਨੇ ਨਾ ਸਿਰਫ ਇਹ ਕੁਬੋਲ ਹੀ ਬੋਲੇ ਬਲਕਿ ਪਹਾੜੀ ਦਾ ਇਕ ਵੱਡਾ ਪੱਥਰ ਵੀ ਹੇਠਾਂ ਉਸ ਅਸਥਾਨ ਵੱਲ ਰੇੜ੍ਹ ਦਿੱਤਾ, ਜਿੱਥੇ ਜਗਤ-ਗੁਰੂ ਜੀ ਭਾਈ ਮਰਦਾਨਾ ਜੀ ਸੰਗ, ਅਕਾਲ ਪੁਰਖ ਦੀ ਸਿਫਤ ਸਾਲਾਹ ਕਰ ਰਹੇ ਸਨ। ਪੱਥਰ ਤੇਜ਼ੀ ਨਾਲ ਰਿੜ੍ਹਦਾ ਆਇਆ। ਸ਼ਾਂਤ-ਚਿੱਤ, ਅਡੋਲ ਅਤੇ ਪ੍ਰਭੂ ਦੀ ਯਾਦ ਵਿਚ ਲੀਨ, ਸ੍ਰੀ ਗੁਰੂ ਨਾਨਕ ਸਾਹਿਬ ਜੀ ਨੇ ਬੜੀ ਸਹਿਜਤਾ ਨਾਲ ਪੱਥਰ ਨੂੰ ਆਪਣੇ ਪੰਜੇ ਨਾਲ ਰੋਕ ਦਿੱਤਾ। ਗੁਰੂ ਸਾਹਿਬ ਦੇ ਪੰਜੇ ਦੀ ਪਾਰਸ-ਛੋਹ ਨਾਲ ਪੱਥਰ ਉੱਥੇ ਹੀ ਜਿਵੇਂ ਸ਼ਰਧਾ ਵੱਸ ਬਲਿਹਾਰੇ ਜਾਂਦਿਆਂ ਗੁਰੂ ਜੀ ਦੇ ਹੁਕਮ ਅੰਦਰ, ਸਹਿਜ ਹੋ ਰੁਕ ਗਿਆ। ਗੁਰੂ ਸਾਹਿਬ ਦੇ ਪੰਜੇ ਦਾ ਨਿਸ਼ਾਨ ਉਸ ਪੱਥਰ ਉੱਤੇ ਅਮਿੱਟ ਤੌਰ 'ਤੇ ਲੱਗ ਗਿਆ।

ਇਹ ਅਲੌਕਿਕ ਵਰਤਾਰਾ ਵੇਖ ਕੇ ਵਲੀ ਕੰਧਾਰੀ ਦਾ ਸਾਰਾ ਹੰਕਾਰ ਚਕਨਾਚੂਰ ਹੋ ਗਿਆ। ਉਸ ਨੂੰ ਆਪਣੀ ਭੁੱਲ ਦਾ ਅਹਿਸਾਸ ਹੋਇਆ। ਗੁਰੂ ਜੀ ਨੇ ਭਾਈ ਮਰਦਾਨਾ ਜੀ ਨੂੰ ਇਕ ਹੋਰ ਪੱਥਰ ਪਾਸੇ ਹਟਾਉਣ ਦਾ ਬਚਨ ਕੀਤਾ। ਪੱਥਰ ਹਟਦੇ ਸਾਰ ਉੱਥੋਂ ਠੰਢੇ-ਮਿੱਠੇ ਜਲ ਦਾ ਕਲਕਲ ਕਰਦਾ ਚਸ਼ਮਾ ਰੱਬੀ ਰਹਿਮਤ ਦੇ ਰੂਪ ਵਿਚ ਫੁੱਟ ਪਿਆ। ਭਾਈ ਮਰਦਾਨਾ ਜੀ ਨੇ (ਧੰਨ ਨਾਨਕ ਤੇਰੀ ਵਡੀ ਕਮਾਈ) ਜਪਦਿਆਂ ਰੱਜ ਕੇ ਸੀਤਲ ਜਲ ਛਕਿਆ। ਵਲੀ ਕੰਧਾਰੀ ਸਾਰਾ ਕੌਤਕ ਅਤੇ ਰੱਬੀ ਰਹਿਮਤ ਦਾ ਕ੍ਰਿਸ਼ਮਾ ਵੇਖ ਕੇ ਵਾਹੋਦਾਹੀ ਭੱਜਾ ਆਇਆ। ਗੁਰੂ ਸਾਹਿਬ ਜੀ ਦੇ ਮੁਬਾਰਕ ਚਰਨਾਂ ਉੱਤੇ ਨਿਮਾਣਾ ਹੋ ਕੇ ਢਹਿ ਪਿਆ ਅਤੇ ਖਿਮਾ-ਯਾਚਨਾ ਕੀਤੀ। ਬਸ ਫਿਰ ਕੀ ਸੀ, ਗੁਰੂ ਸਾਹਿਬ ਜੀ ਦੀ ਮਿਹਰ ਦੀ ਨਜ਼ਰ ਪੈਂਦਿਆਂ ਹੀ ਵਲੀ ਕੰਧਾਰੀ ਦੇ ਕਪਾਟ ਖੁੱਲ ਗਏ। ਗੁਰੂ ਸਾਹਿਬ ਨੇ ਉਸ ਨੂੰ ਮਨੁੱਖਤਾ ਨਾਲ ਪ੍ਰੇਮ ਕਰਨ ਅਤੇ ਨੇਕੀ ਦੇ ਪੰਧ ਉੱਤੇ ਤੁਰਨ ਦਾ ਦੈਵੀ ਉਪਦੇਸ਼ ਦਿੱਤਾ। ਗੁਰੂ ਸਾਹਿਬ ਕੁਝ ਦਿਨ ਹਸਨ ਅਬਦਾਲ ਰਹੇ। ਵਲੀ ਕੰਧਾਰੀ ਹਰ ਰੋਜ਼ ਸੰਗਤ ਨਾਲ ਬੈਠ ਕੇ ਕੀਰਤਨ ਸਰਵਣ ਕਰਦਾ।

ਗੁਰੂ ਜੀ ਦੇ ਪੰਜੇ ਦੀ ਪਾਵਨ ਛੋਹ ਲੱਗਣ ਕਾਰਨ ਇਸ ਅਸਥਾਨ ਦਾ ਨਾਂ ਸ੍ਰੀ ਪੰਜਾ ਸਾਹਿਬ ਪ੍ਰਸਿੱਧ ਹੋਇਆ। ਅੱਜ ਵੀ ਉਹ ਪੱਥਰ ਇਲਾਹੀ ਹੁਕਮ ਅੰਦਰ ਉੱਥੇ ਦਾ ਉੱਥੇ ਹੀ ਅਟਕਿਆ ਹੋਇਆ ਹੈ।

ਜਿਥੇ ਬਾਬਾ ਪੈਰ ਧਰੇ, ਪੂਜਾ ਆਸਣ ਥਾਪਣ ਸੋਆ ਦੇ ਮਹਾਂਵਾਕ ਅਨੁਸਾਰ ਸੰਗਤਾਂ ਨੇ ਗੁਰੂ ਸਾਹਿਬ ਦੀ ਯਾਦ ਵਿਚ ਇੱਥੇ ਸਰੋਵਰ ਅਤੇ ਗੁਰਦੁਆਰਾ ਸਾਹਿਬ ਦੀ ਛੋਟੀ ਇਮਾਰਤ ਬਣਾਈ। ਮਗਰੋਂ ਸਿੱਖ ਰਾਜ ਵੇਲੇ ਇਸ ਦੀ ਵਰਤਮਾਨ ਸੁੰਦਰ ਇਮਾਰਤ ਤਾਮੀਰ ਕੀਤੀ ਗਈ। ਜਗਤ-ਗੁਰੂ, ਸ੍ਰੀ ਗੁਰੂ ਨਾਨਕ ਸਾਹਿਬ ਜੀ ਦੀ ਪਾਵਨ ਚਰਨ-ਛੋਹ ਪ੍ਰਾਪਤ ਇਸ ਇਤਿਹਾਸਿਕ ਅਸਥਾਨ 'ਤੇ ਹਰ ਵਰ੍ਹੇ ਵੈਸਾਖੀ ਦੇ ਜੋੜ-ਮੇਲੇ ਸਮੇਂ ਦੁਨੀਆ ਭਰ ਤੋਂ ਗੁਰੂ ਨਾਨਕ ਨਾਮਲੇਵਾ ਸੰਗਤਾਂ ਨਤਮਸਤਕ ਹੋਣ ਲਈ ਪੁੱਜਦੀਆਂ ਹਨ।

ਦੇਸ਼ ਦੀ ਵੰਡ ਤੋਂ ਬਾਅਦ ਚਾਹੇ ਇਹ ਇਤਿਹਾਸਿਕ ਗੁਰਧਾਮ ਪਾਕਿਸਤਾਨ ਵਿਚ ਰਹਿ ਗਿਆ ਹੈ, ਪਰ ਇਸ ਮਹਾਨ ਅਸਥਾਨ ਤੋਂ ਹਮੇਸ਼ਾ ਪ੍ਰੇਮ, ਨੇਕੀ ਅਤੇ ਸਰਬੱਤ ਦੇ ਭਲੇ ਦਾ ਰੂਹਾਨੀ ਸੰਦੇਸ਼, ਸਮੁੱਚੀ ਮਾਨਵਤਾ ਨੂੰ ਮਿਲਦਾ ਰਹੇਗਾ:

ਸੁਣੀ ਅਰਦਾਸਿ ਸੁਆਮੀ ਮੇਰੈ ਸਰਬ ਕਲਾ ਬਣਿ ਆਈ॥
ਪ੍ਰਗਟ ਭਈ ਸਗਲੇ ਜੁਗ ਅੰਤਰਿ ਗੁਰ ਨਾਨਕ ਕੀ ਵਡਿਆਈ॥ (ਪੰਨਾ ੬੧੧)

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦੀ

ਧਰਮ ਪ੍ਰਚਾਰ ਕਮੇਟੀ ਵੱਲੋਂ

ਦੋ-ਸਾਲਾ ਸਿੱਖ ਧਰਮ ਅਧਿਐਨ ਪੱਤਰ ਵਿਹਾਰ ਕੋਰਸ

ਪੰਜਾਬੀ/ਹਿੰਦੀ/ਅੰਗਰੇਜ਼ੀ ਮੀਡੀਅਮ ਵਿਚ ਕਰਵਾਇਆ ਜਾਂਦਾ ਹੈ।

ਇਸ ਕੋਰਸ ਵਿਚ ਗੁਰਬਾਣੀ, ਇਤਿਹਾਸ, ਸਿੱਖ ਸਿਧਾਂਤ ਅਤੇ ਸਿੱਖ ਰਹਿਤ ਮਰਯਾਦਾ ਦੀ ਜਾਣਕਾਰੀ ਦਿੱਤੀ ਜਾਂਦੀ ਹੈ। ਦਾਖ਼ਲਾ ਲੈਣ ਵਾਲੇ ਨੂੰ ਕੋਰਸ ਦੇ ਸਿਲੇਬਸ ਨਾਲ ਸੰਬੰਧਿਤ ਪਾਠ ਸਮੱਗਰੀ ਭੇਟਾ-ਰਹਿਤ ਦਿੱਤੀ ਜਾਂਦੀ ਹੈ।

* ਇਸ ਕੋਰਸ ਵਿਚ ਹਰ ਧਰਮ, ਹਰ ਖੇਤਰ ਨਾਲ ਸੰਬੰਧਿਤ ਵਿਅਕਤੀ, ਜਿਸ ਦੀ ਉਮਰ 16 ਸਾਲ ਤੋਂ ਉੱਪਰ ਹੋਵੇ, ਦਾਖ਼ਲਾ ਲੈ ਕੇ ਘਰ ਬੈਠਿਆਂ ਦੋ ਸਾਲ ਵਿਚ ਸਿੱਖ ਧਰਮ ਸਬੰਧੀ ਭਰਪੂਰ ਜਾਣਕਾਰੀ ਪ੍ਰਾਪਤ ਕਰ ਸਕਦਾ ਹੈ।
* ਕੋਰਸ ਦੀ ਦਾਖ਼ਲਾ ਫੀਸ ਭਾਰਤੀ ਨਾਗਰਿਕਾਂ ਲਈ ਕੇਵਲ 100/- ਰੁਪਏ ਅਤੇ ਵਿਦੇਸ਼ੀ ਨਾਗਰਿਕਾਂ ਲਈ 30 ਅਮਰੀਕੀ ਡਾਲਰ ਜਾਂ 20 ਪੌਂਡ (ਯੂ.ਕੇ.) ਜਾਂ ਭਾਰਤੀ ਮੁਦਰਾ ਵਿਚ 1500/- ਸੌ ਰੁਪਏ ਹੈ। ਦਾਖ਼ਲਾ ਫੀਸ ਸਕੱਤਰ, ਧਰਮ ਪ੍ਰਚਾਰ ਕਮੇਟੀ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਦੇ ਨਾਮ ਬੈਂਕ ਡਰਾਫਟ ਜਾਂ ਈ-ਮਨੀਆਰਡਰ ਜਾਂ ਨਗਦ ਰੂਪ ਵਿਚ ਦਫ਼ਤਰ, ਧਾਰਮਿਕ ਪ੍ਰੀਖਿਆ ਵਿਖੇ ਜਮ੍ਹਾਂ ਕਰਵਾਈ ਜਾ ਸਕਦੀ ਹੈ। ਇਸ ਸਬੰਧੀ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਸਾਹਿਬਾਨ ਜਾਂ ਸਿੱਖ ਮਿਸ਼ਨ ਦੇ ਇੰਚਾਰਜ ਸਾਹਿਬਾਨ ਨਾਲ ਵੀ ਸੰਪਰਕ ਕੀਤਾ ਜਾ ਸਕਦਾ ਹੈ।
* ਕੋਰਸ ਵਿਚ ਪਹਿਲਾ, ਦੂਸਰਾ ਤੇ ਤੀਜਾ ਸਥਾਨ ਪ੍ਰਾਪਤ ਕਰਨ ਵਾਲੇ ਪ੍ਰੀਖਿਆਰਥੀਆਂ ਨੂੰ ਕ੍ਰਮਵਾਰ 5100/-, 4100/- ਤੇ 3100/- ਰੁਪਏ ਦੀ ਰਾਸ਼ੀ ਨਾਲ ਸਨਮਾਨਿਤ ਕੀਤਾ ਜਾਂਦਾ ਹੈ ਅਤੇ 80% ਤੋਂ ਵੱਧ ਨੰਬਰ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਵੀ 1100/- ਰੁਪਏ ਪ੍ਰਤੀ ਵਿਦਿਆਰਥੀ ਦੇ ਕੇ ਸਨਮਾਨਿਤ ਕੀਤਾ ਜਾਂਦਾ ਹੈ।

ਚਿੱਠੀ ਪੱਤਰ ਲਈ ਪਤਾ:- ਇੰਚਾਰਜ ਧਾਰਮਿਕ ਪ੍ਰੀਖਿਆ,
ਧਰਮ ਪ੍ਰਚਾਰ ਕਮੇਟੀ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।
ਫੋਨ: 0183-2553956-59, ਐਕਸ: 305, ਫੈਸਕ: 91-0183-2553919
E-mail: religiousexam@gmail.com Web: www.sgpc.net
ਸਮਾਂ ਸਵੇਰੇ 9:30 ਵਜੇ ਤੋਂ ਸ਼ਾਮ 4:30 ਵਜੇ ਤਕ

ਟੌਹੜਾ ਇੰਸਟੀਚਿਊਟ ਦਾ ਧਾਰਮਿਕ ਟੂਰ

–ਭਾਈ ਪਰਦੀਪ ਸਿੰਘ ਵਿਦਿਆਰਥੀ*

ਸਿਖ ਤੋਂ ਭਾਵ ਉਹ ਸਿਖਿਆਰਥੀ ਤੋਂ ਹੈ ਜੋ ਜੀਵਨ ਭਰ ਆਪਣੀ ਸਿੱਖਣ ਦੀ ਪ੍ਰਕਿਰਿਆ ਜਾਰੀ ਰੱਖਦਾ ਹੈ। ਸਿੱਖਣਾ ਕੇਵਲ ਕਿਤਾਬਾਂ ਤੱਕ ਹੀ ਸੀਮਤ ਨਹੀਂ ਹੈ, ਵਿਦਿਅਕ / ਧਾਰਮਿਕ ਟੂਰ ਵੀ ਸਾਨੂੰ ਬਹੁਤ ਕੁੱਝ ਸਿਖਾਉਂਦੇ ਹਨ ਅਤੇ ਸਾਡੇ ਗਿਆਨ ਵਿਚ ਵਾਧਾ ਕਰਦੇ ਹਨ। ਇਹ ਵਿਦਿਅਕ / ਧਾਰਮਿਕ ਟੂਰ ਸਾਡੇ ਮਨੋਰੰਜਨ ਦੇ ਪੱਖ ਤੋਂ ਇਲਾਵਾ ਸਾਨੂੰ ਸਿਧਾਂਤਕ ਅਤੇ ਇਤਿਹਾਸਿਕ ਪੱਖ ਨੂੰ ਵੀ ਮਜਬੂਤ ਕਰਦੇ ਹਨ।

ਬੀਤੇ ਦਿਨ ਹੀ ਪੰਥ ਰਤਨ ਜਥੇਦਾਰ ਗੁਰਚਰਨ ਸਿੰਘ ਟੌਹੜਾ ਇੰਸਟੀਚਿਊਟ ਦੇ ਵਿਦਿਆਰਥੀਆਂ ਅਤੇ ਸਟਾਫ ਦਾ ਖਾਲਸੇ ਦੀ ਜਨਮ ਭੂਮੀ ਤਖਤ ਸ੍ਰੀ ਕੇਸਗੜ੍ਹ ਸਾਹਿਬ (ਅਨੰਦਪੁਰ ਸਾਹਿਬ) ਵਿਖੇ ਦਰਸ਼ਨਾ ਲਈ ਜਾਣ ਦਾ ਸਬੱਬ ਬਣਿਆ । ਜਦੋਂ ਵਿਦਿਆਰਥੀਆਂ ਨੂੰ ਇਸ ਟੂਰ ਬਾਰੇ ਪਤਾ ਲੱਗਦਾ ਹੈ ਤਾਂ ਮੁੰਡਿਆਂ ਦਾ ਪੂਰਾ ਹੋਸਟਲ ਜਾਣ ਦੀ ਤਿਆਰੀਆਂ ਵਿਚ ਜੁੱਟ ਜਾਂਦਾ ਹੈ। ਇਕ ਪਾਸੇ ਘੁੰਮਣ ਫਿਰਨ ਦਾ ਚਾਅ ਉਹਨਾਂ ਵਿਚ ਉਮੜ ਪੈਂਦਾ ਹੈ ਦੂਜੇ ਪਾਸੇ ਖਾਲਸੇ ਦੀ ਜਨਮ ਭੂਮੀ ਉੱਤੇ ਜਾਣ ਦੀ ਉਹਨਾਂ ਅੰਦਰ ਬਹੁਤ ਹੀ ਖੁਸੀ ਝਲਕ ਰਹੀ ਸੀ। ੨੯ ਮਾਰਚ ਦਾ ਸੁਭਾਗ ਭਰਿਆ ਦਿਨ ਚੜਦਾ ਹੈ? ਸਵੇਰੇ ਤਿੰਨ ਵਜੇ ਤੋਂ ਵਿਦਿਆਰਥੀਆਂ ਦੀਆਂ ਤਿਆਰੀਆਂ ਸ਼ੁਰੂ ਹੋ ਜਾਂਦੀਆਂ ਹਨ। ੫ ਵਜੇ ਤਕ ਸਾਰੇ ਵਿਦਿਆਰਥੀ ਤਿਆਰ ਹੋ ਜਾਂਦੇ ਹਨ। ਦਰਸ਼ਨਾਂ ਲਈ ਜਾਣ ਲਈ ਸਟਾਫ ਵੀ ਤਿਆਰ ਬਰ ਤਿਆਰ ਸੀ ? ਯਾਤਰਾ ਸ਼ੁਰੂ ਕਰਨ ਤੋਂ ਪਹਿਲਾਂ ਇੰਸਟੀਚਿਊਟ ਦੇ ਗੁਰਦੁਆਰਾ ਸਾਹਿਬ ਵਿੱਚ ਗੁਰੂ ਸਾਹਿਬ ਜੀ ਤੋਂ ਯਾਤਰਾ ਕਰਨ ਜਾਣ ਲਈ ਅਰਦਾਸ ਰਾਹੀਂ ਆਗਿਆ ਮੰਗੀ ਗਈ?

ਆਓ ਇਸ ਧਾਰਮਿਕ ਯਾਤਰਾ ਬਾਰੇ ਜਾਣੀਏ! ਯਾਤਰਾ ਬੱਸ ਰਾਹੀ ਕੀਤੀ ਗਈ । ਬੱਸ ਤਕਰੀਬਨ ਸਵੇਰ ਦੇ ੬ ਵਜੇ ਇੰਸਟੀਚਿਊਟ ਵਿੱਚੋਂ ਤੁਰ ਪੈਂਦੀ ਹੈ। ਵਿਦਿਆਰਥੀਆਂ ਵਲੋਂ ਬੱਸ ਵਿੱਚ ਖਿੜਕੀ ਦੀ ਸੀਟ ਲੈਣ ਲਈ ਯਤਨ ਕੀਤੇ ਜਾ ਰਹੇ ਸਨ। ਖੈਰ ਸਾਰੇ ਆਪਣੇ ਆਪਣੀ ਸੀਟਾਂ ਤੇ ਬੈਠ ਜਾਂਦੇ ਹਨ। ਜੈਕਾਰਿਆ ਨਾਲ ਬੱਸ ਇੰਸਟੀਚਿਊਟ ਵਿੱਚੋਂ ਬਾਹਰ ਨਿਕਲਦੀ ਹੈ। ਯਾਤਰਾ ਦੀ ਤਿਆਰੀ ਕਾਰਨ ਨਿਤਨੇਮ ਹਲੇ ਬਾਕੀ ਸੀ ਤਾਂ ਵਿਦਿਆਰਥੀ ਅਤੇ ਸਟਾਫ ਮੈਂਬਰਾਂ ਵੱਲੋਂ ਪੰਜਾਂ ਬਾਣੀਆਂ ਦਾ ਨਿਤਨੇਮ ਸੰਗਤੀ ਰੂਪ ਵਿੱਚ ਬਸ ਵਿੱਚ ਹੀ ਕੀਤਾ ਗਿਆ। ਫਿਰ ਸਬੱਬ ਇਉਂ ਬਣਦਾ ਹੈ ਜਿਵੇਂ ਹੀ ਆਨੰਦ ਸਾਹਿਬ ਜੀ ਦੀ ਅੰਤਲੀ ਪਉੜੀ ਦੀ ਸਮਾਪਤੀ ਹੁੰਦੀ ਹੈ ਤਿਉਂ ਹੀ ਬਸ ਸਹੀਦਾਂ ਦੀ ਪਾਵਨ ਧਰਤੀ ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਵਿਖੇ ਪਹੁੰਚ ਜਾਂਦੀ ਹੈ।

ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ (ਬਾਬਾ ਜੋਰਾਵਰ ਸਿੰਘ, ਬਾਬਾ ਫਤਿਹ ਸਿੰਘ ਜੀ) ਮੁੱਖ ਗੁਰੂ ਘਰ ਦੇ ਦਰਸ਼ਨ ਕੀਤੇ ਗਏ।

ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ: ਇਹ ਇਤਿਹਾਸਿਕ ਤੇ ਵਿਸ਼ੇਸ਼ ਅਸਥਾਨ ਹੈ ਜਿੱਥੇ ਦਸੰਬਰ

*ਵਿਦਿਆਰਥੀ, ਪੰਥ ਰਤਨ ਜਥੇਦਾਰ ਗੁਰਚਰਨ ਸਿੰਘ ਟੌਹੜਾ ਇੰਸਟੀਚਿਊਟ ਆਫ਼ ਅਡਵਾਂਸਡ ਸਟੱਡੀਜ਼ ਇੱਨ ਸਿੱਖਇਜਮ ਬਹਾਦਰਗੜ, ਪਟਿਆਲਾ। ਮੋ: ੮੧੪੬੪-੪੦੪੮੦

੧੭੦੪ ਨੂੰ ਕਲਗੀਧਰ ਪਾਤਸ਼ਾਹ ਜੀ ਦੇ ਦੋਵੇਂ ਛੋਟੇ ਸਾਹਿਬਜ਼ਾਦੇ ਕੰਧਾ ਵਿੱਚ ਚਿਣ ਕੇ ਸ਼ਹੀਦ ਕੀਤੇ ਗਏ। ਕਾਜੀਆਂ ਦੀ ਸਲਾਹ ਨਾਲ ਨਵਾਬ ਵਜ਼ੀਰ ਖਾਨ ਨੇ ਸਾਹਿਬਜ਼ਾਦਿਆਂ ਨੂੰ ਤਸੀਹੇ ਦੇਣ ਲਈ ਪਹਿਲਾਂ ਦੀਵਾਰ ਵਿੱਚ ਚਿਣਨ ਦਾ ਹੁਕਮ ਦਿੱਤਾ ਤੇ ਜਦ ਕੰਧ ਮੋਢਿਆਂ ਤੱਕ ਆ ਗਈ ਤਾਂ ਤਲਵਾਰ ਨਾਲ ਸੀਸ ਵੱਖ ਕੀਤੇ ਗਏ ਮਾਸੂਮ ਜਿੰਦੜੀਆਂ ਨੇ ਹਰ ਜੁਲਮ ਨੂੰ ਸਹਿ ਲਿਆ ਪਰ ਈਨ ਨਹੀਂ ਮੰਨੀ। ੧੭੬੪ ਵਿੱਚ ਦੂਜੀ ਵਾਰ ਦਲ ਖਾਲਸੇ ਨੇ ਸਰਹੰਦ ਫਤਿਹ ਕੀਤੀ ਅਤੇ ਇਸ ਸਥਾਨ ਦਾ ਨਾਮ ਫ਼ਤਹਿਗੜ੍ਹ ਰੱਖ ਦਿੱਤਾ ਗਿਆ।

ਫਿਰ ਸਾਰੇ ਯਾਤਰੀ ਗੁਰਦੁਆਰਾ ਭੋਰਾ ਸਾਹਿਬ ਵਿਖੇ ਦਰਸ਼ਨਾ ਲਈ ਜਾਂਦੇ ਹਨ ।

ਗੁਰਦੁਆਰਾ ਭੋਰਾ ਸਾਹਿਬ: ਗੁਰਦੁਆਰਾ ਭੋਰਾ ਸਾਹਿਬ ਛੋਟੀ ਸਾਹਿਬਜ਼ਾਦਿਆਂ ਦੀ ਅਦੁੱਤੀ ਸ਼ਹਾਦਤ ਦਾ ਪ੍ਰਤੀਕ ਹੈ ਇਸ ਸਥਾਨ ਉੱਤੇ ਛੋਟੇ ਸਾਹਿਬਜ਼ਾਦਿਆਂ ਨੂੰ ਜਿੰਦਾ ਦੀਵਾਰ ਵਿੱਚ ਚਿਣ ਦਿੱਤਾ ਗਿਆ ਸੀ।

ਇਸ ਉਪਰੰਤ ਇਤਿਹਾਸਿਕ ਬੁਰਜ ਠੰਡਾ ਬੁਰਜ ਦੇ ਦਰਸ਼ਨ ਕੀਤੇ।

ਠੰਡਾ ਬੁਰਜ: ਬੁਰਜ ਮਾਤਾ ਗੁਜਰੀ ਜਿਸ ਨੂੰ ਠੰਡਾ ਬੁਰਜ ਵੀ ਕਿਹਾ ਜਾਂਦਾ ਹੈ ਫਤਿਹਗੜ੍ਹ ਸਾਹਿਬ ਜੀ ਦੀ ਜੂਹ ਵਿੱਚ ਇੱਕ ਆਲੀਸ਼ਾਨ ਗੁਰਦੁਆਰੇ ਦੇ ਰੂਪ ਵਿੱਚ ਸਥਿਤ ਹੈ। ਇਹ ਬੁਰਜ ਉਹਨਾਂ ਖੂਨੀ ਤੇ ਠੰਡੀਆਂ ਰਾਤਾਂ ਦੀ ਯਾਦ ਦੁਆਉਂਦਾ ਹੈ ਜਦੋਂ ਮਾਤਾ ਗੁਜਰੀ ਆਪਣੇ ਦੋ ਪੋਤਰੇ ਸਾਹਿਬਜ਼ਾਦਾ ਜ਼ੋਰਾਵਰ ਸਿੰਘ ਤੇ ਫਤਿਹ ਸਿੰਘ ਸਮੇਤ ਹਿਰਾਸਤ ਵਿੱਚ ਰੱਖੇ ਗਏ ਸਨ।

ਦਰਸਨ ਉਪਰੰਤ ਪੰਗਤ ਵਿੱਚ ਬੈਠ ਕੇ ਵਿਦਿਆਰਥੀਆਂ, ਸਟਾਫ ਨੇ ਲੰਗਰ ਛਕਿਆ।

ਉਪਰੰਤ ਗੁਰਦੁਆਰਾ ਸਾਹਿਬ ਦੇ ਮੀਟਿੰਗ ਹਾਲ ਵਿੱਚ ਹੈਡ ਗ੍ਰੰਥੀ ਭਾਈ ਸਾਹਿਬ ਭਾਈ ਹਰਪਾਲ ਸਿੰਘ ਜੀ ਨੇ ਵਿਦਿਆਰਥੀਆਂ ਨਾਲ ਵਿਚਾਰ ਸਾਂਝੇ ਕੀਤੇ। ਉਨਾਂ ਨੇ ਸਾਰੇ ਵਿਦਿਆਰਥੀਆਂ ਨੂੰ ਗੁਰਮਤਿ ਦ੍ਰਿੜ ਕਰਵਾਉਦੇ ਹੋਏ ਪ੍ਰੇਰਨਾ ਕੀਤੀ।

ਮਨ ਤੂ ਜੋਤ ਸਰੂਪ ਹੈ ਆਪਣਾ ਮੂਲ ਪਛਾਣ॥

ਗੁਰਬਾਣੀ ਦੀ ਪਵਿੱਤਰ ਤੁਕ ਉੱਤੇ ਅਮਲ ਕਰਨ ਲਈ ਕਿਹਾ।

ਗੁਰਦੁਆਰਾ ਫਤਿਹਗੜ੍ਹ ਸਾਹਿਬ ਤੋਂ ਬਾਅਦ ਅਸੀਂ ਤਖਤ ਸ੍ਰੀ ਕੇਸਗੜ੍ਹ ਸਾਹਿਬ ਲਈ ਰਵਾਨਾ ਹੋਏ।

ਤਖਤ ਸ਼੍ਰੀ ਕੇਸਗੜ੍ਹ ਸਾਹਿਬ ਬੜੀ ਹੀ ਰਮਣੀਕ ਅਤੇ ਵਾਤਾਵਰਨ ਅਨੁਕੂਲ ਜਗ੍ਹਾ ਹੈ। ਅਨੰਦਪੁਰ ਸਾਹਿਬ ਪਹੁੰਚ ਕੇ ਸਭ ਤੋਂ ਪਹਿਲਾਂ ਅਸੀਂ ਤਖਤ ਸ੍ਰੀ ਕੇਸਗੜ੍ਹ ਸਾਹਿਬ ਜੀ ਦੇ ਦਰਸ਼ਨ ਕੀਤੇ।

ਤਖਤ ਸ੍ਰੀ ਕੇਸਗੜ੍ਹ ਸਾਹਿਬ: ਅਨੰਦਪੁਰ ਸ਼ਹਿਰ ਵਿੱਚ ਹੀ ਇਹ ਇਤਿਹਾਸਿਕ ਸਥਾਨ ਹੈ ਜਿੱਥੇ ੧੬੯੯ ਈਸਵੀ ਨੂੰ ਖਾਲਸਾ ਪੰਥ ਦੀ ਸਾਜਨਾ ਹੋਈ ਸੀ। ਇਸ ਸਥਾਨ ਤੇ ੧੬੯੯ ਈਸਵੀ ਦੀ ਵਿਸਾਖੀ ਵਾਲੇ ਦਿਨ ਭਰੇ ਦੀਵਾਨ ਵਿੱਚ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਵੱਲੋਂ ਪੰਜ ਸਿਰਾਂ ਦੀ ਮੰਗ ਕੀਤੀ ਗਈ। ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਨੇ ਜੋ ਮਰਜੀਵੜੇ ਆਪਣਾ ਸੀਸ ਭੇਟ ਕਰਨ ਲਈ ਨਿਤਰੇ ਉਹਨਾਂ ਨੂੰ ਪੰਜ ਪਿਆਰਿਆਂ ਦਾ ਰੂਪ ਦੇ ਕੇ ਫਿਰ ਅੰਮ੍ਰਿਤ ਤਿਆਰ ਕਰਕੇ ਛਕਾਇਆ ਅਤੇ ਫਿਰ ਉਹਨਾਂ ਤੋਂ ਆਪ ਛਕਿਆ। ਹੁਣ ਤੱਕ ਇਸੇ ਸਥਾਨ ਤੇ ਮੁੜ ਹਜ਼ਾਰਾਂ ਸਿੱਖਾਂ ਨੇ ਅੰਮ੍ਰਿਤ ਪਾਨ ਕੀਤਾ ਤੇ ਇਉਂ ਸੰਪੂਰਨ ਸੰਤ ਸਿਪਾਹੀ ਦਾ ਰੂਪ ਧਾਰ ਗਏ। ਇਸੇ ਅਸਥਾਨ ਨੂੰ ਸਿੱਖ ਕੌਮ ਦੇ ਪੰਜ ਤਖਤਾਂ ਵਿੱਚ ਸ਼ਾਮਿਲ ਕਰਕੇ ਸਥਾਨ ਦਾ ਨਾਮ ਤਖਤ ਸ੍ਰੀ ਕੇਸਗੜ ਸਾਹਿਬ ਪ੍ਰਚਲਿਤ ਹੋ ਗਿਆ। ਇਸ ਸਥਾਨ ਤੇ ਗੁਰੂ ਵਸਤੂਆਂ ਸੰਭਾਲੀਆਂ ਪਈਆਂ ਹਨ ਜਿਵੇਂ:-

ਇੱਕ ਨਾਗਣੀ ਬਰਛੀ ਜੋ ਅੱਠ ਫੁੱਟ ਨੌ ਇੰਚ ਲੰਬੀ ਹੈ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ

ਨੂੰ ਬਹੁਤ ਹੀ ਪਸੰਦ ਸੀ।

ਇੱਕ ਬਰਛਾ ਜਿਸ ਦੀ ਲੰਬਾਈ ਅੱਧ ਇੰਚ ਘੱਟ ੮ ਫੁੱਟ ਹੈ।

ਸੈਫ ਇਸ ਦੀ ਲੰਬਾਈ ਦਸਤੇ ਸਮੇਤ ਚਾਰ ਫੁੱਟ ਤਿੰਨ ਇੰਚ ਹੈ।

ਦੋ ਧਾਰਾ ਖੰਡਾ ਇਸ ਖੰਡੇ ਦੀ ਲੰਬਾਈ ਤਿੰਨ ਫੁੱਟ ਸਾਢੇ ਤਿੰਨ ਇੰਚ ਹੈ। ਇਸ ਖੰਡੇ ਨਾਲ ਸਿੱਖੀ ਪਰਖੀ ਸੀ ਜਦੋਂ ਪੰਜ ਪਿਆਰੇ ਚੁਣੇ ਸਨ। ਆਦਿ....

ਤਖਤ ਸ੍ਰੀ ਕੇਸਗੜ੍ਹ ਸਾਹਿਬ ਜੀ ਦੇ ਦਰਸ਼ਨਾਂ ਤੋਂ ਬਾਅਦ ਵਿਦਿਆਰਥੀ ਅਤੇ ਸਮੂਹ ਸਟਾਫ ਵਿਰਾਸਤ ਏ ਖਾਲਸਾ ਦੇਖਣ ਲਈ ਪਹੁੰਚਿਆ।

ਵਿਰਾਸਤ ਏ ਖਾਲਸਾ:-

ਸ੍ਰੀ ਅਨੰਦਪੁਰ ਸਾਹਿਬ ਵਿਖੇ ਖ਼ਾਲਸਾ ਪੰਥ ਦੀ ੩੦੦ ਸਾਲਾ ਸਤਾਬਦੀ ਤੇ ਵਿਰਾਸਤ-ਏ-ਖ਼ਾਲਸਾ ਦੀ ਉਸਾਰੀ ਸਿੱਖ ਵਿਰਾਸਤ ਨੂੰ ਪੇਸ਼ ਕਰਨ ਦਾ ਪਹਿਲਾ ਵੱਡਾ ਉੱਦਮ ਹੈ। ੧੦੦ ਏਕੜ ਰਕਬੇ ਵਿੱਚ ਉਸਾਰੇ ਵਿਰਾਸਤ-ਏ-ਖ਼ਾਲਸਾ ਨੂੰ ਅੰਤਰ-ਰਾਸ਼ਟਰੀ ਪ੍ਰਸਿੱਧ ਆਰਚੀਟੈਕਟ ਸ੍ਰੀ ਮੋਸ਼ੇ ਸੈਫਦੀ, ਜਿਸ ਵੱਲੋਂ ਯੇਰੋਸ਼ਲਮ ਵਿੱਚ ਹੋਲੋ-ਕਾਸ਼ਟ ਮਿਊਜ਼ੀਅਮ ਵੀ ਤਿਆਰ ਕੀਤੀ ਗਈ ਸੀ, ਨੇ ਡਿਜ਼ਾਇਨ ਕੀਤਾ ਹੈ। ਵਿਰਾਸਤ-ਏ-ਖ਼ਾਲਸਾ ਵਿੱਚ ਕੋਮੀ ਇਤਿਹਾਸ ਨੂੰ ਪੇਸ਼ ਕਰਨ ਲਈ ਪੂਰਬ ਵੱਲ ਫੁੱਲ ਇਮਾਰਤ ਅਤੇ ਕਿਸ਼ਤੀ ਇਮਾਰਤ ਬਣਾਏ ਗਈ ਹੈ। ਆਰਚੀਟੈਕਟ ਵੱਲੋਂ ਪੰਜ ਪਾਣੀ ਅਤੇ ਪੰਜ ਪੱਤੀਆਂ ਦੇ ਮਨੋਰਥ ਨੂੰ ਸਾਹਮਣੇ ਰੱਖ ਕੇ ਪੰਜ ਦਰਿਆਵਾਂ ਦੀ ਧਰਤੀ ਅਤੇ ਪੰਜ ਪਿਆਰਿਆਂ ਦੇ ਗੁਰੂ ਸੰਕਲਪ ਨੂੰ ਪ੍ਰਗਟ ਕਰਨ ਦਾ ਉਦੇਸ਼ ਰੱਖਿਆ ਗਿਆ ਹੈ।

ਇਸ ਤੋਂ ਬਾਅਦ ਸਾਰੇ ਗੁਰਦੁਆਰਾ ਸ੍ਰੀ ਸੀਸ ਗੰਜ ਸਾਹਿਬ ਵਿਖੇ ਦਰਸ਼ਨਾਂ ਲਈ ਗਏ।

ਗੁਰਦੁਆਰਾ ਸ੍ਰੀ ਸੀਸ ਗੰਜ ਸਾਹਿਬ

ਸ੍ਰੀ ਗੁਰੂ ਤੇਗ਼ ਬਹਾਦਰ ਜੀ ਨੂੰ ਦਿੱਲੀ ਦੇ ਚਾਂਦਨੀ ਚੌਂਕ ਵਿਚ ਜਦ ਸ਼ਹੀਦ ਕੀਤੇ ਗਏ ਤਾਂ ਭਾਈ ਜੈਤਾ ਜੀ, ਗੁਰੂ ਜੀ ਦਾ ਸੀਸ ਉਠਾਕੇ ਦਿਲੀ ਤੋਂ ਵੱਖ-ਵੱਖ ਪੜਾਅ ਤੈਅ ਕਰਦੇ ਹੋਏ ਤੇ ਛੇਤੀ ਸਫਰ ਕਰਦਿਆ ਕੀਰਤਪੁਰ ਪਹੁੰਚ ਗਏ। ਅਨੰਦਪੁਰ ਵਿਚ ਜਿਸ ਥਾਂ ਤੇ ਨੌਵੀਂ ਨਾਨਕ-ਜੋਤ, ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਸੀਸ ਦਾ ਸਸਕਾਰ ਕੀਤਾ ਗਿਆ, ਉਥੇ ਗੁਰਦੁਆਰਾ ਸੀਸ ਗੰਜ ਬਣ ਗਿਆ।

ਇਸ ਉਪਰੰਤ ਗੁਰਦੁਆਰਾ ਸ੍ਰੀ ਅਕਾਲ ਬੁੰਗਾ ਸਾਹਿਬ ਜੀ ਦੇ ਦਰਸ਼ਨ ਕੀਤੇ ਗਏ।

ਗੁਰਦੁਆਰਾ ਸ੍ਰੀ ਅਕਾਲ ਬੁੰਗਾ

ਗੁਰਦੁਆਰਾ ਸੀਸ ਗੰਜ ਦੇ ਅਹਾਤੇ ਅੰਦਰ ਸ੍ਰੀ ਗੁਰੂ ਗੋਬਿੰਦ ਸਿੰਘ ਮਹਾਰਾਜ ਜੀ ਦਾ ਗੁਰਦੁਆਰਾ ਹੈ। ਇਥੇ ਹੀ ਇਕ ਭਰੇ ਦੀਵਾਨ ਵਿਚ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਨੂੰ ੧੬੭੫ ਈਸਵੀ ਵਿੱਚ ਗੁਰਿਆਈ ਦਾ ਤਿਲਕ ਲੱਗਾ ਤੇ ਦਸਵੀਂ ਨਾਨਕ-ਜੋਤ ਦੇ ਰੂਪ ਵਿਚ ਗੁਰੂ ਸਥਾਪਤ ਕੀਤੇ ਗਏ। ਇਸ ਥਾਂ ਛੋਟਾ ਜਿਹਾ ਪਰ ਬਹੁਤ ਹੀ ਸੁੰਦਰ ਗੁਰ ਦਰਬਾਰ ਹੈ।

ਫਿਰ ਅਸੀਂ ਗੁਰਦੁਆਰਾ ਬਿਭੌਰ ਸਾਹਿਬ ਦੇ ਦਰਸ਼ਨਾਂ ਲਈ ਪ੍ਰਸਥਾਨ ਕੀਤਾ।

ਗੁਰਦੁਆਰਾ ਸ੍ਰੀ ਬਿਭੌਰ ਸਾਹਿਬ:-

ਪੰਜ ਬਾਣੀਆਂ ਵਿੱਚੋਂ ਇਕ ਬਾਣੀ 'ਚੌਪਈ ਸਾਹਿਬ' ਦੀ ਰਚਨਾ ਦਸਵੇਂ ਪਾਤਸ਼ਾਹ ਗੁਰੂ ਗੋਬਿੰਦ ਸਿੰਘ ਜੀ ਨੇ ਸੰਮਤ ੧੭੫੩ ਵਿਚ ਗੁਰਦੁਆਰਾ ਬਿਭੌਰ ਸਾਹਿਬ ਵਿਖੇ ਕੀਤੀ ਸੀ। ਇਸ ਦਾ ਜ਼ਕਿਰ ਗੁਰੂ ਜੀ ਨੇ ਚੌਪਈ ਸਾਹਿਬ 'ਚ ਕਰਦਿਆਂ ਲਿਖਿਆ ਹੈ,

''ਭਾਦ੍ਰਵ ਸੁਦੀ ਅਸਟਮੀ ਰਵਿਵਾਰਾ ਤੀਰ ਸੱਤਦ੍ਰਵ ਗ੍ਰੰਥ ਸੁਧਾਰਾ''

ਭਾਵ ਭਾਦਰੋਂ ਮਹੀਨੇ ਦੀ ਸੁਦੀ ਜਾਂ ਚਾਨਣੇ ਪੱਖ ਦੀ ਅਸ਼ਟਮੀ ਤਿਥੀ ਨੂੰ ਐਤਵਾਰ ਦੇ ਦਿਨ

ਸਤਲੁਜ ਕੰਢੇ ਬੈਠ ਕੇ ਗ੍ਰੰਥ ਨੂੰ ਪੂਰਾ ਕੀਤਾ?

ਉਪਰੋਕਤ ਸਥਾਨਾਂ ਦੇ ਦਰਸ਼ਨ ਵਿਦਿਆਰਥੀਆਂ ਅਤੇ ਸਟਾਫ ਮੈਂਬਰਾਂ ਦੁਆਰਾ ਕੀਤੇ ਗਏ। ਸ਼ਾਮ ਨੂੰ ਵਾਪਸੀ ਮੁੜਦੇ ਸਮੇਂ ਫਿਰ ਫਤਿਹਗੜ੍ਹ ਸਾਹਿਬ ਦੇ ਮੀਟਿੰਗ ਹਾਲ ਵਿੱਚ ਰੁਕੇ ਚਾਹ ਪਾਣੀ ਛਕਿਆ ਅਤੇ ਤੁਰ ਪਏ। ਸ਼ਾਮ ਦਾ ਸਮਾਂ ਸੀ ਅਤੇ ਸੂਰਜ ਡੁਬਨ ਦੀ ਤਿਆਰੀ ਵਿੱਚ ਸੀ। ਬੱਸ ਵਿੱਚੋਂ ਬਾਹਰ ਦੇਖਿਆ ਤਾਂ ਹਕਦੀ ਲਾਲੀ ਨਾਲ ਡੁੱਬ ਰਿਹਾ ਸੂਰਜ ਸਾਡੇ ਇਸ ਸਫਰ ਦੀ ਸਮਾਪਤੀ ਵੱਲ ਇਸ਼ਾਰਾ ਸੀ। ਰਹਿਰਾਸ ਸਾਹਿਬ ਦਾ ਵੇਲਾ ਸੀ ਸਭ ਨੇ ਬੱਸ ਵਿੱਚ ਹੀ ਸੰਗਤੀ ਰੂਪ ਵਿੱਚ ਪਾਠ ਕੀਤਾ ਆਰਤੀ ਦੇ ਗਾਇਨ ਕੀਤੇ ਗਏ। ਇੰਸਟੀਚਿਊਟ ਦੇ ਵਿਦਿਆਰਥੀਆਂ ਵਿੱਚ ਚੌਪਈ ਸਾਹਿਬ ਦੇ ਮੁਕਾਬਲੇ ਬੱਸ ਦੇ ਸਫਰ ਦੇ ਨਾਲ ਨਾਲ ਚੱਲਦੇ ਰਹੇ। ਬੱਸ ਤੋਂ ਬਾਹਰ ਦੀ ਭੀੜ ਭੜਾਕੇ ਵਾਲੀ ਦੁਨੀਆਂ ਤੋਂ ਪਰ੍ਹੇ ਬੱਸ ਵਿੱਚ ਅਸੀਂ ਆਪਣੀ ਅਲੱਗ ਹੀ ਗੁਰਮਤਿ ਦੀ ਦੁਨੀਆ ਵਸਾ ਲਈ ਸੀ। ਰਾਤ ਹੋ ਚੁੱਕੀ ਸੀ ਬੱਸ ਵਿੱਚ ਚੱਲ ਰਿਹਾ 'ਸਤਿਨਾਮ ਵਾਹਿਗੁਰੂ' ਦਾ ਪਵਿੱਤਰ ਜਾਪ ਸਭ ਦੇ ਹਿਰਦਿਆਂ ਵਿੱਚ ਵਸ ਚੁੱਕਾ ਸੀ। ਖੈਰ! ਤਕਰੀਬਨ ੮:੩੦ ਵਜੇ ਅਸੀਂ ਵਾਪਸ ਇੰਸਟੀਚਿਊਟ ਪਹੁੰਚ ਗਏ।

ਖੁਸ਼ੀਆਂ ਦੇ ਜੈਕਾਰਿਆਂ ਨਾਲ ਸਾਡੀ ਇਹ ਯਾਤਰਾ ਮੰਗਲਮਈ ਰਹੀ। ਚੱਲੋ ਬਾਕੀ ਗੱਲਾਂ ਫੇਰ.....

ਗੁਰਦੁਆਰਾ ਪ੍ਰਬੰਧਕ ਸੁਚੇਤ ਹੋਣ

ਬਿਜਲੀ ਦੇ ਸਰਕਟ ਸ਼ਾਰਟ ਹੋਣ ਕਾਰਨ ਅੱਗ ਲੱਗਣ ਨਾਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਅਗਨ-ਭੇਟ ਹੋ ਜਾਣ ਦੀਆਂ ਖ਼ਬਰਾਂ ਬਹੁਤ ਹੀ ਦੁੱਖਦਾਈ, ਚਿੰਤਾਜਨਕ ਤੇ ਹਿਰਦੇਵੇਧਕ ਹਨ। ਮਰਯਾਦਾ ਅਨੁਸਾਰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸੇਵਾ-ਸੰਭਾਲ ਤੇ ਅਦਬ-ਸਤਿਕਾਰ ਬਹਾਲ ਰੱਖਣ ਲਈ ਸਮੁੱਚੇ ਸਿੱਖ ਭਾਈਚਾਰੇ ਨੂੰ ਸੁਚੇਤ ਰਹਿਣਾ ਚਾਹੀਦਾ ਹੈ। ਅਜਿਹੀ ਕੋਈ ਮੰਦਭਾਗੀ ਘਟਨਾ ਨਾ ਵਾਪਰੇ। ਇਸ ਲਈ ਗੁਰਦੁਆਰਾ ਸਾਹਿਬ ਦੇ ਅੰਦਰ ਅਤੇ ਸੁਖ-ਆਸਨ ਅਸਥਾਨਾਂ ਵਿੱਚ ਧੂਫ਼, ਲਾਈਟਾਂ, ਪੱਖੇ ਅਤੇ ਬਿਜਲੀ ਦੀਆਂ ਸਜਾਵਟੀ ਲੜੀਆਂ ਉਦੋਂ ਤੱਕ ਹੀ ਜਗਾਈਆਂ ਜਾਣ, ਜਦ ਤੀਕ ਕੋਈ ਨਿਗਰਾਨ ਹਾਜ਼ਰ ਹੋਵੇ। ਗੁਰਦੁਆਰਾ ਸਾਹਿਬ ਦੇ ਕਿਵਾੜ ਬੰਦ ਕਰਨ ਸਮੇਂ ਧੂਫ਼/ ਅਗਰਬੱਤੀ ਅਤੇ ਬਿਜਲੀ ਦਾ ਮੇਨ-ਸਵਿੱਚ ਆਦਿ ਬੰਦ ਕਰ ਦੇਣੇ ਚਾਹੀਦੇ ਹਨ।

ਗੁਰਦੁਆਰਾ ਸਾਹਿਬ ਦੇ ਅੰਦਰ ਅਤੇ ਸੁਖ-ਆਸਨ ਅਸਥਾਨ ਦੀ ਬਿਜਲੀ ਦੀ ਸਮੁੱਚੀ ਫਿਟਿੰਗ ਤਸੱਲੀਬਖਸ਼ ਕੀਤੀ ਜਾਵੇ। ਹਰ ਗੁਰੂ-ਘਰ ਵਿੱਚ ਅੱਗ ਬਝਾਊ ਜੰਤਰ ਲਗਾਉਣ ਦਾ ਵਿਸ਼ੇਸ਼ ਪ੍ਰਬੰਧ ਕੀਤਾ ਜਾਵੇ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਨਿਸ਼ਚਿਤ ਟੀਮਾਂ ਹਰੇਕ ਗੁਰੂ-ਘਰ ਪੁੱਜ ਕੇ ਨਿਰੀਖਣ ਕਰਨਗੀਆਂ। ਜੋ ਕਮੇਟੀਆਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਮਰਯਾਦਾ ਅਨੁਸਾਰ ਅਦਬ-ਸਤਿਕਾਰ ਤੇ ਸੇਵਾ-ਸੰਭਾਲ ਠੀਕ ਤਰ੍ਹਾਂ ਨਹੀਂ ਕਰ ਸਕਦੀਆਂ, ਉਨ੍ਹਾਂ ਵਿਰੁੱਧ ਸਖ਼ਤੀ ਨਾਲ ਕਾਰਵਾਈ ਹੋਵੇਗੀ।

ਸਕੱਤਰ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।

ਸ਼੍ਰੋਮਣੀ ਕਮੇਟੀ ਖ਼ਬਰਨਾਮਾ

ਸ਼੍ਰੋਮਣੀ ਕਮੇਟੀ ਨੇ ਏਆਈ ਤਕਨੀਕ ਦੇ ਮਾਹਿਰਾਂ ਅਤੇ ਵਿਦਵਾਨਾਂ ਨਾਲ ਕੀਤੀ ਇਕੱਤਰਤਾ

ਮਾਹਿਰਾਂ ਨੇ ਭਵਿੱਖ ਦੀਆਂ ਚੁਣੌਤੀਆਂ ਦੇ ਮੱਦੇਨਜ਼ਰ ਇਸ ਦੀ ਹੋ ਰਹੀ ਦੁਰਵਰਤੋਂ ਰੋਕਣ ਲਈ ਦਿੱਤੇ ਕੀਮਤੀ ਸੁਝਾਅ

ਮਿਲੇ ਸੁਝਾਵਾਂ ਨੂੰ ਅੰਤ੍ਰਿੰਗ ਕਮੇਟੀ ਦੀ ਆਉਣ ਵਾਲੀ ਇਕੱਤਰਤਾ ਵਿਚ ਵਿਚਾਰ ਕੇ ਬਣਾਵਾਂਗੇ ਅਗਲੀ ਨੀਤੀ- ਐਡਵੋਕੇਟ ਧਾਮੀ

ਅੰਮ੍ਰਿਤਸਰ-ਆਰਟੀਫੀਸ਼ੀਅਲ ਇੰਟੈਲੀਜੈਂਸ (ਏਆਈ) ਤਕਨਾਲੋਜੀ ਦੀ ਦੁਰਵਰਤੋਂ ਨਾਲ ਸਿੱਖ ਧਰਮ ਦੀ ਕੀਤੀ ਜਾ ਰਹੀ ਬੇਅਦਬੀ ਰੋਕਣ ਲਈ ਨੀਤੀ ਬਨਾਉਣ ਵਾਸਤੇ ਇਸ ਖੇਤਰ ਵਿਚ ਕੰਮ ਕਰ ਰਹੇ ਤਕਨੀਕੀ ਮਾਹਿਰਾਂ ਨਾਲ ਅੱਜ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਹੇਠ ਸ਼੍ਰੋਮਣੀ ਕਮੇਟੀ ਦਫ਼ਤਰ ਵਿਖੇ ਇਕੱਤਰਤਾ ਹੋਈ। ਇਕੱਤਰਤਾ ਵਿਚ ਏਆਈ ਤਕਨੀਕ ਦੀ ਜਾਣਕਾਰੀ ਰੱਖਣ ਵਾਲੇ ਮਾਹਿਰਾਂ ਨੇ ਭਵਿੱਖ ਦੀਆਂ ਚੁਣੌਤੀਆਂ ਦੇ ਮੱਦੇਨਜ਼ਰ ਅਤੇ ਇਸ ਦੀ ਹੋ ਰਹੀ ਦੁਰਵਰਤੋਂ ਨੂੰ ਰੋਕਣ ਲਈ ਆਪਣੇ ਕੀਮਤੀ ਸੁਝਾਅ ਦਿੱਤੇ।

ਇਕੱਤਰਤਾ ਸਬੰਧੀ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਆਰਟੀਫੀਸ਼ੀਅਲ ਇੰਟੈਲੀਜੈਂਸ (ਏਆਈ) ਰਾਹੀਂ ਸਿੱਖ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਵਾਲੀਆਂ ਵੀਡੀਓ ਅਤੇ ਹੋਰ ਸਮੱਗਰੀ ਦਾ ਸੋਸ਼ਲ ਮੀਡੀਏ 'ਤੇ ਲਗਾਤਾਰ ਵਾਧਾ ਵੱਡੀ ਚਿੰਤਾ ਵਾਲਾ ਹੈ। ਇਸੇ ਦੇ ਮੱਦੇਨਜ਼ਰ ਸ਼੍ਰੋਮਣੀ ਕਮੇਟੀ ਨੇ ਇਸ ਖੇਤਰ ਵਿਚ ਕੰਮ ਕਰ ਰਹੇ ਮਾਹਿਰਾਂ ਤੋਂ ਸੁਝਾਅ ਲੈਣ ਲਈ ਅੱਜ ਦੀ ਇਕੱਤਰਤਾ ਬੁਲਾਈ ਸੀ, ਤਾਂ ਜੋ ਹੋ ਰਹੀ ਦੁਰਵਰਤੋਂ ਨੂੰ ਰੋਕਣ ਲਈ ਠੋਸ ਨੀਤੀ ਤਿਆਰ ਕੀਤੀ ਜਾ ਸਕੇ। ਉਨ੍ਹਾਂ ਕਿਹਾ ਕਿ ਅੱਜ ਦੀ ਇਕੱਤਰਤਾ ਵਿਚ ਕੀਮਤੀ ਸੁਝਾਅ ਪ੍ਰਾਪਤ ਹੋਏ ਹਨ, ਜਿਨ੍ਹਾਂ ਨੂੰ ਅੰਤ੍ਰਿੰਗ ਕਮੇਟੀ ਦੀ ਆਉਣ ਵਾਲੀ ਇਕੱਤਰਤਾ ਵਿਚ ਵਿਚਾਰਿਆ ਜਾਵੇਗਾ। ਉਨ੍ਹਾਂ ਸ਼੍ਰੋਮਣੀ ਕਮੇਟੀ ਦੇ ਸੱਦੇ 'ਤੇ ਪੁੱਜੇ ਏਆਈ ਮਾਹਿਰਾਂ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਵੀ ਕੀਤਾ।

ਇਕੱਤਰਤਾ 'ਚ ਸ਼੍ਰੋਮਣੀ ਕਮੇਟੀ ਦੇ ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ, ਸ. ਮੋਹਨ ਸਿੰਘ ਬੰਗੀ, ਸ. ਰਣਜੀਤ ਸਿੰਘ ਕਾਹਲੋਂ, ਸ. ਗੁਰਨਾਮ ਸਿੰਘ ਜੱਸਲ, ਓਐਸਡੀ ਸ. ਸਤਬੀਰ ਸਿੰਘ ਧਾਮੀ, ਸਕੱਤਰ ਸ. ਪ੍ਰਤਾਪ ਸਿੰਘ, ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਵਾਈਸ ਚਾਂਸਲਰ ਡਾ. ਪ੍ਰਿਤਪਾਲ ਸਿੰਘ, ਖਾਲਸਾ ਕਾਲਜ ਪਟਿਆਲਾ ਦੇ ਪ੍ਰਿੰਸੀਪਲ ਡਾ. ਧਰਮਿੰਦਰ ਸਿੰਘ ਉੱਭਾ, ਡਾ. ਜਸਵਿੰਦਰ ਸਿੰਘ, ਡਾ. ਵਿਲੀਅਮ ਸਿੰਘ, ਬਾਬਾ ਬੰਦਾ ਸਿੰਘ ਬਹਾਦਰ ਇੰਜੀ: ਕਾਲਜ ਦੇ ਪ੍ਰਿੰਸੀਪਲ ਸ. ਲਖਵੀਰ ਸਿੰਘ, ਗੁਰੂ ਨਾਨਕ ਦੇਵ ਇੰਜੀ: ਕਾਲਜ ਲੁਧਿਆਣਾ ਤੋਂ ਡਾ. ਜਗਦੀਪ ਸਿੰਘ ਅਤੇ ਪ੍ਰੋ. ਸਤਿੰਦਰਪਾਲ ਸਿੰਘ, ਰਿਆਤ ਬਹਾਰਾ ਇੰਸਟੀਚਿਊਟ, ਹੁਸ਼ਿਆਰਪੁਰ ਤੋਂ ਡਾਇਰੈਕਟਰ ਪ੍ਰਿੰਸੀਪਲ ਡਾ. ਗੁਰਜੀਤ ਸਿੰਘ, ਗੁਰੂ ਨਾਨਕ ਦੇਵ

(ਬਾਕੀ ਪੰਨਾ ੩੯ 'ਤੇ)



ਸ਼੍ਰੋਮਣੀ ਕਮੇਟੀ ਦਫ਼ਤਰ ਵਿਖੇ ਆਰਟੀਫੀਸ਼ਿਅਲ ਇੰਟੈਲੀਜੈਂਸ ਤਕਨੀਕ ਦੇ ਮਾਹਿਰਾਂ ਨਾਲ ਇਕੱਤਰਤਾ ਦੌਰਾਨ ਸੰਬੋਧਨ ਕਰਦੇ ਹੋਏ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਤੇ ਸ਼ਾਮਲ ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ, ਸ. ਮੋਹਨ ਸਿੰਘ ਬੰਗੀ, ਸ. ਰਣਜੀਤ ਸਿੰਘ ਕਾਹਲੋਂ, ਸ. ਗੁਰਨਾਮ ਸਿੰਘ ਜੱਸਲ, ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਵੀ.ਸੀ. ਡਾ. ਪ੍ਰਿਤਪਾਲ ਸਿੰਘ, ਖ਼ਾਲਸਾ ਕਾਲਜ ਪਟਿਆਲਾ ਦੇ ਪ੍ਰਿੰਸੀਪਲ ਡਾ. ਧਰਮਿੰਦਰ ਸਿੰਘ ਉੱਭਾ, ਡਾ. ਜਸਵਿੰਦਰ ਸਿੰਘ, ਡਾ. ਵਿਲੀਅਮ ਸਿੰਘ, ਬਾਬਾ ਬੰਦਾ ਸਿੰਘ ਬਹਾਦਰ ਇੰਜੀ: ਕਾਲਜ ਦੇ ਪ੍ਰਿੰਸੀਪਲ ਸ. ਲਖਵੀਰ ਸਿੰਘ, ਗੁਰੂ ਨਾਨਕ ਦੇਵ ਇੰਜੀ: ਕਾਲਜ ਲੁਧਿਆਣਾ ਤੋਂ ਡਾ. ਜਗਦੀਪ ਸਿੰਘ, ਪ੍ਰੋ. ਸਤਿੰਦਰਪਾਲ ਸਿੰਘ, ਰਿਆਤ ਬਹਰਾ ਇੰਸਟੀਚਿਊਟ ਚੁਸ਼ਿਆਰਪੁਰ ਤੋਂ ਡਾਇਰੈਕਟਰ ਪ੍ਰਿੰਸੀਪਲ ਡਾ. ਗੁਰਜੀਤ ਸਿੰਘ, ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਤੋਂ ਡਾ. ਕੁਲਦੀਪ ਸਿੰਘ, ਦਿੱਲੀ ਤੋਂ ਡਾ. ਸਰਬਜੋਤ ਸਿੰਘ ਆਨੰਦ, ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਪ੍ਰਤਾਪ ਸਿੰਘ, ਮੀਤ ਸਕੱਤਰ ਸ. ਹਰਭਜਨ ਸਿੰਘ ਵਕਤਾ, ਐਡਵੋਕੇਟ ਸ. ਅਮਰਦੀਪ ਸਿੰਘ ਧਾਰਨੀ, ਕਾਨੂੰਨੀ ਸਲਾਹਕਾਰ ਸ. ਅਮਨਬੀਰ ਸਿੰਘ ਸਿਆਲੀ, ਸਿਸਟਮ ਐਡਮਿਨਸਟ੍ਰੇਟਰ ਸ. ਕਰਮਵੀਰ ਸਿੰਘ ਤੇ ਹੋਰ। (1 ਅਕਤੂਬਰ)



ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸੰਗਤ ਦੀ ਸਹੂਲਤ ਲਈ ਕੈਨਰਾ ਬੈਂਕ ਵੱਲੋਂ ਕਾਰਪੋਰੇਟ ਸਮਾਜਿਕ ਜ਼ਿੰਮੇਵਾਰੀ (ਸੀਐੱਸਆਰ) ਪ੍ਰੋਗਰਾਮ ਤਹਿਤ ਕੈਨਰਾ ਬੈਂਕ ਦੇ ਜੋਅਰਮੈਨ ਸ. ਹਰਦੀਪ ਸਿੰਘ ਆਹਲੂਵਾਲੀਆ ਐਂਬੂਲੈਂਸ ਦੀਆਂ ਚਾਬੀਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੂੰ ਸੌਂਪਣ ਸਮੇਂ ਹਾਜ਼ਰ ਸ਼੍ਰੋਮਣੀ ਕਮੇਟੀ ਮੈਂਬਰ ਸ. ਬਲਜੀਤ ਸਿੰਘ ਜਲਾਲਉਸਮਾਂ, ਓਐਸਡੀ ਸ. ਸਤਬੀਰ ਸਿੰਘ ਧਾਮੀ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਭਗਵੰਤ ਸਿੰਘ ਪੰਗੋੜਾ, ਕੈਨਰਾ ਬੈਂਕ ਦੇ ਜਨਰਲ ਮੈਨੇਜਰ ਸ੍ਰੀ ਮਨੋਜ ਕੁਮਾਰ ਦਾਸ, ਸ੍ਰੀ ਸੰਦੀਪ ਸਕਸੈਨਾ, ਸ੍ਰੀ ਅਨੁਰਾਗ, ਸ੍ਰੀ ਵਿਸ਼ਨੂ ਅਗਰਵਾਲ, ਸ੍ਰੀ ਰਜਤ ਸਕਸੈਨਾ ਤੇ ਸ੍ਰੀ ਰਾਜੇਸ਼ ਕੁਮਾਰ ਤੇ ਹੋਰ। (1 ਅਕਤੂਬਰ)



ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਣ ਪੁੱਜੇ ਪਤੰਜਲੀ ਯੋਗ ਪੀਠ ਹਰਿਦੁਆਰ ਦੇ ਮੁਖੀ ਬਾਬਾ ਰਾਮ ਦੇਵ ਸ਼੍ਰੋਮਣੀ ਕਮੇਟੀ ਵੱਲੋਂ ਹੜ੍ਹ ਪੀੜਤ ਫੰਡ ਲਈ 1 ਕਰੋੜ ਰੁਪਏ ਦਾ ਚੈੱਕ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ ਨੂੰ ਸੌਂਪਣ ਸਮੇਂ ਹਾਜ਼ਰ ਸ. ਹਰਪ੍ਰੀਤ ਸਿੰਘ ਮਿਨਹਾਸ, ਸ਼੍ਰੋਮਣੀ ਕਮੇਟੀ ਦੇ ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ, ਸ. ਮੋਹਨ ਸਿੰਘ ਬੰਗੀ, ਓਐਸਡੀ ਸ. ਸਤਬੀਰ ਸਿੰਘ ਧਾਮੀ, ਸ੍ਰੀ ਦਰਬਾਰ ਸਾਹਿਬ ਦੇ ਜਨਰਲ ਮੈਨੇਜਰ ਸ. ਭੁਪਿੰਦਰ ਸਿੰਘ ਧੰਗੇੜਾ, ਮੀਤ ਸਕੱਤਰ ਸ. ਹਰਭਜਨ ਸਿੰਘ ਵਕਤਾ, ਮੈਨੇਜਰ ਸ. ਜਸਪਾਲ ਸਿੰਘ ਵੱਡੇ, ਸੂਚਨਾ ਅਧਿਕਾਰੀ ਸ. ਅੰਮ੍ਰਿਤਪਾਲ ਸਿੰਘ, ਐਡਵੋਕੇਟ ਸ੍ਰੀ ਪ੍ਰਦੀਪ ਗੋਇਲ ਤੇ ਹੋਰ। (1 ਅਕਤੂਬਰ)



ਸ਼੍ਰੋਮਣੀ ਕਮੇਟੀ ਹੜ੍ਹ ਪੀੜਤ ਫੰਡ ਲਈ ਹਰਿਆਣਾ ਦੇ ਕਸਬਾ ਬਾਸ ਬਾਦਸ਼ਾਹਪੁਰ ਦੀ ਸੰਗਤ ਵੱਲੋਂ 6 ਲੱਖ ਰੁਪਏ ਅਤੇ ਸ਼ਿਆਮਪੁਰ ਜੱਟਾਂ ਜ਼ਿਲ੍ਹਾ ਹਾਪੁੜ ਉੱਤਰ ਪ੍ਰਦੇਸ਼ ਦੀ ਸੰਗਤ ਵੱਲੋਂ 3 ਲੱਖ 71 ਹਜ਼ਾਰ ਰੁਪਏ ਭੇਟ ਕਰਨ ਪੁੱਜੇ ਸ਼ਰਧਾਲੂਆਂ ਨੂੰ ਸਨਮਾਨਿਤ ਕਰਨ ਸਮੇਂ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ. ਸੁਰਜੀਤ ਸਿੰਘ ਤੁਗਲਵਾਲ, ਮੈਂਬਰ ਸ. ਗੁਰਮੀਤ ਸਿੰਘ ਬੂਹ, ਸ. ਅਮਰਜੀਤ ਸਿੰਘ ਭਲਾਈਪੁਰ, ਭਾਈ ਅਜੈਬ ਸਿੰਘ ਅਭਿਆਸੀ, ਓਐਸਡੀ ਸ. ਸਤਬੀਰ ਸਿੰਘ ਧਾਮੀ, ਮੀਤ ਸਕੱਤਰ ਸ. ਹਰਭਜਨ ਸਿੰਘ ਵਕਤਾ, ਸੁਪਰਿੰਟੈਂਡੈਂਟ ਸ. ਨਿਸ਼ਾਨ ਸਿੰਘ ਤੇ ਹੋਰ। (3 ਅਕਤੂਬਰ)



ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਪੁਰਬ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸਜਾਏ ਗਏ ਵਿਸ਼ਾਲ ਨਗਰ ਕੀਰਤਨ ਦਾ ਦ੍ਰਿਸ਼। (7 ਅਕਤੂਬਰ)



ਸਿੱਖ ਕੌਮ ਦੇ ਮਹਾਨ ਸ਼ਹੀਦ ਭਾਈ ਰਰਜਿੰਦਰ ਸਿੰਘ ਜਿੰਦਾ ਤੇ ਭਾਈ ਸੁਖਦੇਵ ਸਿੰਘ ਸੁੱਖਾ ਦੀ ਸਾਲਾਨਾ ਬਰਸੀ ਸਮੇਂ ਗੁਰਦੁਆਰਾ ਸ਼ਹੀਦ ਬਾਬਾ ਗੁਰਬਖਸ਼ ਸਿੰਘ ਵਿਖੇ ਕਰਵਾਏ ਗਏ ਕੁਰਮਤਿ ਸਮਾਗਮ ਮੌਕੇ ਸ਼ਹੀਦਾਂ ਦੇ ਪਰਿਵਾਰਕ ਮੈਂਬਰਾਂ ਭਾਈ ਭੁਪਿੰਦਰ ਸਿੰਘ, ਬੀਬੀ ਕੁਲਵੰਤ ਕੌਰ, ਬੀਬੀ ਸੁਰਜੀਤ ਕੌਰ ਤੇ ਭਾਈ ਨਿਰਮਲ ਸਿੰਘ ਸਮੇਤ ਹੋਰਾਂ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਗੁਰੂ ਬਖ਼ਸ਼ਿਸ਼ ਸਿਰੋਪਾਓ ਦੇਣ ਸਮੇਂ ਮੈਂਬਰ ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਸਿੰਘ ਸਾਹਿਬ ਗ੍ਰਿਆਨੀ ਬਲਜੀਤ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਜਨਰਲ ਮੈਨੇਜਰ ਸ. ਭਗਵੰਤ ਸਿੰਘ ਪੰਗੋੜਾ, ਮੈਨੇਜਰ ਸ. ਜਸਪਾਲ ਸਿੰਘ ਢੱਡੇ, ਵਧੀਕ ਮੈਨੇਜਰ ਸ. ਬਿਕਰਮਜੀਤ ਸਿੰਘ ਝੰਗੀ ਤੇ ਹੋਰ। (7 ਅਕਤੂਬਰ)



ਸ਼੍ਰੋਮਣੀ ਕਮੇਟੀ ਹੜ੍ਹ ਪੀੜਤ ਫੰਡ ਲਈ ਜਮਾਇਤੁਲ ਕੁਰੈਸ਼ ਸੰਸਤੀ, ਫਤਿਹਪੁਰ ਸੇਖਵਾਟੀ, ਸੀਕਰ ਰਾਜਸਥਾਨ ਦੇ ਨੁਮਾਇੰਦੇ 10 ਲੱਖ ਰੁਪਏ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਸ, ਹਰਜਿੰਦਰ ਸਿੰਘ ਧਾਮੀ ਨੂੰ ਸੌਂਪਣ ਸਮੇਂ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਰਜਿੰਦਰ ਸਿੰਘ ਮਹਿਤਾ, ਸਕੱਤਰ ਸ, ਪ੍ਰਤਾਪ ਸਿੰਘ ਤੇ ਹੋਰ। (9 ਅਕਤੂਬਰ)



ਸ਼੍ਰੋਮਣੀ ਕਮੇਟੀ ਹੜ੍ਹ ਪੀੜਤ ਫੰਡ ਲਈ ਸਿੱਖ ਐਜੂਕੇਸ਼ਨਲ ਸੁਸਾਇਟੀ ਚੰਡੀਗੜ੍ਹ ਵੱਲੋਂ 10 ਲੱਖ ਰੁਪਏ ਦਾ ਚੈੱਕ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਸ, ਹਰਜਿੰਦਰ ਸਿੰਘ ਧਾਮੀ ਨੂੰ ਸੌਂਪਣ ਸਮੇਂ ਮੈਂਬਰ ਸ, ਰਜਿੰਦਰ ਸਿੰਘ ਮਹਿਤਾ, ਐਡਵੋਕੇਟ ਸ, ਭਗਵੰਤ ਸਿੰਘ ਸਿਆਲਕਾ ਤੇ ਸਕੱਤਰ ਸ, ਪ੍ਰਤਾਪ ਸਿੰਘ। (10 ਅਕਤੂਬਰ)



ਸ਼੍ਰੋਮਣੀ ਕਮੇਟੀ ਹੜ੍ਹ ਪੀੜਤ ਫੰਡ ਲਈ ਸ੍ਰੀ ਨੰਦ ਰਾਮ ਚਾਹਰ ਜਾਟ ਵਿਕਾਸ ਸੰਸਥਾਨ, ਸਰਦਾਰ ਸ਼ਹਿਰ, ਚੁਰੂ ਰਾਜਸਥਾਨ ਵੱਲੋਂ ਸੰਸਥਾ ਦੇ ਮੁਖੀ ਸ੍ਰੀ ਮਹਾਂਵੀਰ ਪ੍ਰਸ਼ਾਦ ਸਾਰੂ ਸਥਾਨਕ ਲੋਕਾਂ ਦੇ ਸਹਿਯੋਗ ਨਾਲ 5 ਲੱਖ 60 ਹਜ਼ਾਰ ਰੁਪਏ ਦਾ ਚੈੱਕ ਸ਼੍ਰੋਮਣੀ ਕਮੇਟੀ ਸਕੱਤਰ ਸ. ਪ੍ਰਤਾਪ ਸਿੰਘ ਨੂੰ ਸੌਂਪਦੇ ਹੋਏ। (10 ਅਕਤੂਬਰ)



ਸ਼੍ਰੋਮਣੀ ਕਮੇਟੀ ਦਫਤਰ ਵਿਖੇ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਵਿਚ ਸ਼ਾਮਲ ਪ੍ਰਧਾਨ ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ, ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ, ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਜਨਰਲ ਸਕੱਤਰ ਸ. ਬੇਰ ਸਿੰਘ ਮੰਡਵਾਲਾ, ਅੰਤ੍ਰਿੰਗ ਕਮੇਟੀ ਮੈਂਬਰਾਨ ਤੇ ਅਧਿਕਾਰੀ। (13 ਅਕਤੂਬਰ)



ਸ਼੍ਰੋਮਣੀ ਕਮੇਟੀ ਰੜ੍ਹ ਪੀੜਤ ਫੰਡ ਲਈ ਇੰਡੀਆ ਇਸਲਾਮਿਕ ਕਲਚਰ ਸੈਂਟਰ ਨਵੀਂ ਦਿੱਲੀ ਦੇ ਪ੍ਰਧਾਨ ਸਲਮਾਨ ਖੁਰਸ਼ੀਦ, ਖ਼ਜ਼ਾਨਚੀ ਸਿਕੰਦਰ ਹਿਯਾਤ 11 ਲੱਖ ਰੁਪਏ ਦਾ ਚੈੱਕ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ ਨੂੰ ਸੌਂਪਣ ਸਮੇਂ ਰਾਜ਼ਰ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਮੈਂਬਰ ਸ. ਪਰਮਜੀਤ ਸਿੰਘ ਰਾਏਪੁਰ, ਸ. ਅਜਾਇਬ ਸਿੰਘ ਅਭਿਆਸੀ ਤੇ ਹੋਰ। (13 ਅਕਤੂਬਰ)



ਭਾਈ ਗੁਰਦਾਸ ਹਾਲ ਤੋਂ ਰੜ੍ਹ ਪੀੜਤਾਂ ਲਈ ਰਾਹਤ ਸਮੱਗਰੀ ਦੇ ਤਿੰਨ ਟਰੱਕ ਰਵਾਨਾ ਕਰਨ ਸਮੇਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਓਐਸਡੀ ਸ. ਸਤਬੀਰ ਸਿੰਘ ਧਾਮੀ, ਸਕੱਤਰ ਸ. ਪ੍ਰਤਾਪ ਸਿੰਘ, ਸ. ਬਲਵਿੰਦਰ ਸਿੰਘ ਕਾਹਲਵਾਂ, ਨਿੱਜੀ ਸਕੱਤਰ ਸ. ਸਾਹਬਾਜ਼ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਜਨਰਲ ਮੈਨੇਜਰ ਸ. ਭਗਵੰਤ ਸਿੰਘ ਪੰਗੇੜਾ, ਮੀਤ ਸਕੱਤਰ ਸ. ਹਰਭਜਨ ਸਿੰਘ ਵਕੜਾ, ਮੈਨੇਜਰ ਸ. ਸਤਨਾਮ ਸਿੰਘ ਰਿਆੜ, ਸ. ਰਾਜਿੰਦਰ ਸਿੰਘ ਰੂਬੀ ਤੇ ਹੋਰ। (13 ਅਕਤੂਬਰ)



ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ ਸਮਾਗਮਾਂ ਦੇ ਪ੍ਰਬੰਧਾਂ ਸਬੰਧੀ ਇਕੱਤਰਤਾ ਸਮੇਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਸ, ਹਰਜਿੰਦਰ ਸਿੰਘ ਧਾਮੀ,
ਸੀਨੀਅਰ ਅਕਾਲੀ ਆਗੂ ਸ, ਬਲਵਿੰਦਰ ਸਿੰਘ ਭੂੰਦੜ, ਸ, ਤੇਜਿੰਦਰ ਸਿੰਘ ਮਿੱਡੂਖੇੜਾ, ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ, ਕੁਲਦੰਤ ਸਿੰਘ ਮੰਨਣ, ਅੰਤ੍ਰਿੰਗ ਮੈਂਬਰ ਸ, ਦਲਜੀਤ ਸਿੰਘ ਭਿੰਡਰ, ਮੈਂਬਰ ਭਾਈ ਰਜਿੰਦਰ ਸਿੰਘ ਮਹਿਤਾ,
ਭਾਈ ਅਮਰਜੀਤ ਸਿੰਘ ਚਾਵਲਾ, ਸ, ਅਜਮੇਰ ਸਿੰਘ ਖੇੜਾ, ਭਾਈ ਗੁਰਬਖਸ਼ ਸਿੰਘ ਖਾਲਸਾ, ਸ, ਪਰਮਜੀਤ ਸਿੰਘ ਲੱਖੇਵਾਲ, ਸ, ਸੁਖਵਰਸ ਸਿੰਘ ਪੰਨੂ, ਸਕੱਤਰ ਸ, ਬਲਵਿੰਦਰ ਸਿੰਘ ਕਾਹਲਵਾਂ,
ਵਧੀਕ ਸਕੱਤਰ ਸ, ਗੁਰਿੰਦਰ ਸਿੰਘ ਮਥਰੇਵਾਲ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਦੇ ਮੈਨੇਜਰ ਸ, ਗੁਰਦੀਪ ਸਿੰਘ ਕੰਗ ਤੇ ਹੋਰ। (14 ਅਕਤੂਬਰ)



ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ ਨੂੰ ਸਮਰਪਿਤ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਦੇ ਵੈੱਬ ਚੈਨਲ ਦੀ ਸ਼ੁਰੂਆਤ ਕਰਨ ਸਮੇਂ
ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਸ, ਹਰਜਿੰਦਰ ਸਿੰਘ ਧਾਮੀ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਅਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ,
ਸੀਨੀਅਰ ਅਕਾਲੀ ਆਗੂ ਸ, ਬਲਵਿੰਦਰ ਸਿੰਘ ਭੂੰਦੜ, ਸ, ਤੇਜਿੰਦਰ ਸਿੰਘ ਮਿੱਡੂਖੇੜਾ, ਅੰਤ੍ਰਿੰਗ ਮੈਂਬਰ ਸ, ਦਲਜੀਤ ਸਿੰਘ ਭਿੰਡਰ, ਮੈਂਬਰ ਭਾਈ ਰਜਿੰਦਰ ਸਿੰਘ ਮਹਿਤਾ, ਭਾਈ ਅਮਰਜੀਤ ਸਿੰਘ ਚਾਵਲਾ,
ਭਾਈ ਗੁਰਬਖਸ਼ ਸਿੰਘ ਖਾਲਸਾ ਤੇ ਬਾਬਾ ਸੁਖਵਿੰਦਰ ਸਿੰਘ ਭੂਰੀਵਾਲੇ। (14 ਅਕਤੂਬਰ)



ਸ਼੍ਰੋਮਣੀ ਕਮੇਟੀ ਰੜ੍ਹ ਪੀੜਤ ਵੰਡ ਲਈ ਗੁਰੂ ਨਾਨਕ ਇੰਜੀਨੀਅਰਿੰਗ ਕਾਲਜ ਲੁਧਿਆਣਾ ਦੇ ਸਟਾਫ ਵੱਲੋਂ ਇਕ ਦਿਨ ਦੀ ਤਨਖ਼ਾਹ ਦਾ ਚੈਕ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ ਨੂੰ ਦੇਣ ਸਮੇਂ ਟਰੱਸਟ ਦੇ ਸੀਨੀਅਰ ਮੈਂਬਰ ਸ, ਮਹੇਸ਼ਇੰਦਰ ਸਿੰਘ ਗਰੇਵਾਲ, ਟਰੱਸਟ ਦੇ ਸਕੱਤਰ ਸ, ਸਾਹਬਾਜ਼ ਸਿੰਘ, ਡਾਇਰੈਕਟਰ ਸ, ਇਕਬਾਲ ਸਿੰਘ, ਪ੍ਰਿੰਸੀਪਲ ਡਾ, ਸਰਿਜਪਾਲ ਸਿੰਘ ਤੇ ਸਟਾਫ। (14 ਅਕਤੂਬਰ)



ਕੇਂਦਰੀ ਜੇਲ੍ਹ ਪਟਿਆਲਾ ਵਿੱਚ ਨਜ਼ਰਬੰਦ ਭਾਈ ਬਲਵੰਤ ਸਿੰਘ ਰਾਜੋਆਣਾ ਨਾਲ ਮੁਲਾਕਾਤ ਕਰਨ ਪੁੱਜੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਸ, ਹਰਜਿੰਦਰ ਸਿੰਘ ਧਾਮੀ, ਐਡੀਸ਼ਨਲ ਕਮੇਟੀ ਮੈਂਬਰ ਜਥੇਦਾਰ ਸੁਰਜੀਤ ਸਿੰਘ ਗੜ੍ਹੀ, ਮੈਂਬਰ ਭਾਈ ਰਜਿੰਦਰ ਸਿੰਘ ਮਹਿਤਾ, ਭਾਈ ਗੁਰਚਰਨ ਸਿੰਘ ਗਰੇਵਾਲ, ਐਡਵੋਕੇਟ ਸ, ਭਗਵੰਤ ਸਿੰਘ ਸਿਆਲਕਾ ਤੇ ਸਕੱਤਰ ਪ੍ਰਤਾਪ ਸਿੰਘ। (14 ਅਕਤੂਬਰ)



ਸੁਲਤਾਨਪੁਰ ਲੋਧੀ ਲਈ ਹੜ੍ਹ ਪੀੜਤਾਂ ਲਈ ਰਾਹਤ ਸਾਮੱਗਰੀ ਦੇ ਤਿੰਨ ਟਰੱਕ ਰਵਾਨਾ ਕਰਨ ਸਮੇਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਸ. ਗੁਰਪ੍ਰੀਤ ਸਿੰਘ ਝੱਬਰ, ਸ. ਅਮਰਜੀਤ ਸਿੰਘ ਬੰਡਾਲਾ, ਓਐਸਡੀ ਸ. ਸਤਬੀਰ ਸਿੰਘ ਧਾਮੀ, ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਨਿੱਜੀ ਸਕੱਤਰ ਸ. ਸਾਹਬਾਜ਼ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਜਨਰਲ ਮੈਨੇਜਰ ਸ. ਭਗਵੰਤ ਸਿੰਘ ਪੰਗੋੜਾ, ਮੀਤ ਸਕੱਤਰ ਸ. ਹਰਭਜਨ ਸਿੰਘ ਵਕੜਾ, ਮੈਨੇਜਰ ਸ. ਰਾਜਿੰਦਰ ਸਿੰਘ ਰੂਬੀ ਤੇ ਹੋਰ। (15 ਅਕਤੂਬਰ)



ਸਿੱਖ ਮਿਸ਼ਨ ਰਾਪੁੜ ਉਤਰ ਪ੍ਰਦੇਸ਼ ਦੇ ਇੰਚਾਰਜ ਸ. ਕ੍ਰਿਸ਼ਨਪਾਲ ਸਿੰਘ ਦੀ ਪ੍ਰੇਰਨਾ ਨਾਲ ਉੱਤਰ ਪ੍ਰਦੇਸ਼ ਦੇ ਵੱਖ ਵੱਖ ਪਿੰਡਾਂ ਦੇ ਲੋਕਾਂ ਵੱਲੋਂ 2 ਲੱਖ 50 ਹਜ਼ਾਰ ਰੁਪਏ ਤੋਂ ਵੱਧ ਰਾਸ਼ੀ ਸ਼੍ਰੋਮਣੀ ਕਮੇਟੀ ਹੜ੍ਹ ਪੀੜਤ ਫੰਡ ਲਈ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ ਨੂੰ ਸੌਂਪਣ ਸਮੇਂ ਅੰਤ੍ਰਿੰਗ ਮੈਂਬਰ ਸ. ਬਲਦੇਵ ਸਿੰਘ ਕਾਣਿਆਪੁਰ, ਬੀਬੀ ਹਰਜਿੰਦਰ ਕੌਰ ਤੇ ਮੈਂਬਰ ਭਾਈ ਅਜੈਬ ਸਿੰਘ ਅਭਿਆਸੀ। (15 ਅਕਤੂਬਰ)



ਦਿੱਲੀ ਦੇ ਇੰਡੀਆ ਹੈਬੀਟੈਟ ਸੈਂਟਰ ਦੇ ਸਟੇਨ ਆਡੀਟੋਰੀਅਮ ਵਿਖੇ 'ਗੁਰੂ ਤੇਗ਼ ਬਹਾਦਰ ਸਾਹਿਬ ਜੀ ਧਰਮ ਦੀ ਚਾਦਰ' ਵਿਸ਼ੇ 'ਤੇ ਕਰਵਾਏ ਗਏ ਇਸ ਸੈਮੀਨਾਰ ਦੌਰਾਨ ਸੰਬੋਧਨ ਕਰਦੇ ਹੋਏ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ, ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸਟੇਜ 'ਤੇ ਮੌਜੂਦ ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਪ੍ਰਧਾਨ ਸ. ਪਰਮਜੀਤ ਸਿੰਘ ਸਰਨਾ ਤੇ ਹਾਜ਼ਰ ਪ੍ਰਮੁੱਖ ਸ਼ਖਸੀਅਤਾਂ। (18 ਅਕਤੂਬਰ)



ਬੰਦੀ ਛੋੜ ਦਿਵਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਕੌਮ ਦੇ ਨਾਂ ਸੰਦੇਸ਼ ਦਿੰਦੇ ਹੋਏ, ਨਾਲ ਹਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ, ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ, ਗ੍ਰੰਥੀ ਗਿਆਨੀ ਸੁਲਤਾਨ ਸਿੰਘ, ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਸਕੱਤਰ ਸ. ਪ੍ਰਤਾਪ ਸਿੰਘ। (21 ਅਕਤੂਬਰ)



ਕਥਾਵਾਚਕ ਭਾਈ ਸਾਹਿਬ ਭਾਈ ਪਿੰਦਰਪਾਲ ਸਿੰਘ ਦਾ ਸਨਮਾਨ ਕਰਦੇ ਹੋਏ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ, ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਮੈਂਬਰ ਭਾਈ ਰਜਿੰਦਰ ਸਿੰਘ ਮਹਿਤਾ, ਭਾਈ ਅਮਰਜੀਤ ਸਿੰਘ ਚਾਵਲਾ, ਸ. ਮੰਗਵਿੰਦਰ ਸਿੰਘ ਖਾਪੜਖੇੜੀ, ਸ. ਦਰਸ਼ਨ ਸਿੰਘ ਮੋਠਾਂਵਾਲਾ, ਸ. ਜਰਨੈਲ ਸਿੰਘ ਡੋਗਰਾਂਵਾਲਾ, ਭਾਈ ਅਜੈਬ ਸਿੰਘ ਅਭਿਆਸੀ, ਡਾ. ਧਰਮਵੀਰ ਸਿੰਘ ਕਾਰਸੇਵਾ ਬਾਬਾ ਅਟੱਲ ਰਾਏ ਸਾਹਿਬ, ਗਿਆਨੀ ਸੰਤ ਸਿੰਘ ਮਸਕੀਨ ਦੇ ਸਪੁੱਤਰ ਭਾਈ ਅਮਰਜੀਤ ਸਿੰਘ, ਓਐਸਡੀ ਸ. ਸਤਬੀਰ ਸਿੰਘ ਧਾਮੀ, ਸਕੱਤਰ ਸ. ਪ੍ਰਤਾਪ ਸਿੰਘ, ਸ. ਬਲਵਿੰਦਰ ਸਿੰਘ ਕਾਹਲਵਾਂ, ਵਧੀਕ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਸ੍ਰੀ ਦਰਬਾਰ ਸਾਹਿਬ ਦੇ ਜਨਰਲ ਮੈਨੇਜਰ ਸ. ਭਗਵੰਤ ਸਿੰਘ ਪੰਗੇੜਾ। (22 ਅਕਤੂਬਰ)



ਸ਼੍ਰੋਮਣੀ ਕਮੇਟੀ ਹੜ੍ਹ ਫੰਡ ਤੇ ਰਾਹਤ ਕਾਰਜਾਂ ਲਈ ਸ਼੍ਰੋਮਣੀ ਕਮੇਟੀ ਮੈਂਬਰ ਸ, ਦਰਸ਼ਨ ਸਿੰਘ ਮੋਠਾਂਵਾਲਾ ਵੱਲੋਂ ਸੰਗਤ ਦੇ ਸਹਿਯੋਗ ਨਾਲ 172 ਕੁਇੰਟਲ 40 ਕਿਲੋ ਕਣਕ ਅਤੇ 1 ਲੱਖ 31 ਹਜ਼ਾਰ 300 ਰੁਪਏ ਦੀ ਰਾਸ਼ੀ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੂੰ ਸੌਂਪਣ ਸਮੇਂ ਮੁੱਖ ਸਕੱਤਰ ਸ, ਕੁਲਵੰਤ ਸਿੰਘ ਮੰਨਣ ਤੇ ਹੋਰ। (22 ਅਕਤੂਬਰ)



ਆਰੋਗਿਆ ਭਾਰਤੀ ਹੈਲਥ ਕੇਅਰ ਅਤੇ ਮੈਡੀਕਲ ਸੰਸਥਾ ਵੱਲੋਂ ਸ, ਸਰਬਜੀਤ ਸਿੰਘ ਰਾਹੀਂ ਹੜ੍ਹ ਪੀੜਤਾਂ ਲਈ 3 ਲੱਖ ਰੁਪਏ (1 ਲੱਖ ਰੁਪਏ ਆਨਲਾਈਨ ਭੇਜੇ ਗਏ ਅਤੇ 2 ਲੱਖ ਰੁਪਏ ਦਾ ਚੈੱਕ) ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੂੰ ਸੌਂਪਣ ਸਮੇਂ ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ ਤੇ ਸਕੱਤਰ ਸ, ਪ੍ਰਤਾਪ ਸਿੰਘ। (22 ਅਕਤੂਬਰ)



ਕੌਂਦਰੀ ਸਿੱਖ ਅਜਾਇਬ ਘਰ 'ਚ ਸਿੱਖ ਇਤਿਹਾਸ ਦੇ ਅਹਿਮ ਪਾਤਰ ਭਾਈ ਕੁੰਮਾ ਮਾਸ਼ਕੀ ਜੀ, ਬਾਬਾ ਮੋਹਨ ਸਿੰਘ ਮਤਵਾਲਾ ਤੇ ਬਾਬਾ ਅਜੀਤ ਸਿੰਘ ਹੰਸਾਲੀ ਵਾਲੇ ਦੀਆਂ ਤਸਵੀਰਾਂ ਸੁਸ਼ੋਭਿਤ ਕਰਨ ਸਮੇਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਰਘਬੀਰ ਸਿੰਘ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ, ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ, ਬਾਬਾ ਗੁਰਮੀਤ ਸਿੰਘ ਤਿਲੋਕੇਵਾਲਾ, ਬਾਬਾ ਗੁਰਦੇਵ ਸਿੰਘ ਕੁੱਲ੍ਹੀਵਾਲੇ, ਬਾਬਾ ਪਰਮਜੀਤ ਸਿੰਘ ਹੰਸਾਲੀ ਵਾਲੇ, ਡਾ. ਧਰਮਵੀਰ ਸਿੰਘ ਕਾਰਸੇਵਾ ਬਾਬਾ ਅਟੱਲ ਰਾਏ ਸਾਹਿਬ, ਓਐਸਡੀ ਸ. ਸਤਬੀਰ ਸਿੰਘ ਧਾਮੀ, ਵਧੀਕ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਸ. ਪ੍ਰੀਤਪਾਲ ਸਿੰਘ, ਨਿੱਜੀ ਸਕੱਤਰ ਸ. ਸ਼ਾਰਬਾਜ਼ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਮੀਤ ਸਕੱਤਰ ਸ. ਜਸਵਿੰਦਰ ਸਿੰਘ ਜੱਸੀ, ਸ. ਗੁਰਦਿਆਲ ਸਿੰਘ, ਸ. ਹਰਭਜਨ ਸਿੰਘ ਵਕੜਾ, ਸੁਪ੍ਰਿੰਟੈਂਡੈਂਟ ਸ. ਨਿਸ਼ਾਨ ਸਿੰਘ ਤੇ ਹੋਰ ਸ਼ਖਸੀਅਤਾਂ। (24 ਅਕਤੂਬਰ)



ਸ਼੍ਰੋਮਣੀ ਕਮੇਟੀ ਦਫ਼ਤਰ ਵਿਖੇ ਇੰਚਾਰਜ ਡਾ. ਰਾਜਵਿੰਦਰ ਸਿੰਘ ਜੋਗਾ ਦੀ ਪੁਸਤਕ "ਦੂਜੇ ਅਤੇ ਤੀਜੇ ਪਾਤਸ਼ਾਹ ਜੀ ਦੇ ਹਜ਼ੂਰੀ ਸਿੱਖ ਤੇ ਸਨੇਹੀ" ਸੰਗਤ ਅਰਪਣ ਕਰਦੇ ਹੋਏ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ, ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਸ. ਦਰਸ਼ਨ ਸਿੰਘ ਮੋਠਾਂਵਾਲਾ, ਸ. ਜਰਨੈਲ ਸਿੰਘ ਡੇਗਾਰਾਂਵਾਲਾ, ਭਾਈ ਅਜੈਬ ਸਿੰਘ ਅਭਿਆਸੀ, ਸ. ਬਲਵਿੰਦਰ ਸਿੰਘ ਕਾਹਲਵਾਂ ਤੇ ਹੋਰ। (22 ਅਕਤੂਬਰ)



ਸ. ਤੇਜਾ ਸਿੰਘ ਸਮੁੰਦਰੀ ਹਾਲ ਵਿਖੇ ਧਰਮ ਪ੍ਰਚਾਰ ਕਮੇਟੀ ਵੱਲੋਂ ਧਾਰਮਿਕ ਪ੍ਰੀਖਿਆ ਅਤੇ ਦੋ ਸਾਲਾ ਸਿੱਖ ਧਰਮ ਅਧਿਐਨ ਪੱਤਰ ਵਿਹਾਰ ਕੋਰਸ ਦੇ ਮੈਰਿਟ ਵਿੱਚ ਆਏ ਵਿਦਿਆਰਥੀਆਂ ਨੂੰ ਸਨਮਾਨਿਤ ਕਰਨ ਸਮੇਂ ਸ਼੍ਰੋਮਣੀ ਕਮੇਟੀ ਮੈਂਬਰ ਸ. ਰਜਿੰਦਰ ਸਿੰਘ ਮਹਿਤਾ, ਭਾਈ ਅਜੈਬ ਸਿੰਘ ਅਭਿਆਸੀ, ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਪ੍ਰਿੰਸੀਪਲ ਸ. ਸਵਰਨ ਸਿੰਘ ਤੁਗਲਵਾਲ, ਇੰਚਾਰਜ ਡਾ. ਰਣਜੀਤ ਕੌਰ ਪੰਨਵਾਂ ਤੇ ਹੋਰ।(25 ਅਕਤੂਬਰ)



ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਸਿੱਖ ਜਥੇਬੰਦੀਆਂ ਵੱਲੋਂ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੂੰ ਦਸਤਾਰਾਂ ਦੇ ਕੇ ਸਨਮਾਨਿਤ ਕਰਨ ਸਮੇਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ, ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ, ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਮੁਖੀ ਜਥੇਦਾਰ ਬਲਬੀਰ ਸਿੰਘ 96ਵੇਂ ਕਰੋੜੀ, ਦਲ ਬਾਬਾ ਬਿਧੀ ਚੰਦ ਦੇ ਮੁਖੀ ਬਾਬਾ ਅਵਤਾਰ ਸਿੰਘ ਸੁਰਸਿੰਘ, ਤਰਨਾ ਦਲ ਬਾਬਾ ਬਕਾਲਾ ਦੇ ਮੁੱਖੀ ਬਾਬਾ ਜੋਗਾ ਸਿੰਘ, ਤਖ਼ਤ ਸ੍ਰੀ ਪਟਨਾ ਸਾਹਿਬ ਦੇ ਜਥੇਦਾਰ ਗਿਆਨੀ ਬਲਦੇਵ ਸਿੰਘ, ਤਖ਼ਤ ਸ੍ਰੀ ਹਜ਼ੂਰ ਸਾਹਿਬ ਦੇ ਮੀਤ ਜਥੇਦਾਰ ਗਿਆਨੀ ਜੋਤਇੰਦਰ ਸਿੰਘ, ਬਾਬਾ ਨਿਹਾਲ ਸਿੰਘ ਤਰਨਾ ਦਲ ਹਰੀਆਂ ਵੇਲਾਂ ਵਾਲਿਆਂ ਵੱਲੋਂ ਬਾਬਾ ਨਾਜ਼ਰ ਸਿੰਘ, ਸ਼੍ਰੋਮਣੀ ਅਕਾਲੀ ਦਲ ਵੱਲੋਂ ਡਾ. ਦਲਜੀਤ ਸਿੰਘ ਚੀਮਾ, ਬਾਬਾ ਜਗਜੀਤ ਸਿੰਘ ਹਰਖੋਵਾਲ, ਬਾਬਾ ਮੋਹਨ ਸਿੰਘ ਬਾਹਨ ਵਾਲੇ, ਦਮਦਮੀ ਟਕਸਾਲ ਸੰਗਰਾਵਾਂ ਦੇ ਮੁਖੀ ਗਿਆਨੀ ਰਾਮ ਸਿੰਘ, ਬਾਬਾ ਘਾਲਾ ਸਿੰਘ ਨਾਨਕਸਰ ਵਾਲੇ, ਬਾਬਾ ਗੁਰਦੇਵ ਸਿੰਘ ਕੁਲੀ ਵਾਲੇ, ਬਾਬਾ ਸੁਖਵਿੰਦਰ ਸਿੰਘ ਰੁਰੀਵਾਲੇ, ਬਾਬਾ ਸੇਵਾ ਸਿੰਘ ਖਡੂਰ ਸਾਹਿਬ ਵਾਲਿਆਂ ਵੱਲੋਂ ਬਾਬਾ ਗੁਰਪ੍ਰੀਤ ਸਿੰਘ ਜੀ ਸਮੇਤ ਵੱਖ ਵੱਖ ਸੰਸਥਾਵਾਂ ਦੇ ਨੁਮਾਇੰਦੇ। (25 ਅਕਤੂਬਰ)



ਜੰਮੂ ਸਥਿਤ ਲਖਨਪੁਰ ਵਿਖੇ ਗੁਰਦੁਆਰਾ ਗੁਰੂ ਨਾਨਕ ਮਿਸ਼ਨ ਦਾ ਨਵਾਂ ਦਰਬਾਰ ਹਾਲ ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਪ੍ਰਕਾਸ਼ ਕਰਕੇ ਸੰਗਤ ਅਰਪਣ ਕਰਨ ਸਮੇਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਬਾਬਾ ਜਗਤਾਰ ਸਿੰਘ ਤੇ ਬਾਬਾ ਮਹਿੰਦਰ ਸਿੰਘ ਕਾਰਸੇਵਾ ਤਰਨ ਤਾਰਨ ਵਾਲੇ, ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਸ. ਸੁਖਵਰਸ਼ ਸਿੰਘ ਪੰਨੂ, ਸੀਨੀਅਰ ਅਕਾਲੀ ਆਗੂ ਜਥੇਦਾਰ ਸੁੱਚਾ ਸਿੰਘ ਲੰਗਾਹ, ਮੈਨੇਜਰ ਸ. ਸਤਨਾਮ ਸਿੰਘ ਰਿਆੜਾ, ਸ. ਨਰਿੰਦਰ ਸਿੰਘ ਬਾੜਾ, ਸਿੱਖ ਮਿਸ਼ਨ ਜੰਮੂ ਦੇ ਇੰਚਾਰਜ ਭਾਈ ਭੁਪਿੰਦਰ ਸਿੰਘ ਤੇ ਹੋਰ। (28 ਅਕਤੂਬਰ)



ਜੰਮੂ ਕਸ਼ਮੀਰ ਅੰਦਰ ਜ਼ਿਲ੍ਹਾ ਸਾਂਬਾ ਦੇ ਪਿੰਡ ਕੌਲਪੁਰ ਵਿਚ ਬੀਤੇ ਦਿਨੀਂ ਇੱਕ ਦੁਸ਼ਟ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਨੂੰ ਅੱਗ ਲਗਾ ਕੇ ਕੀਤੀ ਬੇਅਦਬੀ ਦੇ ਪਸ਼ਚਾਤਾਪ ਸਮਾਗਮ ਸਮੇਂ ਸੰਬੋਧਨ ਕਰਦੇ ਹੋਏ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ, ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਸ. ਸੁਖਵਰਸ਼ ਸਿੰਘ ਪੰਨੂ, ਹਾਜ਼ਰ ਪ੍ਰਬੰਧਕ ਤੇ ਸੰਗਤਾਂ। (28 ਅਕਤੂਬਰ)



ਸ਼੍ਰੋਮਣੀ ਕਮੇਟੀ ਹੜ੍ਹ ਪੀੜਤ ਵੰਡ ਲਈ ਕਸ਼ਮੀਰ ਦੀ ਸਿੱਖ ਸੰਗਤ ਵੱਲੋਂ 79 ਲੱਖ 50 ਹਜ਼ਾਰ ਰੁਪਏ ਦੇਣ ਸਮੇਂ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ, ਮੈਂਬਰ ਭਾਈ ਰਜਿੰਦਰ ਸਿੰਘ ਮਹਿਤਾ, ਓਐਸਡੀ ਸ. ਸਤਬੀਰ ਸਿੰਘ ਧਾਮੀ, ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਜੰਮੂ ਕਸ਼ਮੀਰ ਦੇ ਵੱਖ-ਵੱਖ ਗੁਰਦੁਆਰਾ ਕਮੇਟੀਆਂ ਦੇ ਆਗੂ ਸ. ਗੁਰਜੀਤ ਸਿੰਘ, ਸ. ਜਸਪਾਲ ਸਿੰਘ, ਸ. ਪਰਮਜੀਤ ਸਿੰਘ, ਸ. ਪਰਮਜੀਤ ਸਿੰਘ, ਸ. ਸਤਪਾਲ ਸਿੰਘ, ਸ. ਅਵਤਾਰ ਸਿੰਘ, ਸ. ਅਮਰਜੀਤ ਸਿੰਘ, ਸ. ਦਿਲਵੀਰ ਸਿੰਘ, ਸ. ਮਨਜੀਤ ਸਿੰਘ ਸੋਢੀ, ਸ. ਰਾਜਿੰਦਰ ਸਿੰਘ ਤੇ ਹੋਰ। (28 ਅਕਤੂਬਰ)



ਜੰਮੂ ਕਸ਼ਮੀਰ ਦੇ ਲੈਫਟੀਨੈਂਟ ਗਵਰਨਰ ਸ੍ਰੀ ਮਨੋਜ ਸਿਨਹਾ ਨੂੰ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ ਦੇ ਸਬੰਧ ਵਿਚ ਸ਼੍ਰੋਮਣੀ ਕਮੇਟੀ ਵੱਲੋਂ ਗੁਰਦੁਆਰਾ ਸਾਹਿਬ ਅਟਨ ਕਸ਼ਮੀਰ ਤੋਂ ਸਜਾਏ ਜਾਣ ਵਾਲੇ ਨਗਰ ਕੀਰਤਨ ਅਤੇ ਪ੍ਰਬੰਧਾਂ ਸਬੰਧੀ ਮਿਲਣ ਪਹੁੰਚੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ, ਅੰਤ੍ਰਿੰਗ ਮੈਂਬਰ ਬੀਬੀ ਹਰਜਿੰਦਰ ਕੌਰ, ਮੈਂਬਰ ਭਾਈ ਰਜਿੰਦਰ ਸਿੰਘ ਮਹਿਤਾ, ਸ. ਖੁਸ਼ਵਿੰਦਰ ਸਿੰਘ ਭਾਟੀਆ, ਓਐਸਡੀ ਸ. ਸਤਬੀਰ ਸਿੰਘ ਧਾਮੀ, ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਮੀਤ ਸਕੱਤਰ ਸ. ਹਰਭਜਨ ਸਿੰਘ ਦਕੜਾ, ਮਹੰਤ ਮਨਜੀਤ ਸਿੰਘ ਮੁਖੀ ਸ਼੍ਰੋਮਣੀ ਡੇਰਾ ਨੰਗਲੀ ਸਾਹਿਬ ਤੇ ਜੰਮੂ ਕਸ਼ਮੀਰ ਦੇ ਸਿੱਖ ਆਗੂ। (29 ਅਕਤੂਬਰ)



ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਖ਼ਾਲਸਾ ਕਾਲਜ ਅੰਮ੍ਰਿਤਸਰ ਵਿਖੇ 'ਸ੍ਰੀ ਗੁਰੂ ਤੇਗ ਬਹਾਦਰ ਸਾਹਿਬ: ਜੀਵਨ ਤੇ ਬਾਣੀ' ਵਿਸ਼ੇ 'ਤੇ ਕਰਵਾਏ ਗਏ ਸੈਮੀਨਾਰ ਦੌਰਾਨ ਸੰਬੋਧਨ ਕਰਦੇ ਹੋਏ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਅੰਤ੍ਰਿੰਗ ਕਮੇਟੀ ਮੈਂਬਰ ਬੀਬੀ ਹਰਜਿੰਦਰ ਕੌਰ, ਮੀਤ ਸਕੱਤਰ ਸ. ਜਸਵਿੰਦਰ ਸਿੰਘ ਜੱਸੀ, ਡਾ. ਗੁਰਚਰਨਜੀਤ ਸਿੰਘ ਲਾਂਬਾ, ਡਾ. ਪਿਆਰੇ ਲਾਲ ਗਰਗ, ਖ਼ਾਲਸਾ ਕਾਲਜ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਮਹਿਲ ਸਿੰਘ, ਡਾ. ਧਰਮ ਸਿੰਘ, ਡਾ. ਮੁਹੰਮਦ ਸਲੀਮ, ਡਾ. ਰੌਣਕੀ ਰਾਮ ਤੇ ਖ਼ਾਲਸਾ ਕਾਲਜ ਦੇ ਪ੍ਰਿੰਸੀਪਲ ਡਾ. ਆਤਮ ਸਿੰਘ। (30 ਅਕਤੂਬਰ)



ਕੌਮੀ ਯੋਧੇ ਸ਼ਹੀਦ ਭਾਈ ਬੇਅੰਤ ਸਿੰਘ ਦੇ ਸ਼ਹੀਦੀ ਦਿਹਾੜੇ ਮੌਕੇ ਸ੍ਰੀ ਦਰਬਾਰ ਸਾਹਿਬ ਸਮੂਹ 'ਚ ਸਥਿਤ ਗੁਰਦੁਆਰਾ ਸ਼ਹੀਦ ਬਾਬਾ ਗੁਰਬਖਸ਼ ਸਿੰਘ ਜੀ ਵਿਖੇ ਕਰਵਾਏ ਗਏ ਗੁਰਮਤਿ ਸਮਾਗਮ ਦੌਰਾਨ ਸ਼ਹੀਦ ਸਿੰਘਾਂ ਦੇ ਪਰਿਵਾਰਕ ਮੈਂਬਰਾਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕਰਨ ਸਮੇਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਬਲਜੀਤ ਸਿੰਘ, ਸ਼੍ਰੋਮਣੀ ਕਮੇਟੀ ਮੈਂਬਰ ਐਡਵੋਕੇਟ ਸ. ਭਗਵੰਤ ਸਿੰਘ ਸਿਆਲਕਾ, ਸ. ਗੁਰਪ੍ਰੀਤ ਸਿੰਘ ਝੱਬਰ, ਭਾਈ ਮਨਜੀਤ ਸਿੰਘ, ਸਕੱਤਰ ਸ. ਪ੍ਰਤਾਪ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਜਨਰਲ ਮੈਨੇਜਰ ਸ. ਭਗਵੰਤ ਸਿੰਘ ਪੰਗੋੜਾ, ਮੈਨੇਜਰ ਸ. ਜਸਪਾਲ ਸਿੰਘ ਢੰਡੇ, ਵਧੀਕ ਮੈਨੇਜਰ ਸ. ਇਕਬਾਲ ਸਿੰਘ ਮੁਖੀ, ਬਿਕਰਮਜੀਤ ਸਿੰਘ ਝੰਗੀ ਤੇ ਹੋਰ। (31 ਅਕਤੂਬਰ)

ਸ਼ਹੀਦੀ ਨਗਰ ਕੀਰਤਨ ਦੇ ਵੱਖ-ਵੱਖ ਪੜਾਵਾਂ ਦੀਆਂ ਤਸਵੀਰਾਂ









ਸ਼ਹੀਦੀ ਨਗਰ ਕੀਰਤਨ ਦੇ ਵੱਖ-ਵੱਖ ਪੜਾਵਾਂ ਦੀਆਂ ਤਸਵੀਰਾਂ










(ਪੰਨਾ ੧੮ ਦਾ ਬਾਕੀ)

ਯੂਨੀਵਰਸਿਟੀ ਅੰਮ੍ਰਿਤਸਰ ਤੋਂ ਡਾ. ਕੁਲਦੀਪ ਸਿੰਘ, ਦਿੱਲੀ ਤੋਂ ਡਾ. ਸਰਬਜੋਤ ਸਿੰਘ ਆਨੰਦ, ਸ਼੍ਰੋਮਣੀ ਕਮੇਟੀ ਦੇ ਮੀਤ ਸਕੱਤਰ ਸ. ਹਰਭਜਨ ਸਿੰਘ ਵਕਤਾ, ਐਡਵੋਕੇਟ ਸ. ਅਮਰਦੀਪ ਸਿੰਘ ਧਾਰਨੀ, ਕਾਨੂੰਨੀ ਸਲਾਹਕਾਰ ਸ. ਅਮਨਬੀਰ ਸਿੰਘ ਸਿਆਲੀ, ਸਿਸਟਮ ਐਡਮਿਨਸਟ੍ਰੇਟਰ ਸ. ਕਰਮਵੀਰ ਸਿੰਘ ਆਦਿ ਹਾਜ਼ਰ ਸਨ। ਇਸੇ ਦੌਰਾਨ ਕੈਨੇਡਾ ਤੋਂ ਸ. ਗਿਆਨ ਸਿੰਘ ਸੰਧੂ, ਅਮਰੀਕਾ ਤੋਂ ਡਾ. ਹਰਿੰਦਰ ਸਿੰਘ ਅਤੇ ਏਆਈ ਮਾਹਿਰ ਡਾ. ਸੰਦੀਪ ਸਿੰਘ ਸੰਧਾ ਆਨਲਾਈਨ ਰਾਹੀਂ ਇਕੱਤਰਤਾ 'ਚ ਸ਼ਾਮਲ ਹੋਏ। ੧ ਅਕਤੂਬਰ

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ:

ਅਸਾਮ ਤੋਂ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ ਕੋਹਲਾਪੁਰ ਤੋਂ ਪੂਨਾ ਮਹਾਰਾਸ਼ਟਰ ਲਈ ਜੈਕਾਰਿਆਂ ਦੀ ਗੂੰਜ 'ਚ ਰਵਾਨਾ

ਅੰਮ੍ਰਿਤਸਰ- ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ ੩੫੦ ਸਾਲਾ ਸ਼ਤਾਬਦੀ ਦੇ ਸਬੰਧ ਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਧੋਬੜੀ ਸਾਹਿਬ ਆਸਾਮ ਤੋਂ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ ਅੱਜ ਗੁਰਦੁਆਰਾ ਗੁਰੂ ਦਰਬਾਰ ਬਾਬਾ ਨਾਨਕ ਕੋਹਲਾਪੁਰ ਤੋਂ ਆਪਣੇ ਅਗਲੇ ਪੜਾਅ ਪੂਨਾ ਮਹਾਰਾਸ਼ਟਰ ਲਈ ਰਵਾਨਾ ਹੋਇਆ।

ਨਗਰ ਕੀਰਤਨ ਦੀ ਰਵਾਨਗੀ ਤੋਂ ਪਹਿਲਾਂ ਗੁਰਦੁਆਰਾ ਸਾਹਿਬ ਵਿਖੇ ਧਾਰਮਿਕ ਦੀਵਾਨ ਸਜਾਏ ਗਏ, ਜਿਸ ਵਿਚ ਸ੍ਰੀ ਦਰਬਾਰ ਸਾਹਿਬ ਦੇ ਹਜ਼ੂਰੀ ਰਾਗੀ ਜਥੇ ਨੇ ਗੁਰਬਾਣੀ ਕੀਰਤਨ ਕੀਤਾ। ਇਸ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਸੁਲਤਾਨ ਸਿੰਘ ਨੇ ਸੰਗਤਾਂ ਨਾਲ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਜੀਵਨ ਇਤਿਹਾਸ ਦੀ ਸਾਂਝ ਪਾਈ। ਇਸੇ ਦੌਰਾਨ ਹੈੱਡ ਪ੍ਰਚਾਰਕ ਭਾਈ ਜਗਦੇਵ ਸਿੰਘ ਅਤੇ ਭਾਈ ਹਰਜੀਤ ਸਿੰਘ ਨੇ ਵੀ ਸੰਗਤਾਂ ਨਾਲ ਗੁਰ-ਇਤਿਹਾਸ ਦੀ ਸਾਂਝ ਪਾਈ। ਨਗਰ ਕੀਰਤਨ ਦੀ ਰਵਾਨਗੀ ਸਮੇਂ ਗੁਰਦੁਆਰਾ ਸਾਹਿਬ ਦੇ ਪ੍ਰਬੰਧਕਾਂ ਨੇ ਪੰਜ ਪਿਆਰੇ ਸਾਹਿਬਾਨ ਅਤੇ ਹਾਜਰ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਿਰੋਪਾਓ ਦਿੱਤੇ।

ਨਗਰ ਕੀਰਤਨ ਪ੍ਰਤੀ ਸੰਗਤਾਂ ਵਿੱਚ ਵੱਡਾ ਉਤਸ਼ਾਹ ਸੀ ਅਤੇ ਰਸਤੇ ਵਿਚ ਵੱਖ-ਵੱਖ ਧਰਮਾਂ ਦੇ ਲੋਕਾਂ ਵੱਲੋਂ ਸ਼ਰਧਾ ਨਾਲ ਸਵਾਗਤ ਕੀਤਾ ਗਿਆ। ਇਸੇ ਦੌਰਾਨ ਸੰਗਤਾਂ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਲਕੀ 'ਤੇ ਫੁੱਲਾਂ ਦੀ ਵਰਖਾ ਕਰਕੇ ਗੁਰੂ ਸਾਹਿਬ ਨੂੰ ਸਤਿਕਾਰ ਭੇਟ ਕੀਤਾ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਸ. ਬਲਦੇਵ ਸਿੰਘ ਕਲਿਆਣ, ਮੈਂਬਰ ਸ. ਜਸਮੇਰ ਸਿੰਘ ਲਾਛੜੂ, ਮੀਤ ਸਕੱਤਰ ਸ. ਕੁਲਦੀਪ ਸਿੰਘ ਰੋਡੇ, ਇੰਚਾਰਜ ਸ. ਗੁਰਮੇਜ ਸਿੰਘ, ਮੈਨੇਜਰ ਸ. ਨਰਿੰਦਰ ਸਿੰਘ ਮਥਰੇਵਾਲ, ਸੁਪਰਵਾਈਜ਼ਰ ਸ. ਹਰਭਜਨ ਸਿੰਘ, ਸ. ਹਰਵਿੰਦਰ ਸਿੰਘ ਵੇਰਕਾ, ਸ. ਰਾਮ ਸਿੰਘ ਮੁੰਬਈ, ਹੈੱਡ ਪ੍ਰਚਾਰਕ ਭਾਈ ਜਗਦੇਵ ਸਿੰਘ, ਭਾਈ ਹਰਜੀਤ ਸਿੰਘ, ਸ੍ਰੀ ਚੰਦੀ ਰਾਮ ਦਰੜਾ, ਸ੍ਰੀ ਬਖਸ਼ਾ ਰਾਮ ਦਰੜਾ, ਸ੍ਰੀ ਰਾਧਾ ਕਿਸ਼ਨਾ, ਸ੍ਰੀ ਵਿਰੇਂਦਰ ਸੂਰਜ, ਸੰਦੀਪ, ਰਮੇਸ਼ ਫੋਟੋ ਸਟੂਡੀਓ, ਗਾਂਧੀ ਨਗਰ ਦੀ ਪੰਚਾਇਤ ਸਮੇਤ ਵੱਡੀ ਗਿਣਤੀ ਸੰਗਤਾਂ ਹਾਜ਼ਰ ਸਨ। ੧ਅਕਤੂਬਰ

ਸ੍ਰੀ ਦਰਬਾਰ ਸਾਹਿਬ ਵਿਖੇ ਕੈਨਰਾ ਬੈਂਕ ਵੱਲੋਂ ਐਬੂਲੈਂਸ ਭੇਟ

ਐਡਵੋਕੇਟ ਧਾਮੀ ਨੇ ਪੁੱਜੇ ਬੈਂਕ ਅਧਿਕਾਰੀਆਂ ਨੂੰ ਕੀਤਾ ਸਨਮਾਨਿਤ

ਅੰਮ੍ਰਿਤਸਰ-ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸੰਗਤ ਦੀ ਸਹੂਲਤ ਲਈ ਕੈਨੇਰਾ ਬੈਂਕ ਵੱਲੋਂ

ਕਾਰਪੋਰੇਟ ਸਮਾਜਿਕ ਜ਼ਿੰਮੇਵਾਰੀ (ਸੀਐੱਸਆਰ) ਪ੍ਰੋਗਰਾਮ ਤਹਿਤ ਅੱਜ ਇੱਕ ਐਂਬੂਲੈਂਸ ਦੀਆਂ ਚਾਬੀਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੂੰ ਸੌਂਪੀਆਂ ਗਈਆਂ।

ਇਸ ਮੌਕੇ ਗੱਲ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਗੁਰਦੁਆਰਾ ਸਾਹਿਬਾਨ ਦੇ ਸੰਚਾਰੂ ਪ੍ਰਬੰਧਾਂ ਦੇ ਨਾਲ-ਨਾਲ ਵਿਦਿਆ ਅਤੇ ਸਿਹਤ ਦੇ ਖੇਤਰ ਵਿਚ ਵੱਡੀਆਂ ਸੇਵਾਵਾਂ ਕਰ ਰਹੀ ਹੈ। ਸ਼੍ਰੋਮਣੀ ਕਮੇਟੀ ਵੱਲੋਂ ਕੀਤੇ ਜਾਂਦੇ ਕਾਰਜਾਂ ਵਿਚ ਸੰਗਤਾਂ ਅਤੇ ਵੱਖ-ਵੱਖ ਅਦਾਰਿਆਂ ਵੱਲੋਂ ਵੀ ਵੱਡਾ ਯੋਗਦਾਨ ਪਾਇਆ ਜਾਂਦਾ ਹੈ। ਇਸੇ ਤਰ੍ਹਾਂ ਅੱਜ ਕੈਨਰਾ ਬੈਂਕ ਵੱਲੋਂ ਸੰਗਤਾਂ ਦੀ ਸਹੂਲਤ ਲਈ ਸੀਐੱਸਆਰ ਪ੍ਰੋਗਰਾਮ ਤਹਿਤ ਇੱਕ ਐਂਬੂਲੈਂਸ ਭੇਟ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਇਸ ਤੋਂ ਪਹਿਲਾਂ ਵੀ ਵੱਖ-ਵੱਖ ਬੈਂਕਾਂ ਵੱਲੋਂ ਸੇਵਾਵਾਂ ਵਿਚ ਯੋਗਦਾਨ ਪਾਇਆ ਗਿਆ ਹੈ। ਐਡਵੋਕੇਟ ਧਾਮੀ ਨੇ ਬੈਂਕ ਅਧਿਕਾਰੀਆਂ ਦਾ ਧੰਨਵਾਦ ਕਰਦਿਆਂ ਬੈਂਕ ਵੱਲੋਂ ਅੱਗੇ ਵੀ ਸ਼੍ਰੋਮਣੀ ਕਮੇਟੀ ਦੇ ਕਾਰਜਾਂ ਵਿਚ ਸਹਿਯੋਗ ਕਰਨ ਦੀ ਆਸ ਪ੍ਰਗਟਾਈ। ਇਸੇ ਦੌਰਾਨ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕੈਨਰਾ ਬੈਂਕ ਅਧਿਕਾਰੀਆਂ ਨੂੰ ਸਿਰੋਪਾਓ ਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦਾ ਸੁਨਹਿਰੀ ਮਾਡਲ ਦੇ ਕੇ ਸਨਮਾਨਿਤ ਵੀ ਕੀਤਾ।

ਇਸ ਮੌਕੇ ਕੈਨਰਾ ਬੈਂਕ ਦੇ ਚੇਅਰਮੈਨ ਸ. ਹਰਦੀਪ ਸਿੰਘ ਆਹਲੂਵਾਲੀਆ ਨੇ ਕਿਹਾ ਕਿ ਗੁਰੂ ਸਾਹਿਬ ਦੇ ਆਸ਼ੀਰਵਾਦ ਸਦਕਾ ਉਨ੍ਹਾਂ ਦੇ ਬੈਂਕ ਵੱਲੋਂ ਸੰਗਤ ਦੀ ਸਹੂਲਤ ਲਈ ਛੋਟੀ ਜਿਹੀ ਭੇਟ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਡੀਆਂ ਸੇਵਾਵਾਂ ਕਰ ਰਹੀ ਹੈ, ਜਿਨ੍ਹਾਂ ਦਾ ਲਾਭ ਸਿੱਧਾ ਸੰਗਤਾਂ ਨੂੰ ਪੁੱਜਦਾ ਹੈ। ਉਨ੍ਹਾਂ ਮਿਲੇ ਸਨਮਾਨ ਲਈ ਸ਼੍ਰੋਮਣੀ ਕਮੇਟੀ ਪ੍ਰਧਾਨ ਦਾ ਧੰਨਵਾਦ ਵੀ ਕੀਤਾ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੈਂਬਰ ਸ. ਬਲਜੀਤ ਸਿੰਘ ਜਲਾਲਉਸਮਾਂ, ਸ. ਮੋਹਨ ਸਿੰਘ ਬੰਗੀ, ਸ. ਰਣਜੀਤ ਸਿੰਘ ਕਾਹਲੋਂ, ਸ. ਗੁਰਨਾਮ ਸਿੰਘ ਜੱਸਲ, ਬੀਬੀ ਜੋਗਿੰਦਰ ਕੌਰ, ਓਐਸਡੀ ਸ. ਸਤਬੀਰ ਸਿੰਘ ਧਾਮੀ, ਸਕੱਤਰ ਸ. ਪ੍ਰਤਾਪ ਸਿੰਘ, ਵਧੀਕ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਕੈਨਰਾ ਬੈਂਕ ਦੇ ਜਨਰਲ ਮੈਨੇਜਰ ਸ੍ਰੀ ਮਨੋਜ ਕੁਮਾਰ ਦਾਸ, ਸ੍ਰੀ ਸੰਦੀਪ ਸਕਸੈਨਾ, ਸ੍ਰੀ ਅਨੁਰਾਗ, ਸ੍ਰੀ ਵਿਸ਼ਨੂ ਅਗਰਵਾਲ, ਸ੍ਰੀ ਰਜਤ ਸਕਸੈਨਾ ਤੇ ਸ੍ਰੀ ਰਾਜੇਸ਼ ਕੁਮਾਰ ਵੀ ਮੌਜੂਦ ਸਨ। ੧ ਅਕਤੂਬਰ

ਪਤੰਜਲੀ ਯੋਗ ਪੀਠ ਦੇ ਮੁਖੀ ਬਾਬਾ ਰਾਮ ਦੇਵ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਹੋਏ ਨਤਮਸਤਕ

ਹੜ੍ਹ ਪੀੜਤਾਂ ਦੀ ਸਹਾਇਤਾ ਲਈ ਬਾਬਾ ਰਾਮ ਦੇਵ ਨੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਧਾਮੀ ਨੂੰ 1 ਕਰੋੜ ਰੁਪਏ ਦਾ ਚੈੱਕ ਸੌਂਪਿਆ

ਅੰਮ੍ਰਿਤਸਰ-ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਣ ਪੁੱਜੇ ਪਤੰਜਲੀ ਯੋਗ ਪੀਠ ਹਰਿਦੁਆਰ ਦੇ ਮੁਖੀ ਬਾਬਾ ਰਾਮ ਦੇਵ ਨੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨਾਲ ਮੁਲਾਕਾਤ ਕੀਤੀ ਅਤੇ ਸ਼੍ਰੋਮਣੀ ਕਮੇਟੀ ਵੱਲੋਂ ਹੜ੍ਹ ਪੀੜਤਾਂ ਲਈ ਨਿਭਾਈਆਂ ਜਾ ਰਹੀਆਂ ਸੇਵਾਵਾਂ ਲਈ ੧ ਕਰੋੜ ਰੁਪਏ ਦਾ ਚੈੱਕ ਵੀ ਸੌਂਪਿਆ। ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਵੱਲੋਂ ਸ੍ਰੀ ਦਰਬਾਰ ਸਾਹਿਬ ਦੇ ਸੂਚਨਾ ਕੇਂਦਰ ਵਿਖੇ ਬਾਬਾ ਰਾਮ ਦੇਵ ਅਤੇ ਉਨ੍ਹਾਂ ਨਾਲ ਮੁੰਬਈ ਤੋਂ ਆਏ ਸ. ਹਰਪ੍ਰੀਤ ਸਿੰਘ ਮਿਨਹਾਸ ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦਾ ਮਾਡਲ ਤੇ ਲੋਈ ਦੇ ਕੇ ਸਨਮਾਨਿਤ ਕੀਤਾ।

ਇਸ ਮੌਕੇ ਐਡਵੋਕੇਟ ਧਾਮੀ ਨੇ ਕਿਹਾ ਕਿ ਪੰਜਾਬ 'ਚ ਹੜ੍ਹਾਂ ਨਾਲ ਵੱਡਾ ਨੁਕਸਾਨ ਹੋਇਆ ਹੈ

ਅਤੇ ਸ਼੍ਰੋਮਣੀ ਕਮੇਟੀ ਪਹਿਲੇ ਦਿਨ ਤੋਂ ਹੀ ਹੜ੍ਹ ਪੀੜਤਾਂ ਦੀ ਸਹਾਇਤਾ ਲਈ ਨਿਰੰਤਰ ਸੇਵਾਵਾਂ ਨਿਭਾਅ ਰਹੀ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਸੇਵਾਵਾਂ ਵਿਚ ਦੇਸ਼ ਵਿਦੇਸ਼ ਤੋਂ ਸਿੱਖ ਸੰਗਤਾਂ ਅਤੇ ਸੰਸਥਾਵਾਂ ਵੱਲੋਂ ਵੀ ਵੱਡਾ ਯੋਗਦਾਨ ਪਾਇਆ ਜਾ ਰਿਹਾ ਹੈ। ਅੱਜ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨਤਮਸਤਕ ਹੋਣ ਪੁੱਜੇ ਬਾਬਾ ਰਾਮ ਦੇਵ ਨੇ ਵੀ ਆਪਣੀ ਸੰਸਥਾ ਵੱਲੋਂ ੧ ਕਰੋੜ ਰੁਪਏ ਦੀ ਰਾਸ਼ੀ ਦਾ ਚੈੱਕ ਸੌਂਪਿਆ ਹੈ। ਐਡਵੋਕੇਟ ਧਾਮੀ ਨੇ ਬਾਬਾ ਰਾਮ ਦੇਵ ਅਤੇ ਉਨ੍ਹਾਂ ਦੀ ਸੰਸਥਾ ਦਾ ਧੰਨਵਾਦ ਕੀਤਾ। ਇਸੇ ਦੌਰਾਨ ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ ੩੫੦ ਸਾਲਾ ਸ਼ਤਾਬਦੀ ਮੌਕੇ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋਣ ਵਾਲੇ ਸਮਾਗਮਾਂ ਸਮੇਂ ਸ਼ਮੂਲੀਅਤ ਲਈ ਬਾਬਾ ਰਾਮ ਦੇਵ ਨੂੰ ਸੱਦਾ ਵੀ ਦਿੱਤਾ।

ਇਸੇ ਦੌਰਾਨ ਬਾਬਾ ਰਾਮ ਦੇਵ ਨੇ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋ ਕੇ ਉਨ੍ਹਾਂ ਨੂੰ ਬੇਹੱਦ ਸ਼ਾਂਤੀ ਮਿਲੀ ਹੈ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬਾਨ ਦੇ ਉਪਕਾਰ ਸਾਰੀ ਮਨੁੱਖਤਾ 'ਤੇ ਹਨ, ਜਿਨ੍ਹਾਂ ਨੂੰ ਭੁਲਾਇਆ ਨਹੀਂ ਜਾ ਸਕਦਾ। ਗੁਰੂ ਸਾਹਿਬਾਨ ਵੱਲੋਂ ਵਰੋਸਾਏ ਇਸ ਪਾਵਨ ਅਸਥਾਨ 'ਤੇ ਕਿਸੇ ਤਰ੍ਹਾਂ ਵੀ ਧਰਮ, ਜਾਤ ਤੇ ਮਜ਼੍ਹਬ ਦਾ ਭੇਦ ਨਹੀਂ ਕੀਤਾ ਜਾਂਦਾ। ਉਨ੍ਹਾਂ ਸ਼੍ਰੋਮਣੀ ਕਮੇਟੀ ਵੱਲੋਂ ਹੜ੍ਹਾਂ ਦੌਰਾਨ ਕੀਤੀਆਂ ਗਈਆਂ ਸੇਵਾਵਾਂ ਦੀ ਪ੍ਰਸ਼ੰਸਾ ਕਰਦਿਆਂ ਪਤੰਜਲੀ ਯੋਗ ਪੀਠ ਵੱਲੋਂ ਵੀ ਸਹਿਯੋਗ ਕਰਨ ਦੀ ਵਚਨਬੱਧਤਾ ਪ੍ਰਗਟਾਈ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ, ਸ. ਮੋਹਨ ਸਿੰਘ ਬੰਗੀ, ਓਐਸਡੀ ਸ. ਸਤਬੀਰ ਸਿੰਘ ਧਾਮੀ, ਸ੍ਰੀ ਦਰਬਾਰ ਸਾਹਿਬ ਦੇ ਜਨਰਲ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਮੀਤ ਸਕੱਤਰ ਸ. ਹਰਭਜਨ ਸਿੰਘ ਵਕਤਾ, ਐਡਵੋਕੇਟ ਸ੍ਰੀ ਪ੍ਰਦੀਪ ਗੋਇਲ, ਮੈਨੇਜਰ ਸ. ਜਸਪਾਲ ਸਿੰਘ ਢੱਡੇ, ਸੂਚਨਾ ਅਧਿਕਾਰੀ ਸ. ਅੰਮ੍ਰਿਤਪਾਲ ਸਿੰਘ, ਸ. ਰਣਧੀਰ ਸਿੰਘ ਤੇ ਸਰਬਜੀਤ ਸਿੰਘ ਤੇ ਹੋਰ ਮੌਜੂਦ ਸਨ। ੧ ਅਕਤੂਬਰ

ਸਰਕਾਰ ਵੱਲੋਂ ਸਿੱਖ ਜਥੇ ਨੂੰ ਪਾਕਿਸਤਾਨ ਸਥਿਤ ਗੁਰਧਾਮਾਂ ਦੇ ਦਰਸ਼ਨਾਂ ਦੀ ਮਨਜ਼ੂਰੀ ਸ਼ਲਾਘਾਯੋਗ- ਐਡਵੋਕੇਟ ਧਾਮੀ

ਅੰਮ੍ਰਿਤਸਰ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਭਾਰਤ ਸਰਕਾਰ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਮੌਕੇ ਪਾਕਿਸਤਾਨ ਸਥਿਤ ਸ੍ਰੀ ਨਨਕਾਣਾ ਸਾਹਿਬ ਤੇ ਹੋਰ ਗੁਰਧਾਮਾਂ ਦੇ ਦਰਸ਼ਨਾਂ ਲਈ ਸਿੱਖ ਸ਼ਰਧਾਲੂਆਂ ਦੇ ਜਥੇ ਨੂੰ ਮਨਜ਼ੂਰੀ ਦੇਣ ਦਾ ਸਵਾਗਤ ਕੀਤਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦਾ ਇਹ ਫ਼ੈਸਲਾ ਮੀਡੀਆ ਰੀਪੋਰਟਾਂ ਰਾਹੀਂ ਸਾਹਮਣੇ ਆਇਆ ਹੈ ਜਿਸ ਦੀ ਸ਼੍ਰੋਮਣੀ ਕਮੇਟੀ ਪ੍ਰਸੰਸਾ ਕਰਦੀ ਹੈ।

ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਨੇ ਕਿਹਾ ਕਿ ਸ੍ਰੀ ਗੁਰੂ ਨਾਨਕ ਸਾਹਿਬ ਦਾ ਪ੍ਰਕਾਸ਼ ਪੁਰਬ ਸਿੱਖ ਜਗਤ ਹੀ ਨਹੀਂ ਸਗੋਂ ਪੂਰੀ ਮਨੁੱਖਤਾ ਲਈ ਵੱਡੀ ਮਹੱਤਤਾ ਰੱਖਦਾ ਹੈ। ਇਸ ਮੌਕੇ ਸਿੱਖ ਸੰਗਤਾਂ ਵੱਲੋਂ ਗੁਰੂ ਸਾਹਿਬ ਦੇ ਪ੍ਰਕਾਸ਼ ਅਸਥਾਨ ਸਥਾਨ ਸ੍ਰੀ ਨਨਕਾਣਾ ਸਾਹਿਬ ਵਿਖੇ ਦਰਸ਼ਨ ਕਰਨ ਅਤੇ ਸ਼ਰਧਾ ਪ੍ਰਗਟਾਉਣ ਦੀ ਤਾਂਘ ਭਾਵਨਾਤਮਕ ਹੈ। ਉਨ੍ਹਾਂ ਕਿਹਾ ਕਿ ਬੀਤੇ ਦਿਨੀਂ ਸਿੱਖ ਜਥੇ ਉਤੇ ਰੋਕ ਦੇ ਫੈਸਲੇ ਨੇ ਸੰਗਤ ਨੂੰ ਨਿਰਾਸ਼ ਕਰ ਦਿੱਤਾ ਸੀ, ਜਿਸ ਦੇ ਚੱਲਦਿਆਂ ਸ਼੍ਰੋਮਣੀ ਕਮੇਟੀ ਵੱਲੋਂ ਸਰਕਾਰ ਨੂੰ ਆਪਣੇ ਫੈਸਲੇ ਤੇ ਮੁੜ ਵਿਚਾਰ ਕਰਨ ਦੀ ਅਪੀਲ ਕੀਤੀ ਗਈ ਸੀ। ਇਸ ਸਬੰਧ ਵਿਚ ਚਾਰ ਦਿਨ ਪਹਿਲਾਂ ੨੯ ਸਤੰਬਰ ੨੦੨੫ ਨੂੰ ਹੀ ਭਾਰਤ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਨੂੰ ਪੱਤਰ ਲਿਖਿਆ ਗਿਆ ਸੀ, ਜਿਸ ਉਤੇ ਸਰਕਾਰ ਵੱਲੋਂ ਗੌਰ ਕਰਨਾ ਸੰਤੁਸ਼ਟੀਜਨਕ ਹੈ।

ਐਡਵੋਕੇਟ ਧਾਮੀ ਨੇ ਕਿਹਾ ਕਿ ਭਾਰਤ ਸਰਕਾਰ ਵੱਲੋਂ ਲਿਆ ਗਿਆ ਫ਼ੈਸਲਾ ਸਿੱਖ ਸੰਗਤਾਂ ਦੀਆਂ ਭਾਵਨਾਵਾਂ ਦਾ ਆਦਰ ਕਰਦਾ ਹੈ, ਜਿਸ ਲਈ ਸ਼੍ਰੋਮਣੀ ਕਮੇਟੀ ਵੱਲੋਂ ਅਸੀਂ ਦੇਸ਼ ਦੇ ਪ੍ਰਧਾਨ ਮੰਤਰੀ ਅਤੇ ਗ੍ਰਹਿ ਮੰਤਰੀ ਦਾ ਧੰਨਵਾਦ ਕਰਦੇ ਹਾਂ।

ਐਡਵੋਕੇਟ ਧਾਮੀ ਨੇ ਦੱਸਿਆ ਕਿ ਹਰ ਸਾਲ ਸਿੱਖ ਸੰਗਤਾਂ ਵੱਡੀ ਉਮੀਦ ਨਾਲ ਇਸ ਯਾਤਰਾ ਲਈ ਪਾਸਪੋਰਟ ਜਮ੍ਹਾਂ ਕਰਵਾਉਂਦੀਆ ਹਨ, ਪਰ ਜਦੋਂ ਜਥਾ ਨਾ ਜਾਣ ਦੀਆਂ ਖਬਰਾਂ ਬਣਦੀਆਂ ਹਨ ਤਾਂ ਸੰਗਤਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਪੁੱਜਦੀ ਹੈ। ਉਨ੍ਹਾਂ ਕਿਹਾ ਕਿ ਇਹ ਯਾਤਰਾ ਆਪਸੀ ਸਾਂਝਾਂ ਅਤੇ ਰਿਸ਼ਤਿਆਂ ਵਿਚ ਮਜ਼ਬੂਤੀ ਦੀ ਪ੍ਰਤੀਕ ਹੈ, ਜਿਸ ਦੀ ਨਿਰੰਤਰਤਾ ਬਣੀ ਰਹਿਣੀ ਬੇਹੱਦ ਜ਼ਰੂਰੀ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਸਰਕਾਰ ਨੂੰ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦਾ ਲਾਂਘਾ ਖੋਲ੍ਹਣ ਦੀ ਵੀ ਅਪੀਲ ਕੀਤੀ। ੨ ਅਕਤੂਬਰ

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ:

ਅਸਾਮ ਤੋਂ ਆਰੰਭ ਹੋਏ ਸ਼ਹੀਦੀ ਨਗਰ ਕੀਰਤਨ ਦਾ ਪੂਨੇ ਦੀਆਂ ਸੰਗਤਾਂ ਵੱਲੋਂ ਭਰਵਾਂ ਸਵਾਗਤ

ਅੰਮ੍ਰਿਤਸਰ- ਗੁਰਦੁਆਰਾ ਧੋਬੜੀ ਸਾਹਿਬ ਆਸਾਮ ਤੋਂ ਆਰੰਭ ਹੋਏ ਸ਼ਹੀਦੀ ਨਗਰ ਕੀਰਤਨ ਦਾ ਅੱਜ ਪੂਨਾ ਦੀਆਂ ਸੰਗਤਾਂ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ।

ਇਹ ਸ਼ਹੀਦੀ ਨਗਰ ਕੀਰਤਨ ਅੱਜ ਗੁਰਦੁਆਰਾ ਗੁਰੂ ਨਾਨਕ ਮਾਨਸਰੋਵਰ, ਪੂਨਾ ਤੋਂ ਆਰੰਭ ਹੋ ਕੇ ਵੱਖ ਵੱਖ ਗੁਰਦੁਆਰਾ ਸਾਹਿਬਾਨ ਤੋਂ ਹੁੰਦਾ ਹੋਇਆ ਗੁਰਦੁਆਰਾ ਗੁਰੂ ਨਾਨਕ ਦਰਬਾਰ, ਪੂਨਾ ਵਿਖੇ ਪੁੱਜਾ।

ਨਗਰ ਕੀਰਤਨ ਦੀ ਰਵਾਨਗੀ ਤੋਂ ਪਹਿਲਾਂ ਗੁਰਦੁਆਰਾ ਗੁਰੂ ਨਾਨਕ ਮਾਨਸਰੋਵਰ ਵਿਖੇ ਸਜਾਏ ਧਾਰਮਿਕ ਦੀਵਾਨ 'ਚ ਸ੍ਰੀ ਦਰਬਾਰ ਸਾਹਿਬ ਦੇ ਹਜ਼ੂਰੀ ਰਾਗੀ ਜਥੇ ਨੇ ਗੁਰਬਾਣੀ ਕੀਰਤਨ ਕੀਤਾ। ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਸੁਲਤਾਨ ਸਿੰਘ ਨੇ ਸੰਗਤਾਂ ਨਾਲ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਜੀਵਨ ਇਤਿਹਾਸ ਦੀ ਸਾਂਝ ਪਾਈ। ਇਸੇ ਦੌਰਾਨ ਹੈੱਡ ਪ੍ਰਚਾਰਕ ਭਾਈ ਜਗਦੇਵ ਸਿੰਘ ਅਤੇ ਭਾਈ ਹਰਜੀਤ ਸਿੰਘ ਨੇ ਵੀ ਸੰਗਤਾਂ ਨਾਲ ਗੁਰ-ਇਤਿਹਾਸ ਦੀ ਸਾਂਝ ਪਾਈ। ਨਗਰ ਕੀਰਤਨ ਦੀ ਰਵਾਨਗੀ ਸਮੇਂ ਗੁਰਦੁਆਰਾ ਸਾਹਿਬ ਦੇ ਪ੍ਰਬੰਧਕਾਂ ਨੇ ਪੰਜ ਪਿਆਰੇ ਸਾਹਿਬਾਨ ਅਤੇ ਹਾਜਰ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਿਰੋਪਾਓ ਦਿੱਤੇ।

ਪੂਨੇ ਦੀਆਂ ਸੰਗਤਾਂ ਅੰਦਰ ਨਗਰ ਕੀਰਤਨ ਪ੍ਰਤੀ ਸੰਗਤਾਂ ਵਿੱਚ ਵੱਡਾ ਉਤਸ਼ਾਹ ਸੀ ਅਤੇ ਸਾਰੇ ਰਸਤੇ ਵਿਚ ਵੱਖ-ਵੱਖ ਧਰਮਾਂ ਦੇ ਲੋਕਾਂ ਸਮੇਤ ਸਿੱਖ ਸੰਗਤਾਂ ਵੱਲੋਂ ਸ਼ਰਧਾ ਨਾਲ ਸਵਾਗਤ ਕੀਤਾ ਗਿਆ। ਸੰਗਤਾਂ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਲਕੀ 'ਤੇ ਫੁੱਲਾਂ ਦੀ ਵਰਖਾ ਕਰਕੇ ਗੁਰੂ ਸਾਹਿਬ ਨੂੰ ਸਤਿਕਾਰ ਭੇਟ ਕੀਤਾ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਸ. ਬਲਦੇਵ ਸਿੰਘ ਕਲਿਆਣ, ਮੈਂਬਰ ਸ. ਜਸਮੇਰ ਸਿੰਘ ਲਾਛੜੂ, ਮੀਤ ਸਕੱਤਰ ਸ. ਕੁਲਦੀਪ ਸਿੰਘ ਰੋਡੇ, ਇੰਚਾਰਜ ਸ. ਗੁਰਮੇਜ ਸਿੰਘ, ਮੈਨੇਜਰ ਸ. ਨਰਿੰਦਰ ਸਿੰਘ ਮਥਰੇਵਾਲ, ਸੁਪਰਵਾਈਜ਼ਰ ਸ. ਹਰਭਜਨ ਸਿੰਘ, ਸ. ਹਰਵਿੰਦਰ ਸਿੰਘ ਵੇਰਕਾ, ਸ. ਰਾਮ ਸਿੰਘ ਮੁੰਬਈ, ਹੈੱਡ ਪ੍ਰਚਾਰਕ ਭਾਈ ਜਗਦੇਵ ਸਿੰਘ, ਭਾਈ ਹਰਜੀਤ ਸਿੰਘ, ਬਾਬਾ ਜੋਗਿੰਦਰ ਸਿੰਘ, ਸ. ਹਸ਼ਮਤ ਸਿੰਘ, ਬੀਬੀ ਸਤਵੰਤ ਕੌਰ, ਸ. ਮਨਜੀਤ ਸਿੰਘ, ਸ. ਚੜ੍ਹਤ ਸਿੰਘ, ਸ. ਅਮਨ ਸਿੰਘ,

ਸ. ਭਾਗ ਸਿੰਘ, ਸ. ਗੁਰਪਾਲ ਸਿੰਘ, ਸ. ਮਨਜੀਤ ਸਿੰਘ ਖਾਲਸਾ, ਸ. ਕਮਲ ਸਿੰਘ ਲੂਥਰਾ, ਸ. ਕਮਲ ਸਿੰਘ ਮਹਿਤਾ, ਸ੍ਰੀ ਦੀਪਕ ਗੋਸਵਾਮੀ, ਸ. ਗੋਬਿੰਦ ਸਿੰਘ, ਸ੍ਰੀ ਹਰੀਸ਼ ਛਾਬੜਾ, ਸ੍ਰੀ ਸੰਜੇ ਤਲਰੇਜਾ, ਸ. ਹੁਕਮ ਸਿੰਘ, ਸ. ਰਣਜੀਤ ਸਿੰਘ ਸਮੇਤ ਵੱਡੀ ਗਿਣਤੀ ਸੰਗਤਾਂ ਹਾਜ਼ਰ ਸਨ। ੨ ਅਕਤੂਬਰ

ਸ਼੍ਰੋਮਣੀ ਕਮੇਟੀ ਵੱਲੋਂ ਚੱਲ ਰਹੇ ਰਾਹਤ ਕਾਰਜ ਵਿਚ ਕੀਤਾ ਸਹਿਯੋਗ ਸੰਗਤਾਂ ਕਰ ਰਹੀਆਂ ਹਨ ਵਿਸ਼ੇਸ਼ ਸਹਿਯੋਗ

ਬਾਸ ਬਾਦਸ਼ਾਹਪੁਰ ਹਰਿਆਣਾ ਦੀ ਸੰਗਤ ਨੇ 6 ਲੱਖ ਅਤੇ ਸ਼ਿਆਮਪੁਰ ਜੱਟਾਂ ਉੱਤਰ ਪ੍ਰਦੇਸ਼ ਦੀ ਸੰਗਤ ਵੱਲੋਂ 3 ਲੱਖ 71 ਹਜ਼ਾਰ ਸ਼੍ਰੋਮਣੀ ਕਮੇਟੀ ਨੂੰ ਦਿੱਤੇ

ਅੰਮ੍ਰਿਤਸਰ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਹੜ੍ਹ ਪ੍ਰਭਾਵਿਤ ਲੋਕਾਂ ਲਈ ਕੀਤੇ ਜਾ ਰਹੇ ਕਾਰਜਾਂ ਵਿਚ ਸਹਿਯੋਗ ਕਰਦਿਆਂ ਅੱਜ ਹਰਿਆਣਾ ਦੇ ਕਸਬਾ ਬਾਸ ਬਾਦਸ਼ਾਹਪੁਰ ਦੀਆਂ ਸੰਗਤਾਂ ਵੱਲੋਂ ੬ ਲੱਖ ਰੁਪਏ ਅਤੇ ਸ਼ਿਆਮਪੁਰ ਜੱਟਾਂ ਜ਼ਿਲ੍ਹਾ ਹਾਪੁੜ ਉੱਤਰ ਪ੍ਰਦੇਸ਼ ਦੀ ਸੰਗਤ ਵੱਲੋਂ ੩ ਲੱਖ ੭੧ ਹਜ਼ਾਰ ਰੁਪਏ ਸਹਾਇਤਾ ਰਾਸ਼ੀ ਵਜੋਂ ਦਿੱਤੇ ਗਏ। ਇਸ ਮੌਕੇ ਹਰਿਆਣਾ ਤੇ ਉੱਤਰ ਪ੍ਰਦੇਸ਼ ਦੀਆਂ ਸੰਗਤਾਂ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਅੰਤ੍ਰਿੰਗ ਮੈਂਬਰ ਸ. ਸੁਰਜੀਤ ਸਿੰਘ ਤੁਗਲਵਾਲ, ਮੈਂਬਰ ਸ. ਗੁਰਮੀਤ ਸਿੰਘ ਬੂਹ, ਸ. ਅਮਰਜੀਤ ਸਿੰਘ ਭਲਾਈਪੁਰ, ਭਾਈ ਅਜੈਬ ਸਿੰਘ ਅਭਿਆਸੀ, ਓਐਸਡੀ ਸ. ਸਤਬੀਰ ਸਿੰਘ ਧਾਮੀ ਵੱਲੋਂ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਅੰਤ੍ਰਿੰਗ ਕਮੇਟੀ ਮੈਂਬਰ ਸ. ਸੁਰਜੀਤ ਸਿੰਘ ਤੁਗਲਵਾਲ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਕੁਦਰਤੀ ਆਫ਼ਤਾਂ ਸਮੇਂ ਮਨੁੱਖਤਾ ਨਾਲ ਖੜਨਾ ਆਪਣਾ ਫ਼ਰਜ਼ ਸਮਝਦੀ ਹੈ ਅਤੇ ਪੰਜਾਬ ਵਿਚ ਆਏ ਹੜ੍ਹਾਂ ਸਮੇਂ ਵੀ ਪਹਿਲੇ ਦਿਨ ਤੋਂ ਹੀ ਲੋਕਾਂ ਦੀ ਸਹਾਇਤਾ ਲਈ ਕਾਰਜਸ਼ੀਲ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜਿੱਥੇ ਲੋੜਵੰਦਾਂ ਨੂੰ ਰੋਜ਼ਮਰਾ ਦਾ ਜ਼ਰੂਰੀ ਵਸਤੂਆਂ ਦਿੱਤੀਆਂ ਜਾ ਰਹੀਆਂ ਹਨ, ਉੱਥੇ ਹੀ ਕਿਸਾਨਾਂ ਲਈ ਪਸ਼ੂਆਂ ਦੇ ਚਾਰੇ, ਜ਼ਮੀਨਾਂ ਲਈ ਡੀਜ਼ਲ ਅਤੇ ਕਣਕ ਦੇ ਬੀਜ ਦਾ ਵੀ ਪ੍ਰਬੰਧ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਸੇਵਾਵਾਂ ਵਿਚ ਸੰਗਤਾਂ ਵੀ ਖੁਲ੍ਹਦਿਲੀ ਨਾਲ ਸਹਿਯੋਗ ਕਰ ਰਹੀਆਂ ਹਨ। ਇਸੇ ਤਹਿਤ ਹੀ ਅੱਜ ਹਰਿਆਣਾ ਤੇ ਉੱਤਰ ਪ੍ਰਦੇਸ਼ ਦੀਆਂ ਸੰਗਤਾਂ ਸ਼੍ਰੋਮਣੀ ਕਮੇਟੀ ਵੱਲੋਂ ਕੀਤੇ ਜਾ ਰਹੇ ਰਾਹਤ ਕਾਰਜਾਂ ਵਿਚ ਸਹਿਯੋਗ ਲਈ ਪੁੱਜੀਆਂ ਹਨ। ਉਨ੍ਹਾਂ ਸਹਿਯੋਗ ਕਰ ਰਹੀਆਂ ਸੰਗਤਾਂ ਦਾ ਧੰਨਵਾਦ ਕਰਦਿਆਂ ਦੇਸ਼ ਵਿਦੇਸ਼ ਦੀਆਂ ਸੰਗਤਾਂ ਨੂੰ ਵੀ ਅੱਗੇ ਆ ਕੇ ਇਨ੍ਹਾਂ ਕਾਰਜਾਂ ਵਿਚ ਹਿੱਸਾ ਪਾਉਣ ਲਈ ਕਿਹਾ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੀਤ ਸਕੱਤਰ ਸ. ਹਰਭਜਨ ਸਿੰਘ ਵਕਤਾ, ਸੁਪ੍ਰਿੰਟੈਂਡੈਂਟ ਸ. ਨਿਸ਼ਾਨ ਸਿੰਘ, ਬਾਸ ਬਾਦਸ਼ਾਹਪੁਰ ਹਰਿਆਣਾ ਤੋਂ ਸ੍ਰੀ ਦੇਸ਼ਰਾਜ ਮੋਰ, ਸ੍ਰੀ ਸੂਰਜਮੱਲ ਮੋਰ, ਸ੍ਰੀ ਵੇਰਿੰਦਰ ਪੰਘਾਲ, ਸ੍ਰੀ ਰਾਕੇਸ਼ ਮੋਰ, ਸ੍ਰੀ ਸੁਨੀਲ ਮੋਰ, ਸ੍ਰੀ ਵੇਦਪਾਲ ਮੋਰ, ਸ਼ਾਮਪੁਰ ਜੱਟਾਂ ਉੱਤਰ ਪ੍ਰਦੇਸ਼ ਤੋਂ ਡਾ. ਜੈਵੀਰ ਸਿੰਘ, ਮਨਦ ਸਿੰਘ, ਪ੍ਰਦੀਪ ਸਿੰਘ, ਸ਼ੌਂਕੀ ਸਿੰਘ, ਕਪਿਲ ਸਿੰਘ ਤੇ ਹੋਰ ਮੌਜੂਦ ਸਨ। ੩ ਅਕਤੂਬਰ

ਰਾਜਸਥਾਨ ਦੇ ਮੰਡੀ ਗੋਲੂਵਾਲਾ 'ਚ ਗੁਰਦੁਆਰਾ ਸਾਹਿਬ 'ਤੇ ਹੋਏ ਹਮਲੇ ਦਾ ਐਡਵੋਕੇਟ ਧਾਮੀ ਨੇ ਲਿਆ ਸਖ਼ਤ ਨੋਟਿਸ

ਰਾਜਸਥਾਨ ਦੇ ਮੁਖ ਮੰਤਰੀ ਨੂੰ ਦੋਸ਼ੀਆਂ ਖਿਲਾਫ਼ ਸਖ਼ਤ ਕਾਰਵਾਈ ਕਰਨ

ਅੰਮ੍ਰਿਤਸਰ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ

ਨੇ ਰਾਜਸਥਾਨ ਦੇ ਜ਼ਿਲ੍ਹਾ ਹਨੁਮਾਨਗੜ੍ਹ ਦੇ ਗੁਰਦੁਆਰਾ ਮਹਿਤਾਬਗੜ੍ਹ ਸਾਹਿਬ ਮੰਡੀ ਗੋਲੂਵਾਲਾ ਵਿਖੇ ਕੁਝ ਲੋਕਾਂ ਵੱਲੋਂ ਹਮਲਾ ਕਰਨ ਦੀ ਸਖ਼ਤ ਸ਼ਬਦਾਂ ਵਿਚ ਨਿਖੇਧੀ ਕਰਦਿਆਂ ਸਰਕਾਰ ਨੂੰ ਹਮਲਾਵਰ ਲੋਕਾਂ ਖਿਲਾਫ਼ ਤੁਰੰਤ ਸਖ਼ਤ ਕਾਰਵਾਈ ਕਰਨ ਲਈ ਆਖਿਆ ਹੈ। ਦਫ਼ਤਰ ਤੋਂ ਜਾਰੀ ਬਿਆਨ ਵਿਚ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਮਿਲੀ ਜਾਣਕਾਰੀ ਅਨੁਸਾਰ ਇਹ ਮਿੱਥ ਕੇ ਕੀਤਾ ਗਿਆ ਹਮਲਾ ਹੈ, ਜਿਸ ਨੂੰ ਸਿੱਖ ਕੌਮ ਕਦੇ ਵੀ ਬਰਦਾਸ਼ਤ ਨਹੀਂ ਕਰੇਗੀ। ਉਨ੍ਹਾਂ ਕਿਹਾ ਕਿ ਬੜੇ ਹੀ ਵਹਿਸ਼ੀਆਨਾ ਤਰੀਕੇ ਨਾਲ ਗੁਰਦੁਆਰਾ ਸਾਹਿਬ ਅੰਦਰ ਸੁੱਤੇ ਸਿੰਘਾਂ 'ਤੇ ਹਮਲਾ ਕਰਕੇ ਸਿੰਘਾਂ ਸਮੇਤ ਛੋਟੇ ਛੋਟੇ ਬੱਚਿਆਂ ਨੂੰ ਵੀ ਗੰਭੀਰ ਜ਼ਖ਼ਮੀ ਕੀਤਾ ਗਿਆ। ਐਡਵੋਕੇਟ ਧਾਮੀ ਨੇ ਕਿਹਾ ਕਿ ਦੁੱਖ ਦੀ ਗੱਲ ਹੈ ਕਿ ਇਹ ਸਭ ਕੁਝ ਪੁਲਿਸ ਦੀ ਮੌਜੂਦਗੀ ਵਿਚ ਹੋਇਆ।

ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਸਿੱਖਾਂ ਨੇ ਜਿੱਥੇ ਦੇਸ਼ ਦੀ ਰੱਖਿਆ ਲਈ ਹਮੇਸ਼ਾ ਮੋਹਰੀ ਰੋਲ ਅਦਾ ਕੀਤਾ ਹੈ, ਉਥੇ ਜਿਸ ਵੀ ਖਿੱਤੇ ਵਿਚ ਵੱਸੇ ਹਨ ਉਥੋਂ ਦੀ ਤਰੱਕੀ ਵਿਚ ਵੀ ਵੱਡਾ ਯੋਗਦਾਨ ਪਾਇਆ ਹੈ। ਉਨ੍ਹਾਂ ਕਿਹਾ ਕਿ ਦੁੱਖ ਦੀ ਗੱਲ ਹੈ ਕਿ ਇਸ ਦੇ ਬਾਵਜੂਦ ਵੀ ਸਿੱਖਾਂ ਨੂੰ ਨਿਸ਼ਾਨਾ ਬਣਾਇਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਰਾਜਸਥਾਨ ਅੰਦਰ ਸਿੱਖਾਂ ਨੂੰ ਪਹਿਲਾਂ ਵੀ ਕਈ ਵਾਰ ਕਕਾਰਾਂ ਕਰਕੇ ਵੱਡੀਆਂ ਮੁਸ਼ਕਲਾਂ 'ਚੋਂ ਲੰਘਣਾ ਪਿਆ ਹੈ। ਇਸ ਦੇ ਵਿਰੁੱਧ ਜਿਥੇ ਸਿੱਖ ਸੰਸਥਾ ਸ਼੍ਰੋਮਣੀ ਕਮੇਟੀ ਨੇ ਅਵਾਜ਼ ਉਠਾਈ, ਉਥੇ ਹੀ ਸਥਾਨਕ ਸਿੱਖਾਂ ਨੇ ਸਰਕਾਰ ਨੂੰ ਆਪਣੇ ਫੈਸਲੇ ਬਦਲਣ ਲਈ ਮਜ਼ਬੂਰ ਕੀਤਾ। ਉਨ੍ਹਾਂ ਕਿਹਾ ਕਿ ਬਹੁਤ ਸਾਰੇ ਲੋਕ ਸਮਾਜ ਵਿਚ ਵੰਡੀਆਂ ਪਾ ਕੇ ਆਪਣੀ ਸਿਆਸਤ ਚਮਕਾਉਣੀ ਚਾਹੁੰਦੇ ਹਨ, ਜੋ ਦੇਸ਼ ਹਿੱਤ ਵਿਚ ਨਹੀਂ ਹੈ। ਉਨ੍ਹਾਂ ਕਿਹਾ ਕਿ ਕਿਸੇ ਵੀ ਅਜਿਹੀ ਖੁਲ੍ਹ ਨਹੀਂ ਦਿੱਤੀ ਜਾ ਸਕਦੀ ਕਿ ਉਹ ਅਜਿਹੀਆਂ ਹਰਕਤਾਂ ਕਰੇ। ਐਡਵੋਕੇਟ ਧਾਮੀ ਨੇ ਰਾਜਸਥਾਨ ਦੇ ਮੁਖ ਮੰਤਰੀ ਨੂੰ ਇਸ ਮਾਮਲੇ 'ਤੇ ਤੁਰੰਤ ਕਾਰਵਾਈ ਕਰਦਿਆਂ ਦੋਸ਼ੀਆਂ ਨੂੰ ਮਿਸਾਲੀ ਸਜ਼ਾਵਾਂ ਦਿਵਾਉਣ ਲਈ ਆਗਿਆ।੩ ਅਕਤੂਬਰ

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ:

ਅਸਾਮ ਤੋਂ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ ਪੂਨਾ ਤੋਂ ਗੁਰਦੁਆਰਾ ਨਾਨਕ ਝੀਰਾ ਸਾਹਿਬ ਬਿਦਰ ਲਈ ਰਵਾਨਾ

ਅੰਮ੍ਰਿਤਸਰ-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ ੩੫੦ ਸਾਲਾ ਸ਼ਹੀਦੀ ਨਗਰ ਕੀਰਤਨ ਅੱਜ ਗੁਰਦੁਆਰਾ ਗੁਰੂ ਨਾਨਕ ਦਰਬਾਰ ਪੂਨਾ ਤੋਂ ਆਪਣੇ ਅਗਲੇ ਪੜਾਅ ਗੁਰਦੁਆਰਾ ਨਾਨਕ ਝੀਰਾ ਸਾਹਿਬ ਬਿਦਰ ਕਰਨਾਟਕਾ ਲਈ ਰਵਾਨਾ ਹੋਇਆ।

ਨਗਰ ਕੀਰਤਨ ਦੀ ਰਵਾਨਗੀ ਤੋਂ ਪਹਿਲਾਂ ਗੁਰਦੁਆਰਾ ਸਾਹਿਬ ਵਿਖੇ ਧਾਰਮਿਕ ਦੀਵਾਨ ਸਜਾਏ ਗਏ, ਜਿਸ ਵਿਚ ਸ੍ਰੀ ਦਰਬਾਰ ਸਾਹਿਬ ਦੇ ਹਜੂਰੀ ਰਾਗੀ ਜਥੇ ਨੇ ਗੁਰਬਾਣੀ ਕੀਰਤਨ ਕੀਤਾ। ਇਸ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਸੁਲਤਾਨ ਸਿੰਘ ਨੇ ਸੰਗਤਾਂ ਨਾਲ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਜੀਵਨ ਇਤਿਹਾਸ ਦੀ ਸਾਂਝ ਪਾਈ। ਇਸੇ ਦੌਰਾਨ ਹੈੱਡ ਪ੍ਰਚਾਰਕ ਭਾਈ ਜਗਦੇਵ ਸਿੰਘ ਅਤੇ ਭਾਈ ਹਰਜੀਤ ਸਿੰਘ ਨੇ ਵੀ ਸੰਗਤਾਂ ਨਾਲ ਗੁਰ-ਇਤਿਹਾਸ ਦੀ ਸਾਂਝ ਪਾਈ। ਨਗਰ ਕੀਰਤਨ ਦੀ ਰਵਾਨਗੀ ਸਮੇਂ ਗੁਰਦੁਆਰਾ ਸਾਹਿਬ ਦੇ ਪ੍ਰਬੰਧਕਾਂ ਨੇ ਪੰਜ ਪਿਆਰੇ ਸਾਹਿਬਾਨ ਅਤੇ ਹਾਜਰ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਿਰੋਪਾਓ ਦਿੱਤੇ।

ਨਗਰ ਕੀਰਤਨ ਪ੍ਰਤੀ ਸੰਗਤਾਂ ਵਿੱਚ ਵੱਡਾ ਉਤਸ਼ਾਹ ਸੀ ਅਤੇ ਰਸਤੇ ਵਿਚ ਵੱਖ-ਵੱਖ ਧਰਮਾਂ ਦੇ ਲੋਕਾਂ ਵੱਲੋਂ ਸ਼ਰਧਾ ਨਾਲ ਸਵਾਗਤ ਕੀਤਾ ਗਿਆ। ਇਸੇ ਦੌਰਾਨ ਸੰਗਤਾਂ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ

ਜੀ ਦੀ ਪਾਲਕੀ 'ਤੇ ਫੁੱਲਾਂ ਦੀ ਵਰਖਾ ਕਰਕੇ ਗੁਰੂ ਸਾਹਿਬ ਨੂੰ ਸਤਿਕਾਰ ਭੇਟ ਕੀਤਾ। ਇਸੇ ਦੌਰਾਨ ਸੋਲਾਪੁਰ ਦੀਆਂ ਸੰਗਤਾਂ ਵੱਲੋਂ ਵੀ ਨਗਰ ਕੀਰਤਨ ਦਾ ਭਰਵਾਂ ਸਵਾਗਤ ਕਰਕੇ ਸ਼ਰਧਾ ਪ੍ਰਗਟਾਈ ਗਈ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਸ. ਬਲਦੇਵ ਸਿੰਘ ਕਲਿਆਣ, ਮੈਂਬਰ ਸ. ਜਸਮੇਰ ਸਿੰਘ ਲਾਛੜੂ, ਮੀਤ ਸਕੱਤਰ ਸ. ਕੁਲਦੀਪ ਸਿੰਘ ਰੋਡੇ, ਇੰਚਾਰਜ ਸ. ਗੁਰਮੇਜ ਸਿੰਘ, ਮੈਨੇਜਰ ਸ. ਨਰਿੰਦਰ ਸਿੰਘ ਮਥਰੇਵਾਲ, ਸੁਪਰਵਾਈਜ਼ਰ ਸ. ਹਰਭਜਨ ਸਿੰਘ, ਸ. ਹਰਵਿੰਦਰ ਸਿੰਘ ਵੇਰਕਾ, ਸ. ਰਾਮ ਸਿੰਘ ਮੁੰਬਈ, ਹੈੱਡ ਪ੍ਰਚਾਰਕ ਭਾਈ ਜਗਦੇਵ ਸਿੰਘ, ਭਾਈ ਹਰਜੀਤ ਸਿੰਘ, ਗੁਰਦੁਆਰਾ ਗੁਰੂ ਨਾਨਕ ਦਰਬਾਰ ਪੂਨਾ ਦੇ ਪ੍ਰਬੰਧਕ ਸ. ਚਰਨਜੀਤ ਸਿੰਘ ਸਾਹਨੀ, ਸ. ਮੋਹਿੰਦਰ ਸਿੰਘ, ਸ. ਅਮਰਜੀਤ ਸਿੰਘ ਛਾਬੜਾ, ਸ. ਸੁਰਿੰਦਰ ਸਿੰਘ, ਸ. ਕੁਲਜੀਤ ਸਿੰਘ ਚੌਧਰੀ ਸਮੇਤ ਵੱਡੀ ਗਿਣਤੀ ਸੰਗਤਾਂ ਹਾਜ਼ਰ ਸਨ। ੩ ਅਕਤੂਬਰ

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਇੰਗਲੈਂਡ ਦੇ ਬਰਮਿੰਘਮ ਵਿੱਚ ਖੋਲ੍ਹਿਆ ਤਾਲਮੇਲ ਕੇਂਦਰ

ਯੂਕੇ ਸਮੇਤ ਪੂਰੇ ਯੂਰਪ ਦੀਆਂ ਸੰਗਤਾਂ ਲਈ ਮਹੱਤਵਪੂਰਣ ਸਾਬਤ ਹੋਵੇਗਾ ਤਾਲਮੇਲ ਕੇਂਦਰ- ਐਡਵੋਕੇਟ ਧਾਮੀ

ਅੰਮ੍ਰਿਤਸਰ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਿੱਖ ਸੰਗਤਾਂ ਦੀ ਮੰਗ, ਲੋੜਾਂ ਅਤੇ ਭਾਵਨਾਵਾਂ ਨੂੰ ਧਿਆਨ ਵਿੱਚ ਰੱਖਦਿਆਂ ਇੰਗਲੈਂਡ ਦੇ ਬਰਮਿੰਘਮ ਵਿਖੇ ਤਾਲਮੇਲ ਕੇਂਦਰ ਦੀ ਸਥਾਪਨਾ ਕੀਤੀ ਗਈ ਹੈ। ਇਸ ਕੇਂਦਰ ਦੀ ਸਥਾਪਨਾ ਸ਼੍ਰੋਮਣੀ ਕਮੇਟੀ ਦੇ ਮੁੰਬਈ ਤੋਂ ਮੈਂਬਰ ਸ. ਗੁਰਿੰਦਰ ਸਿੰਘ ਬਾਵਾ ਅਤੇ ਅੰਤ੍ਰਿੰਗ ਕਮੇਟੀ ਮੈਂਬਰ ਬੀਬੀ ਹਰਜਿੰਦਰ ਕੌਰ ਵੱਲੋਂ ਕੀਤੇ ਯਤਨਾਂ ਅਤੇ ਖਾਲਸਾ ਪੰਥ ਅਕੈਡਮੀ ਬਰਮਿੰਘਮ ਦੇ ਸਹਿਯੋਗ ਨਾਲ ਸੰਭਵ ਹੋਈ ਹੈ। ਇਸ ਦਾ ਉਦਘਾਟਨੀ ਸਮਾਗਮ ਅੱਜ ਪੰਥਕ ਰਵਾਇਤਾਂ ਨਾਲ ਹੋਇਆ, ਜਿਸ ਵਿਚ ਭਾਈ ਮਹਿੰਦਰ ਸਿੰਘ ਮੁੱਖੀ ਗੁਰੂ ਨਾਨਕ ਨਿਸ਼ਕਾਮ ਸੇਵਕ ਜਥਾ ਬਰਮਿੰਘਮ, ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਅੰਤ੍ਰਿੰਗ ਕਮੇਟੀ ਮੈਂਬਰ ਬੀਬੀ ਹਰਜਿੰਦਰ ਕੌਰ, ਸ਼੍ਰੋਮਣੀ ਕਮੇਟੀ ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਸ. ਜੋਧ ਸਿੰਘ ਸਮਰਾ, ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਸ਼੍ਰੋਮਣੀ ਕਮੇਟੀ ਪ੍ਰਧਾਨ ਦੇ ਨਿੱਜੀ ਸਕੱਤਰ ਸ. ਸ਼ਾਹਬਾਜ਼ ਸਿੰਘ, ਸ. ਭਗਵਾਨ ਸਿੰਘ ਜੌਹਲ ਤੇ ਖਾਲਸਾ ਪੰਥ ਅਕੈਡਮੀ ਦੇ ਨੁਮਾਇੰਦੇ ਸ਼ਾਮਲ ਹੋਏ। ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਵੀ ਆਨਲਾਈਨ ਮੌਜੂਦਗੀ ਰਹੀ।

ਸ਼੍ਰੋਮਣੀ ਕਮੇਟੀ ਦਫਤਰ ਤੋਂ ਪ੍ਰੈੱਸ ਨੂੰ ਜਾਰੀ ਕੀਤੀ ਗਈ ਜਾਣਕਾਰੀ ਵਿਚ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਦੱਸਿਆ ਕਿ ਇਹ ਕੇਂਦਰ ਵਿਦੇਸ਼ ਵਿੱਚ ਰਹਿੰਦੀ ਸਿੱਖ ਸੰਗਤ ਦੀ ਮੰਗ ਉਤੇ ਖੋਲ੍ਹਿਆ ਗਿਆ ਹੈ। ਇਹ ਯੂਕੇ ਦੇ ਨਾਲ ਨਾਲ ਪੂਰੇ ਯੂਰਪ ਦੀਆਂ ਸੰਗਤਾਂ ਲਈ ਬਹੁਤ ਹੀ ਮਹੱਤਵਪੂਰਣ ਸਾਬਤ ਹੋਵੇਗਾ। ਉਨ੍ਹਾਂ ਦੱਸਿਆ ਕਿ ਯੂਰਪ ਅਤੇ ਇੰਗਲੈਂਡ ਦੀਆਂ ਸੰਗਤਾਂ ਜਦੋਂ ਗੁਰਧਾਮਾਂ ਦੇ ਦਰਸ਼ਨ ਕਰਨ ਲਈ ਪੰਜਾਬ ਆਉਣਗੀਆਂ, ਤਾਂ ਇਸ ਤਾਲਮੇਲ ਕੇਂਦਰ ਰਾਹੀਂ ਉਨ੍ਹਾਂ ਲਈ ਰਿਹਾਇਸ਼, ਯਾਤਰਾ ਤੇ ਹੋਰ ਲੋੜੀਂਦੇ ਪ੍ਰਬੰਧ ਸ਼੍ਰੋਮਣੀ ਕਮੇਟੀ ਵੱਲੋਂ ਯਕੀਨੀ ਬਣਾਏ ਜਾਣਗੇ। ਇਸ ਨਾਲ ਸੰਗਤਾਂ ਨੂੰ ਦਰਸ਼ਨਾਂ ਅਤੇ ਸੇਵਾ ਸਮੇਂ ਕਿਸੇ ਵੀ ਤਰ੍ਹਾਂ ਦੀ ਪਰੇਸ਼ਾਨੀ ਦਾ ਸਾਹਮਣਾ ਨਹੀਂ ਕਰਨਾ ਪਵੇਗਾ।

ਐਡਵੋਕੇਟ ਧਾਮੀ ਨੇ ਕਿਹਾ ਕਿ ਇਸ ਤਾਲਮੇਲ ਕੇਂਦਰ ਦੀ ਸੰਚਾਲਨ ਸੇਵਾ ਸ. ਗੁਰਿੰਦਰ ਸਿੰਘ

ਬਾਵਾ ਨੂੰ ਸੌਂਪੀ ਗਈ ਹੈ, ਜੋ ਕਿ ਸ਼੍ਰੋਮਣੀ ਕਮੇਟੀ ਮੈਂਬਰ ਹੋਣ ਦੇ ਨਾਲ ਨਾਲ ਤਖਤ ਸ੍ਰੀ ਹਜ਼ੂਰ ਸਾਹਿਬ ਅਤੇ ਤਖਤ ਸ੍ਰੀ ਪਟਨਾ ਸਾਹਿਬ ਬੋਰਡ ਦੇ ਵੀ ਮੈਂਬਰ ਹਨ। ਸ. ਬਾਵਾ ਦੇ ਵਿਸ਼ੇਸ਼ ਉਪਰਾਲੇ ਅਤੇ ਸਮਰਪਣ ਦੇ ਸਦਕਾ ਹੀ ਭਾਰਤ ਤੋਂ ਬਾਹਰ ਪਹਿਲੀ ਵਾਰ ਸ਼੍ਰੋਮਣੀ ਕਮੇਟੀ ਵੱਲੋਂ ਤਾਲਮੇਲ ਕੇਂਦਰ ਖੋਲ੍ਹਿਆ ਗਿਆ ਹੈ। ਐਡਵੋਕੇਟ ਧਾਮੀ ਨੇ ਸ. ਬਾਵਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਉਪਰਾਲੇ ਨਾਲ ਵਿਦੇਸ਼ਾਂ ਵਿੱਚ ਵੱਸਦੀਆਂ ਸੰਗਤਾਂ ਨੂੰ ਬਹੁਤ ਲਾਭ ਹੋਵੇਗਾ।

ਐਡਵੋਕੇਟ ਧਾਮੀ ਨੇ ਸੰਗਤ ਨੂੰ ਅਪੀਲ ਕੀਤੀ ਕਿ ਇੰਗਲੈਂਡ ਅਤੇ ਯੂਰਪ ਦੀਆਂ ਸੰਗਤਾਂ ਜਦੋਂ ਵੀ ਪੰਜਾਬ ਆਉਣ ਦੀ ਯੋਜਨਾ ਬਣਾਉਣ, ਤਾਂ ਉਹ ਆਪਣੀ ਯਾਤਰਾ ਤੋਂ ਪਹਿਲਾਂ ਬਰਮਿੰਘਮ ਵਿਖੇ ਸਥਾਪਿਤ ਇਸ ਤਾਲਮੇਲ ਕੇਂਦਰ ਨਾਲ ਸੰਪਰਕ ਕਰਕੇ ਸੇਵਾਵਾਂ ਪ੍ਰਾਪਤ ਕਰਨ। ਐਡਵੋਕੇਟ ਧਾਮੀ ਨੇ ਇਹ ਵੀ ਕਿਹਾ ਕਿ ਭਵਿੱਖ ਵਿੱਚ ਇਸ ਕੇਂਦਰ ਦਾ ਵਿਸਥਾਰ ਵੀ ਕੀਤਾ ਜਾਵੇਗਾ ਅਤੇ ਸੰਗਤ ਲਈ ਗੁਰਧਾਮਾਂ ਦੇ ਦਰਸ਼ਨਾਂ ਤੋਂ ਇਲਾਵਾ ਕੁਝ ਹੋਰ ਸੇਵਾਵਾਂ ਵੀ ਸ਼ਾਮਲ ਕੀਤੀਆਂ ਜਾਣਗੀਆਂ। ੨੮ ਸਤੰਬਰ

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ:

ਅਸਾਮ ਤੋਂ ਆਰੰਭ ਹੋਏ ਸ਼ਹੀਦੀ ਨਗਰ ਕੀਰਤਨ ਦਾ ਬਿਦਰ ਪਹੁੰਚਣ 'ਤੇ ਸੰਗਤਾਂ ਵੱਲੋਂ ਭਰਵਾਂ ਸਵਾਗਤ

ਗੁਰਦੁਆਰਾ ਨਾਨਕ ਝੀਰਾ ਸਾਹਿਬ ਵਿਖੇ ਸਜਾਏ ਗਏ ਗੁਰਮਤਿ ਸਮਾਗਮ

ਅੰਮ੍ਰਿਤਸਰ-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦਾ ੩੫੦ ਸਾਲਾ ਸ਼ਹੀਦੀ ਨਗਰ ਕੀਰਤਨ ਦਾ ਬੀਤੀ ਦੇਰ ਰਾਤ ਗੁਰਦੁਆਰਾ ਨਾਨਕ ਝੀਰਾ ਸਾਹਿਬ ਬਿਦਰ ਕਰਨਾਟਕਾ ਪਹੁੰਚਣ 'ਤੇ ਸੰਗਤਾਂ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ।

ਅੱਜ ਗੁਰਦੁਆਰਾ ਨਾਨਕ ਝੀਰਾ ਸਾਹਿਬ ਬਿਦਰ ਵਿਖੇ ਗੁਰਮਤਿ ਸਮਾਗਮ ਕੀਤੇ ਗਏ ਜਿਸ ਵਿਚ ਸ੍ਰੀ ਦਰਬਾਰ ਸਾਹਿਬ ਦੇ ਹਜ਼ੂਰੀ ਰਾਗੀ ਜਥਿਆਂ ਨੇ ਗੁਰਬਾਣੀ ਕੀਰਤਨ ਕੀਤਾ। ਇਸ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਸੁਲਤਾਨ ਸਿੰਘ ਅਤੇ ਹੋਰ ਪੰਥਕ ਸ਼ਖਸੀਅਤਾਂ ਨੇ ਸੰਗਤਾਂ ਨਾਲ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਜੀਵਨ ਇਤਿਹਾਸ ਨਾਲ ਜੋੜਿਆ। ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਵਿਸ਼ੇਸ ਤੌਰ ਤੇ ਪਹੁੰਚੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ ਨੇ ਗੁਰਦੁਆਰਾ ਨਾਨਕ ਝੀਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਅਤੇ ਸੰਗਤਾਂ ਨੂੰ ਨੌਵੇਂ ਪਾਤਸ਼ਾਹ ਜੀ ਦੇ ਸ਼ਹੀਦੀ ਸਾਕੇ ਦੀ ੩੩੫ ਸਾਲਾ ਸ਼ਤਾਬਦੀ ਸਬੰਧੀ ੨੩ ਨਵੰਬਰ ਤੋਂ ੨੯ ਨਵੰਬਰ ਤੱਕ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋਣ ਵਾਲੇ ਸਮਾਗਮਾਂ ਸਮੇਂ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ। ਉਨ੍ਹਾਂ ਗੁਰਦੁਆਰਾ ਨਾਨਕ ਝੀਰਾ ਸਾਹਿਬ ਬਿਦਰ ਵਿਖੇ ਕੀਤੇ ਪ੍ਰਬੰਧਾਂ ਲਈ ਪ੍ਰਬੰਧਕ ਕਮੇਟੀ ਦਾ ਧੰਨਵਾਦ ਵੀ ਕੀਤਾ।ਇਸ ਮੌਕੇ ਗੁਰਦੁਆਰਾ ਨਾਨਕ ਝੀਰਾ ਸਾਹਿਬ ਬਿਦਰ ਦੇ ਪ੍ਰਬੰਧਕਾਂ ਵੱਲੋਂ ਸਿੰਘ ਸਾਹਿਬਾਨ, ਪੰਜ ਪਿਆਰੇ ਸਾਹਿਬਾਨ ਅਤੇ ਪ੍ਰਮੁੱਖ ਸ਼ਖਸੀਅਤਾਂ ਨੂੰ ਵਿਸ਼ੇਸ ਤੌਰ ਤੇ ਸਨਮਾਨਿਤ ਕੀਤਾ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਸ. ਬਲਦੇਵ ਸਿੰਘ ਕਲਿਆਣ, ਮੈਂਬਰ ਸ. ਰਣਜੀਤ ਸਿੰਘ ਕਾਹਲੋਂ, ਜਥੇਦਾਰ ਜਰਨੈਲ ਸਿੰਘ ਡੋਗਰਾਂਵਾਲਾ, ਸ. ਜਸਮੇਰ ਸਿੰਘ ਲਾਛੜੂ, ਸਾਬਕਾ ਮੈਂਬਰ ਬੀਬੀ ਭਜਨ ਕੌਰ ਡੋਗਰਾਂਵਾਲਾ, ਮੀਤ ਸਕੱਤਰ ਸ. ਕੁਲਦੀਪ ਸਿੰਘ ਰੋਡੇ, ਗੁਰਦੁਆਰਾ ਨਾਨਕ ਝੀਰਾ ਸਾਹਿਬ

ਬਿਦਰ ਦੇ ਪ੍ਰਧਾਨ ਸ. ਬਲਬੀਰ ਸਿੰਘ, ਹੈੱਡ ਗ੍ਰੰਥੀ ਗਿਆਨੀ ਹਰਪਾਲ ਸਿੰਘ, ਮੈਂਬਰ ਸ. ਮਨਪ੍ਰੀਤ ਸਿੰਘ, ਸ. ਪ੍ਰਦੀਪ ਸਿੰਘ, ਸ. ਇੰਦਰ ਸਿੰਘ, ਸ. ਤੇਜਪਾਲ ਸਿੰਘ, ਸ. ਪੁਵੀਤ ਸਿੰਘ, ਸ. ਲਹੌਰਾ ਸਿੰਘ, ਸ. ਹਰੀ ਸਿੰਘ, ਸ਼੍ਰੋਮਣੀ ਕਮੇਟੀ ਦੇ ਇੰਚਾਰਜ ਸ. ਗੁਰਮੇਜ ਸਿੰਘ, ਮੈਨੇਜਰ ਸ. ਨਰਿੰਦਰ ਸਿੰਘ ਮਥਰੇਵਾਲ, ਸੁਪਰਵਾਈਜ਼ਰ ਸ. ਹਰਭਜਨ ਸਿੰਘ, ਸ. ਹਰਵਿੰਦਰ ਸਿੰਘ ਵੇਰਕਾ, ਸ. ਰਾਮ ਸਿੰਘ ਮੁੰਬਈ, ਹੈੱਡ ਪ੍ਰਚਾਰਕ ਭਾਈ ਜਗਦੇਵ ਸਿੰਘ, ਭਾਈ ਹਰਜੀਤ ਸਿੰਘ, ਗੁਰਦੁਆਰਾ ਨਾਨਕ ਝੀਰਾ ਸਾਹਿਬ ਬਿਦਰ ਦੇ ਮੈਨੇਜਰ ਸ. ਜਗਜੀਤ ਸਿੰਘ ਸਮੇਤ ਵੱਡੀ ਗਿਣਤੀ ਸੰਗਤਾਂ ਹਾਜ਼ਰ ਸਨ।੪ ਅਕਤੂਬਰ

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ:

ਅਸਾਮ ਤੋਂ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ ਬਿਦਰ ਕਰਨਾਟਕਾ ਤੋਂ ਤਖ਼ਤ ਸ੍ਰੀ ਹਜ਼ੂਰ ਸਾਹਿਬ ਲਈ ਰਵਾਨਾ

ਅੰਮ੍ਰਿਤਸਰ- ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦਾ ੩੫੦ ਸਾਲਾ ਸ਼ਹੀਦੀ ਨਗਰ ਕੀਰਤਨ ਅੱਜ ਗੁਰਦੁਆਰਾ ਨਾਨਕ ਝੀਰਾ ਸਾਹਿਬ ਬਿਦਰ ਕਰਨਾਟਕਾ ਤੋਂ ਤਖਤ ਸ੍ਰੀ ਹਜ਼ੂਰ ਅਬਿਚਲ ਨਗਰ ਨਾਂਦੇੜ ਲਈ ਰਵਾਨਾ ਹੋਇਆ।

ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਸੁਲਤਾਨ ਸਿੰਘ, ਤਖਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ, ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਮੈਂਬਰ ਸ. ਰਣਜੀਤ ਸਿੰਘ ਕਾਹਲੋਂ, ਜਥੇਦਾਰ ਜਰਨੈਲ ਸਿੰਘ ਡੋਗਰਾਂਵਾਲਾ, ਸ. ਗੁਰਪ੍ਰੀਤ ਸਿੰਘ ਝੱਬਰ, ਸ. ਜਸਮੇਰ ਸਿੰਘ ਲਾਛੜੂ, ਗੁਰਦੁਆਰਾ ਨਾਨਕ ਝੀਰਾ ਸਾਹਿਬ ਬਿਦਰ ਦੇ ਪ੍ਰਧਾਨ ਸ. ਬਲਬੀਰ ਸਿੰਘ, ਹੈੱਡ ਗ੍ਰੰਥੀ ਗਿਆਨੀ ਹਰਪਾਲ ਸਿੰਘ ਸਮੇਤ ਪ੍ਰਮੁੱਖ ਸਖਸ਼ੀਅਤਾਂ ਹਾਜ਼ਰ ਸਨ।

ਇਸੇ ਦੌਰਾਨ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ ਨੇ ਦੱਸਿਆ ਕਿ ਅੱਜ ਇਹ ਨਗਰ ਕੀਰਤਨ ਤਖਤ ਸ੍ਰੀ ਹਜ਼ੂਰ ਸਾਹਿਬ ਪਹੁੰਚੇਗਾ ਜਿਥੇ ਭਲਕੇ ੬ ਅਕਤੂਬਰ ਨੂੰ ਸ਼ਤਾਬਦੀ ਨੂੰ ਸਮਰਪਿਤ ਵਿਸ਼ੇਸ਼ ਗੁਰਮਤਿ ਸਮਾਗਮ ਹੋਣਗੇ। ਉਨ੍ਹਾਂ ਦੱਸਿਆ ਕਿ ਇਨ੍ਹਾਂ ਸਮਾਗਮਾਂ ਸਮੇਂ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸਿੰਘ ਸਾਹਿਬਾਨ ਅਤੇ ਪ੍ਰਮੁੱਖ ਸਖਸ਼ੀਅਤਾਂ ਸ਼ਮੂਲੀਅਤ ਕਰਨਗੀਆਂ। ਤਖਤ ਸ੍ਰੀ ਹਜ਼ੂਰ ਸਾਹਿਬ ਤੋਂ ਇਹ ਨਗਰ ਕੀਰਤਨ ੭ ਅਕਤੂਬਰ ਨੂੰ ਅਗਲੇ ਪੜਾਅ ਲਈ ਰਵਾਨਾ ਹੋਵੇਗਾ।

ਗੁਰਦੁਆਰਾ ਨਾਨਕ ਝੀਰਾ ਸਾਹਿਬ ਬਿਦਰ ਤੋਂ ਹਜ਼ੂਰ ਸਾਹਿਬ ਜਾਂਦੇ ਸਮੇਂ ਰਸਤੇ ਵਿਚ ਵੱਖ-ਵੱਖ ਪੜਾਵਾਂ ਤੇ ਸੰਗਤਾਂ ਵੱਲੋਂ ਨਗਰ ਕੀਰਤਨ ਦਾ ਭਰਵਾਂ ਸਵਾਗਤ ਕੀਤਾ ਗਿਆ। ਵੱਖ-ਵੱਖ ਧਰਮਾਂ ਨਾਲ ਸਬੰਧਤ ਸੰਗਤਾਂ ਵਿੱਚ ਵੱਡਾ ਉਤਸ਼ਾਹ ਸੀ। ਸੰਗਤਾਂ ਵੱਲੋਂ ਪਾਲਕੀ ਸਾਹਿਬ ਤੇ ਫੁੱਲਾਂ ਦੀ ਵਰਖਾ ਕਰਕੇ ਗੁਰੂ ਸਾਹਿਬ ਨੂੰ ਸਤਿਕਾਰ ਭੇਟ ਕੀਤਾ ਗਿਆ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਸਾਬਕਾ ਮੈਂਬਰ ਬੀਬੀ ਭਜਨ ਕੌਰ ਡੋਗਰਾਂਵਾਲਾ, ਮੀਤ ਸਕੱਤਰ ਸ. ਕੁਲਦੀਪ ਸਿੰਘ ਰੋਡੇ, ਗੁਰਦੁਆਰਾ ਨਾਨਕ ਝੀਰਾ ਸਾਹਿਬ ਬਿਦਰ ਦੇ ਪ੍ਰਧਾਨ ਸ. ਬਲਬੀਰ ਸਿੰਘ, ਹੈੱਡ ਗ੍ਰੰਥੀ ਗਿਆਨੀ ਹਰਪਾਲ ਸਿੰਘ, ਮੈਂਬਰ ਸ. ਮਨਪ੍ਰੀਤ ਸਿੰਘ, ਸ. ਪ੍ਰਦੀਪ ਸਿੰਘ, ਸ. ਇੰਦਰ ਸਿੰਘ, ਸ. ਤੇਜਪਾਲ ਸਿੰਘ, ਸ. ਪੁਵੀਤ ਸਿੰਘ, ਸ. ਲਹੌਰਾ ਸਿੰਘ, ਸ. ਹਰੀ ਸਿੰਘ, ਸ਼੍ਰੋਮਣੀ ਕਮੇਟੀ ਦੇ ਇੰਚਾਰਜ ਸ. ਗੁਰਮੇਜ ਸਿੰਘ, ਮੈਨੇਜਰ ਸ. ਨਰਿੰਦਰ ਸਿੰਘ ਮਥਰੇਵਾਲ, ਸੁਪਰਵਾਈਜ਼ਰ ਸ. ਹਰਭਜਨ ਸਿੰਘ, ਸ.

ਹਰਵਿੰਦਰ ਸਿੰਘ ਵੇਰਕਾ, ਸ. ਰਾਮ ਸਿੰਘ ਮੁੰਬਈ, ਹੈੱਡ ਪ੍ਰਚਾਰਕ ਭਾਈ ਜਗਦੇਵ ਸਿੰਘ, ਭਾਈ ਹਰਜੀਤ ਸਿੰਘ, ਗੁਰਦੁਆਰਾ ਨਾਨਕ ਝੀਰਾ ਸਾਹਿਬ ਬਿਦਰ ਦੇ ਮੈਨੇਜਰ ਸ. ਜਗਜੀਤ ਸਿੰਘ ਸਮੇਤ ਵੱਡੀ ਗਿਣਤੀ ਸੰਗਤਾਂ ਹਾਜ਼ਰ ਸਨ। ੫ ਅਕਤੂਬਰ

ਅਮਰੀਕੀ ਫੌਜ 'ਚ ਸਿੱਖਾਂ ਨੂੰ ਦਾੜ੍ਹੀ ਰੱਖਣ ਤੋਂ ਰੋਕਣਾ ਧਾਰਮਿਕ ਅਜ਼ਾਦੀ ਦਾ ਉਲੰਘਣ- ਐਡਵੋਕੇਟ ਧਾਮੀ

ਭਾਰਤ ਦੇ ਵਿਦੇਸ਼ ਮੰਤਰੀ ਨੂੰ ਪੱਤਰ ਲਿਖ ਕੇ ਮਾਮਲਾ ਅਮਰੀਕਾ ਸਰਕਾਰ ਕੋਲ ਉਠਾਉਣ ਲਈ ਆਖਿਆ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਅਮਰੀਕਾ ਦੇ ਰੱਖਿਆ ਸਕੱਤਰ ਦੇ ਅਮਰੀਕੀ ਰੱਖਿਆ ਬਲਾਂ 'ਚ ਸਿੱਖਾਂ ਨੂੰ ਦਾੜ੍ਹੀ ਰੱਖਣ ਤੋਂ ਰੋਕਣ ਵਾਲੇ ਬਿਆਨ ਬਾਰੇ ਭਾਰਤ ਦੇ ਵਿਦੇਸ਼ ਮੰਤਰੀ ਡਾ. ਐਸ. ਜੈਸ਼ੰਕਰ ਨੂੰ ਪੱਤਰ ਲਿਖ ਕੇ ਅਮਰੀਕਾ ਸਰਕਾਰ ਕੋਲ ਮਾਮਲਾ ਉਠਾ ਕੇ ਇਸ 'ਤੇ ਰੋਕ ਲਗਾਉਣ ਲਈ ਆਖਿਆ ਹੈ। ਪੱਤਰ ਵਿੱਚ ਲਿਖਿਆ ਗਿਆ ਕਿ ਇਸ ਫੈਸਲੇ ਨਾਲ ਸਿੱਖਾਂ ਦੀਆਂ ਧਾਰਮਿਕ ਮਾਨਤਾਵਾਂ ਨੂੰ ਸੱਟ ਵੱਜੀ ਹੈ, ਇਸ ਨੂੰ ਰੋਕਿਆ ਜਾਵੇ ਅਤੇ ਸਿੱਖਾਂ ਨੂੰ ਪਹਿਲਾਂ ਵਾਂਗ ਅਮਰੀਕਾ ਦੀ ਆਰਮੀ ਵਿਚ ਆਪਣੇ ਧਰਮ ਦਾ ਪਾਲਣ ਕਰਦਿਆਂ ਸੇਵਾਵਾਂ ਦੀ ਇਜਾਜ਼ਤ ਹੋਵੇ।

ਦਫ਼ਤਰ ਤੋਂ ਜਾਰੀ ਬਿਆਨ ਵਿੱਚ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਅਮਰੀਕਾ ਸਰਕਾਰ ਦੇ ਅਧਿਕਾਰੀ ਦਾ ਅਜਿਹਾ ਬਿਆਨ ਸਿੱਖਾਂ ਦੀਆਂ ਪ੍ਰੰਪਰਾਵਾਂ ਅਤੇ ਮੌਲਿਕ ਅਧਿਕਾਰਾਂ ਨੂੰ ਅੱਖੋ-ਪਰੋਖੇ ਕਰਨ ਵਾਲਾ ਹੈ। ਉਨ੍ਹਾਂ ਕਿਹਾ ਕਿ ਸਿੱਖਾਂ ਨੇ ਆਪਣੀ ਕਾਬਲੀਅਤ ਨਾਲ ਜਿਥੇ ਪੂਰੀ ਦੁਨੀਆਂ ਵਿਚ ਚੰਗੇ ਮੁਕਾਮ ਹਾਸਲ ਕੀਤੇ ਹਨ, ਉਥੇ ਅਮਰੀਕਾ ਦੇ ਵਿਕਾਸ ਵਿੱਚ ਵੀ ਆਪਣਾ ਯੋਗਦਾਨ ਪਾਇਆ ਹੈ ਅਤੇ ਅਮਰੀਕਾ ਦੀਆਂ ਸੇਨਾਵਾਂ ਵਿਚ ਵੀ ਸਿੱਖ ਆਪਣੀ ਡਿਊਟੀ ਪੂਰੀ ਲਗਣ ਨਾਲ ਕਰ ਰਹੇ ਹਨ। ਅਜਿਹੇ ਵਿਚ ਫੌਜ ਦੀ ਡਿਊਟੀ ਦੌਰਾਨ ਸਿੱਖਾਂ ਨੂੰ ਦਾੜ੍ਹੀ ਰੱਖਣ ਤੋਂ ਰੋਕਣ ਦਾ ਫੈਸਲਾ ਤਰਕਸੰਗਤ ਨਹੀਂ ਹੈ।

ਐਡਵੋਕੇਟ ਧਾਮੀ ਨੇ ਕਿਹਾ ਕਿ ਸਿੱਖਾਂ ਵੱਲੋਂ ਆਪਣੇ ਕੇਸ ਨਾ ਕੱਟਣੇ ਆਪਣੇ ਗੁਰੂ ਸਾਹਿਬਾਨ ਅਤੇ ਧਰਮ ਪ੍ਰਤੀ ਵਚਨਬਧਤਾ ਹੈ ਅਤੇ ਅਮਰੀਕਾ ਦੇ ਰੱਖਿਆ ਮੰਤਰੀ ਵੱਲੋਂ ਸਿੱਖਾਂ ਨੂੰ ਦਾੜ੍ਹੀ ਰੱਖਣ ਤੋਂ ਰੋਕਣ ਦਾ ਕਾਨੂੰਨ ਸਿੱਖਾਂ ਦੀ ਧਾਰਮਿਕ ਅਜ਼ਾਦੀ 'ਤੇ ਹਮਲਾ ਹੈ। ਉਨ੍ਹਾਂ ਕਿਹਾ ਕਿ ਅਮਰੀਕਾ ਵਰਗੇ ਲੋਕਤੰਤਰੀ ਦੇਸ਼ ਵਿਚ ਸਿੱਖ ਭਾਈਚਾਰੇ ਨਾਲ ਅਜਿਹਾ ਵਿਤਕਰਾ ਠੀਕ ਨਹੀਂ ਹੈ। ਉਨ੍ਹਾਂ ਇਹ ਵੀ ਆਖਿਆ ਕਿ ਅਮਰੀਕਾ ਦੇ ਸਰਬਪੱਖੀ ਵਿਕਾਸ ਵਿਚ ਸਿੱਖਾਂ ਦੇ ਯੋਗਦਾਨ ਨੂੰ ਨਜ਼ਰਅੰਦਾਜ਼ ਨਹੀਂ ਕੀਤਾ ਜਾ ਸਕਦਾ। ਸਿੱਖਾਂ ਨੇ ਉਥੇ ਰਹਿੰਦਿਆਂ ਬੇਹੱਦ ਸਖ਼ਤ ਮਿਹਨਤ ਕਰਕੇ ਦੇਸ਼ ਦੀ ਖੁਸ਼ਹਾਲੀ ਲਈ ਕੰਮ ਕੀਤਾ ਹੈ। ਉਨ੍ਹਾਂ ਕਿਹਾ ਕਿ ਸਿੱਖ ਕੌਮ ਦੇ ਰੀਤੀ ਰਿਵਾਜ ਦੁਨੀਆਂ ਦੇ ਕਿਸੇ ਹਿੱਸੇ ਵਿਚ ਵੀ ਜਾਣ-ਪਛਾਣ ਦੇ ਮੁਥਾਜ ਨਹੀਂ ਹਨ, ਕਿਉਂਕਿ ਪੂਰੀ ਦੁਨੀਆਂ ਵਿਚ ਸਿੱਖਾਂ ਨੇ ਆਪਣੀ ਪਛਾਣ ਸਥਾਪਤ ਕੀਤੀ ਹੋਈ ਹੈ। ਅਮਰੀਕਾ ਦੇਸ਼ ਜਿਹੜਾ ਕਿ ਸਿੱਖਾਂ ਦੇ ਰਹਿਣ-ਸਹਿਣ, ਪਛਾਣ ਅਤੇ ਮਰਯਾਦਾ ਨੂੰ ਨੇੜਿਉਂ ਸਮਝਦਾ ਹੈ, ਉਥੇ ਸਿੱਖਾਂ ਦੀ ਧਾਰਮਿਕ ਅਜ਼ਾਦੀ ਨੂੰ ਸੱਟ ਮਾਰਨੀ ਠੀਕ ਨਹੀਂ ਹੈ। ਉਨ੍ਹਾਂ ਅਮਰੀਕਾ ਸਰਕਾਰ ਨੂੰ ਅਜਿਹਾ ਕੋਈ ਵੀ ਫੈਸਲਾ ਨਾ ਕਰਨ ਦੀ ਅਪੀਲ ਕਰਨ ਦੇ ਨਾਲ ਭਾਰਤ ਦੇ ਵਿਦੇਸ਼ ਮੰਤਰੀ ਨੂੰ ਵੀ ਅਪੀਲ ਕੀਤੀ ਕਿ ਉਹ ਇਹ ਮਾਮਲਾ ਤੁਰੰਤ ਅਮਰੀਕਾ ਦੀ ਸਰਕਾਰ ਕੋਲ ਉਠਾ ਕੇ ਇਸ ਦਾ ਹੱਲ ਕਰਨ। ੬ ਅਕਤੂਬਰ

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ:

ਅਸਾਮ ਤੋਂ ਆਰੰਭ ਹੋਏ ਸ਼ਹੀਦੀ ਨਗਰ ਕੀਰਤਨ ਦਾ ਤਖ਼ਤ ਸ੍ਰੀ ਹਜ਼ੂਰ ਸਾਹਿਬ ਪਹੁੰਚਣ 'ਤੇ ਸੰਗਤਾਂ ਵੱਲੋਂ ਭਰਵਾਂ ਸਵਾਗਤ

ਅੰਮ੍ਰਿਤਸਰ-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦਾ ੩੫੦ ਸਾਲਾ ਸ਼ਹੀਦੀ ਨਗਰ ਕੀਰਤਨ ਦਾ ਬੀਤੀ ਰਾਤ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਅਬਚਲ ਨਗਰ ਨਾਂਦੇੜ ਪਹੁੰਚਣ 'ਤੇ ਸੰਗਤਾਂ ਵੱਲੋਂ ਜੈਕਾਰਿਆਂ ਦੀ ਗੂੰਜ ਵਿਚ 'ਚ ਭਰਵਾਂ ਸਵਾਗਤ ਕੀਤਾ ਗਿਆ।

ਇਸੇ ਦੌਰਾਨ ਅੱਜ ਨਗਰ ਕੀਰਤਨ 'ਚ ਸ਼ਾਮਲ ਪੰਜ ਪਿਆਰੇ ਸਾਹਿਬਾਨ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਸੁਲਤਾਨ ਸਿੰਘ, ਗਿਆਨੀ ਪਲਵਿੰਦਰਪਾਲ ਸਿੰਘ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ, ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ, ਜਥੇਦਾਰ ਮੰਗਵਿੰਦਰ ਸਿੰਘ ਖਾਪੜਖੇੜੀ, ਸ. ਰਣਜੀਤ ਸਿੰਘ ਕਾਹਲੋਂ, ਸ. ਗੁਰਿੰਦਰਪਾਲ ਸਿੰਘ ਗੋਰਾ, ਜਥੇਦਾਰ ਬਾਵਾ ਸਿੰਘ ਗੁਮਾਨਪੁਰਾ, ਸ. ਅਮਰਜੀਤ ਸਿੰਘ ਭਲਾਈਪੁਰ, ਜਥੇਦਾਰ ਜਰਨੈਲ ਸਿੰਘ ਡੋਗਰਾਂਵਾਲਾ, ਸ. ਗੁਰਪ੍ਰੀਤ ਸਿੰਘ ਝੱਬਰ, ਸ. ਅਮਰਜੀਤ ਸਿੰਘ ਬੰਡਾਲਾ, ਸ. ਜਸਮੇਰ ਸਿੰਘ ਲਾਛੜੂ, ਸਾਬਕਾ ਮੈਂਬਰ ਬੀਬੀ ਭਜਨ ਕੌਰ ਡੋਗਰਾਂਵਾਲਾ, ਮੀਤ ਸਕੱਤਰ ਸ. ਕੁਲਦੀਪ ਸਿੰਘ ਰੋਡੇ ਸਮੇਤ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਅੱਜ ਗੁਰਦੁਆਰਾ ਲੰਗਰ ਸਾਹਿਬ ਦੇ ਮੁੱਖ ਸੇਵਾਦਾਰ ਬਾਬਾ ਬਲਵਿੰਦਰ ਸਿੰਘ ਤੇ ਬਾਬਾ ਨਰਿੰਦਰ ਸਿੰਘ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ ਨੇ ਬਾਬਾ ਬਲਵਿੰਦਰ ਸਿੰਘ ਤੇ ਬਾਬਾ ਨਰਿੰਦਰ ਸਿੰਘ ਕਾਰ ਸੇਵਾ ਹਜ਼ੂਰ ਸਾਹਿਬ ਵਾਲਿਆਂ ਵੱਲੋਂ ਗੁਰੂ ਘਰਾਂ ਅੰਦਰ ਨਿਭਾਈਆਂ ਜਾ ਰਹੀਆਂ ਸੇਵਾਵਾਂ ਦੀ ਪ੍ਰਸ਼ੰਸਾ ਕੀਤੀ ਅਤੇ ਸੰਗਤਾਂ ਵਾਸਤੇ ਕੀਤੇ ਪ੍ਰਬੰਧਾਂ ਲਈ ਸ਼੍ਰੋਮਣੀ ਕਮੇਟੀ ਵੱਲੋਂ ਧੰਨਵਾਦ ਵੀ ਕੀਤਾ। ਜ਼ਿਕਰਯੋਗ ਹੈ ਕਿ ਇਹ ਨਗਰ ਕੀਰਤਨ ਅੱਜ ਤਖ਼ਤ ਸ੍ਰੀ ਹਜ਼ੂਰ ਸਾਹਿਬ ਵਿਖੇ ਰੁਕੇਗਾ, ਜਿਥੇ ਨੌਵੇਂ ਪਾਤਸ਼ਾਹ ਜੀ ਦੀ ੩੫੦ ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਵਿਸ਼ੇਸ਼ ਗੁਰਮਤਿ ਸਮਾਗਮ ਆਯੋਜਤ ਹੋਣਗੇ।

ਇਹ ਸ਼ਹੀਦੀ ਨਗਰ ਕੀਰਤਨ ਦੀ ਤਖ਼ਤ ਸ੍ਰੀ ਹਜ਼ੂਰ ਸਾਹਿਬ ਸਾਹਿਬ ਤੋਂ ਅਗਲੇ ਪੜਾਅ ਲਈ ਰਵਾਨਗੀ ੭ ਅਕਤੂਬਰ ਨੂੰ ਸਵੇਰੇ ਹੋਵੇਗੀ। ਨਗਰ ਕੀਰਤਨ ਦੀ ਰਵਾਨਗੀ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕਟ ਹਰਜਿੰਦਰ ਸਿੰਘ ਧਾਮੀ, ਸਿੰਘ ਸਾਹਿਬਾਨ ਅਤੇ ਪ੍ਰਮੁੱਖ ਸ਼ਖ਼ਸੀਅਤਾਂ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਨਗੀਆਂ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਇੰਚਾਰਜ ਸ. ਗੁਰਮੇਜ ਸਿੰਘ, ਮੈਨੇਜਰ ਸ. ਨਰਿੰਦਰ ਸਿੰਘ ਮਥਰੇਵਾਲ, ਸ. ਰਣਜੀਤ ਸਿੰਘ ਜਲੰਧਰ, ਸ. ਜਸਬੀਰ ਸਿੰਘ ਘੁੰਮਣ, ਸ. ਸਤਿੰਦਰ ਸਿੰਘ, ਸ. ਅਰਜਨ ਸਿੰਘ, ਸ. ਗੁਰਮੀਤ ਸਿੰਘ, ਸ. ਗੁਰਮੇਜ ਸਿੰਘ ਸਰਪੰਚ, ਸੁਪਰਵਾਈਜ਼ਰ ਸ. ਹਰਭਜਨ ਸਿੰਘ, ਸ. ਹਰਵਿੰਦਰ ਸਿੰਘ ਵੇਰਕਾ, ਸ. ਰਾਮ ਸਿੰਘ ਮੁੰਬਈ, ਹੈੱਡ ਪ੍ਰਚਾਰਕ ਭਾਈ ਜਗਦੇਵ ਸਿੰਘ, ਭਾਈ ਹਰਜੀਤ ਸਿੰਘ, ਸਮੇਤ ਸੰਗਤਾਂ ਹਾਜ਼ਰ ਸਨ। ੬ ਅਕਤੂਬਰ

ਸ਼ਹੀਦੀ ਨਗਰ ਕੀਰਤਨ ਤਖ਼ਤ ਸ੍ਰੀ ਹਜ਼ੂਰ ਸਾਹਿਬ ਵਿਖੇ ਦੋ ਦਿਨ ਦੇ ਪੜਾਅ ਮਗਰੋਂ ਔਰੰਗਾਬਾਦ ਲਈ ਰਵਾਨਾ

ਤਖ਼ਤ ਸਾਹਿਬਾਨ ਦੀ ਰਹਿਨੁਮਾਈ 'ਚ ਰਹਿ ਕੇ ਹੀ ਕੌਮ ਦੀ ਸ਼ਕਤੀ ਪ੍ਰਬਲ ਹੁੰਦੀ ਹੈ-ਐਡਵੋਕੇਟ ਧਾਮੀ

ਜਥੇਦਾਰ ਕੁਲਵੰਤ ਸਿੰਘ ਨੇ ਤਖ਼ਤ ਸਾਹਿਬ ਦੀ ਰਵਾਇਤ ਅਨੁਸਾਰ ਐਡਵੋਕੇਟ ਧਾਮੀ, ਜਥੇਦਾਰ ਟੇਕ ਸਿੰਘ ਤੇ ਗਿਆਨੀ ਪਲਵਿੰਦਰਪਾਲ ਸਿੰਘ ਨੂੰ ਕੀਤਾ ਸਨਮਾਨਿਤ

ਅੰਮ੍ਰਿਤਸਰ-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦਾ ੩੫੦ ਸਾਲਾ ਸ਼ਹੀਦੀ ਨਗਰ ਕੀਰਤਨ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਅਬਚਲ ਨਗਰ ਨਾਂਦੇੜ ਸਾਹਿਬ ਵਿਖੇ ਦੋ ਦਿਨਾਂ ਪੜਾਅ ਮਗਰੋਂ ਰਵਾਨਗੀ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸਿੰਘ ਸਾਹਿਬਾਨ ਅਤੇ ਵੱਡੀ ਗਿਣਤੀ ਵਿਚ ਸ਼੍ਰੋਮਣੀ ਕਮੇਟੀ ਮੈਂਬਰਾਂ ਨੇ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ। ਅੱਜ ਤਖ਼ਤ ਸਾਹਿਬ ਤੋਂ ਨਗਰ ਕੀਰਤਨ ਖਾਲਸਾਈ ਜਾਹੋ ਜਲਾਲ ਨਾਲ ਔਰੰਗਾਬਾਦ ਲਈ ਰਵਾਨਾ ਹੋਇਆ। ਇਸ ਮੌਕੇ ਸੰਗਤਾਂ ਵੱਲੋਂ ਜੈਕਾਰਿਆਂ ਦੀ ਗੂੰਜ ਅਲੌਕਿਕ ਦ੍ਰਿਸ਼ ਸਿਰਜ ਰਹੀ ਸੀ ਅਤੇ ਸਮੁੱਚਾ ਸ਼ਹਿਰ ਖ਼ਾਲਸਾਈ ਰੰਗਤ ਵਿਚ ਰੰਗਿਆ ਹੋਇਆ ਸੀ।

ਇਸੇ ਦੌਰਾਨ ਬੀਤੀ ਰਾਤ ਸ਼੍ਰੋਮਣੀ ਕਮੇਟੀ ਵੱਲੋਂ ਤਖ਼ਤ ਸ੍ਰੀ ਹਜੂਰ ਸਾਹਿਬ ਪ੍ਰਬੰਧਕੀ ਬੋਰਡ ਦੇ ਸਹਿਯੋਗ ਨਾਲ ਨੌਵੇਂ ਪਾਤਸ਼ਾਹ ਜੀ ਦੀ ੩੫੦ ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਗਏ, ਜਿਸ 'ਚ ਜਥੇਦਾਰ ਗਿਆਨੀ ਕੁਲਵੰਤ ਸਿੰਘ ਵੱਲੋਂ ਤਖ਼ਤ ਸਾਹਿਬ ਦੀ ਪ੍ਰੰਪਰਾ ਅਤੇ ਪੁਰਾਤਨ ਰਵਾਇਤ ਅਨੁਸਾਰ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ,ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ ਤੇਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਗਿਆਨੀ ਪਲਵਿੰਦਰਪਾਲ ਸਿੰਘ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਤੋਂ ਪਹਿਲਾਂ ਗੁਰਦੁਆਰਾ ਲੰਗਰ ਸਾਹਿਬ ਵਿਖੇ ਵੀ ਬਾਬਾ ਨਰਿੰਦਰ ਸਿੰਘ ਕਾਰ ਸੇਵਾ ਵਾਲਿਆਂ ਵੱਲੋਂ ਸ਼੍ਰੋਮਣੀ ਕਮੇਟੀ ਪ੍ਰਧਾਨ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ।

ਗੁਰਮਤਿ ਸਮਾਗਮ ਦੌਰਾਨ ਸੰਬੋਧਨ ਕਰਦਿਆਂ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਤਖ਼ਤ ਸਾਹਿਬਾਨ ਦਾ ਸਿੱਖ ਦੇ ਜੀਵਨ ਵਿਚ ਵੱਡਾ ਮਹੱਤਵ ਹੈ ਅਤੇ ਤਖ਼ਤਾਂ ਦੀ ਰਹਿਨੁਮਾਈ ਹੇਠ ਹੀ ਕੌਮ ਦੀ ਸ਼ਕਤੀ ਪ੍ਰਬਲ ਹੁੰਦੀ ਹੈ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਦੀ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਤਖ਼ਤ ਸਾਹਿਬ 'ਤੇ ਸਮਾਗਮ ਕਰਕੇ ਨਗਰ ਕੀਰਤਨ ਦੀ ਰਵਾਨਗੀ ਸੰਗਤਾਂ ਵਿਚ ਹੋਰ ਉਤਸ਼ਾਹ ਭਰੇਗੀ। ਉਨ੍ਹਾਂ ਕਿਹਾ ਕਿ ਇਹ ਇਤਿਹਾਸਕ ਨਗਰ ਕੀਰਤਨ ਇਸ ਲਈ ਹੋਰ ਵੀ ਮਹੱਤਵ ਵਾਲਾ ਹੈ, ਕਿਉਂਕਿ ਇਹ ਪੰਜਾਂ ਤਖ਼ਤਾਂ ਦੀ ਯਾਤਰਾ ਕਰਕੇ ਸ਼ਤਾਬਦੀ ਸਮਾਗਮਾਂ ਸਮੇਂ ਸੰਪੂਰਨ ਹੋਵੇਗਾ। ਐਡਵੋਕੇਟ ਧਾਮੀ ਨੇ ਸਿੰਘ ਸਾਹਿਬ ਗਿਆਨੀ ਕੁਲਵੰਤ ਸਿੰਘ ਦੀ ਅਗਵਾਈ ਹੇਠ ਸੰਗਤਾਂ ਲਈ ਤਖਤ ਸਾਹਿਬ ਵਿਖੇ ਕੀਤੇ ਪ੍ਰਬੰਧਾਂ ਅਤੇ ਮਾਨ ਸਨਮਾਨ ਲਈ ਪ੍ਰਬੰਧਕਾਂ ਦਾ ਧੰਨਵਾਦ ਵੀ ਕੀਤਾ।

ਸਮਾਗਮ ਦੌਰਾਨ ਜਿਥੇ ਹਜੂਰੀ ਰਾਗੀ ਜਥਿਆਂ ਵੱਲੋਂ ਗੁਰਬਾਣੀ ਕੀਰਤਨ ਕੀਤਾ ਗਿਆ ਉਥੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਗਿਆਨੀ ਪਲਵਿੰਦਰਪਾਲ ਸਿੰਘ ਨੇ ਗੁਰੂ ਸਾਹਿਬ ਦੇ ਜੀਵਨ ਇਤਿਹਾਸ ਦੀ ਸਾਂਝ ਪਾਈ।

ਇਸੇ ਦੌਰਾਨ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਧਾਮੀ ਨੇ ਸਿੰਘ ਸਾਹਿਬ ਜਥੇਦਾਰ ਗਿਆਨੀ ਕੁਲਵੰਤ ਸਿੰਘ ਅਤੇ ਗੁਰਦੁਆਰਾ ਲੰਗਰ ਸਾਹਿਬ ਦੇ ਮੁੱਖ ਸੇਵਾਦਾਰ ਬਾਬਾ ਨਰਿੰਦਰ ਸਿੰਘ ਨਾਲ ਮੁਲਾਕਾਤ ਕਰਕੇ ਸ਼ਤਾਬਦੀ ਸਮਾਗਮਾਂ ਬਾਰੇ ਵਿਚਾਰਾਂ ਕੀਤੀਆਂ ਅਤੇ ਸਮਾਗਮਾਂ ਵਿਚ ਸ਼ਮੂਲੀਅਤ ਦਾ ਸੱਦਾ ਦਿੱਤਾ। ਮੁਲਕਾਤ ਦੌਰਾਨ ਜਥੇਦਾਰ ਗਿਆਨੀ ਕੁਲਵੰਤ ਸਿੰਘ ਨੇ ਕਿਹਾ ਕਿ ਨੌਵੇਂ ਪਾਤਸ਼ਾਹ ਜੀ ਦੀ ਸ਼ਹਾਦਤ ਵੱਡੇ ਅਰਥ ਰੱਖਦੀ ਹੈ ਅਤੇ ਉਨ੍ਹਾਂ ਦੀ ਸ਼ਹਾਦਤ ਦੀ ੩੫੦ ਸਾਲਾ ਸ਼ਤਾਬਦੀ ਦੇ ਸਮਾਗਮ ਕੌਮੀ ਇੱਕਜੁਟਤਾ ਨਾਲ ਮਨਾਉਣੇ ਚਾਹੀਦੇ ਹਨ। ਉਨ੍ਹਾਂ ਜਿਥੇ ਆਪ ਸ਼ਤਾਬਦੀ ਸਮਾਗਮਾਂ ਵਿਚ ਸ਼ਾਮਲ ਹੋਣ ਦੀ ਹਾਮੀ ਭਰੀ, ਉਥੇ ਸੰਗਤਾਂ ਨੂੰ ਵੀ ਅਪੀਲ ਕੀਤੀ ਕਿ ਉਹ ਇਨ੍ਹਾਂ ਸਮਾਗਮਾਂ ਵਿਚ ਪਰਿਵਾਰਾਂ ਸਮੇਤ ਸ਼ਮੂਲੀਅਤ ਕਰਨ।

ਇਸ ਮੌਕੇ ਤਖਤ ਸ੍ਰੀ ਹਜੂਰ ਸਾਹਿਬ ਦੇ ਮੀਤ ਜਥੇਦਾਰ ਗਿਆਨੀ ਰਾਮ ਸਿੰਘ, ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ, ਜਥੇਦਾਰ ਮੰਗਵਿੰਦਰ ਸਿੰਘ ਖਾਪੜਖੇੜੀ, ਸ. ਰਣਜੀਤ ਸਿੰਘ ਕਾਹਲੋਂ, ਸ. ਗੁਰਿੰਦਰਪਾਲ ਸਿੰਘ ਗੋਰਾ, ਜਥੇਦਾਰ ਬਾਵਾ ਸਿੰਘ ਗੁਮਾਨਪੁਰਾ, ਸ. ਅਮਰਜੀਤ ਸਿੰਘ ਭਲਾਈਪੁਰ, ਜਥੇਦਾਰ ਜਰਨੈਲ ਸਿੰਘ ਡੋਗਰਾਂਵਾਲਾ, ਸ. ਗੁਰਪ੍ਰੀਤ ਸਿੰਘ ਝੱਬਰ, ਸ. ਅਮਰਜੀਤ ਸਿੰਘ ਬੰਡਾਲਾ, ਸ. ਜਸਮੇਰ ਸਿੰਘ ਲਾਛੜੂ, ਜਥੇਦਾਰ ਕੌਰ ਸਿੰਘ, ਸਾਬਕਾ ਮੈਂਬਰ ਬੀਬੀ ਭਜਨ ਕੌਰ ਡੋਗਰਾਂਵਾਲਾ, ਬਾਬਾ ਬਲਦੇਵ ਸਿੰਘ ਸ਼ਹੀਦੀ ਬਾਗ,ਓਐਸਡੀ ਸ. ਸਤਬੀਰ ਸਿੰਘ ਧਾਮੀ, ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਮੀਤ ਸਕੱਤਰ ਸ. ਹਰਭਜਨ ਸਿੰਘ ਵਕਤਾ, ਸ. ਗੁਰਦਿਆਲ ਸਿੰਘ, ਤਖ਼ਤ ਸਾਹਿਬ ਦੇ ਸੁਪ੍ਰਿੰਟੈਡੈਂਟ ਸ. ਗੁਰਬਚਨ ਸਿੰਘ, ਵਧੀਕ ਮੈਨੇਜਰ ਸ. ਯੁਵਰਾਜ ਸਿੰਘ, ਸ. ਰਾਮ ਸਿੰਘ ਮੁੰਬਈ ਸਮੇਤ ਸੰਗਤਾਂ ਹਾਜ਼ਰ ਸਨ। ੭ ਅਕਤੂਬਰ

ਜੰਮੂ ਕਸ਼ਮੀਰ ਦੇ ਪਿੰਡ ਕੌਲਪੁਰ 'ਚ ਸਰੂਪਾਂ ਦੀ ਬੇਅਦਬੀ ਦੀ ਐਡਵੋਕੇਟ ਧਾਮੀ ਵੱਲੋਂ ਸਖ਼ਤ ਨਿੰਦਾ

ਭਾਰਤ ਸਰਕਾਰ ਕਾਨੂੰਨ ਵਿਚ ਸੋਧ ਕਰਕੇ ਬੇਅਦਬੀ ਦੇ ਦੋਸ਼ੀਆਂ ਨੂੰ ਸਖ਼ਤ ਸਜ਼ਾ ਦਾ ਕਰੇ ਪ੍ਰਬੰਧ- ਐਡਵੋਕੇਟ ਧਾਮੀ

ਅੰਮ੍ਰਿਤਸਰ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਜੰਮੂ ਕਸ਼ਮੀਰ ਅੰਦਰ ਸਾਂਬਾ ਜ਼ਿਲ੍ਹੇ ਦੇ ਪਿੰਡ ਕੌਲਪੁਰ 'ਚ ਇਕ ਵਿਅਕਤੀ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਦੀ ਕੀਤੀ ਬੇਅਦਬੀ ਦੀ ਸਖ਼ਤ ਸ਼ਬਦਾਂ ਵਿਚ ਨਿੰਦਾ ਕਰਦਿਆਂ ਦੋਸ਼ੀ ਵਿਰੁੱਧ ਕਰੜੀ ਕਾਰਵਾਈ ਕਰਨ ਲਈ ਕਿਹਾ ਹੈ। ਐਡਵੋਕੇਟ ਧਾਮੀ ਨੇ ਆਖਿਆ ਕਿ ਇਹ ਬੇਹੱਦ ਦੁਖਦ ਮਾਮਲਾ ਹੈ, ਜਿਸ ਨੇ ਸਿੱਖ ਭਾਵਨਾਵਾਂ ਨੂੰ ਗਹਿਰੀ ਸੱਟ ਮਾਰੀ ਹੈ। ਉਨ੍ਹਾਂ ਕਿਹਾ ਕਿ ਜਦੋਂ ਸਮੁੱਚਾ ਪੰਥ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ ੩੫੦ ਸਾਲਾ ਸ਼ਤਾਬਦੀ ਮਨਾ ਰਿਹਾ ਹੈ, ਤਾਂ ਅਜਿਹੀਆਂ ਘਟਨਾਵਾਂ ਦਾ ਵਾਪਰਨਾ ਗਹਿਰੀ ਸਾਜ਼ਿਸ਼ ਦਾ ਹਿੱਸਾ ਲਗਦੀਆਂ ਹਨ। ਉਨ੍ਹਾਂ ਕਿਹਾ ਕਿ ਸਰਕਾਰ ਤੁਰੰਤ ਇਸ ਸਾਜ਼ਿਸ਼ ਦਾ ਪਤਾ ਲਗਾਏ ਅਤੇ ਦੋਸ਼ੀਆਂ ਨੂੰ ਮਿਸਾਲੀ ਸਜ਼ਾ ਦੇਵੇ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਮਿਥ ਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਕਰਨਾ ਕੌਮ ਦੀਆਂ ਭਾਵਨਾਵਾਂ 'ਤੇ ਸਿੱਧਾ ਹਮਲਾ ਹੈ, ਜਿਸ ਨੂੰ ਕੌਮ ਬਰਦਾਸ਼ਤ ਨਹੀਂ ਕਰ ਸਕਦੀ। ਅਜਿਹੀਆਂ ਘਟਨਾਵਾਂ ਸਰਕਾਰਾਂ ਦੀ ਢਿੱਲ ਅਤੇ ਅਜਿਹੇ ਪੰਥ ਵਿਰੋਧੀਆਂ ਖਿਲਾਫ਼ ਢਿੱਲੀ ਕਾਰਵਾਈ ਦਾ ਨਤੀਜਾ ਹੈ। ਕਿਉਂਕਿ ਜਦੋਂ ਵੀ ਅਜਿਹੀ ਮੰਦਭਾਗੀ ਹਰਕਤ ਸਾਹਮਣੇ ਆਉਂਦੀ ਹੈ ਤਾਂ ਦੋਸ਼ੀ ਸਹਿਜੇ ਹੀ ਬਚ ਨਿਕਲਦੇ ਹਨ।

ਜੇਕਰ ਮਿਸਾਲੀ ਕਾਰਵਾਈ ਤੇ ਸਜ਼ਾ ਹੋਵੇ ਤਾਂ ਕੋਈ ਵੀ ਅਜਿਹੀ ਹਰਕਤ ਦਾ ਹੀਆ ਨਾ ਕਰੇ।

ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਭਾਰਤ ਸਰਕਾਰ ਨੂੰ ਦੇਸ਼ ਦੇ ਕਾਨੂੰਨ ਵਿਚ ਸੋਧ ਕਰਕੇ ਬੇਅਦਬੀਆਂ ਦੇ ਦੋਸ਼ੀਆਂ ਨੂੰ ਸਖ਼ਤ ਸਜ਼ਾ ਦਾ ਪ੍ਰਬੰਧ ਕਰਨ ਲਈ ਢੁੱਕਵੇਂ ਕਦਮ ਚੁੱਕਣੇ ਚਾਹੀਦੇ ਹਨ। ਉਨ੍ਹਾਂ ਕਿਹਾ ਕਿ ਭਾਵੇਂ ਪਹਿਲਾਂ ਵੀ ਸਰਕਾਰਾਂ ਨੇ ਸਖ਼ਤ ਕਾਨੂੰਨ ਲਿਆਉਣ ਦੀ ਕਈ ਵਾਰ ਗੱਲਾਂ ਕੀਤੀਆਂ ਹਨ, ਪ੍ਰੰਤੂ ਕੋਈ ਠੋਸ ਨਤੀਜੇ ਸਾਹਮਣੇ ਨਹੀਂ ਆਏ।

ਇਸੇ ਦੌਰਾਨ ਐਡਵੋਕੇਟ ਧਾਮੀ ਨੇ ਜੰਮੂ ਕਸ਼ਮੀਰ ਵਿਖੇ ਘਟਨਾ ਸਥਾਨ 'ਤੇ ਸ਼੍ਰੋਮਣੀ ਕਮੇਟੀ ਵੱਲੋਂ ਮੈਂਬਰ ਸ. ਗੁਰਮੀਤ ਸਿੰਘ ਬੂਹ, ਭਾਈ ਅਜੈਬ ਸਿੰਘ ਅਭਿਆਸੀ, ਸਕੱਤਰ ਸ. ਪ੍ਰਤਾਪ ਸਿੰਘ ਅਤੇ ਸਿੱਖ ਮਿਸ਼ਨ ਜੰਮੂ ਕਸ਼ਮੀਰ ਦੇ ਇੰਚਾਰਜ ਸ. ਹਰਭਿੰਦਰ ਸਿੰਘ ਨੂੰ ਭੇਜ ਕੇ ਮੁਕੰਮਲ ਰਿਪੋਰਟ ਮੰਗੀ ਹੈ। ਉਨ੍ਹਾਂ ਇਹ ਵੀ ਨਿਰਦੇਸ਼ ਦਿੱਤੇ ਹਨ ਕਿ ਪ੍ਰਭਾਵਿਤ ਪਾਵਨ ਸਰੂਪ ਸੰਭਾਲੇ ਜਾਣ ਦੀ ਕਾਰਵਾਈ ਕੀਤੀ ਜਾਵੇ ਅਤੇ ਨਾਲ ਹੀ ਕਾਨੂੰਨੀ ਕਾਰਵਾਈ ਲਈ ਵੀ ਜ਼ੁੰਮੇਵਾਰੀ ਨਿਭਾਈ ਜਾਵੇ। ੮ ਅਕਤੂਬਰ

ਚੌਥੇ ਪਾਤਸ਼ਾਹ ਜੀ ਦੇ ਪ੍ਰਕਾਸ਼ ਪੁਰਬ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਲੱਖਾਂ ਸੰਗਤਾਂ ਹੋਈਆਂ ਨਤਮਸਤਕ

ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ ਤੇ ਗੁਰਦੁਆਰਾ ਬਾਬਾ ਅਟੱਲ ਰਾਇ ਸਾਹਿਬ ਵਿਖੇ ਸਜਾਏ ਸੁੰਦਰ ਜਲੌ

ਅੰਮ੍ਰਿਤਸਰ-ਚੌਥੇ ਪਾਤਸ਼ਾਹ ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਗੁਰਪੁਰਬ ਮੌਕੇ ਅੱਜ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਵੱਡੀ ਗਿਣਤੀ ਸੰਗਤਾਂ ਨੇ ਨਤਮਸਤਕ ਹੋ ਕੇ ਸ਼ਰਧਾ ਦਾ ਪ੍ਰਗਟਾਵਾ ਕੀਤਾ। ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ, ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਵਧੀਕ ਹੈੱਡ ਗ੍ਰੰਥੀ ਗਿਆਨੀ ਅਮਰਜੀਤ ਸਿੰਘ ਸਮੇਤ ਪੰਥ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਨੇ ਵੀ ਹਾਜ਼ਰੀ ਭਰੀ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ ਤੇ ਗੁਰਦੁਆਰਾ ਬਾਬਾ ਅਟੱਲ ਰਾਇ ਸਾਹਿਬ ਵਿਖੇ ਸੁੰਦਰ ਜਲੌ ਸਜਾਏ ਗਏ, ਜੋ ਸੰਗਤਾਂ ਲਈ ਖਿੱਚ ਦਾ ਕੇਂਦਰ ਰਹੇ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ, ਜਿਸ ਮਗਰੋਂ ਪੰਥ ਪ੍ਰਸਿੱਧ ਰਾਗੀ, ਢਾਡੀ ਤੇ ਕਵੀਸ਼ਰ ਜਥਿਆਂ ਨੇ ਸੰਗਤ ਨੂੰ ਇਤਿਹਾਸ ਨਾਲ ਜੋੜਿਆ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸੰਬੋਧਨ ਕਰਦਿਆਂ ਸੰਗਤਾਂ ਨੂੰ ਚੌਥੇ ਪਾਤਸ਼ਾਹ ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਪੁਰਬ ਦੀ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਰਾਮਦਾਸ ਜੀ ਦਾ ਜੀਵਨ ਸਮੁੱਚੀ ਮਨੁੱਖਤਾ ਲਈ ਮਾਰਗ ਦਰਸ਼ਨ ਹੈ। ਉਨ੍ਹਾਂ ਸੰਗਤਾਂ ਨੂੰ ਗੁਰੂ ਸਾਹਿਬ ਜੀ ਦੇ ਉਪਦੇਸ਼ਾਂ 'ਤੇ ਚੱਲਣ ਦੀ ਪ੍ਰੇਰਣਾ ਕਰਦਿਆਂ ਬਾਣੀ ਅਤੇ ਬਾਣੇ ਦੇ ਧਾਰਨੀ ਹੋਣ ਦੀ ਅਪੀਲ ਕੀਤੀ। ਇਸ ਤੋਂ ਪਹਿਲਾਂ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਕਥਾ ਕਰਦਿਆਂ ਪ੍ਰਸਿੱਧ ਕਥਾਵਾਚਕ ਭਾਈ ਸਾਹਿਬ ਭਾਈ ਪਿੰਦਰਪਾਲ ਸਿੰਘ ਨੇ ਸੰਗਤਾਂ ਨੂੰ ਸ੍ਰੀ ਗੁਰੂ ਰਾਮਦਾਸ ਜੀ ਦੇ ਜੀਵਨ ਇਤਿਹਾਸ ਤੋਂ ਜਾਣੂ ਕਰਵਾਇਆ।

ਇਸੇ ਦੌਰਾਨ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਕਵੀ ਦਰਬਾਰ ਵਿਚ ਪੰਥਕ ਕਵੀਆਂ ਨੇ ਚੌਥੇ ਪਾਤਸ਼ਾਹ ਜੀ ਦੇ ਜੀਵਨ ਇਤਿਹਾਸ ਅਤੇ ਉਨ੍ਹਾਂ ਦੀ ਦੇਣ ਨੂੰ ਕਵਿਤਾਵਾਂ ਰਾਹੀਂ ਸੰਗਤਾਂ ਨਾਲ ਸਾਂਝਾ ਕੀਤਾ। ਵੱਖ-ਵੱਖ ਮਹਾਂਪੁਰਖਾਂ ਅਤੇ ਸ੍ਰੀ ਦਰਬਾਰ ਸਾਹਿਬ ਦੇ ਪ੍ਰਬੰਧ ਵੱਲੋਂ ਸੰਗਤਾਂ ਵਾਸਤੇ

ਲੰਗਰਾਂ ਦੇ ਵਿਸ਼ਾਲ ਪ੍ਰਬੰਧ ਕੀਤੇ ਗਏ ਸਨ।

ਇਸੇ ਦੌਰਾਨ ਬੀਤੀ ਰਾਤ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਰਾਗ ਦਰਬਾਰ ਅਤੇ ਪੜਤਾਲ ਗਾਇਨ ਕੀਰਤਨ ਸਮਾਗਮ ਹੋਇਆ, ਜਿਸ ਵਿਚ ਪੰਥ ਪ੍ਰਸਿੱਧ ਰਾਗੀ ਜਥਿਆਂ ਨੇ ਚੌਥੇ ਪਾਤਸ਼ਾਹ ਜੀ ਦੀ ਪਾਵਨ ਬਾਣੀ ਦਾ ਰਾਗਾਂ ਅਧਾਰਿਤ ਗਾਇਨ ਕੀਤਾ। ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਗਿਆਨੀ ਸੁਲਤਾਨ ਸਿੰਘ, ਗਿਆਨੀ ਬਲਵਿੰਦਰ ਸਿੰਘ, ਗਿਆਨੀ ਗੁਰਮਿੰਦਰ ਸਿੰਘ, ਗਿਆਨੀ ਬਲਜੀਤ ਸਿੰਘ, ਗਿਆਨੀ ਰਾਜਦੀਪ ਸਿੰਘ, ਸ਼੍ਰੋਮਣੀ ਕਮੇਟੀ ਦੇ ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਸ. ਗੁਰਮੀਤ ਸਿੰਘ ਬੂਹ, ਸ. ਹਰਜਾਪ ਸਿੰਘ ਸੁਲਤਾਨਵਿੰਡ, ਸ. ਕੌਰ ਸਿੰਘ, ਸ. ਗੁਰਬਚਨ ਸਿੰਘ ਕਰਮੂੰਵਾਲਾ, ਸ. ਖੁਸ਼ਵਿੰਦਰ ਸਿੰਘ ਭਾਟੀਆ, ਭਾਈ ਅਜੈਬ ਸਿੰਘ ਅਭਿਆਸੀ, ਸ. ਪਰਮਜੀਤ ਸਿੰਘ ਰਾਏਪੁਰ, ਸ. ਦਰਸ਼ਨ ਸਿੰਘ ਸ਼ੇਰਖਾਂ, ਸ. ਗੁਰਬਖ਼ਸ਼ ਸਿੰਘ ਖਾਲਸਾ, ਓਐਸਡੀ ਸ. ਸਤਬੀਰ ਸਿੰਘ ਧਾਮੀ, ਸਕੱਤਰ ਸ. ਪ੍ਰਤਾਪ ਸਿੰਘ, ਸ. ਬਲਵਿੰਦਰ ਸਿੰਘ ਕਾਹਲਵਾਂ, ਵਧੀਕ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਸ. ਬਿਜੈ ਸਿੰਘ, ਸ. ਪ੍ਰੀਤਪਾਲ ਸਿੰਘ, ਨਿੱਜੀ ਸਕੱਤਰ ਸ. ਸ਼ਾਹਬਾਜ਼ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਜਨਰਲ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਮੀਤ ਸਕੱਤਰ ਸ. ਜਸਵਿੰਦਰ ਸਿੰਘ ਜੱਸੀ, ਸ. ਗੁਰਨਾਮ ਸਿੰਘ, ਸ. ਬਲਵਿੰਦਰ ਸਿੰਘ ਖੈਰਾਬਾਦ, ਸ. ਹਰਭਜਨ ਸਿੰਘ ਵਕਤਾ, ਸ. ਸੁਖਬੀਰ ਸਿੰਘ, ਸ. ਮਨਜੀਤ ਸਿੰਘ ਤਲਵੰਡੀ, ਸੁਪ੍ਰਿੰਟੈਂਡੈਂਟ ਸ. ਨਿਸ਼ਾਨ ਸਿੰਘ, ਸ. ਮਲਕੀਤ ਸਿੰਘ ਬਹਿੜਵਾਲ ਅਤੇ ਹੋਰ ਮੌਜੂਦ ਸਨ। ੮ ਅਕਤੂਬਰ

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ:

ਅਸਾਮ ਤੋਂ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ ਔਰੰਗਾਬਾਦ ਤੋਂ ਮਨਮਾੜ ਮਹਾਰਾਸ਼ਟਰ ਲਈ ਰਵਾਨਾ

ਅੰਮ੍ਰਿਤਸਰ-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦਾ ੩੫੦ ਸਾਲਾ ਸ਼ਹੀਦੀ ਨਗਰ ਕੀਰਤਨ ਅੱਜ ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਜੀ, ਲੰਗਰ ਸਾਹਿਬ ਔਰੰਗਾਬਾਦ ਤੋਂ ਆਪਣੇ ਅਗਲੇ ਪੜਾਅ ਮਨਮਾੜ ਮਹਾਰਾਸ਼ਟਰ ਲਈ ਰਵਾਨਾ ਹੋਇਆ।

ਨਗਰ ਕੀਰਤਨ ਦੀ ਰਵਾਨਗੀ ਤੋਂ ਪਹਿਲਾਂ ਗੁਰਦੁਆਰਾ ਸਾਹਿਬ ਵਿਖੇ ਧਾਰਮਿਕ ਦੀਵਾਨ ਸਜਾਏ ਗਏ, ਜਿਸ ਵਿਚ ਸ੍ਰੀ ਦਰਬਾਰ ਸਾਹਿਬ ਦੇ ਹਜ਼ੂਰੀ ਰਾਗੀ ਜਥੇ ਨੇ ਗੁਰਬਾਣੀ ਕੀਰਤਨ ਕੀਤਾ। ਇਸ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ ਨੇ ਸੰਗਤਾਂ ਨਾਲ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਜੀਵਨ ਇਤਿਹਾਸ ਦੀ ਸਾਂਝ ਪਾਈ। ਨਗਰ ਕੀਰਤਨ ਦੀ ਰਵਾਨਗੀ ਸਮੇਂ ਗੁਰਦੁਆਰਾ ਸਾਹਿਬ ਦੇ ਪ੍ਰਬੰਧਕਾਂ ਨੇ ਪੰਜ ਪਿਆਰੇ ਸਾਹਿਬਾਨ ਅਤੇ ਹਾਜ਼ਰ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਿਰੋਪਾਓ ਦਿੱਤੇ। ਨਗਰ ਕੀਰਤਨ ਪ੍ਰਤੀ ਸੰਗਤਾਂ ਵਿੱਚ ਵੱਡਾ ਉਤਸ਼ਾਹ ਸੀ ਅਤੇ ਰਸਤੇ ਵਿਚ ਵੱਖ-ਵੱਖ ਥਾਵਾਂ 'ਤੇ ਸੰਗਤਾਂ ਵੱਲੋਂ ਸ਼ਰਧਾ ਨਾਲ ਸਵਾਗਤ ਕੀਤਾ ਗਿਆ। ਇਸੇ ਦੌਰਾਨ ਸੰਗਤਾਂ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਲਕੀ 'ਤੇ ਫੁੱਲਾਂ ਦੀ ਵਰਖਾ ਕਰਕੇ ਗੁਰੂ ਸਾਹਿਬ ਨੂੰ ਸਤਿਕਾਰ ਭੇਟ ਕੀਤਾ।

ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਸ. ਗੁਰਿੰਦਰਪਾਲ ਸਿੰਘ ਗੋਰਾ, ਜਥੇਦਾਰ ਮੰਗਵਿੰਦਰ ਸਿੰਘ ਖਾਪੜਖੇੜੀ, ਜਥੇਦਾਰ ਬਾਵਾ ਸਿੰਘ ਗੁਮਾਨਪੁਰਾ, ਸ. ਅਮਰਜੀਤ ਸਿੰਘ ਬੰਡਾਲਾ, ਸ. ਅਮਰਜੀਤ ਸਿੰਘ ਭਲਾਈਪੁਰ, ਮੀਤ ਸਕੱਤਰ ਸ. ਗੁਰਦਿਆਲ ਸਿੰਘ, ਸ. ਰਾਮ ਸਿੰਘ ਰਾਠੌਰ,ਇੰਚਾਰਜ ਸ. ਮਲਕੀਤ

ਸਿੰਘ, ਵਧੀਕ ਮੈਨੇਜਰ ਸ. ਯੁਵਰਾਜ ਸਿੰਘ, ਸਹਾਇਕ ਸੁਪ੍ਰਿੰਟੈਂਡੈਂਟ ਸ. ਪ੍ਰਭਜੋਤ ਸਿੰਘ, ਔਰੰਗਬਾਦ ਤੋਂ ਸ. ਹਰਵਿੰਦਰ ਸਿੰਘ ਬਿੰਦਰਾ, ਸ. ਜਗਦੇਵ ਸਿੰਘ, ਸ. ਕੁਲਦੀਪ ਸਿੰਘ, ਸ. ਹਰਪ੍ਰੀਤ ਸਿੰਘ, ਸ੍ਰੀ ਅਕਸ਼ੈ ਕਾਰਡੀਲੇਕ ਸਮੇਤ ਵੱਡੀ ਗਿਣਤੀ ਸੰਗਤਾਂ ਹਾਜ਼ਰ ਸਨ। ੮ ਅਕਤੂਬਰ

ਸ਼ਹੀਦ ਭਾਈ ਹਰਜਿੰਦਰ ਸਿੰਘ ਜਿੰਦਾ ਤੇ ਭਾਈ ਸੁਖਦੇਵ ਸਿੰਘ ਸੁੱਖਾ ਦੀ ਬਰਸੀ ਮਨਾਈ

ਅੰਮ੍ਰਿਤਸਰ-ਸਿੱਖ ਕੌਮ ਦੇ ਮਹਾਨ ਸ਼ਹੀਦ ਭਾਈ ਹਰਜਿੰਦਰ ਸਿੰਘ ਜਿੰਦਾ ਤੇ ਭਾਈ ਸੁਖਦੇਵ ਸਿੰਘ ਸੁੱਖਾ ਦੀ ਸਾਲਾਨਾ ਬਰਸੀ ਸ਼੍ਰੋਮਣੀ ਕਮੇਟੀ ਵੱਲੋਂ ਅੱਜ ਸ੍ਰੀ ਦਰਬਾਰ ਸਾਹਿਬ ਸਮੂਹ ਵਿਖੇ ਸਥਿਤ ਗੁਰਦੁਆਰਾ ਸ਼ਹੀਦ ਬਾਬਾ ਗੁਰਬਖਸ਼ ਸਿੰਘ ਵਿਖੇ ਮਨਾਈ ਗਈ। ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਗੁਰਦੇਵ ਸਿੰਘ ਖਾਲਸਾ ਦੇ ਜਥੇ ਨੇ ਨੇ ਗੁਰਬਾਣੀ ਕੀਰਤਨ ਕੀਤਾ, ਅਰਦਾਸ ਭਾਈ ਬਲਜੀਤ ਸਿੰਘ ਨੇ ਕੀਤੀ ਅਤੇ ਪਾਵਨ ਹੁਕਮਨਾਮਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਬਲਜੀਤ ਸਿੰਘ ਨੇ ਸਰਵਣ ਕਰਵਾਇਆ।

ਇਸ ਮੌਕੇ ਸਿੰਘ ਸਾਹਿਬ ਗਿਆਨੀ ਬਲਜੀਤ ਸਿੰਘ ਨੇ ਕਿਹਾ ਕਿ ਭਾਈ ਹਰਜਿੰਦਰ ਸਿੰਘ ਜਿੰਦਾ ਤੇ ਭਾਈ ਸੁਖਦੇਵ ਸਿੰਘ ਸੁੱਖਾ ਕੌਮੀ ਸ਼ਹੀਦ ਹਨ, ਜਿਨ੍ਹਾਂ ਨੇ ਕੌਮ ਖਾਤਰ ਸ਼ਹਾਦਤ ਪ੍ਰਾਪਤ ਕੀਤੀ। ਉਨ੍ਹਾਂ ਕਿਹਾ ਕਿ ਇਨ੍ਹਾਂ ਸਿੰਘਾਂ ਵੱਲੋਂ ਕੌਮੀ ਜਜ਼ਬੇ ਖ਼ਾਤਰ ਦਿੱਤੀਆਂ ਸ਼ਹਾਦਤਾਂ ਨੂੰ ਕੌਮ ਹਮੇਸ਼ਾਂ ਸਜਦਾ ਕਰਦੀ ਹੈ।

ਇਸ ਮੌਕੇ ਸ਼ਹੀਦਾਂ ਦੇ ਪਰਿਵਾਰਕ ਮੈਂਬਰਾਂ ਭਾਈ ਭੁਪਿੰਦਰ ਸਿੰਘ, ਬੀਬੀ ਕੁਲਵੰਤ ਕੌਰ, ਬੀਬੀ ਸੁਰਜੀਤ ਕੌਰ ਤੇ ਭਾਈ ਨਿਰਮਲ ਸਿੰਘ ਸਮੇਤ ਹੋਰਾਂ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਗੁਰੂ ਬਖ਼ਸ਼ਿਸ਼ ਸਿਰੋਪਾਓ ਦਿੱਤੇ ਗਏ।

ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ ਤੋਂ ਇਲਾਵਾ ਸੁਪ੍ਰਿੰਟੈਂਡੈਂਟ ਸ. ਨਿਸ਼ਾਨ ਸਿੰਘ, ਸ. ਮਲਕੀਤ ਸਿੰਘ ਬਹਿੜਵਾਲ, ਮੈਨੇਜਰ ਸ. ਨਰਿੰਦਰ ਸਿੰਘ ਮਥਰੇਵਾਲ, ਸ. ਜਸਪਾਲ ਸਿੰਘ ਢੱਡੇ, ਭਾਈ ਦਲਜੀਤ ਸਿੰਘ ਬਿੱਟੂ, ਸ. ਕਰਨੈਲ ਸਿੰਘ ਪੀਰਮੁਹੰਮਦ, ਸ. ਜਰਨੈਲ ਸਿੰਘ ਸਖੀਰਾ, ਸ. ਬੇਅੰਤ ਸਿੰਘ ਖਿਆਲਾ, ਸ. ਹਰਬੀਰ ਸਿੰਘ ਸੰਧੂ ਆਦਿ ਹਾਜ਼ਰ ਸਨ। ੯ ਅਕਤੂਬਰ

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ:

ਅਸਾਮ ਤੋਂ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ ਮਨਮਾੜ ਤੋਂ ਉਲ੍ਹਾਸ ਨਗਰ ਮੁੰਬਈ ਲਈ ਰਵਾਨਾ

ਅੰਮ੍ਰਿਤਸਰ-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦਾ ੩੫੦ ਸਾਲਾ ਸ਼ਹੀਦੀ ਨਗਰ ਕੀਰਤਨ ਅੱਜ ਗੁਰਦੁਆਰਾ ਲੰਗਰ ਸਾਹਿਬ ਮਨਮਾੜ ਤੋਂ ਆਪਣੇ ਅਗਲੇ ਪੜਾਅ ਸੁਲ੍ਹਾਸਨਗਰ ਮੁੰਬਈ ਲਈ ਰਵਾਨਾ ਹੋਇਆ।

ਨਗਰ ਕੀਰਤਨ ਦੀ ਰਵਾਨਗੀ ਤੋਂ ਪਹਿਲਾਂ ਗੁਰਦੁਆਰਾ ਸਾਹਿਬ ਵਿਖੇ ਧਾਰਮਿਕ ਦੀਵਾਨ ਸਜਾਏ ਗਏ, ਜਿਸ ਵਿਚ ਸ੍ਰੀ ਦਰਬਾਰ ਸਾਹਿਬ ਦੇ ਹਜ਼ੂਰੀ ਰਾਗੀ ਜਥੇ ਨੇ ਗੁਰਬਾਣੀ ਕੀਰਤਨ ਕੀਤਾ। ਇਸ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ ਨੇ

ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ। ਨਗਰ ਕੀਰਤਨ ਪ੍ਰਤੀ ਸੰਗਤਾਂ ਵਿੱਚ ਵੱਡਾ ਉਤਸ਼ਾਹ ਸੀ ਅਤੇ ਰਸਤੇ ਵਿਚ ਵੱਖ-ਵੱਖ ਥਾਵਾਂ 'ਤੇ ਸੰਗਤਾਂ ਵੱਲੋਂ ਸ਼ਰਧਾ ਨਾਲ ਸਵਾਗਤ ਕੀਤਾ ਗਿਆ। ਇਸੇ ਦੌਰਾਨ ਸੰਗਤਾਂ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਲਕੀ 'ਤੇ ਫੁੱਲਾਂ ਦੀ ਵਰਖਾ ਕਰਕੇ ਗੁਰੂ ਸਾਹਿਬ ਨੂੰ ਸਤਿਕਾਰ ਭੇਟ ਕੀਤਾ। ਨਾਸਕ ਤੋਂ ਵਿਧਾਇਕ ਸੀਮਾ ਮਹੇਸ਼ ਹਿਰੇ ਤੇ ਹੋਰ ਸਥਾਨਕ ਆਗੂਆਂ ਨੇ ਵੀ ਨਗਰ ਕੀਰਤਨ ਦੌਰਾਨ ਸ਼ਮੂਲੀਅਤ ਕਰਕੇ ਗੁਰੂ ਸਾਹਿਬ ਪ੍ਰਤੀ ਸ਼ਰਧਾ ਪ੍ਰਗਟਾਈ।

ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਸ. ਗੁਰਿੰਦਰਪਾਲ ਸਿੰਘ ਗੋਰਾ, ਜਥੇਦਾਰ ਮੰਗਵਿੰਦਰ ਸਿੰਘ ਖਾਪੜਖੇੜੀ, ਜਥੇਦਾਰ ਬਾਵਾ ਸਿੰਘ ਗੁਮਾਨਪੁਰਾ, ਸ. ਅਮਰਜੀਤ ਸਿੰਘ ਬੰਡਾਲਾ, ਸ. ਅਮਰਜੀਤ ਸਿੰਘ ਭਲਾਈਪੁਰ, ਬਾਬਾ ਰਣਜੀਤ ਸਿੰਘ ਤੇ ਬਾਬਾ ਧੀਰਜ ਸਿੰਘ, ਮੀਤ ਸਕੱਤਰ ਸ. ਗੁਰਦਿਆਲ ਸਿੰਘ, ਸ. ਰਾਮ ਸਿੰਘ ਰਾਠੌਰ, ਇੰਚਾਰਜ ਸ. ਮਲਕੀਤ ਸਿੰਘ, ਵਧੀਕ ਮੈਨੇਜਰ ਸ. ਯੁਵਰਾਜ ਸਿੰਘ, ਸਹਾਇਕ ਸੁਪ੍ਰਿੰਟੈਂਡੈਂਟ ਸ. ਪ੍ਰਭਜੋਤ ਸਿੰਘ ਸਮੇਤ ਵੱਡੀ ਗਿਣਤੀ ਸੰਗਤਾਂ ਹਾਜ਼ਰ ਸਨ। ੯ ਅਕਤੂਬਰ

ਜਮਾਇਤੁਲ ਕੁਰੈਸ਼ ਸੰਮਤੀ ਰਾਜਸਥਾਨ ਵਲੋਂ ਸ਼੍ਰੋਮਣੀ ਕਮੇਟੀ ਪ੍ਰਧਾਨ ਨੂੰ ਹੜ੍ਹ ਪੀੜਤਾਂ ਲਈ 10 ਲੱਖ ਰੁਪਏ ਭੇਟ

ਐਡਵੋਕੇਟ ਧਾਮੀ ਨੇ ਸੰਸਥਾ ਦੇ ਅਹੁਦੇਦਾਰਾਂ ਦਾ ਕੀਤਾ ਸਨਮਾਨ

ਅੰਮ੍ਰਿਤਸਰ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਹੜ੍ਹ ਪੀੜਤਾਂ ਲਈ ਕੀਤੇ ਜਾ ਰਹੇ ਰਾਹਤ ਕਾਰਜਾਂ 'ਚ ਸਹਿਯੋਗ ਲਈ ਅੱਜ ਜਮਾਇਤੁਲ ਕੁਰੈਸ਼ ਸੰਮਤੀ, ਫਤਿਹਪੁਰ ਸੇਖਾਵਾਟੀ, ਸੀਕਰ ਰਾਜਸਥਾਨ ਵਲੋਂ ੧੦ ਲੱਖ ਰੁਪਏ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੂੰ ਸੌਂਪੇ ਗਏ।

ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਧਾਮੀ ਨੇ ਜਮਾਇਤੁਲ ਕੁਰੈਸ਼ ਸੰਮਤੀ ਦੇ ਅਹੁਦੇਦਾਰਾਂ ਦਾ ਸਹਿਯੋਗ ਲਈ ਧੰਨਵਾਦ ਕਰਦਿਆਂ ਕਿਹਾ ਕਿ ਸ਼੍ਰੋਮਣੀ ਕਮੇਟੀ ਪਹਿਲੇ ਦਿਨ ਤੋਂ ਹੀ ਹੜ੍ਹ ਪ੍ਰਭਾਵਿਤ ਲੋਕਾਂ ਦੀ ਮਦਦ ਲਈ ਯਤਨਸ਼ੀਲ ਹੈ। ਉਨ੍ਹਾਂ ਕਿਹਾ ਕੀ ਸ਼੍ਰੋਮਣੀ ਕਮੇਟੀ ਨੇ ਜਿੱਥੇ ਆਪਣੇ ਤੌਰ ਤੇ ਸਾਧਨ ਜੁਟਾਏ ਹਨ, ਉੱਥੇ ਵੱਖ-ਵੱਖ ਧਰਮਾਂ ਦੇ ਲੋਕਾਂ ਵੱਲੋਂ ਵੀ ਵੱਡਾ ਸਹਿਯੋਗ ਕੀਤਾ ਗਿਆ ਹੈ। ਐਡਵੋਕੇਟ ਧਾਮੀ ਨੇ ਮੁਸਲਿਮ ਭਾਈਚਾਰੇ ਦਾ ਜਿਕਰ ਕਰਦਿਆਂ ਕਿਹਾ ਕਿ ਭਾਈਚਾਰੇ ਨੇ ਪੰਜਾਬ ਦੇ ਲੋਕਾਂ ਦਾ ਦਰਦ ਸਮਝਦਿਆਂ ਜਿਥੇ ਪਹਿਲਾਂ ਵੀ ਸਹਾਇਤਾ ਰਾਸ਼ੀ ਦਿੱਤੀ ਹੈ, ਉਥੇ ਹੁਣ ਵੀ ੧੦ ਲੱਖ ਰੁਪਏ ਭੇਟ ਕੀਤੇ ਹਨ। ਉਨ੍ਹਾਂ ਕਿਹਾ ਕਿ ਸੰਗਤਾਂ ਵੱਲੋਂ ਦਿੱਤੇ ਗਏ ਪੈਸੇ ਨਾਲ ਹੜ੍ਹ ਦੀ ਮਾਰ ਝੱਲ ਰਹੇ ਲੋਕਾਂ ਲਈ ਕਣਕ ਦੇ ਬੀਜ ਅਤੇ ਹੋਰ ਲੋੜੀਂਦੇ ਕਾਰਜ਼ ਕੀਤੇ ਜਾਣਗੇ।

ਇਸ ਮੌਕੇ ਜਮਾਇਤੁਲ ਕੁਰੈਸ਼ ਸੰਮਤੀ ਦੇ ਆਗੂਆਂ ਨੇ ਕਿਹਾ ਕਿ ਕੁਰੈਸ਼ੀ ਸਮਾਜ ਹਮੇਸ਼ਾ ਹੀ ਲੋਕ ਭਲਾਈ ਦੇ ਕੰਮਾਂ ਵਿੱਚ ਸਹਿਯੋਗ ਕਰਦਾ ਰਿਹਾ ਹੈ। ਸ਼੍ਰੋਮਣੀ ਕਮੇਟੀ ਪੰਜਾਬ ਦੀ ਪ੍ਰਮੁੱਖ ਸੰਸਥਾ ਹੈ ਜੋਂ ਨਿਰੰਤਰ ਲੋਕਾਂ ਦੀ ਸੇਵਾ ਕਰ ਰਹੀ ਹੈ। ਸੰਮਤੀ ਵੱਲੋਂ ਇਕੱਤਰ ਕੀਤੀ ਮਾਇਆ ਸ਼੍ਰੋਮਣੀ ਕਮੇਟੀ ਨੂੰ ਸੌਂਪੀ ਹੈ ਤਾਂ ਕਿ ਲੋੜਵੰਦਾਂ ਦੀ ਸਹੀ ਮਦਦ ਹੋ ਸਕੇ। ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਵੱਲੋਂ ਜਮਾਇਤੁਲ ਕੁਰੈਸ਼ ਸੰਮਤੀ ਦੇ ਅਹੁਦੇਦਾਰਾਂ ਅਬਦੁਲ ਜ਼ਬਾਰ ਗੋਛੀਆ, ਮੋਲਾਨਾ ਸਾਦ ਮੁਕਤੀ, ਸ਼ਾਹਨਿਵਾਜ਼, ਮੁਹੰਮਦ ਹਨੀਫ਼ ਜਿੰਦਰਾਨ, ਸਲੀਮ ਚੌਧਰੀ ਤੇ ਅਫੀਰ ਅਲਿਆਸ ਖੋਖਰ ਦਾ ਸਨਮਾਨ ਵੀ ਕੀਤਾ ਗਿਆ।

ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਓਐਸਡੀ ਸ. ਸਤਬੀਰ ਸਿੰਘ ਧਾਮੀ, ਸਕੱਤਰ ਸ. ਪ੍ਰਤਾਪ ਸਿੰਘ, ਇੰਜੀ ਸੁਖਮਿੰਦਰ ਸਿੰਘ, ਸ. ਬਲਵਿੰਦਰ ਸਿੰਘ ਕਾਹਲਵਾਂ, ਨਿੱਜੀ ਸਕੱਤਰ ਸ. ਸਾਹਬਾਜ਼ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਜਨਰਲ

ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਮੀਤ ਸਕੱਤਰ ਸ. ਹਰਭਜਨ ਸਿੰਘ ਵਕਤਾ, ਸੁਪਰਡੈਂਟ ਸ. ਨਿਸ਼ਾਨ ਸਿੰਘ ਅਤੇ ਹੋਰ ਮੌਜੂਦ ਸਨ। ੯ ਅਕਤੂਬਰ

ਸਿੱਖ ਐਜੂਕੇਸ਼ਨਲ ਸੁਸਾਇਟੀ ਚੰਡੀਗੜ੍ਹ ਨੇ ਹੜ੍ਹ ਪੀੜਤਾਂ ਦੀ ਸਹਾਇਤਾ ਲਈ ਸ਼੍ਰੋਮਣੀ ਕਮੇਟੀ ਨੂੰ ਦਿੱਤਾ 10 ਲੱਖ ਰੁਪਏ ਦੀ ਰਾਸ਼ੀ ਦਾ ਚੈੱਕ

ਅੰਮ੍ਰਿਤਸਰ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਹੜ੍ਹ ਪ੍ਰਭਾਵਿਤ ਲੋਕਾਂ ਲਈ ਕੀਤੇ ਜਾ ਰਹੇ ਕਾਰਜਾਂ ਵਿਚ ਸਹਿਯੋਗ ਲਈ ਸਿੱਖ ਐਜੂਕੇਸ਼ਨਲ ਸੁਸਾਇਟੀ ਚੰਡੀਗੜ੍ਹ ਵੱਲੋਂ ਸ਼੍ਰੋਮਣੀ ਕਮੇਟੀ ਨੂੰ ੧੦ ਲੱਖ ਰੁਪਏ ਦਾ ਚੈੱਕ ਸੌਂਪਿਆ ਗਿਆ। ਸਿੱਖ ਐਜੂਕੇਸ਼ਨਲ ਸੁਸਾਇਟੀ ਦੇ ਪ੍ਰਧਾਨ ਸ. ਗੁਰਦੇਵ ਸਿੰਘ ਸਾਬਕਾ ਆਈਏਐਸ ਅਤੇ ਕਾਰਜਕਾਰਨੀ ਕਮੇਟੀ ਨੇ ਇਹ ਚੈੱਕ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੂੰ ਭੇਜ ਕੇ ਸ਼੍ਰੋਮਣੀ ਕਮੇਟੀ ਵੱਲੋਂ ਕੀਤੇ ਜਾ ਰਹੇ ਰਾਹਤ ਕਾਰਜਾਂ ਦੀ ਪ੍ਰਸ਼ੰਸਾ ਕੀਤੀ।

ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਬਹੁਤ ਸਾਰੀਆਂ ਸੰਗਤਾਂ ਅਤੇ ਸੰਸਥਾਵਾਂ ਹੜ੍ਹ ਪੀੜਤਾਂ ਦੀ ਸਹਾਇਤਾ ਲਈ ਚੱਲ ਰਹੇ ਕਾਰਜਾਂ ਵਿਚ ਸਹਿਯੋਗ ਕਰ ਰਹੀਆਂ ਹਨ, ਜਿਨ੍ਹਾਂ ਦਾ ਉਹ ਧੰਨਵਾਦ ਕਰਦੇ ਹਨ। ਉਨ੍ਹਾਂ ਕਿਹਾ ਕਿ ਹੁਣ ਕਿਸਾਨਾਂ ਦੀਆਂ ਫਸਲਾਂ ਦੀ ਬਿਜਾਈ ਵਾਸਤੇ ਡੀਜ਼ਲ ਅਤੇ ਕਣਕ ਦੇ ਮਿਆਰੀ ਬੀਜ ਦੀ ਜ਼ਰੂਰਤ ਹੈ, ਜਿਸ ਲਈ ਸ਼੍ਰੋਮਣੀ ਕਮੇਟੀ ਵੱਲੋਂ ਯਤਨ ਕੀਤੇ ਜਾ ਰਹੇ ਹਨ। ਐਡਵੋਕੇਟ ਧਾਮੀ ਨੇ ਸਿੱਖ ਐਜੂਕੇਸ਼ਨਲ ਸੁਸਾਇਟੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਸ਼੍ਰੋਮਣੀ ਕਮੇਟੀ ਸੰਗਤਾਂ ਵੱਲੋਂ ਦਿੱਤੀ ਮਾਇਆ ਨਾਲ ਲੋੜਵੰਦਾਂ ਦੀ ਹਰ ਸੰਭਵ ਸਹਾਇਤਾ ਲਈ ਯਤਨਸ਼ੀਲ ਰਹੇਗੀ।

ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਓਐਸਡੀ ਸ. ਸਤਬੀਰ ਸਿੰਘ ਧਾਮੀ, ਸਕੱਤਰ ਸ. ਪ੍ਰਤਾਪ ਸਿੰਘ, ਇੰਜੀਨੀਅਰ ਸੁਖਮਿੰਦਰ ਸਿੰਘ, ਸ. ਬਲਵਿੰਦਰ ਸਿੰਘ ਕਾਹਲਵਾਂ, ਨਿੱਜੀ ਸਕੱਤਰ ਸ. ਸਾਹਬਾਜ਼ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਜਨਰਲ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਮੀਤ ਸਕੱਤਰ ਸ. ਹਰਭਜਨ ਸਿੰਘ ਵਕਤਾ, ਸੁਪ੍ਰਿੰਟੈਂਡੈਂਟ ਸ. ਨਿਸ਼ਾਨ ਸਿੰਘ ਅਤੇ ਹੋਰ ਮੌਜੂਦ ਸਨ। ੧੦ ਅਕਤੂਬਰ

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ:

ਅਸਾਮ ਤੋਂ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ ਉਲ੍ਹਾਸ ਨਗਰ ਤੋਂ ਮਾਟੁੰਗਾ ਮੁੰਬਈ ਲਈ ਰਵਾਨਾ

ਅੰਮ੍ਰਿਤਸਰ-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦਾ ੩੫੦ ਸਾਲਾ ਸ਼ਹੀਦੀ ਨਗਰ ਕੀਰਤਨ ਅੱਜ ਗੁਰਦੁਆਰਾ ਸਾਹਿਬ ਉਲ੍ਹਾਸਨਗਰ ਤੋਂ ਆਪਣੇ ਅਗਲੇ ਪੜਾਅ ਮਾਟੁੰਗਾ ਮੁੰਬਈ ਲਈ ਰਵਾਨਾ ਹੋਇਆ।

ਨਗਰ ਕੀਰਤਨ ਦੀ ਰਵਾਨਗੀ ਤੋਂ ਪਹਿਲਾਂ ਗੁਰਦੁਆਰਾ ਸਾਹਿਬ ਵਿਖੇ ਧਾਰਮਿਕ ਦੀਵਾਨ ਸਜਾਏ ਗਏ, ਜਿਸ ਵਿਚ ਸ੍ਰੀ ਦਰਬਾਰ ਸਾਹਿਬ ਦੇ ਹਜ਼ੂਰੀ ਰਾਗੀ ਜਥੇ ਨੇ ਗੁਰਬਾਣੀ ਕੀਰਤਨ ਕੀਤਾ। ਇਸ

ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ ਨੇ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ। ਉਨ੍ਹਾਂ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਜੀਵਨ ਇਤਿਹਾਸ ਬਾਰੇ ਵਿਚਾਰ ਕਰਦਿਆਂ ਸੰਗਤਾਂ ਨੂੰ ਗੁਰਮਤਿ ਅਨੁਸਾਰੀ ਜੀਵਨ ਬਤੀਤ ਕਰਨ ਦੀ ਪ੍ਰੇਰਨਾ ਕੀਤੀ।

ਨਗਰ ਕੀਰਤਨ ਦੀ ਰਵਾਨਗੀ ਸਮੇਂ ਗੁਰਦੁਆਰਾ ਸਾਹਿਬ ਦੇ ਪ੍ਰਬੰਧਕਾਂ ਨੇ ਪੰਜ ਪਿਆਰੇ ਸਾਹਿਬਾਨ ਅਤੇ ਹਾਜ਼ਰ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਿਰੋਪਾਓ ਦਿੱਤੇ। ਮੁੰਬਈ ਅੰਦਰ ਨਗਰ ਕੀਰਤਨ ਪ੍ਰਤੀ ਸੰਗਤਾਂ ਵਿੱਚ ਵੱਡਾ ਉਤਸ਼ਾਹ ਸੀ ਅਤੇ ਵੱਖ-ਵੱਖ ਪੜਾਵਾਂ 'ਤੇ ਸੰਗਤਾਂ ਵੱਲੋਂ ਸ਼ਰਧਾ ਨਾਲ ਸਵਾਗਤ ਕੀਤਾ ਗਿਆ। ਇਸੇ ਦੌਰਾਨ ਸੰਗਤਾਂ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਲਕੀ 'ਤੇ ਫੁੱਲਾਂ ਦੀ ਵਰਖਾ ਕਰਕੇ ਗੁਰੂ ਸਾਹਿਬ ਨੂੰ ਸਤਿਕਾਰ ਭੇਟ ਕੀਤਾ। ਉਲ੍ਹਾਸ ਨਗਰ ਤੋਂ ਵਿਧਾਇਕ ਸ੍ਰੀ ਕੁਮਾਰ ਏਲਾਨੀ ਸਮੇਤ ਸਥਾਨਕ ਆਗੂਆਂ ਨੇ ਵੀ ਨਗਰ ਕੀਰਤਨ ਦੌਰਾਨ ਸ਼ਮੂਲੀਅਤ ਕਰਕੇ ਗੁਰੂ ਸਾਹਿਬ ਪ੍ਰਤੀ ਸ਼ਰਧਾ ਪ੍ਰਗਟਾਈ।

ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਸ. ਗੁਰਿੰਦਰਪਾਲ ਸਿੰਘ ਗੋਰਾ, ਜਥੇਦਾਰ ਮੰਗਵਿੰਦਰ ਸਿੰਘ ਖਾਪੜਖੇੜੀ, ਜਥੇਦਾਰ ਬਾਵਾ ਸਿੰਘ ਗੁਮਾਨਪੁਰਾ, ਸ. ਅਮਰਜੀਤ ਸਿੰਘ ਬੰਡਾਲਾ, ਸ. ਅਮਰਜੀਤ ਸਿੰਘ ਭਲਾਈਪੁਰ, ਸ. ਜਸਬੀਰ ਸਿੰਘ ਧਾਮ, ਸ. ਅਮਰ ਸਿੰਘ ਕਲਸੀ, ਮੀਤ ਸਕੱਤਰ ਸ. ਗੁਰਦਿਆਲ ਸਿੰਘ, ਸ. ਰਾਮ ਸਿੰਘ ਮੁੰਬਈ, ਇੰਚਾਰਜ ਸ. ਮਲਕੀਤ ਸਿੰਘ, ਵਧੀਕ ਮੈਨੇਜਰ ਸ. ਯੁਵਰਾਜ ਸਿੰਘ, ਸਹਾਇਕ ਸੁਪ੍ਰਿੰਟੈਂਡੈਂਟ ਸ. ਪ੍ਰਭਜੋਤ ਸਿੰਘ, ਭਾਈ ਬਲਦੇਵ ਸਿੰਘ ਓਗਰਾ ਸਮੇਤ ਵੱਡੀ ਗਿਣਤੀ ਸੰਗਤਾਂ ਹਾਜ਼ਰ ਸਨ।

੧੦ ਅਕਤੂਬਰ

ਜਾਟ ਵਿਕਾਸ ਸੰਸਥਾਨ ਰਾਜਸਥਾਨ ਵੱਲੋਂ ਹੜ੍ਹ ਪੀੜਤਾਂ ਦੀ ਸਹਾਇਤਾ ਲਈ ਸ਼੍ਰੋਮਣੀ ਕਮੇਟੀ ਨੂੰ 5 ਲੱਖ 60 ਹਜ਼ਾਰ ਦਾ ਚੈੱਕ ਸੌਂਪਿਆ

ਅੰਮ੍ਰਿਤਸਰ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਹੜ੍ਹ ਪੀੜਤਾਂ ਲਈ ਕੀਤੇ ਜਾ ਰਹੇ ਰਾਹਤ ਕਾਰਜਾਂ ਵਿਚ ਸਹਿਯੋਗ ਲਈ ਜਾਟ ਵਿਕਾਸ ਸੰਸਥਾਨ, ਸਰਦਾਰ ਸ਼ਹਿਰ, ਚੁਰੂ ਰਾਜਸਥਾਨ ਵੱਲੋਂ ਸਥਾਨਕ ਲੋਕਾਂ ਦੇ ਸਹਿਯੋਗ ਨਾਲ ੫ ਲੱਖ ੬੦ ਹਜ਼ਾਰ ਰੁਪਏ ਦਾ ਚੈੱਕ ਸ਼੍ਰੋਮਣੀ ਕਮੇਟੀ ਸਕੱਤਰ ਸ. ਪ੍ਰਤਾਪ ਸਿੰਘ ਨੂੰ ਸੌਂਪਿਆ ਗਿਆ। ਸ਼੍ਰੋਮਣੀ ਕਮੇਟੀ ਸਕੱਤਰ ਸ. ਪ੍ਰਤਾਪ ਸਿੰਘ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਹੜ੍ਹ ਪੀੜਤਾਂ ਲਈ ਕੀਤੇ ਜਾ ਰਹੇ ਕਾਰਜਾਂ ਵਿਚ ਦੇਸ਼ ਭਰ ਤੋਂ ਸੰਗਤਾਂ ਸਹਿਯੋਗ ਕਰ ਰਹੀਆਂ ਹਨ। ਵੱਖ-ਵੱਖ ਸੂਬਿਆਂ ਤੋਂ ਕਈ ਸੰਸਥਾਵਾਂ ਇਨ੍ਹਾਂ ਰਾਹਤ ਸੇਵਾਵਾਂ ਲਈ ਲੋਕਾਂ ਵੱਲੋਂ ਇਕੱਤਰ ਕੀਤੀ ਮਾਇਆ ਭੇਜ ਰਹੀਆਂ ਹਨ। ਉਨ੍ਹਾਂ ਕਿਹਾ ਕਿ ਰਾਜਸਥਾਨ ਤੋਂ ਜਾਟ ਵਿਕਾਸ ਸੰਸਥਾਨ ਦੇ ਨੁਮਾਇੰਦੇ ੫ ਲੱਖ ੬੦ ਹਜ਼ਾਰ ਰੁਪਏ ਦਾ ਚੈੱਕ ਲੈਣ ਕੇ ਆਏ ਹਨ। ਸ. ਪ੍ਰਤਾਪ ਸਿੰਘ ਨੇ ਸ਼੍ਰੋਮਣੀ ਕਮੇਟੀ ਵੱਲੋਂ ਸੰਸਥਾ ਦੇ ਮੁਖੀ ਸ੍ਰੀ ਮਹਾਂਵੀਰ ਪ੍ਰਸ਼ਾਦ ਸਾਹੂ ਤੇ ਸ੍ਰੀ ਨੰਦ ਰਾਮ ਚਾਹਰ ਸਮੇਤ ਸਹਾਇਤਾ ਲੈ ਕੇ ਆਏ ਹੋਰਾਂ ਦਾ ਧੰਨਵਾਦ ਕੀਤਾ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਸੁਪ੍ਰਿੰਟੈਂਡੈਂਟ ਸ. ਨਿਸ਼ਾਨ ਸਿੰਘ, ਜਾਟ ਵਿਕਾਸ ਸੰਸਥਾਨ ਦੇ ਮੁਖੀ ਸ੍ਰੀ ਮਹਾਂਵੀਰ ਪ੍ਰਸ਼ਾਦ ਸਾਹੂ, ਸ੍ਰੀ ਨੰਦ ਰਾਮ ਚਾਹਰ, ਸ੍ਰੀ ਰਾਜ ਜੱਸ ਚਾਹਰ, ਸ੍ਰੀ ਲਾਲ ਚੰਦ ਸਹਾਰਨ, ਸ੍ਰੀ ਇੰਦਰਾਜ਼ ਸਹਾਰਨ ਤੇ ਸ੍ਰੀ ਬਨਵਾਰੀ ਲਾਲ ਸਮੇਤ ਹੋਰ ਹਾਜ਼ਰ ਸਨ। ੧੦ ਅਕਤੂਬਰ

ਸ਼ਹੀਦੀ ਨਗਰ ਕੀਰਤਨ ਪ੍ਰਤੀ ਸੰਗਤਾਂ 'ਚ ਉਤਸ਼ਾਹ ਗੁਰੂ ਸਾਹਿਬ ਪ੍ਰਤੀ ਸ਼ਰਧਾ ਤੇ ਸਤਿਕਾਰ ਦਾ ਪ੍ਰਗਟਾਵਾ -ਐਡਵੋਕੇਟ ਧਾਮੀ

ਸ਼ਹੀਦੀ ਨਗਰ ਕੀਰਤਨ ਖਾਲਸਾ ਕਾਲਜ ਮਾਟੁੰਗਾ ਤੋਂ ਅਗਲੇ ਪੜਾਅ ਬੋਰੀਵਾਲੀ ਮੁੰਬਈ ਲਈ ਰਵਾਨਾ

ਅੰਮ੍ਰਿਤਸਰ-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦਾ ੩੫੦ ਸਾਲਾ ਸ਼ਹੀਦੀ ਨਗਰ ਕੀਰਤਨ ਵੱਖ-ਵੱਖ ਸੂਬਿਆਂ ਤੋਂ ਹੁੰਦੇ ਹੋਏ ਮੁੰਬਈ ਪਹੁੰਚਣ ਸਮੇਂ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਤਖਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ, ਤਖ਼ਤ ਸ੍ਰੀ ਪਟਨਾ ਸਾਹਿਬ ਦੇ ਜਥੇਦਾਰ ਗਿਆਨੀ ਬਲਦੇਵ ਸਿੰਘ, ਤਖ਼ਤ ਸ੍ਰੀ ਹਜ਼ੂਰ ਸਾਹਿਬ ਦੇ ਮੀਤ ਜਥੇਦਾਰ ਗਿਆਨੀ ਜੋਤਇੰਦਰ ਸਿੰਘ ਤੇ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਮੁੱਖੀ ਜਥੇਦਾਰ ਬਾਬਾ ਬਲਬੀਰ ਸਿੰਘ ੯੬ਵੇਂ ਕਰੋੜੀ ਸਮੇਤ ਸ਼੍ਰੋਮਣੀ ਕਮੇਟੀ ਮੈਂਬਰਾਂ ਤੇ ਪ੍ਰਮੁੱਖ ਸਖ਼ਸ਼ੀਅਤਾਂ ਨੇ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ।

ਗੁਰੂ ਨਾਨਕ ਖਾਲਸਾ ਕਾਲਜ ਮਾਟੁੰਗਾ ਤੋਂ ਅਗਲੇ ਪੜਾਅ ਲਈ ਨਗਰ ਕੀਰਤਨ ਦੀ ਰਵਾਨਗੀ ਤੋਂ ਪਹਿਲਾਂ ਗੁਰਦੁਆਰਾ ਸਾਹਿਬ ਵਿਖੇ ਸਜੇ ਦੀਵਾਨ ਮੌਕੇ ਸੰਬੋਧਨ ਕਰਦਿਆਂ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਮੁੰਬਈ ਦੀਆਂ ਸੰਗਤਾਂ ਅੰਦਰ ਉਤਸ਼ਾਹ ਗੁਰੂ ਸਾਹਿਬ ਪ੍ਰਤੀ ਸੱਚੀ ਸ਼ਰਧਾ ਤੇ ਸਤਿਕਾਰ ਨੂੰ ਬਿਆਨ ਕਰਦਾ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਸਿੱਖ ਇਤਿਹਾਸ ਦੇ ਸ਼ਤਾਬਦੀ ਦਿਹਾੜੇ ਕੌਮ ਅੰਦਰ ਏਕਤਾ ਇਤਫਾਕ ਨੂੰ ਮਜਬੂਤ ਕਰਨ ਦੇ ਨਾਲ ਨਾਲ ਸਿੱਖੀ ਦੀਆਂ ਕਦਰਾਂ ਕੀਮਤਾਂ ਅਤੇ ਇਤਿਹਾਸ ਨਾਲ ਜੋੜ੍ਹਨ ਦਾ ਮੌਕਾ ਹਨ ਅਤੇ ਹਰ ਸਿੱਖ ਦਾ ਫਰਜ਼ ਹੈ ਕਿ ਉਹ ਇਨ੍ਹਾਂ ਵਿੱਚ ਭਾਗੀ ਬਣਦਿਆਂ ਕੌਮ ਦੀ ਚੜ੍ਹਦੀ ਕਲਾ ਲਈ ਯਤਨ ਕਰੇ। ਉਨ੍ਹਾਂ ਸ਼ਹੀਦੀ ਨਗਰ ਕੀਰਤਨ ਪ੍ਰਤੀ ਮੁੰਬਈ ਦੀਆਂ ਸੰਗਤਾਂ ਦੇ ਉਤਸਾਹ ਬਾਰੇ ਕਿਹਾ ਕਿ ਦੇਸ਼ ਦੇ ਮਹਾਂਨਗਰਾਂ ਵਿੱਚ ਸਿੱਖੀ ਦਾ ਬੋਲਬਾਲਾ ਵੱਡੇ ਅਰਥ ਰੱਖਦਾ ਹੈ। ਉਨ੍ਹਾਂ ਸੰਗਤਾਂ ਨੂੰ ਗੁਰੂ ਸਾਹਿਬ ਦੇ ਉਪਦੇਸ਼ਾਂ ਅਨੁਸਾਰ ਬਾਣੀ ਬਾਣੇ ਦੇ ਧਾਰਨੀ ਹੋਣ ਦੀ ਅਪੀਲ ਕੀਤੀ।

ਐਡਵੋਕੇਟ ਧਾਮੀ ਨੇ ਗੁਰੂ ਨਾਨਕ ਖਾਲਸਾ ਕਾਲਜ ਮਾਟੁੰਗਾ ਦੀ ਗੱਲ ਕਰਦਿਆਂ ਕਿਹਾ ਕਿ ਇਹ ਸਿੱਖ ਕੌਮ ਦੀ ਬਹੁਤ ਪੁਰਾਣੀ ਸਿੱਖਿਆ ਸੰਸਥਾ ਹੈ, ਜਿਸ ਨੂੰ ਸਾਡੇ ਪੁਰਖਿਆਂ ਨੇ ਸਿਰਜਿਆ ਸੀ। ਇਹ ਸੰਸਥਾ ਸ. ਗੁਰਿੰਦਰ ਸਿੰਘ ਬਾਵਾ ਦੀ ਅਗਵਾਈ ਹੇਠ ਸਫ਼ਲਤਾ ਨਾਲ ਚੱਲ ਰਹੀ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਭਵਿੱਖ ਵਿੱਚ ਇਸ ਕਾਲਜ ਨੂੰ ਯੂਨੀਵਰਸਿਟੀ ਬਣਾਉਣ ਲਈ ਯਤਨ ਕੀਤੇ ਜਾਣਗੇ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਮੁੰਬਈ ਵਿੱਚ ਨਗਰ ਕੀਰਤਨ ਲਈ ਕੀਤੇ ਪ੍ਰਬੰਧਾਂ ਵਾਸਤੇ ਸ਼੍ਰੋਮਣੀ ਕਮੇਟੀ ਮੈਂਬਰ ਸ. ਗੁਰਿੰਦਰ ਸਿੰਘ ਬਾਵਾ ਦੇ ਨਾਲ ਨਾਲ ਸ. ਜਸਬੀਰ ਸਿੰਘ ਧਾਮ ਤੇ ਸ. ਰਾਮ ਸਿੰਘ ਮੁਬੰਈ ਦਾ ਵਿਸ਼ੇਸ਼ ਤੌਰ ਤੇ ਧੰਨਵਾਦ ਵੀ ਕੀਤਾ।

ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸੰਗਤਾਂ ਨੂੰ ਸੰਬੋਧਨ ਹੁੰਦਿਆਂ ਕਿਹਾ ਕਿ ਇਸ ਸ਼ਹੀਦੀ ਨਗਰ ਕੀਰਤਨ ਨੇ ਸਮੁੱਚੇ ਦੇਸ਼ ਅੰਦਰ ਗੁਰੂ

ਸਾਹਿਬ ਦੀ ਸ਼ਹਾਦਤ ਦੇ ਸੰਦੇਸ਼ ਨੂੰ ਪਹੁੰਚਾਇਆ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਦਾ ਇਹ ਉਪਰਾਲਾ ਹਮੇਸ਼ਾ ਯਾਦ ਰੱਖਿਆ ਜਾਵੇਗਾ। ਜਥੇਦਾਰ ਗੜਗੱਜ ਨੇ ਤਖ਼ਤ ਸ੍ਰੀ ਹਜ਼ੂਰ ਸਾਹਿਬ ਪ੍ਰਬੰਧਕੀ ਬੋਰਡ ਬਾਰੇ ਅਦਾਲਤ ਵੱਲੋਂ ਆਏ ਫੈਸਲੇ ਦੀ ਗੱਲ ਕਰਦਿਆਂ ਕਿਹਾ ਕਿ ਇਹ ਹਜ਼ੂਰੀ ਸਿੱਖਾਂ ਦੀ ਜਿੱਤ ਹੈ। ਉਨ੍ਹਾਂ ਕਿਹਾ ਕਿ ਪੰਜੇ ਤਖਤ ਪੰਥ ਦੇ ਹਨ ਅਤੇ ਇਨ੍ਹਾਂ ਦੇ ਪ੍ਰਬੰਧਾਂ ਵਿਚ ਕਿਸੇ ਨੂੰ ਵੀ ਦਖ਼ਲਅੰਦਾਜੀ ਦਾ ਹੱਕ ਨਹੀਂ। ਉਨ੍ਹਾਂ ਕਿਹਾ ਕਿ ਜਿਸ ਤਰ੍ਹਾਂ ਅੱਜ ਮੁੰਬਈ ਦੀਆਂ ਸੰਗਤਾਂ ਦੇ ਸੱਦੇ ਤੇ ਪੰਜ ਤਖਤ ਸਾਹਿਬਾਨ ਦੇ ਜਥੇਦਾਰ ਸਾਹਿਬਾਨ, ਸ਼੍ਰੋਮਣੀ ਕਮੇਟੀ ਪ੍ਰਧਾਨ ਅਤੇ ਪੰਥ ਦੀਆਂ ਪ੍ਰਮੁੱਖ ਸਖ਼ਸ਼ੀਅਤਾਂ ਨਗਰ ਕੀਰਤਨ ਵਿੱਚ ਸ਼ਾਮਲ ਹੋਣ ਲਈ ਪੁੱਜੀਆਂ ਹਨ ਇਸੇ ਤਰ੍ਹਾਂ ਹੀ ਸ੍ਰੀ ਅਨੰਦਪੁਰ ਸਾਹਿਬ ਵਿਖੇ ਸ਼ਤਾਬਦੀ ਸਮਾਗਮਾਂ ਸਮੇਂ ਸਮੁੱਚਾ ਪੰਥ ਇਕੱਠਾ ਹੋਵੇਗਾ। ਉਨ੍ਹਾਂ ਸੰਗਤਾਂ ਨੂੰ ਵੀ ਇਨ੍ਹਾਂ ਸ਼ਤਾਬਦੀ ਸਮਾਗਮਾਂ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ।

ਨਗਰ ਕੀਰਤਨ ਦੀ ਰਵਾਨਗੀ ਤੋਂ ਪਹਿਲਾਂ ਗੁਰਦੁਆਰਾ ਸਾਹਿਬ ਵਿਖੇ ਧਾਰਮਿਕ ਦੀਵਾਨ ਸਜਾਏ ਗਏ, ਜਿਸ ਵਿਚ ਸ੍ਰੀ ਦਰਬਾਰ ਸਾਹਿਬ ਦੇ ਹਜ਼ੂਰੀ ਰਾਗੀ ਜਥੇ ਨੇ ਗੁਰਬਾਣੀ ਕੀਰਤਨ ਕੀਤਾ। ਇਸ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ ਨੇ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ। ਰਵਾਨਗੀ ਸਮੇਂ ਪ੍ਰਬੰਧਕਾਂ ਨੇ ਪੰਜ ਪਿਆਰੇ ਸਾਹਿਬਾਨ ਅਤੇ ਹਾਜ਼ਰ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਿਰੋਪਾਓ ਵੀ ਦਿੱਤੇ।

ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਸ. ਗੁਰਿੰਦਰ ਸਿੰਘ ਬਾਵਾ, ਸ. ਗੁਰਿੰਦਰਪਾਲ ਸਿੰਘ ਗੋਰਾ, ਜਥੇਦਾਰ ਮੰਗਵਿੰਦਰ ਸਿੰਘ ਖਾਪੜਖੇੜੀ, ਜਥੇਦਾਰ ਬਾਵਾ ਸਿੰਘ ਗੁਮਾਨਪੁਰਾ, ਸ. ਗੁਰਪ੍ਰੀਤ ਸਿੰਘ ਝੱਬਰ, ਸ. ਅਮਰਜੀਤ ਸਿੰਘ ਬੰਡਾਲਾ, ਸ. ਅਮਰਜੀਤ ਸਿੰਘ ਭਲਾਈਪੁਰ, ਓਐਸਡੀ ਸ. ਸਤਬੀਰ ਸਿੰਘ ਧਾਮੀ, ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਮੀਤ ਸਕੱਤਰ ਸ. ਗੁਰਦਿਆਲ ਸਿੰਘ, ਸ. ਜਸਬੀਰ ਸਿੰਘ ਧਾਮ, ਸ. ਰਾਮ ਸਿੰਘ ਮੁੰਬਈ, ਤਖ਼ਤ ਸ੍ਰੀ ਪਟਨਾ ਸਾਹਿਬ ਦੇ ਮੀਤ ਪ੍ਰਧਾਨ ਸ. ਗੁਰਵਿੰਦਰ ਸਿੰਘ, ਇੰਚਾਰਜ ਸ. ਮਲਕੀਤ ਸਿੰਘ, ਵਧੀਕ ਮੈਨੇਜਰ ਸ. ਯੁਵਰਾਜ ਸਿੰਘ, ਸਹਾਇਕ ਸੁਪ੍ਰਿੰਟੈਂਡੈਂਟ ਸ. ਪ੍ਰਭਜੋਤ ਸਿੰਘ, ਹੈੱਡ ਪ੍ਰਚਾਰਕ ਭਾਈ ਜਗਦੇਵ ਸਿੰਘ, ਭਾਈ ਪਰਮਜੀਤ ਸਿੰਘ, ਭਾਈ ਬਲਦੇਵ ਸਿੰਘ, ਭਾਈ ਸੁਖਜੀਤ ਸਿੰਘ ਘਣੱਈਆ, ਸ. ਹਰਮੀਤ ਸਿੰਘ ਸਲੂਜਾ, ਸ. ਰਵਿੰਦਰ ਸਿੰਘ, ਸ. ਪਰਮਜੋਤ ਸਿੰਘ, ਬੀਬੀ ਪਰਵਿੰਦਰ ਕੌਰ, ਬੀਬੀ ਜਸਬੀਰ ਕੌਰ ਬੀਬੀ ਰਣਜੀਤ ਕੌਰ ਸਮੇਤ ਵੱਡੀ ਗਿਣਤੀ ਸੰਗਤਾਂ ਹਾਜ਼ਰ ਸਨ। ੧੧ ਅਕਤੂਬਰ

ਸ਼੍ਰੋਮਣੀ ਕਮੇਟੀ ਮੈਂਬਰ ਭਾਈ ਰਾਮ ਸਿੰਘ ਦੇ ਅਕਾਲ ਚਲਾਣੇ 'ਤੇ ਐਡਵੋਕੇਟ ਧਾਮੀ ਵੱਲੋਂ ਦੁੱਖ ਪ੍ਰਗਟ

ਅੰਮ੍ਰਿਤਸਰ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਰਾਮ ਸਿੰਘ ਦੇ ਅਕਾਲ ਚਲਾਣਾ ਕਰ ਜਾਣ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਐਡਵੋਕੇਟ ਧਾਮੀ ਨੇ ਭਾਈ ਰਾਮ ਸਿੰਘ ਦੀਆਂ ਪੰਥਕ ਸੇਵਾਵਾਂ ਨੂੰ ਯਾਦ ਕਰਦਿਆਂ ਕਿਹਾ ਕਿ ਉਹ ਨਿਮਰ ਸੁਭਾਅ ਵਾਲੇ ਨੇਕਦਿਲ ਇਨਸਾਨ ਸਨ, ਜਿਨ੍ਹਾਂ ਨੇ ਹਮੇਸ਼ਾ ਪੰਥਕ ਸਰੋਕਾਰਾਂ ਨੂੰ ਪਹਿਲ ਦਿੱਤੀ। ਭਾਈ ਰਾਮ ਸਿੰਘ ਨੇ ਸ਼੍ਰੋਮਣੀ ਕਮੇਟੀ ਮੈਂਬਰ ਵਜੋਂ ਲੰਬਾ ਸਮਾਂ ਸੇਵਾਵਾਂ ਨਿਭਾਈਆਂ ਅਤੇ ਧਰਮ ਦੇ ਪ੍ਰਚਾਰ ਪ੍ਰਸਾਰ ਲਈ ਅਹਿਮ ਕਾਰਜਾਂ ਵਿਚ ਯੋਗਦਾਨ ਪਾਇਆ। ਉਨ੍ਹਾਂ ਕਿਹਾ ਕਿ ਭਾਈ ਰਾਮ ਸਿੰਘ ਦੇ ਅਕਾਲ ਚਲਾਣੇ ਨਾਲ ਪਰਿਵਾਰ ਅਤੇ ਸਿੱਖ ਸੰਸਥਾ ਸ਼੍ਰੋਮਣੀ ਕਮੇਟੀ ਨੂੰ ਵੀ ਵੱਡਾ ਘਾਟਾ ਪਿਆ ਹੈ।

ਐਡਵੋਕੇਟ ਧਾਮੀ ਨੇ ਭਾਈ ਰਾਮ ਸਿੰਘ ਦੇ ਪਰਿਵਾਰ ਨਾਲ ਦੁੱਖ ਸਾਂਝਾ ਕਰਦਿਆਂ ਕਰਤਾ ਪੁਰਖ ਅੱਗੇ ਅਰਦਾਸ ਕੀਤੀ ਕਿ ਉਹ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖ਼ਸ਼ਣ ਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬੱਲ ਪ੍ਰਦਾਨ ਕਰਨ।

ਇਸੇ ਦੌਰਾਨ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਸ. ਰਘੁਜੀਤ ਸਿੰਘ ਵਿਰਕ, ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਜਨਰਲ ਸਕੱਤਰ ਸ. ਸ਼ੇਰ ਸਿੰਘ ਮੰਡਵਾਲਾ ਤੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ ਨੇ ਵੀ ਭਾਈ ਰਾਮ ਸਿੰਘ ਦੇ ਅਕਾਲ ਚਲਾਣੇ ਤੇ ਦੁੱਖ ਪ੍ਰਗਟ ਕਰਦਿਆਂ ਪਰਿਵਾਰ ਨਾਲ ਹਮਦਰਦੀ ਪ੍ਰਗਟ ਕੀਤੀ। ੧੨ ਅਕਤੂਬਰ

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ:

ਅਸਾਮ ਤੋਂ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ ਬੋਰੀਵਲੀ ਮੁੰਬਈ ਤੋਂ ਸੂਰਤ ਗੁਜਰਾਤ ਲਈ ਰਵਾਨਾ

ਅੰਮ੍ਰਿਤਸਰ- ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦਾ ੩੫੦ ਸਾਲਾ ਸ਼ਹੀਦੀ ਨਗਰ ਕੀਰਤਨ ਅੱਜ ਗੁਰਦੁਆਰਾ ਗੁਰੂ ਨਾਨਕ ਦਰਬਾਰ ਬੋਰੀਵਲੀ ਮੁੰਬਈ ਤੋਂ ਆਪਣੇ ਅਗਲੇ ਪੜਾਅ ਸੂਰਤ ਗੁਜਰਾਤ ਲਈ ਰਵਾਨਾ ਹੋਇਆ।

ਨਗਰ ਕੀਰਤਨ ਦੀ ਰਵਾਨਗੀ ਤੋਂ ਪਹਿਲਾਂ ਗੁਰਦੁਆਰਾ ਸਾਹਿਬ ਵਿਖੇ ਧਾਰਮਿਕ ਦੀਵਾਨ ਸਜਾਏ ਗਏ, ਜਿਸ ਵਿਚ ਸ੍ਰੀ ਦਰਬਾਰ ਸਾਹਿਬ ਦੇ ਹਜੂਰੀ ਰਾਗੀ ਜਥੇ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ ਨੇ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ। ਇਸ ਮੌਕੇ ਹਲਕਾ ਬੋਰੀਵਲੀ ਦੇ ਵਿਧਾਇਕ ਸ੍ਰੀ ਸੰਜੇ ਉਪਾਧਿਆਏ ਨੇ ਵੀ ਵਿਸ਼ੇਸ਼ ਤੌਰ ਤੇ ਹਾਜ਼ਰੀ ਭਰਦਿਆਂ ਗੁਰੂ ਸਾਹਿਬ ਪ੍ਰਤੀ ਸ਼ਰਧਾ ਪ੍ਰਗਟਾਈ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਦੀ ਸ਼ਹਾਦਤ ਦੀ ਸ਼ਤਾਬਦੀ ਨੂੰ ਸਮਰਪਿਤ ਨਗਰ ਕੀਰਤਨ ਨੂੰ ਪੂਰਾ ਦੇਸ਼ ਨਮਨ ਕਰ ਰਿਹਾ ਹੈ। ਉਨ੍ਹਾਂ ਨੌਵੇਂ ਪਾਤਸ਼ਾਹ ਜੀ ਦੀ ਸ਼ਹਾਦਤ ਦੇ ਇਤਿਹਾਸ ਨੂੰ ਯਾਦ ਕਰਦਿਆਂ ਨੌਜਵਾਨ ਪੀੜ੍ਹੀ ਨੂੰ ਆਪਣੇ ਵਿਰਸੇ ਨਾਲ ਜੁੜਨ ਲਈ ਪ੍ਰੇਰਿਆ। ਨਗਰ ਕੀਰਤਨ ਦੀ ਰਵਾਨਗੀ ਸਮੇਂ ਗੁਰਦੁਆਰਾ ਸਾਹਿਬ ਦੇ ਪ੍ਰਬੰਧਕਾਂ ਨੇ ਪੰਜ ਪਿਆਰੇ ਸਾਹਿਬਾਨ ਅਤੇ ਹਾਜ਼ਰ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਿਰੋਪਾਓ ਦਿੱਤੇ। ਇਸ ਦੌਰਾਨ ਗੁਰਦੁਆਰਾ ਸਾਹਿਬ ਦੇ ਪ੍ਰਬੰਧਕਾਂ ਵੱਲੋਂ ੫੧ ਹਜ਼ਾਰ ਅਤੇ ਹਲਕਾ ਵਿਧਾਇਕ ਸ੍ਰੀ ਸੰਜੇ ਉਪਾਧਿਆਏ ਵਲੋਂ ੨੧ ਹਜ਼ਾਰ ਰੁਪਏ ਸੇਵਾ ਦਾ ਚੈੱਕ ਵੀ ਭੇਟ ਕੀਤਾ ਗਿਆ।

ਨਗਰ ਕੀਰਤਨ ਪ੍ਰਤੀ ਸੰਗਤਾਂ ਵਿੱਚ ਵੱਡਾ ਉਤਸ਼ਾਹ ਸੀ ਅਤੇ ਵੱਖ-ਵੱਖ ਪੜਾਵਾਂ 'ਤੇ ਸੰਗਤਾਂ ਵੱਲੋਂ ਸ਼ਰਧਾ ਨਾਲ ਸਵਾਗਤ ਕੀਤਾ ਗਿਆ। ਸੰਗਤਾਂ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਲਕੀ 'ਤੇ ਫੁੱਲਾਂ ਦੀ ਵਰਖਾ ਕਰਕੇ ਗੁਰੂ ਸਾਹਿਬ ਨੂੰ ਸਤਿਕਾਰ ਭੇਟ ਕੀਤਾ। ਰਸਤੇ ਵਿਚ ਵੇਸਾਈ ਤੋਂ ਵਿਧਾਇਕ ਸੁਨੇਹਾ ਦੂਬੇ ਪੰਡਿਤ ਸਮੇਤ ਸਥਾਨਕ ਆਗੂਆਂ ਨੇ ਵੀ ਨਗਰ ਕੀਰਤਨ ਦੌਰਾਨ ਸ਼ਮੂਲੀਅਤ ਕਰਕੇ ਗੁਰੂ ਸਾਹਿਬ ਪ੍ਰਤੀ ਸ਼ਰਧਾ ਪ੍ਰਗਟਾਈ।

ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਸ. ਗੁਰਿੰਦਰਪਾਲ ਸਿੰਘ ਗੋਰਾ, ਜਥੇਦਾਰ ਮੰਗਵਿੰਦਰ ਸਿੰਘ ਖਾਪੜਖੇੜੀ, ਜਥੇਦਾਰ ਬਾਵਾ ਸਿੰਘ ਗੁਮਾਨਪੁਰਾ, ਸ. ਅਮਰਜੀਤ ਸਿੰਘ ਬੰਡਾਲਾ, ਸ. ਅਮਰਜੀਤ ਸਿੰਘ ਭਲਾਈਪੁਰ, ਮੀਤ ਸਕੱਤਰ ਸ. ਗੁਰਦਿਆਲ ਸਿੰਘ, ਸ. ਰਾਮ ਸਿੰਘ ਮੁੰਬਈ, ਗੁਰਦੁਆਰਾ ਸਾਹਿਬ ਦੇ ਪ੍ਰਬੰਧਕ ਸ. ਨਰਿੰਦਰ ਸਿੰਘ ਮੋਖਾ, ਸ. ਮੋਹਨ ਸਿੰਘ ਬੇਦੀ, ਸ. ਹਰਜਿੰਦਰ ਸਿੰਘ, ਸ. ਗੁਰਮੀਤ ਸਿੰਘ,

ਸ. ਪ੍ਰਿਤਪਾਲ ਸਿੰਘ, ਹੈੱਡ ਗ੍ਰੰਥੀ ਭਾਈ ਗੁਰਸੇਵਕ ਸਿੰਘ, ਭਾਈ ਜਗਜੀਤ ਸਿੰਘ, ਸ. ਰਜਿੰਦਰ ਸਿੰਘ, ਸ. ਸਵਿੰਦਰ ਸਿੰਘ, ਸ. ਪ੍ਰਭਜੋਤ ਸਿੰਘ, ਸ਼੍ਰੋਮਣੀ ਕਮੇਟੀ ਦੇ ਇੰਚਾਰਜ ਸ. ਮਲਕੀਤ ਸਿੰਘ, ਵਧੀਕ ਮੈਨੇਜਰ ਸ. ਯੁਵਰਾਜ ਸਿੰਘ, ਸਹਾਇਕ ਸੁਪ੍ਰਿੰਟੈਂਡੈਂਟ ਸ. ਪ੍ਰਭਜੋਤ ਸਿੰਘ, ਸਿੱਖ ਮਿਸ਼ਨ ਦੇ ਇੰਚਾਰਜ ਭਾਈ ਪਰਮਜੀਤ ਸਿੰਘ, ਭਾਈ ਬਲਦੇਵ ਸਿੰਘ ਸਮੇਤ ਵੱਡੀ ਗਿਣਤੀ ਸੰਗਤਾਂ ਹਾਜ਼ਰ ਸਨ। ੧੨ ਅਕਤੂਬਰ

ਸ਼੍ਰੋਮਣੀ ਕਮੇਟੀ ਪ੍ਰਧਾਨ ਤੇ ਅਹੁਦੇਦਾਰਾਂ ਦੀ ਚੋਣ ਲਈ 3 ਨਵੰਬਰ ਨੂੰ ਹੋਵੇਗਾ ਜਨਰਲ ਇਜਲਾਸ- ਐਡਵੋਕੇਟ ਧਾਮੀ

-350 ਸਾਲਾ ਸ਼ਹੀਦੀ ਸ਼ਤਾਬਦੀ ਦੇ ਸਮਾਗਮ ਪੰਥਕ ਰਵਾਇਤਾਂ ਅਨੁਸਾਰ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋਣਗੇ

-ਏਆਈ ਦੁਆਰਾ ਸਿੱਖ ਵਿਰੋਧੀ ਸਮੱਗਰੀ ਨੂੰ ਲੈ ਕੇ ਨੀਤੀ ਨੂੰ ਪ੍ਰਵਾਨਗੀ

-ਅੰਤ੍ਰਿੰਗ ਕਮੇਟੀ ਦੀ ਇਕੱਤਰਤਾ 'ਚ ਲਏ ਗਏ ਅਹਿਮ ਫੈਸਲੇ

ਅੰਮ੍ਰਿਤਸਰ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਤੇ ਹੋਰ ਅਹੁਦੇਦਾਰਾਂ ਦੀ ਸਾਲਾਨਾ ਚੋਣ ਵਾਸਤੇ ਸ਼੍ਰੋਮਣੀ ਕਮੇਟੀ ਦਾ ਜਨਰਲ ਇਜਲਾਸ ੩ ਨਵੰਬਰ ਨੂੰ ਸੱਦ ਲਿਆ ਗਿਆ ਹੈ। ਅੱਜ ਹੋਈ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਗਰੋਂ ਮੀਡੀਆ ਨਾਲ ਗੱਲ ਕਰਦਿਆਂ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਇਹ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਜਨਰਲ ਇਜਲਾਸ ਤੇਜਾ ਸਿੰਘ ਸਮੁੰਦਰੀ ਹਾਲ ਵਿਖੇ ਦੁਪਹਿਰ ੧੨:੦੦ ਵਜੇ ਹੋਵੇਗਾ, ਜਿਸ ਵਿਚ ਪ੍ਰਧਾਨ, ਸੀਨੀਅਰ ਮੀਤ ਪ੍ਰਧਾਨ, ਜੂਨੀਅਰ ਮੀਤ ਪ੍ਰਧਾਨ, ਜਨਰਲ ਸਕੱਤਰ ਤੇ ਅੰਤ੍ਰਿੰਗ ਕਮੇਟੀ ਮੈਂਬਰਾਂ ਦੀ ਚੋਣ ਕੀਤੀ ਜਾਵੇਗੀ। ਅੰਤ੍ਰਿੰਗ ਕਮੇਟੀ ਵੱਲੋਂ ਲਏ ਗਏ ਫੈਸਲਿਆਂ ਬਾਰੇ ਜਾਣਕਾਰੀ ਐਡਵੋਕੇਟ ਧਾਮੀ ਨੇ ਦਿੰਦਿਆਂ ਦੱਸਿਆ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ ੩੫੦ ਸਾਲਾ ਸ਼ਤਾਬਦੀ ਦੇ ਸਮਾਗਮ ੨੩ ਨਵੰਬਰ ਤੋਂ ੨੯ ਨਵੰਬਰ ਤੱਕ ਸ੍ਰੀ ਅਨੰਦਪੁਰ ਸਾਹਿਬ ਵਿਖੇ ਖ਼ਾਲਸਈ ਰਵਾਇਤਾਂ ਅਨੁਸਾਰ ਕੀਤੇ ਜਾਣਗੇ ਅਤੇ ਮੁੱਖ ਸਮਾਗਮ ੨੫ ਨਵੰਬਰ ਨੂੰ ਹੋਵੇਗਾ। ਉਨ੍ਹਾਂ ਦੱਸਿਆ ਕਿ ਸ੍ਰੀਨਗਰ ਦੇ ਮਟਨ ਤੋਂ ਨਗਰ ਕੀਰਤਨ ਸਜਾਉਣ ਸਬੰਧੀ ਜੰਮੂ ਕਸ਼ਮੀਰ ਦੇ ਗਵਰਨਰ, ਮੁੱਖ ਮੰਤਰੀ ਅਤੇ ਸਥਾਨਕ ਸਿੱਖ ਆਗੂਆਂ ਨਾਲ ਮਿਲ ਕੇ ਜਲਦ ਪ੍ਰੋਗਰਾਮ ਉਲੀਕਿਆ ਜਾਵੇਗਾ। ਐਡਵੋਕੇਟ ਧਾਮੀ ਨੇ ਕਿਹਾ ਕਿ ੩੫੦ ਸਾਲਾ ਸ਼ਹੀਦੀ ਸ਼ਤਾਬਦੀ ਸਬੰਧੀ ਹਿੰਦੂ ਧਰਮ ਦੇ ਧਾਰਮਿਕ ਆਗੂਆਂ ਸਮੇਤ ਹੋਰ ਧਰਮਾਂ ਦੇ ਆਗੂਆਂ ਨਾਲ ਇਕੱਤਰਤਾਵਾਂ ਕਰਕੇ ਸ਼ਤਾਬਦੀ ਸਮਾਗਮਾਂ ਦਾ ਹਿੱਸਾ ਬਣਾਇਆ ਜਾਵੇਗਾ।

ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਹੜ੍ਹ ਪ੍ਰਭਾਵਿਤ ਖੇਤਰਾਂ ਵਿਚ ਲਗਾਤਾਰ ਸੇਵਾਵਾਂ ਕਰ ਰਹੀ ਹੈ। ਅੱਜ ਦੀ ਅੰਤ੍ਰਿੰਗ ਕਮੇਟੀ ਦੀ ਬੈਠਕ ਵਿਚ ਰਾਹਤ ਸੇਵਾਵਾਂ ਦੀ ਸਮੀਖਿਆ ਕੀਤੀ ਗਈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਮੁੱਢਲੇ ਤੌਰ 'ਤੇ ਜਿਥੇ ਲੰਗਰ, ਜ਼ੂਰਰੀ ਵਸਤਾਂ, ਮੈਡੀਕਲ ਸਹੂਲਤਾਂ ਅਤੇ ਵੱਡੀ ਪੱਧਰ 'ਤੇ ਡੀਜ਼ਲ ਮੁਹੱਈਆ ਕਰਵਾਇਆ ਗਿਆ, ਉਥੇ ਹੀ ਹੁਣ ਕਿਸਾਨਾਂ ਨੂੰ ਮਿਆਰੀ ਬੀਜ ਦੇਣ ਦਾ ਕਾਰਜ ਆਰੰਭਿਆ ਜਾ ਰਿਹਾ ਹੈ। ਇਸ ਸਬੰਧ ਵਿਚ ਸ਼੍ਰੋਮਣੀ ਕਮੇਟੀ ਵੱਲੋਂ ਕੇਂਦਰ ਸਥਾਪਿਤ ਕੀਤੇ ਗਏ ਹਨ, ਜਿਨ੍ਹਾਂ ਵਿਚ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ, ਗੁਰਦੁਆਰਾ ਬਾਬਾ ਬੁੱਢਾ ਜੀ ਰਮਦਾਸ, ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਅਤੇ ਗੁਰਦੁਆਰਾ ਸ੍ਰੀ ਜਾਮਨੀ ਸਾਹਿਬ ਬਜੀਦਪੁਰ ਫਿਰੋਜ਼ਪੁਰ ਸ਼ਾਮਲ ਹਨ। ੧੦ ਏਕੜ ਤੋਂ ਘੱਟ ਵਾਲੇ ਪ੍ਰਭਾਵਿਤ ਕਿਸਾਨ ਇਨ੍ਹਾਂ ਥਾਵਾਂ 'ਤੇ

ਆਪਣੇ ਨਾਂ ਦਰਜ ਕਰਵਾਉਣ, ਤਾਂ ਜੋ ਸਮੇਂ ਸਿਰ ਬੀਜ ਮੁਹੱਈਆ ਕਰਵਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਜਿਨ੍ਹਾਂ ਗੁਰੂ ਘਰਾਂ ਅੰਦਰ ਪਾਣੀ ਦਾਖ਼ਲ ਹੋਇਆ ਸੀ, ਪ੍ਰਚਾਰਕਾਂ ਰਾਹੀਂ ਉਨ੍ਹਾਂ ਦੀਆਂ ਲਿਸਟਾਂ ਤਿਆਰ ਕਰਵਾਈਆਂ ਜਾ ਰਹੀਆਂ ਹਨ ਅਤੇ ਜਲਦ ਹੀ ਗੁਰਦੁਆਰਾ ਸਾਹਿਬਾਨ ਨੂੰ ੫੦-੫੦ ਹਜ਼ਾਰ ਰੁਪਏ ਦੀ ਸਹਾਇਤਾ ਭੇਜੀ ਜਾਵੇਗੀ।

ਏਆਈ ਦੁਆਰਾ ਗੁਰਬਾਣੀ, ਸਿੱਖ ਇਤਿਹਾਸ, ਧਾਰਮਿਕ ਚਿੰਨ੍ਹਾਂ ਅਤੇ ਗੁਰ-ਅਸਥਾਨਾਂ ਦੀ ਹੋ ਰਹੀ ਬੇਅਦਬੀ ਬਾਰੇ ਅੰਤ੍ਰਿੰਗ ਕਮੇਟੀ ਵੱਲੋਂ ਲਏ ਗਏ ਫੈਸਲੇ ਬਾਰੇ ਜਾਣਕਾਰੀ ਦਿੰਦਿਆਂ ਐਡਵੋਕੇਟ ਧਾਮੀ ਨੇ ਦੱਸਿਆ ਕਿ ਅਜਿਹੇ ਕਿਸੇ ਵੀ ਮਾਮਲੇ ਵਿਚ ਵੀਡੀਓ ਆਦਿ ਬਨਾਉਣ ਵਾਲੇ ਅਤੇ ਇਸ ਨੂੰ ਅੱਗੇ ਸਾਂਝਾ ਕਰਨ ਵਾਲਿਆਂ ਨੂੰ ਬਖ਼ਸ਼ਿਆ ਨਹੀਂ ਜਾਵੇਗਾ। ਅਜਿਹੇ ਲੋਕਾਂ ਵਿਰੁੱਧ ਕਰੜੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ ਅਤੇ ਮੁਆਫ਼ੀ ਹਰਗਿਜ਼ ਨਹੀਂ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਇਸ ਕਾਰਜ ਵਾਸਤੇ ਇੰਟਰਨੈੱਟ ਅਤੇ ਸਾਈਬਰ ਕਰਾਈਮ ਦੇ ਕਾਨੂੰਨੀ ਮਾਹਿਰਾਂ ਦੀਆਂ ਸੇਵਾਵਾਂ ਵੀ ਲਈਆਂ ਜਾਣਗੀਆਂ। ਸਿੱਖ ਵਿਰੋਧੀ ਅਜਿਹੀਆਂ ਹਰਕਤਾਂ ਨੂੰ ਰੋਕਣ ਲਈ ਇਕ ਡਿਜ਼ੀਟਲ ਟਾਕਸ ਫੋਰਸ ਵੀ ਬਣਾਈ ਜਾਵੇਗੀ, ਜਿਸ ਵਿਚ ਸ਼੍ਰੋਮਣੀ ਕਮੇਟੀ ਦੇ ਇੰਟਰਨੈੱਟ ਵਿਭਾਗ, ਆਈ.ਟੀ. ਵਿੰਗ, ਸ੍ਰੀ ਗੁਰੂ ਗ੍ਰੰਥ ਸਾਹਿਬ ਵਿਸ਼ਵ ਯੂਨੀਵਰਸਿਟੀ ਸ੍ਰੀ ਫ਼ਤਹਿਗੜ੍ਹ ਸਾਹਿਬ, ਖ਼ਾਲਸਾ ਕਾਲਜ ਪਟਿਆਲਾ, ਗੁਰੂ ਨਾਨਕ ਦੇਵ ਇੰਜੀਨੀਅਰਿੰਗ ਕਾਲਜ ਲੁਧਿਆਣਾ ਤੇ ਬਾਬਾ ਬੰਦਾ ਸਿੰਘ ਬਹਾਦਰ ਇੰਜੀਨੀਅਰਿੰਗ ਕਾਲਜ ਸ੍ਰੀ ਫ਼ਤਹਿਗੜ੍ਹ ਸਾਹਿਬ ਸੰਗਠਤ ਰੂਪ ਵਿਚ ਕੰਮ ਕਰਨਗੇ। ਉਨ੍ਹਾਂ ਕਿਹਾ ਕਿ ਏਆਈ ਤਕਨੀਕ ਦੀਆਂ ਪ੍ਰਮੁੱਖ ਕੰਪਨੀਆਂ ਨਾਲ ਵੀ ਰਾਬਤਾ ਬਣਾਇਆ ਜਾਵੇਗਾ, ਤਾਂ ਜੋ ਸਿੱਖ ਧਰਮ ਨਾਲ ਸਬੰਧਤ ਮਾਮਲਿਆਂ ਸਬੰਧੀ ਇਤਰਾਜ਼ਯੋਗ ਸਮੱਗਰੀ ਨੂੰ ਰੋਕਿਆ ਜਾ ਸਕੇ। ਐਡਵੋਕੇਟ ਧਾਮੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਗੁਰਬਾਣੀ, ਸਿੱਖ ਸਿਧਾਂਤਾਂ, ਸਿੱਖ ਇਤਿਹਾਸ ਅਤੇ ਮਰਯਾਦਾ ਨਾਲ ਸਬੰਧਤ ਡਿਜ਼ੀਟਲ ਡਾਟਾ ਬੈਂਕ ਤਿਆਰ ਕਰੇਗੀ, ਤਾਂ ਜੋ ਇੰਟਰਨੈੱਟ ਤੋਂ ਪ੍ਰਮਾਣਿਕ ਜਾਣਕਾਰੀ ਮਿਲ ਸਕੇ। ਉਨ੍ਹਾਂ ਜਿਥੇ ਸਰਕਾਰਾਂ ਨੂੰ ਧਰਮ ਵਿਰੁੱਧ ਏਆਈ ਸਮੱਗਰੀ ਦੀ ਰੋਕ ਲਈ ਸਜ਼ਾਯੋਗ ਕਾਨੂੰਨ ਬਨਾਉਣ ਲਈ ਕਿਹਾ, ਉਥੇ ਸੰਗਤਾਂ ਨੂੰ ਵੀ ਅਜਿਹੀਆਂ ਵੀਡੀਓ ਅਤੇ ਹੋਰ ਸਮੱਗਰੀ ਨੂੰ ਅੱਗੇ ਸਾਂਝਾ ਨਾ ਕਰਨ ਦੀ ਅਪੀਲ ਕੀਤੀ।

ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਹੋਰ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਦੇ ਸਹਿਯੋਗ ਨਾਲ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਸ. ਮਨਜੀਤ ਸਿੰਘ ਜੀਕੇ ਵੱਲੋਂ ਨੌਵੇਂ ਪਾਤਸ਼ਾਹ ਜੀ ਦੀ ੩੫੦ ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਗੁਰਦੁਆਰਾ ਸੀਸਗੰਜ ਸਾਹਿਬ ਦਿੱਲੀ ਤੋਂ ਸ੍ਰੀ ਅੰਮ੍ਰਿਤਸਰ ਤੱਕ ਸਾਈਕਲ ਯਾਤਰਾ ਕੱਢੀ ਜਾ ਰਹੀ ਹੈ। ਇਹ ਯਾਤਰਾ ੧੫ ਨਵੰਬਰ ੨੦੨੫ ਨੂੰ ਦਿੱਲੀ ਤੋਂ ਆਰੰਭ ਹੋ ਕੇ ੨੦ ਨਵੰਬਰ ਨੂੰ ਅੰਮ੍ਰਿਤਸਰ ਵਿਖੇ ਪੁੱਜੇਗੀ।

ਇਕੱਤਰਤਾ 'ਚ ਸ਼੍ਰੋਮਣੀ ਕਮੇਟੀ ਦੇ ਮੁਲਾਜ਼ਮਾਂ ਨੂੰ ੩% ਮਹਿੰਗਾਈ ਭੱਤਾ ਦੇਣ ਦਾ ਵੀ ਫੈਸਲਾ ਕੀਤਾ ਗਿਆ। ਇਸ ਤੋਂ ਇਲਾਵਾ ਗੁਰੂ ਨਾਨਕ ਖ਼ਾਲਸਾ ਕਾਲਜ ਮਾਟੁੰਗਾ ਮੁੰਬਈ ਨੂੰ ਯੂਨੀਵਰਸਿਟੀ ਬਨਾਉਣ ਦੀ ਵੀ ਪ੍ਰਵਾਨਗੀ ਦਿੱਤੀ ਗਈ। ਜੰਮੂ ਕਸ਼ਮੀਰ ਦੇ ਪਿੰਡ ਕੌਲਪੁਰ ਵਿਖੇ ਬੀਤੇ ਦਿਨੀਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਦੀ ਅੱਗ ਲਾ ਕੇ ਕੀਤੀ ਬੇਅਦਬੀ 'ਤੇ ਗਹਿਰੀ ਚਿੰਤਾ ਪ੍ਰਗਟ ਕਰਦਿਆਂ ਸਰਕਾਰਾਂ ਨੂੰ ਅਜਿਹੇ ਵਰਤਾਰਿਆਂ 'ਤੇ ਰੋਕ ਲਗਾਉਣ ਲਈ ਦੋਸ਼ੀਆਂ ਖਿਲਾਫ਼ ਮਿਸਾਲੀ ਸਜ਼ਾਵਾਂ ਦਾ ਪ੍ਰਬੰਧ ਕਰਨ ਲਈ ਕਿਹਾ ਗਿਆ। ਮੀਡੀਆ ਨਾਲ ਗੱਲ ਕਰਦਿਆਂ ਐਡਵੋਕੇਟ ਧਾਮੀ ਨੇ ਇਹ ਜਾਣਕਾਰੀ ਵੀ ਦਿੱਤੀ ਕਿ ਉਹ ਇਕ ਵਫ਼ਦ ਸਮੇਤ ਭਲਕੇ ੧੪ ਅਕਤੂਬਰ ਨੂੰ ਪਟਿਆਲਾ ਦੀ ਜ਼ੇਲ੍ਹ ਵਿਚ ਨਜ਼ਰਬੰਦ ਭਾਈ ਬਲਵੰਤ ਸਿੰਘ ਰਾਜੋਆਣਾ ਨਾਲ ਮੁਲਾਕਾਤ ਕਰਨ ਲਈ ਜਾਣਗੇ।

ਇਸ ਤੋਂ ਪਹਿਲਾਂ ਸ਼੍ਰੋਮਣੀ ਕਮੇਟੀ ਦੇ ਮੈਂਬਰ ਭਾਈ ਰਾਮ ਸਿੰਘ ਅਤੇ ਸਾਬਕਾ ਮੈਂਬਰ ਸ. ਜਗਜੀਤ

ਸਿੰਘ ਬਰਾੜ ਦੇ ਅਕਾਲ ਚਲਾਣਾ ਕਰ ਜਾਣ 'ਤੇ ਮੂਲਮੰਤਰ ਤੇ ਗੁਰਮੰਤਰ ਦਾ ਜਾਪ ਕਰਕੇ ਵਿਛੜੀਆਂ ਰੂਹਾਂ ਨਮਿਤ ਸਤਿਕਾਰ ਭੇਟ ਕੀਤਾ ਗਿਆ।

ਇਕੱਤਰਤਾ 'ਚ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਤੋਂ ਇਲਾਵਾ ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ, ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਜਨਰਲ ਸਕੱਤਰ ਸ. ਸ਼ੇਰ ਸਿੰਘ ਮੰਡਵਾਲਾ, ਅੰਤ੍ਰਿੰਗ ਕਮੇਟੀ ਮੈਂਬਰ ਬੀਬੀ ਹਰਜਿੰਦਰ ਕੌਰ, ਸ. ਅਮਰੀਕ ਸਿੰਘ ਵਿਛੋਆ, ਸ. ਸੁਰਜੀਤ ਸਿੰਘ ਤੁਗਲਵਾਲ, ਸ. ਪਰਮਜੀਤ ਸਿੰਘ ਖ਼ਾਲਸਾ, ਸ. ਸੁਰਜੀਤ ਸਿੰਘ ਗੜ੍ਹੀ, ਸ. ਬਲਦੇਵ ਸਿੰਘ ਕਾਇਮਪੁਰ, ਸ. ਦਲਜੀਤ ਸਿੰਘ ਭਿੰਡਰ, ਸ. ਸੁਖਹਰਪ੍ਰੀਤ ਸਿੰਘ ਰੋਡੇ, ਸ. ਰਵਿੰਦਰ ਸਿੰਘ ਖ਼ਾਲਸਾ, ਸ. ਜਸਵੰਤ ਸਿੰਘ ਪੁੜੈਣ, ਸ. ਪਰਮਜੀਤ ਸਿੰਘ ਰਾਏਪੁਰ, ਮੈਂਬਰ ਬੀਬੀ ਜੋਗਿੰਦਰ ਕੌਰ, ਓਐਸਡੀ ਸ. ਸਤਬੀਰ ਸਿੰਘ ਧਾਮੀ, ਸਕੱਤਰ ਸ. ਪ੍ਰਤਾਪ ਸਿੰਘ, ਇੰਜੀ: ਸੁਖਮਿੰਦਰ ਸਿੰਘ, ਸ. ਬਲਵਿੰਦਰ ਸਿੰਘ ਕਾਹਲਵਾਂ, ਵਧੀਕ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਸ. ਪ੍ਰੀਤਪਾਲ ਸਿੰਘ, ਨਿੱਜੀ ਸਕੱਤਰ ਸ. ਸ਼ਾਹਬਾਜ਼ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਮੀਤ ਸਕੱਤਰ ਸ. ਕੁਲਦੀਪ ਸਿੰਘ ਰੋਡੇ, ਸ. ਜਸਵਿੰਦਰ ਸਿੰਘ ਜੱਸੀ, ਸ. ਬਲਵਿੰਦਰ ਸਿੰਘ ਖੈਰਾਬਾਦ, ਕਾਨੂੰਨੀ ਸਲਾਹਕਾਰ ਸ. ਅਮਨਬੀਰ ਸਿੰਘ ਸਿਆਲੀ, ਸੁਪ੍ਰਿੰਟੈਂਡੈਂਟ ਸ. ਨਿਸ਼ਾਨ ਸਿੰਘ, ਐਕਸੀਅਨ ਸ. ਜਤਿੰਦਰਪਾਲ ਸਿੰਘ ਆਦਿ ਸ਼ਾਮਲ ਸਨ। ੧੩ ਅਕਤੂਬਰ

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ:

ਅਸਾਮ ਤੋਂ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ ਸੂਰਤ ਤੋਂ ਅਹਿਮਦਾਬਾਦ ਗੁਜਰਾਤ ਲਈ ਰਵਾਨਾ

ਅੰਮ੍ਰਿਤਸਰ- ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦਾ ੩੫੦ ਸਾਲਾ ਸ਼ਹੀਦੀ ਨਗਰ ਕੀਰਤਨ ਅੱਜ ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਸੂਰਤ ਤੋਂ ਆਪਣੇ ਅਗਲੇ ਪੜਾਅ ਅਹਿਮਦਾਬਾਦ ਗੁਜਰਾਤ ਲਈ ਰਵਾਨਾ ਹੋਇਆ।

ਨਗਰ ਕੀਰਤਨ ਦੀ ਰਵਾਨਗੀ ਤੋਂ ਪਹਿਲਾਂ ਗੁਰਦੁਆਰਾ ਸਾਹਿਬ ਵਿਖੇ ਧਾਰਮਿਕ ਦੀਵਾਨ ਸਜਾਏ ਗਏ, ਜਿਸ ਵਿਚ ਸ੍ਰੀ ਦਰਬਾਰ ਸਾਹਿਬ ਦੇ ਹਜੂਰੀ ਰਾਗੀ ਜਥੇ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ ਨੇ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ। ਉਨ੍ਹਾਂ ਨੌਵੇਂ ਪਾਤਸ਼ਾਹ ਜੀ ਦੀ ਸ਼ਹਾਦਤ ਦੇ ਇਤਿਹਾਸ ਨੂੰ ਯਾਦ ਕਰਦਿਆਂ ਨੌਜਵਾਨ ਪੀੜ੍ਹੀ ਨੂੰ ਆਪਣੇ ਵਿਰਸੇ ਨਾਲ ਜੁੜਨ ਲਈ ਪ੍ਰੇਰਿਆ।

ਨਗਰ ਕੀਰਤਨ ਦੀ ਰਵਾਨਗੀ ਸਮੇਂ ਗੁਰਦੁਆਰਾ ਸਾਹਿਬ ਦੇ ਪ੍ਰਬੰਧਕਾਂ ਨੇ ਪੰਜ ਪਿਆਰੇ ਸਾਹਿਬਾਨ ਅਤੇ ਹਾਜ਼ਰ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਿਰੋਪਾਓ ਦਿੱਤੇ। ਨਗਰ ਕੀਰਤਨ ਪ੍ਰਤੀ ਸੰਗਤਾਂ ਵਿੱਚ ਵੱਡਾ ਉਤਸ਼ਾਹ ਸੀ ਅਤੇ ਵੱਖ-ਵੱਖ ਪੜਾਵਾਂ 'ਤੇ ਸੰਗਤਾਂ ਵੱਲੋਂ ਸ਼ਰਧਾ ਨਾਲ ਸਵਾਗਤ ਕੀਤਾ ਗਿਆ। ਸੰਗਤਾਂ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਲਕੀ 'ਤੇ ਫੁੱਲਾਂ ਦੀ ਵਰਖਾ ਕਰਕੇ ਗੁਰੂ ਸਾਹਿਬ ਨੂੰ ਸਤਿਕਾਰ ਭੇਟ ਕੀਤਾ।

ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਸ. ਗੁਰਿੰਦਰਪਾਲ ਸਿੰਘ ਗੋਰਾ, ਜਥੇਦਾਰ ਮੰਗਵਿੰਦਰ ਸਿੰਘ ਖਾਪੜਖੇੜੀ, ਜਥੇਦਾਰ ਬਾਵਾ ਸਿੰਘ ਗੁਮਾਨਪੁਰਾ, ਸ. ਅਮਰਜੀਤ ਸਿੰਘ ਬੰਡਾਲਾ, ਸ. ਅਮਰਜੀਤ ਸਿੰਘ ਭਲਾਈਪੁਰ, ਮੀਤ ਸਕੱਤਰ ਸ. ਗੁਰਦਿਆਲ ਸਿੰਘ, ਸ. ਰਾਮ ਸਿੰਘ ਮੁੰਬਈ, ਇੰਚਾਰਜ ਸ. ਮਲਕੀਤ ਸਿੰਘ, ਵਧੀਕ ਮੈਨੇਜਰ ਸ. ਯੁਵਰਾਜ ਸਿੰਘ, ਸਹਾਇਕ ਸੁਪ੍ਰਿੰਟੈਂਡੈਂਟ ਸ. ਪ੍ਰਭਜੋਤ ਸਿੰਘ, ਹੈੱਡ ਪ੍ਰਚਾਰਕ

ਭਾਈ ਜਗਦੇਵ ਸਿੰਘ, ਸਿੱਖ ਮਿਸ਼ਨ ਦੇ ਇੰਚਾਰਜ ਭਾਈ ਪਰਮਜੀਤ ਸਿੰਘ, ਭਾਈ ਬਲਦੇਵ ਸਿੰਘ ਸਮੇਤ ਵੱਡੀ ਗਿਣਤੀ ਸੰਗਤਾਂ ਹਾਜ਼ਰ ਸਨ। ੧੩ ਅਕਤੂਬਰ

ਇੰਡੀਆ ਇਸਲਾਮਿਕ ਕਲਚਰ ਸੈਂਟਰ ਦਿੱਲੀ ਵੱਲੋਂ ਸ਼੍ਰੋਮਣੀ ਕਮੇਟੀ ਪ੍ਰਧਾਨ ਨੂੰ ਹੜ੍ਹ ਪੀੜਤਾਂ ਲਈ 11 ਲੱਖ ਰੁਪਏ ਭੇਟ

ਅੰਮ੍ਰਿਤਸਰ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਹੜ੍ਹ ਪੀੜਤਾਂ ਲਈ ਕੀਤੇ ਜਾ ਰਹੇ ਰਾਹਤ ਕਾਰਜਾਂ 'ਚ ਸਹਿਯੋਗ ਲਈ ਅੱਜ ਇੰਡੀਆ ਇਸਲਾਮਿਕ ਕਲਚਰ ਸੈਂਟਰ ਨਵੀਂ ਦਿੱਲੀ ਦੇ ਪ੍ਰਧਾਨ ਸਲਮਾਨ ਖੁਰਸ਼ੀਦ ਵੱਲੋਂ ਸੰਸਥਾ ਦੇ ਖ਼ਜ਼ਾਨਚੀ ਸਿਕੰਦਰ ਹਿਯਾਤ ਨੇ ੧੧ ਲੱਖ ਰੁਪਏ ਦਾ ਚੈੱਕ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੂੰ ਸੌਂਪਿਆ।

ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਧਾਮੀ ਨੇ ਇੰਡੀਆ ਇਸਲਾਮਿਕ ਕਲਚਰ ਸੈਂਟਰ ਦਿੱਲੀ ਦੇ ਅਹੁਦੇਦਾਰਾਂ ਦਾ ਸਹਿਯੋਗ ਲਈ ਧੰਨਵਾਦ ਕਰਦਿਆਂ ਕਿਹਾ ਕਿ ਹੜ੍ਹ ਤੋਂ ਪ੍ਰਭਾਵਿਤ ਪੰਜਾਬ ਵਾਸੀਆਂ ਲਈ ਵੱਖ-ਵੱਖ ਧਰਮਾਂ ਦੇ ਲੋਕਾਂ ਨੇ ਵੱਡਾ ਸਹਿਯੋਗ ਦਿੱਤਾ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਨਿਰੰਤਰ ਹੜ੍ਹ ਪ੍ਰਭਾਵਿਤ ਲੋਕਾਂ ਦੀ ਮੱਦਦ ਲਈ ਯਤਨ ਕਰ ਰਹੀ ਹੈ ਅਤੇ ਇਸੇ ਤਰ੍ਹਾਂ ਯਤਨ ਜਾਰੀ ਰਹਿਣਗੇ। ਐਡਵੋਕੇਟ ਧਾਮੀ ਨੇ ਮੁਸਲਿਮ ਭਾਈਚਾਰੇ ਦਾ ਜ਼ਿਕਰ ਕਰਦਿਆਂ ਕਿਹਾ ਕਿ ਭਾਈਚਾਰੇ ਵੱਲੋਂ ਪਹਿਲਾਂ ਵੀ ਵੱਡੇ ਰੂਪ ਵਿਚ ਸਹਾਇਤਾ ਰਾਸ਼ੀ ਦਿੱਤੀ ਹੈ, ਉਥੇ ਹੁਣ ਇੰਡੀਆ ਇਸਲਾਮਿਕ ਕਲਚਰ ਸੈਂਟਰ ਨਵੀਂ ਦਿੱਲੀ ਵੱਲੋਂ ਵੀ ੧੧ ਲੱਖ ਰੁਪਏ ਦਿੱਤੇ ਗਏ ਹਨ।

ਇਸ ਮੌਕੇ ਇੰਡੀਆ ਇਸਲਾਮਿਕ ਕਲਚਰ ਸੈਂਟਰ ਨਵੀਂ ਦਿੱਲੀ ਦੇ ਪ੍ਰਧਾਨ ਸਲਮਾਨ ਖੁਰਸ਼ੀਦ ਵੱਲੋਂ ਪੁੱਜੇ ਸੰਸਥਾ ਦੇ ਖ਼ਜ਼ਾਨਚੀ ਸਿਕੰਦਰ ਹਿਯਾਤ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਪੰਜਾਬ ਦੀ ਪ੍ਰਮੁੱਖ ਸੰਸਥਾ ਹੈ, ਜੋ ਨਿਰੰਤਰ ਲੋਕਾਂ ਦੀ ਸੇਵਾ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸੈਂਟਰ ਵੱਲੋਂ ਇਹ ਨਿਮਾਣਾ ਯਤਨ ਆਪਸੀ ਭਾਈਚਾਰਕ ਸਾਂਝ ਨੂੰ ਮਜ਼ਬੂਤ ਕਰੇਗਾ। ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸੰਸਥਾ ਵੱਲੋਂ ਪੁੱਜੇ ਨੁਮਾਇੰਦਿਆਂ ਦਾ ਸਨਮਾਨ ਵੀ ਕੀਤਾ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਅੰਤ੍ਰਿੰਗ ਮੈਂਬਰ ਬੀਬੀ ਹਰਜਿੰਦਰ ਕੌਰ, ਸ. ਸੁਰਜੀਤ ਸਿੰਘ ਤੁਗਲਵਾਲ, ਸ. ਪਰਮਜੀਤ ਸਿੰਘ ਰਾਏਪੁਰ, ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ, ਸ. ਦਰਸ਼ਨ ਸਿੰਘ ਸ਼ੇਰਖਾਂ, ਭਾਈ ਅਜੈਬ ਸਿੰਘ ਅਭਿਆਸੀ, ਓਐਸਡੀ ਸ. ਸਤਬੀਰ ਸਿੰਘ ਧਾਮੀ, ਸਕੱਤਰ ਸ. ਪ੍ਰਤਾਪ ਸਿੰਘ, ਇੰਜੀ: ਸੁਖਮਿੰਦਰ ਸਿੰਘ, ਸ. ਬਲਵਿੰਦਰ ਸਿੰਘ ਕਾਹਲਵਾਂ, ਨਿੱਜੀ ਸਕੱਤਰ ਸ. ਸਾਹਬਾਜ਼ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਜਨਰਲ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾਅਤੇ ਹੋਰ ਮੌਜੂਦ ਸਨ। ੧੩ ਅਕਤੂਬਰ

ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਹੜ੍ਹ ਪੀੜਤਾਂ ਲਈ ਰਾਹਤ ਸਮੱਗਰੀ ਤੇ ਤਿੰਨ ਟਰੱਕ ਕੀਤੇ ਰਵਾਨਾ

ਅੰਮ੍ਰਿਤਸਰ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਨੇ ਅੱਜ ਸਥਾਨਕ ਭਾਈ ਗੁਰਦਾਸ ਹਾਲ ਤੋਂ ਹੜ੍ਹ ਪੀੜਤਾਂ ਲਈ ਰਾਹਤ ਸਮੱਗਰੀ ਦੇ ਤਿੰਨ ਟਰੱਕ ਰਵਾਨਾ ਕੀਤੇ। ਭੇਜੀ ਗਈ ਰਾਹਤ ਸਮੱਗਰੀ ਵਿਚ ਰੋਜ਼ਮਰਾ ਦੇ ਸਮਾਨ ਦੇ ਨਾਲ-ਨਾਲ ਸਰਦੀਆਂ ਲਈ ਕੰਬਲ, ਗੱਦੇ, ਮੱਛਰਦਾਨੀਆਂ ਅਤੇ ਹੋਰ ਲੋੜੀਂਦਾ ਸਮਾਨ ਸ਼ਾਮਲ ਹੈ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਦੱਸਿਆ ਕਿ ਹੜ੍ਹ ਪੀੜਤਾਂ ਦੀ ਸਹਾਇਤਾ ਲਈ ਪੀੜਤਾਂ ਦੀ ਮੰਗ ਅਨੁਸਾਰ ਸ਼੍ਰੋਮਣੀ ਕਮੇਟੀ ਵੱਲੋਂ ਸਮੇਂ-ਸਮੇਂ 'ਤੇ ਹਰ ਸੰਭਵ ਮੱਦਦ ਭੇਜੀ ਜਾ ਰਹੀ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਹੁਣ ਸਰਦੀਆਂ ਦਾ ਮੌਸਮ ਆ ਰਿਹਾ ਹੋਣ ਕਰਕੇ ਹਾਲਾਤ ਨੂੰ ਮੁੱਖ ਰੱਖਦਿਆਂ ਲੋੜ ਅਨੁਸਾਰ ਕੰਬਲ, ਗੱਦੇ ਅਤੇ ਹੋਰ ਲੋੜੀਂਦਾ ਸਮਾਨ ਭੇਜਿਆ ਗਿਆ ਹੈ। ਉਨ੍ਹਾਂ ਕਿਹਾ ਕਿ ਜਿਥੇ ਸ਼੍ਰੋਮਣੀ ਕਮੇਟੀ ਆਪਣੇ ਵੱਲੋਂ ਹੜ੍ਹ ਪੀੜਤਾਂ ਲਈ ਲੋੜ ਅਨੁਸਾਰ ਸਮਾਨ ਖਰੀਦ ਰਹੀ ਹੈ, ਉਥੇ ਹੀ ਸੰਗਤਾਂ ਵੀ ਵੱਡਾ ਸਹਿਯੋਗ ਦੇ ਰਹੀਆਂ ਹਨ। ਉਨ੍ਹਾਂ ਕਿਹਾ ਕਿ ਸਿੱਖ ਸੰਸਥਾ ਗੁਰੂ ਸਾਹਿਬ ਦੇ ਉਪਦੇਸ਼ਾਂ ਅਨੁਸਾਰ ਹਰ ਵੇਲੇ ਲੋੜਵੰਦਾਂ ਦੀ ਸਹਾਇਤਾ ਲਈ ਯਤਨਸ਼ੀਲ ਹੈ ਅਤੇ ਹਾਲਾਤ ਪਹਿਲੇ ਵਰਗੇ ਹੋਣ ਤੱਕ ਨਿਰੰਤਰ ਸੇਵਾਵਾਂ ਕਰਦੀ ਰਹੇਗੀ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਓਐਸਡੀ ਸ. ਸਤਬੀਰ ਸਿੰਘ ਧਾਮੀ, ਸਕੱਤਰ ਸ. ਪ੍ਰਤਾਪ ਸਿੰਘ, ਸ. ਬਲਵਿੰਦਰ ਸਿੰਘ ਕਾਹਲਵਾਂ, ਨਿੱਜੀ ਸਕੱਤਰ ਸ. ਸਾਹਬਾਜ਼ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਜਨਰਲ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਮੀਤ ਸਕੱਤਰ ਸ. ਹਰਭਜਨ ਸਿੰਘ ਵਕਤਾ, ਮੈਨੇਜਰ ਸ. ਸਤਨਾਮ ਸਿੰਘ ਰਿਆੜ, ਸ. ਰਾਜਿੰਦਰ ਸਿੰਘ ਰੂਬੀ ਅਤੇ ਹੋਰ ਮੌਜੂਦ ਸਨ।

੧੩ ਅਕਤੂਬਰ

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ:

ਅਸਾਮ ਤੋਂ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ ਅਹਿਮਦਾਬਾਦ ਤੋਂ ਇੰਦੌਰ ਐਮ. ਪੀ. ਲਈ ਰਵਾਨਾ

ਅੰਮ੍ਰਿਤਸਰ-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ ੩੫੦ ਸਾਲਾ ਸ਼ਤਾਬਦੀ ਦੇ ਸਬੰਧ ਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਧੋਬੜੀ ਸਾਹਿਬ ਆਸਾਮ ਤੋਂ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ ਅੱਜ ਗੁਰਦੁਆਰਾ ਸਾਹਿਬ ਅਹਿਮਦਾਬਾਦ ਤੋਂ ਆਪਣੇ ਅਗਲੇ ਪੜਾਅ ਇੰਦੌਰ ਐਮ.ਪੀ. ਲਈ ਰਵਾਨਾ ਹੋਇਆ।

ਨਗਰ ਕੀਰਤਨ ਦੀ ਰਵਾਨਗੀ ਤੋਂ ਪਹਿਲਾਂ ਗੁਰਦੁਆਰਾ ਸਾਹਿਬ ਵਿਖੇ ਧਾਰਮਿਕ ਦੀਵਾਨ ਸਜਾਏ ਗਏ, ਜਿਸ ਵਿਚ ਸ੍ਰੀ ਦਰਬਾਰ ਸਾਹਿਬ ਦੇ ਹਜੂਰੀ ਰਾਗੀ ਜਥੇ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ ਨੇ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ।

ਨਗਰ ਕੀਰਤਨ ਦੀ ਰਵਾਨਗੀ ਸਮੇਂ ਗੁਰਦੁਆਰਾ ਸਾਹਿਬ ਦੇ ਪ੍ਰਬੰਧਕਾਂ ਨੇ ਪੰਜ ਪਿਆਰੇ ਸਾਹਿਬਾਨ ਅਤੇ ਹਾਜ਼ਰ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਿਰੋਪਾਓ ਦਿੱਤੇ। ਨਗਰ ਕੀਰਤਨ ਪ੍ਰਤੀ ਸੰਗਤਾਂ ਵਿੱਚ ਵੱਡਾ ਉਤਸ਼ਾਹ ਸੀ ਅਤੇ ਵੱਖ-ਵੱਖ ਪੜਾਵਾਂ 'ਤੇ ਸੰਗਤਾਂ ਵੱਲੋਂ ਸ਼ਰਧਾ ਨਾਲ ਸਵਾਗਤ ਕੀਤਾ ਗਿਆ। ਸੰਗਤਾਂ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਲਕੀ 'ਤੇ ਫੁੱਲਾਂ ਦੀ ਵਰਖਾ ਕਰਕੇ ਗੁਰੂ ਸਾਹਿਬ ਨੂੰ ਸਤਿਕਾਰ ਭੇਟ ਕੀਤਾ।

ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਸ. ਗੁਰਿੰਦਰਪਾਲ ਸਿੰਘ ਗੋਰਾ, ਜਥੇਦਾਰ ਮੰਗਵਿੰਦਰ ਸਿੰਘ ਖਾਪੜਖੇੜੀ, ਜਥੇਦਾਰ ਬਾਵਾ ਸਿੰਘ ਗੁਮਾਨਪੁਰਾ, ਸ. ਅਮਰਜੀਤ ਸਿੰਘ ਬੰਡਾਲਾ, ਸ. ਅਮਰਜੀਤ ਸਿੰਘ ਭਲਾਈਪੁਰ, ਮੀਤ ਸਕੱਤਰ ਸ. ਗੁਰਦਿਆਲ ਸਿੰਘ, ਸ. ਰਾਮ ਸਿੰਘ ਮੁੰਬਈ, ਬੀਬੀ ਪਰਮਜੀਤ ਕੌਰ ਛਾਬੜਾ ਪ੍ਰਧਾਨ ਸਿੱਖ ਫੈਡਰੇਸ਼ਨ ਗੁਜਰਾਤ ਅਹਿਮਦਾਬਾਦ, ਸ. ਰਵਿੰਦਰ ਸਿੰਘ ਪ੍ਰਧਾਨ ਗੁਰਦੁਆਰਾ ਗੁਰੂ ਨਾਨਕ ਦਰਬਾਰ ਓਡਵ ਅਹਿਮਦਾਬਾਦ, ਸ. ਈਸ਼ਰ ਸਿੰਘ ਬੱਗਾ ਪ੍ਰਧਾਨ ਗੁਰਦੁਆਰਾ ਗੋਬਿੰਦਧਾਮ

ਅਹਿਮਦਾਬਾਦ, ਸ. ਮੋਹਨ ਸਿੰਘ ਪ੍ਰਧਾਨ ਗੁਰਦੁਆਰਾ ਅਸਲਾਲੀ ਅਹਿਮਦਾਬਾਦ, ਸ. ਦਵਿੰਦਰ ਸਿੰਘ ਪ੍ਰਧਾਨ ਗੁਰਦੁਆਰਾ ਸਿੰਘ ਸਭਾ ਅਕਾਲੀ ਦਲ ਸਮਸਪੁਰ ਅਹਿਮਦਾਬਾਦ, ਸ. ਮਨਜੀਤ ਸਿੰਘ ਭੰਗ ਪ੍ਰਧਾਨ ਗੁਰਦੁਅਰਾ ਰਾਮਦਾਸ ਸੁਸਾਇਟੀ ਅਹਿਮਦਾਬਾਦ, ਇੰਚਾਰਜ ਸ. ਮਲਕੀਤ ਸਿੰਘ, ਵਧੀਕ ਮੈਨੇਜਰ ਸ. ਯੁਵਰਾਜ ਸਿੰਘ, ਸਹਾਇਕ ਸੁਪ੍ਰਿੰਟੈਂਡੈਂਟ ਸ. ਪ੍ਰਭਜੋਤ ਸਿੰਘ, ਹੈੱਡ ਪ੍ਰਚਾਰਕ ਭਾਈ ਜਗਦੇਵ ਸਿੰਘ, ਸਿੱਖ ਮਿਸ਼ਨ ਦੇ ਇੰਚਾਰਜ ਭਾਈ ਪਰਮਜੀਤ ਸਿੰਘ, ਭਾਈ ਬਲਦੇਵ ਸਿੰਘ ਸਮੇਤ ਵੱਡੀ ਗਿਣਤੀ ਸੰਗਤਾਂ ਹਾਜ਼ਰ ਸਨ। ੧੪ ਅਕਤੂਬਰ

ਸ਼੍ਰੋਮਣੀ ਕਮੇਟੀ ਵੱਲੋਂ ਨੌਵੇਂ ਪਾਤਸ਼ਾਹ ਦੇ 350ਸਾਲਾ ਸ਼ਹੀਦੀ ਸ਼ਤਾਬਦੀ ਦੇ ਮੱਦੇਨਜ਼ਰ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਵੈੱਬ ਚੈਨਲ ਦੀ ਸ਼ੁਰੂਆਤ

ਸ਼ਹੀਦੀ ਸ਼ਤਾਬਦੀ ਸਮਾਗਮਾਂ ਲਈ ਵਿਸ਼ੇਸ਼ ਦਫ਼ਤਰ ਵੀ ਕੀਤਾ ਕਾਰਜਸ਼ੀਲ

ਲੰਗਰਾਂ ਦੇ ਪ੍ਰਬੰਧਾਂ ਨੂੰ ਲੈ ਕੇ ਐਡਵੋਕੇਟ ਧਾਮੀ ਵੱਲੋਂ ਕਾਰਸੇਵਾ ਵਾਲੇ ਬਾਬਿਆਂ ਨਾਲ ਕੀਤੀ ਵਿਸਾਲ ਇਕੱਤਰਤਾ

ਸ੍ਰੀ ਅਨੰਦਪੁਰ ਸਾਹਿਬ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ ੩੫੦ ਸਾਲਾ ਸ਼ਤਾਬਦੀ ਨੂੰ ਸਮਰਪਿਤ ਕਰਦਿਆਂ ਅੱਜ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਦੇ ਵੈੱਬ ਚੈਨਲ ਦੀ ਸ਼ੁਰੂਆਤ ਕੀਤੀ ਗਈ ਹੈ। ਯੂਟਿਊਬ ਅਤੇ ਹੋਰ ਡਿਜੀਟਲ ਮੰਚਾਂ ਉਤੇ ਚੱਲਣ ਵਾਲੇ ਇਸ ਚੈਨਲ ਤੋਂ ਰੋਜ਼ਾਨਾ ਗੁਰਬਾਣੀ ਕੀਰਤਨ ਦਾ ਸਿੱਧਾ ਪ੍ਰਸਾਰਣ ਹੋਵੇਗਾ। ਇਸ ਚੈਨਲ ਰਾਹੀਂ ਸਵੇਰੇ ੫ ਵਜੇ ਤੋਂ ਰਾਤ ੯ ਵਜੇ ਤੱਕ ਤਖ਼ਤ ਸਾਹਿਬ ਦੇ ਪਵਿੱਤਰ ਦਰਸ਼ਨ ਦੀਦਾਰ ਤੇ ਗੁਰਬਾਣੀ ਕੀਰਤਨ ਨਾਲ ਸੰਸਾਰ ਭਰ ਦੀ ਸੰਗਤ ਜੁੜ ਸਕੇਗੀ।

ਇਸ ਤੋਂ ਇਲਾਵਾ ਸ਼ਹੀਦੀ ਸ਼ਤਾਬਦੀ ਨਾਲ ਜੁੜੇ ਸਮਾਗਮਾਂ ਅਤੇ ਪ੍ਰਬੰਧਾਂ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਇੱਕ ਵਿਸ਼ੇਸ਼ ਦਫ਼ਤਰ ਦੀ ਸਥਾਪਨਾ ਵੀ ਕੀਤੀ ਗਈ ਹੈ। ਇਸੇ ਦੌਰਾਨ ਕਾਰਸੇਵਾ ਵਾਲੇ ਬਾਬਿਆਂ ਨਾਲ ਵਿਸਾਲ ਇਕੱਤਰਤਾ ਕਰਕੇ ਲੰਗਰਾਂ ਦੇ ਪ੍ਰਬੰਧਾਂ ਬਾਰੇ ਵਿਚਾਰ ਚਰਚਾ ਕੀਤੀ ਗਈ।

ਇਨ੍ਹਾਂ ਕਾਰਜਾਂ ਦੀ ਰਸਮੀ ਸ਼ੁਰੂਆਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਅਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਪ੍ਰਮੁੱਖ ਸ਼ਖ਼ਸੀਅਤਾਂ ਦੀ ਮੌਜੂਦਗੀ ਵਿਚ ਕੀਤੀ ਗਈ।

ਇਸ ਮੌਕੇ ਐਡਵੋਕੇਟ ਧਾਮੀ ਨੇ ਕਿਹਾ ਕਿ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੀ ਸ਼ਹੀਦੀ ਦੀ ੩੫੦ ਸਾਲਾ ਸ਼ਤਾਬਦੀ ਪੂਰੇ ਸਿੱਖ ਜਗਤ ਲਈ ਬੇਹੱਦ ਮਹੱਤਵਪੂਰਣ ਅਵਸਰ ਹੈ। ਸ਼੍ਰੋਮਣੀ ਕਮੇਟੀ ਵੱਲੋਂ ਇਸ ਸ਼ਤਾਬਦੀ 'ਤੇ ਸ੍ਰੀ ਅਨੰਦਪੁਰ ਸਾਹਿਬ ਵਿਖੇ ਵੱਖ-ਵੱਖ ਸਮਾਗਮ ਕੀਤੇ ਜਾ ਰਹੇ ਹਨ। ਇਸ ਲਈ ਸਥਾਪਿਤ ਕੀਤਾ ਗਿਆ ਦਫ਼ਤਰ ਸਾਰੇ ਸਮਾਗਮਾਂ ਦੀ ਨਿਗਰਾਨੀ, ਸੰਗਤ ਨੂੰ ਜਾਣਕਾਰੀ ਦੇਣ ਅਤੇ ਪ੍ਰਚਾਰ-ਪ੍ਰਸਾਰ ਦੀ ਜ਼ਿੰਮੇਵਾਰੀ ਨਿਭਾਏਗਾ।

ਸ. ਧਾਮੀ ਨੇ ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਸ਼ੁਰੂ ਕੀਤੇ ਵੈੱਬ ਚੈਨਲ ਬਾਰੇ ਕਿਹਾ ਕਿ ਡਿਜ਼ਿਟਲ

ਪਲੇਟਫ਼ਾਰਮ ਰਾਹੀਂ ਗੁਰਬਾਣੀ ਦਾ ਪ੍ਰਸਾਰਣ ਸਮੇਂ ਦੀ ਲੋੜ ਹੈ। ਇਸ ਨਾਲ ਸੰਗਤ ਜਿਥੇ ਗੁਰਬਾਣੀ ਕੀਰਤਨ ਨਾਲ ਜੁੜੇਗੀ ਉਥੇ ਹੀ ਸ਼ਤਾਬਦੀ ਸਬੰਧੀ ਹੋਣ ਵਾਲੇ ਹਰ ਸਮਾਗਮ ਦਾ ਪ੍ਰਚਾਰ ਵੀ ਹੋਵੇਗਾ

ਐਡਵੋਕੇਟ ਧਾਮੀ ਨੇ ਕਿਹਾ ਕਿ ਸ਼ਤਾਬਦੀ ਸਮਾਗਮਾਂ ਮੌਕੇ ਸੰਗਤਾਂ ਦੀ ਵੱਡੀ ਆਮਦ ਨੂੰ ਧਿਆਨ ਵਿੱਚ ਰੱਖਦਿਆਂ ਲੰਗਰਾਂ ਲਈ ਵੀ ਵਿਸ਼ੇਸ਼ ਪ੍ਰਬੰਧ ਕੀਤੇ ਜਾ ਰਹੇ ਹਨ। ਅੱਜ ਕਾਰਸੇਵਾ ਵਾਲੇ ਮਹਾਂਪੁਰਖਾਂ ਅਤੇ ਧਾਰਮਿਕ ਜਥੇਬੰਦੀਆਂ ਨਾਲ ਮੀਟਿੰਗ ਕਰਕੇ ਵੱਖ-ਵੱਖ ਥਾਵਾਂ ਦੀ ਚੋਣ ਕੀਤੀ ਗਈ ਹੈ ਅਤੇ ਸਾਰਿਆਂ ਨੂੰ ਲੰਗਰਾਂ ਵਿੱਚ ਸਾਦੇ ਪਕਵਾਨ ਬਣਾਉਣ ਦੀ ਅਪੀਲ ਕੀਤੀ ਹੈ।

ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਨੌਵੇਂ ਪਾਤਸ਼ਾਹ ਜੀ ਨੇ ਜਿਨ੍ਹਾਂ ਲਈ ਸ਼ਹਾਦਤ ਦਿੱਤੀ ਸੀ ਉਨ੍ਹਾਂ ਦੇ ਵਾਰਸਾਂ ਨੂੰ ਵੀ ਸਮਾਗਮਾਂ ਵਿੱਚ ਸ਼ਾਮਲ ਕਰਨ ਦੇ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ੨੩੦ ਦੇ ਕਰੀਬ ਹਿੰਦੂ ਮੰਦਰਾਂ ਦੇ ਆਗੂਆਂ ਨਾਲ ਸੰਪਰਕ ਕੀਤਾ ਜਾ ਰਿਹਾ ਹੈ ਅਤੇ ਜਲਦ ਹੀ ਉਨ੍ਹਾਂ ਨਾਲ ਇਕ ਮੀਟਿੰਗ ਵੀ ਕੀਤੀ ਜਾਵੇਗੀ।

ਐਡਵੋਕੇਟ ਧਾਮੀ ਨੇ ਸਰਕਾਰ ਨੂੰ ਤਖ਼ਤ ਸਾਹਿਬ ਨੂੰ ਆਉਂਦੇ ਰਸਤੇ ਤੇ ਸ਼ੁਰੂ ਕੀਤਾ ਕੰਮ ਤੁਰੰਤ ਰੋਕ ਕੇ ਇਸ ਨੂੰ ਸੰਗਤਾਂ ਵਾਸਤੇ ਖੋਲ੍ਹਣ ਲਈ ਵੀ ਆਖਿਆ। ਉਨ੍ਹਾਂ ਕਿਹਾ ਕਿ ਸਰਕਾਰ ਨੂੰ ਅਜਿਹੇ ਕੰਮ ਪਹਿਲਾਂ ਕਰਨੇ ਚਾਹੀਦੇ ਸਨ ਪਰੰਤੂ ਹੁਣ ਜਦੋਂ ਸਮਾਗਮਾਂ ਵਿੱਚ ਕੁਝ ਹੀ ਸਮਾਂ ਰਹਿ ਗਿਆ ਹੈ ਅਤੇ ਸੰਗਤਾਂ ਦੀ ਆਮਦ ਵਧ ਰਹੀ ਹੈ ਤਾਂ ਕੀਤੀ ਜਾ ਰਹੀ ਭੰਨਤੋੜ ਵੱਡੀ ਪ੍ਰੇਸ਼ਾਨੀ ਦਾ ਕਾਰਨ ਬਣੇਗੀ।

ਇਸ ਮੌਕੇ ਸੀਨੀਅਰ ਅਕਾਲੀ ਆਗੂ ਸ. ਬਲਵਿੰਦਰ ਸਿੰਘ ਭੁੰਦੜ, ਸ. ਤੇਜਿੰਦਰ ਸਿੰਘ ਮਿੱਡੂਖੇੜਾ, ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਅੰਤ੍ਰਿੰਗ ਮੈਂਬਰ ਸ. ਦਲਜੀਤ ਸਿੰਘ ਭਿੰਡਰ, ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਭਾਈ ਅਮਰਜੀਤ ਸਿੰਘ ਚਾਵਲਾ, ਸ. ਅਜਮੇਰ ਸਿੰਘ ਖੇੜਾ, ਭਾਈ ਗੁਰਬਖਸ਼ ਸਿੰਘ ਖਾਲਸਾ, ਸ. ਪਰਮਜੀਤ ਸਿੰਘ ਲੱਖੇਵਾਲ, ਸ. ਸੁਖਵਰਸ ਸਿੰਘ ਪੰਨੂ,ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਬਾਬਾ ਸੁਖਵਿੰਦਰ ਸਿੰਘ ਭੂਰੀ ਵਾਲੇ, ਬਾਬਾ ਸਤਨਾਮ ਸਿੰਘ ਕਿਲ੍ਹਾ ਅਨੰਦਗੜ੍ਹ ਸਾਹਿਬ, ਬਾਬਾ ਗੁਰਪ੍ਰੀਤ ਸਿੰਘ ਖੰਡੂਰ ਸਾਹਿਬ, ਬਾਬਾ ਅਵਤਾਰ ਸਿੰਘ ਟਿੱਬੀ ਸਾਹਿਬ, ਬਾਬਾ ਹਰਦੇਵ ਸਿੰਘ ਤਲਵੰਡੀ ਅਰਾਈਆਂ, ਬਾਬਾ ਸਤਨਾਮ ਸਿੰਘ ਗੁਰੂ ਕਾ ਬਾਗ, ਬਾਬਾ ਕਰਮਜੀਤ ਸਿੰਘ ਟਿੱਬੀ ਸਾਹਿਬ, ਬਾਬਾ ਬਲਬੀਰ ਸਿੰਘ, ਬਾਬਾ ਜਗਜੀਤ ਸਿੰਘ ਸ੍ਯਾਸਤਰੀ, ਬਾਬਾ ਸੁਰਜਨ ਸਿੰਘ ਪਹੋਵੇ ਵਾਲੇ, ਬਾਬਾ ਜਰਨੈਲ ਸਿੰਘ, ਬਾਬਾ ਹੀਰਾ ਸਿੰਘ, ਬਾਬਾ ਕੁਲਵਿੰਦਰ ਸਿੰਘ, ਵਧੀਕ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਸ. ਬਿਜੈ ਸਿੰਘ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੈਨੇਜਰ ਸ. ਗੁਰਦੀਪ ਸਿੰਘ ਕੰਗ, ਵਧੀਕ ਮੈਨੇਜਰ ਸ. ਹਰਦੇਵ ਸਿੰਘ ਇੰਚਾਰਜ ਸ. ਬਲਦੇਵ ਸਿੰਘ, ਸ. ਧਰਮਿੰਦਰ ਸਿੰਘ ਆਦਿ ਹਾਜ਼ਰ ਸਨ। ੧੪ ਅਕਤੂਬਰ

ਗੁਰੂ ਨਾਨਕ ਇੰਜੀਨੀਅਰਿੰਗ ਕਾਲਜ ਲੁਧਿਆਣਾ ਦੇ ਸਟਾਫ ਵਲੋਂ ਇਕ ਦਿਨ ਦੀ ਤਨਖ਼ਾਹ ਹੜ੍ਹ ਪੀੜਤਾਂ ਲਈ ਭੇਟ

ਅੰਮ੍ਰਿਤਸਰ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਹੜ੍ਹ ਪੀੜਤਾਂ ਲਈ ਨਿਭਾਈਆਂ ਜਾ ਰਹੀਆਂ ਸੇਵਾਵਾਂ ਵਿਚ ਸਹਿਯੋਗ ਲਈ ਗੁਰੂ ਨਾਨਕ ਇੰਜੀਨੀਅਰਿੰਗ ਕਾਲਜ ਲੁਧਿਆਣਾ ਦੇ ਸਟਾਫ ਨੇ ਆਪਣੀ ਇਕ ਦਿਨ ਦੀ ਤਨਖ਼ਾਹ ਸ਼੍ਰੋਮਣੀ ਕਮੇਟੀ ਨੂੰ ਭੇਟ ਕੀਤੀ ਹੈ। ਟਰੱਸਟ ਦੇ ਸੀਨੀਅਰ ਮੈਂਬਰ ਸ. ਮਹੇਸ਼ਇੰਦਰ ਸਿੰਘ ਗਰੇਵਾਲ ਨੇ ਇਕੱਤਰ ਹੋਈ ੪ ਲੱਖ ੨੫ ਹਜ਼ਾਰ ਰੁਪਏ ਦੀ ਰਾਸ਼ੀ ਦਾ ਚੈੱਕ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ ਨੂੰ ਸੌਂਪਿਆ।

ਇਸ ਮੌਕੇ ਭਾਈ ਗਰੇਵਾਲ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ

ਧਾਮੀ ਦੀ ਅਗਵਾਈ ਹੇਠ ਸੰਸਥਾ ਵੱਲੋਂ ਹੜ੍ਹ ਪ੍ਰਭਾਵਿਤ ਇਲਾਕਿਆਂ ਵਿਚ ਨਿਰੰਤਰ ਸੇਵਾਵਾਂ ਚੱਲ ਰਹੀਆਂ ਹਨ। ਸ਼੍ਰੋਮਣੀ ਕਮੇਟੀ ਜਿਥੇ ਆਪਣੇ ਵੱਲੋਂ ਵੱਡਾ ਹਿੱਸਾ ਪਾ ਰਹੀ ਹੈ ਉਥੇ ਸੰਗਤਾਂ ਵਲੋਂ ਵੀ ਸਹਿਯੋਗ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਗੁਰੂ ਨਾਨਕ ਇੰਜੀਨੀਅਰਿੰਗ ਕਾਲਜ ਦਾ ਸਟਾਫ ਵੀ ਸ਼੍ਰੋਮਣੀ ਕਮੇਟੀ ਪਰਿਵਾਰ ਦਾ ਹਿੱਸਾ ਹੈ। ਉਨ੍ਹਾਂ ਟਰੱਸਟ ਦੇ ਸਮੁੱਚੇ ਸਟਾਫ ਦਾ ਧੰਨਵਾਦ ਵੀ ਕੀਤਾ।

ਇਸ ਮੌਕੇ ਟਰੱਸਟ ਦੇ ਸਕੱਤਰ ਸ. ਸਾਹਬਾਜ਼ ਸਿੰਘ, ਡਾਇਰੈਕਟਰ ਸ. ਇਕਬਾਲ ਸਿੰਘ, ਪ੍ਰਿੰਸੀਪਲ ਡਾ. ਸਹਿਜਪਾਲ ਸਿੰਘ ਤੇ ਸਟਾਫ ਹਾਜ਼ਰ ਸੀ। ੧੪ ਅਕਤੂਬਰ

ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਸਮੇਤ ਵਫਦ ਨੇ ਭਾਈ ਰਾਜੋਆਣਾ ਨਾਲ ਕੀਤੀ ਮੁਲਾਕਾਤ

ਕਾਨੂੰਨ ਮੁਤਾਬਕ ਸਜਾਵਾਂ ਪੂਰੀਆਂ ਕਰ ਚੁੱਕੇ ਜ਼ੇਲਾਂ 'ਚ ਨਜ਼ਰਬੰਦ ਬੰਦੀ ਸਿੰਘ ਰਿਹਾਅ ਕੀਤੇ ਜਾਣ: ਐਡਵੋਕੇਟ ਹਰਜਿੰਦਰ ਸਿੰਘ ਧਾਮੀ

ਪਟਿਆਲਾ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਸਮੇਤ ਸ਼੍ਰੋਮਣੀ ਕਮੇਟੀ ਮੈਂਬਰਾਂ ਦੇ ਵਫਦ ਨੇ ਅੱਜ ਕੇਂਦਰੀ ਜੇਲ੍ਹ ਪਟਿਆਲਾ ਵਿੱਚ ਨਜ਼ਰਬੰਦ ਭਾਈ ਬਲਵੰਤ ਸਿੰਘ ਰਾਜੋਆਣਾ ਦੇ ਨਾਲ ਮੁਲਾਕਾਤ ਕੀਤੀ। ਵਫਦ ਵਿੱਚ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਅੰਤ੍ਰਿੰਗ ਕਮੇਟੀ ਮੈਂਬਰ ਜਥੇਦਾਰ ਸੁਰਜੀਤ ਸਿੰਘ ਗੜੀ, ਸ਼੍ਰੋਮਣੀ ਕਮੇਟੀ ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਭਾਈ ਗੁਰਚਰਨ ਸਿੰਘ ਗਰੇਵਾਲ਼ ਤੇ ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਸਕੱਤਰ ਪ੍ਰਤਾਪ ਸਿੰਘ ਆਦਿ ਸ਼ਾਮਿਲ ਸਨ।

ਮੁਲਾਕਾਤ ਉਪਰੰਤ ਜ਼ੇਲ ਦੇ ਬਾਹਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਹੋਰਾਂ ਨੇ ਗੱਲਬਾਤ ਕਰਦਿਆਂ ਕਿਹਾ ਕਿ ਅੱਜ ਸਾਡਾ ਇੱਕ ਵਫਦ ਭਾਈ ਬਲਵੰਤ ਸਿੰਘ ਰਾਜੋਆਣਾ ਦੇ ਨਾਲ ਮੁਲਾਕਾਤ ਕਰਨ ਪੁੱਜਾ ਅਤੇ ਸਾਡੀ ਇਹ ਰਸਮੀ ਮੁਲਾਕਾਤ ਸੀ।

ਐਡਵੋਕੇਟ ਧਾਮੀ ਨੇ ਕਿਹਾ ਕਿ ਮੁਲਾਕਾਤ ਦੌਰਾਨ ਭਾਈ ਰਾਜੋਆਣਾ ਦੇ ਨਾਲ ਫਤਿਹ ਦੀ ਸਾਂਝ ਕੀਤੀ ਗਈ ਅਤੇ ਉਹਨਾਂ ਦੀ ਸਿਹਤ ਦਾ ਹਾਲ ਵੀ ਜਾਣਿਆ ਹੈ। ਉਹਨਾਂ ਇਹ ਵੀ ਦੱਸਿਆ ਕਿ ਸਾਡੇ ਵਫਦ ਵਿੱਚ ਸ਼ਾਮਿਲ ਸ਼੍ਰੋਮਣੀ ਕਮੇਟੀ ਦੇ ਵਕੀਲ ਅਤੇ ਮੈਂਬਰ ਐਡਵੋਕੇਟ ਭਗਵੰਤ ਸਿੰਘ ਸਿਆਲਕਾ ਨੇ ਭਾਈ ਬਲਵੰਤ ਸਿੰਘ ਰਾਜੋਆਣਾ ਦੇ ਨਾਲ ਸੰਬੰਧਿਤ ਕੇਸ ਬਾਰੇ ਹੀ ਗੱਲਬਾਤ ਕੀਤੀ ਹੈ।

ਇਸ ਮੌਕੇ ਇੱਕ ਸਵਾਲ ਦਾ ਜਵਾਬ ਦਿੰਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਲੰਬੇ ਸਮੇਂ ਤੋਂ ਜੇਲਾਂ 'ਚ ਨਜ਼ਰਬੰਦ ਬੰਦੀ ਸਿੰਘ ਆਪਣੀਆਂ ਬਣਦੀਆਂ ਸਜ਼ਾਵਾਂ ਵੀ ਪੂਰੀਆਂ ਕਰ ਚੁੱਕੇ ਹਨ ਅਤੇ ਸਰਕਾਰਾਂ ਨੂੰ ਬੰਦੀ ਸਿੰਘ ਜਲਦ ਰਿਹਾ ਕਰ ਦੇਣੇ ਚਾਹੀਦੇ ਹਨ।ਜੇਲ ਦੇ ਬਾਹਰ ਗੱਲਬਾਤ ਦੌਰਾਨ ਮੀਤ ਸਕੱਤਰ ਹਰਭਜਨ ਸਿੰਘ ਵਕਤਾ, ਹੈਡ ਗ੍ਰੰਥੀ ਗੁਰਦੁਆਰਾ ਸ੍ਰੀ ਦੁਖਨਵਾਰਨ ਸਾਹਿਬ ਭਾਈ ਪ੍ਰਨਾਮ ਸਿੰਘ ਮੈਨੇਜਰ ਭਾਗ ਸਿੰਘ ਆਦਿ ਹਾਜ਼ਰ ਰਹੇ।

੧੪ ਅਕਤੂਬਰ

ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਹੜ੍ਹ ਪੀੜਤਾਂ ਲਈ ਰਾਹਤ ਸਮੱਗਰੀ ਦੇ ਹੋਰ ਦੋ ਟਰੱਕ ਕੀਤੇ ਰਵਾਨਾ

ਅੰਮ੍ਰਿਤਸਰ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਨੇ ਹੜ੍ਹ

ਪੀੜਤਾਂ ਲਈ ਰਾਹਤ ਸਮੱਗਰੀ ਦੇ ਹੋਰ ਦੋ ਟਰੱਕ ਅੱਜ ਸੁਲਤਾਨਪੁਰ ਲੋਧੀ ਲਈ ਰਵਾਨਾ ਕੀਤੇ। ਇਸ ਤੋਂ ਪਹਿਲਾਂ ਬੀਤੇ ਦਿਨ ਵੀ ਵੱਖ-ਵੱਖ ਥਾਵਾਂ ਲਈ ਰਾਹਤ ਸਮੱਗਰੀ ਰਵਾਨਾ ਕੀਤੀ ਗਈ ਸੀ। ਭੇਜੀ ਗਈ ਰਾਹਤ ਸਮੱਗਰੀ ਵਿਚ ਰੋਜ਼ਮਰਾ ਦੇ ਸਮਾਨ ਦੇ ਨਾਲ-ਨਾਲ ਸਰਦੀਆਂ ਲਈ ਭਾਰੀ ਕੰਬਲ, ਗੱਦੇ ਅਤੇ ਹੋਰ ਲੋੜੀਂਦਾ ਸਮਾਨ ਸ਼ਾਮਲ ਹੈ।

ਇਸ ਮੌਕੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਹੜ੍ਹ ਪੀੜਤਾਂ ਦੀ ਸਹਾਇਤਾ ਲਈ ਨਿਰੰਤਰ ਕਾਰਜਸ਼ੀਲ ਹੈ ਅਤੇ ਪੀੜਤਾਂ ਦੀ ਮੰਗ ਅਨੁਸਾਰ ਸ਼੍ਰੋਮਣੀ ਕਮੇਟੀ ਵੱਲੋਂ ਸਮੇਂ-ਸਮੇਂ 'ਤੇ ਹਰ ਸੰਭਵ ਮੱਦਦ ਭੇਜੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਸਰਦੀਆਂ ਦੇ ਮੌਸਮ ਦੇ ਮੱਦੇਨਜ਼ਰ ਲੋੜ ਅਨੁਸਾਰ ਕੰਬਲ, ਗੱਦੇ ਅਤੇ ਹੋਰ ਲੋੜੀਂਦਾ ਸਮਾਨ ਭੇਜਿਆ ਜਾ ਰਿਹਾ ਹੈ ਤਾਂ ਜੋਂ ਪੀੜਤਾਂ ਦੀਆਂ ਲੋੜਾਂ ਪੂਰੀਆਂ ਹੋ ਸਕਣ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਕੀਤੇ ਜਾ ਰਹੇ ਰਾਹਤ ਕਾਰਜਾਂ ਵਿਚ ਸੰਗਤਾਂ ਵੀ ਵੱਡਾ ਸਹਿਯੋਗ ਦੇ ਰਹੀਆਂ ਹਨ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਹਾਲਾਤ ਆਮ ਵਰਗੇ ਹੋਣ ਤੱਕ ਰਾਹਤ ਸੇਵਾਵਾਂ ਜਾਰੀ ਰੱਖਣ ਦੀ ਵਚਨਬੱਧਤਾ ਪ੍ਰਗਟਾਈ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਸ. ਗੁਰਪ੍ਰੀਤ ਸਿੰਘ ਝੱਬਰ, ਸ. ਅਮਰਜੀਤ ਸਿੰਘ ਬੰਡਾਲਾ, ਸ. ਹਰਜਾਪ ਸਿੰਘ ਸੁਲਤਾਨਵਿੰਡ, ਭਾਈ ਅਜੈਬ ਸਿੰਘ ਅਭਿਆਸੀ, ਬੀਬੀ ਜੋਗਿੰਦਰ ਕੌਰ, ਓਐਸਡੀ ਸ. ਸਤਬੀਰ ਸਿੰਘ ਧਾਮੀ, ਸਕੱਤਰ ਸ. ਪ੍ਰਤਾਪ ਸਿੰਘ, ਸ. ਬਲਵਿੰਦਰ ਸਿੰਘ ਕਾਹਲਵਾਂ, ਨਿੱਜੀ ਸਕੱਤਰ ਸ. ਸਾਹਬਾਜ਼ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਜਨਰਲ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਮੀਤ ਸਕੱਤਰ ਸ. ਹਰਭਜਨ ਸਿੰਘ ਵਕਤਾ, ਮੈਨੇਜਰ ਸ. ਰਾਜਿੰਦਰ ਸਿੰਘ ਰੂਬੀ, ਸੁਪ੍ਰਿੰਟੈਂਡੈਂਟ ਸ. ਨਿਸ਼ਾਨ ਸਿੰਘ ਅਤੇ ਹੋਰ ਮੌਜੂਦ ਸਨ।੧੫ ਅਕਤੂਬਰ

ਉੱਤਰ ਪ੍ਰਦੇਸ਼ ਦੀਆਂ ਸੰਗਤਾਂ ਵੱਲੋਂ ਸਿੱਖ ਮਿਸ਼ਨ ਹਾਪੁੜ ਦੇ ਇੰਚਾਰਜ ਨੇ 2 ਲੱਖ 50 ਹਜ਼ਾਰ ਰੁਪਏ ਸ਼੍ਰੋਮਣੀ ਕਮੇਟੀ ਪ੍ਰਧਾਨ ਨੂੰ ਸੌਂਪੇ

ਅੰਮ੍ਰਿਤਸਰ- ਸਿੱਖ ਮਿਸ਼ਨ ਹਾਪੁੜ ਉਤਰ ਪ੍ਰਦੇਸ਼ ਦੇ ਇੰਚਾਰਜ ਸ. ਬ੍ਰਿਜਪਾਲ ਸਿੰਘ ਦੀ ਪ੍ਰੇਰਨਾ ਨਾਲ ਉੱਤਰ ਪ੍ਰਦੇਸ਼ ਦੇ ਵੱਖ ਵੱਖ ਪਿੰਡਾਂ ਦੇ ਲੋਕਾਂ ਨੇ ੨ ਲੱਖ ੫੦ ਹਜ਼ਾਰ ਰੁਪਏ ਤੋਂ ਵੱਧ ਸ਼੍ਰੋਮਣੀ ਕਮੇਟੀ ਨੂੰ ਹੜ੍ਹ ਪ੍ਰਭਾਵਿਤ ਲੋਕਾਂ ਦੀ ਸਹਾਇਤਾ ਲਈ ਸੌਂਪੇ ਹਨ। ਸ. ਬ੍ਰਿਜਪਾਲ ਸਿੰਘ ਵੱਲੋਂ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੂੰ ਸੌਂਪੇ ਇਨ੍ਹਾਂ ਪੈਸਿਆਂ ਵਿੱਚ ਮੁਫ਼ਤੀ ਮਕਸੂਦ ਆਲਿਮ ਸ਼ਹਿਰ ਕਾਜ਼ੀ ਹਾਪੁੜ ਵੱਲੋਂ ੧ ਲੱਖ ੬ ਹਜਾਰ ੨੦੦ ਰੁਪਏ, ਖਿਦਮਤ ਚੈਰਿਟੀ ਗਰੁੱਪ ਹਾਪੁੜ ਵੱਲੋਂ ੫੧ ਹਜ਼ਾਰ ਰੁਪਏ, ਪਿੰਡ ਕਿਲਹੋੜਾ ਜਿਲ੍ਹਾ ਗਾਜਿਆਬਾਦ ੫੧ ਹਜ਼ਾਰ ਰੁਪਏ ਅਤੇ ਪਿੰਡ ਭੋਜਪੁਰ ਹਾਪੁੜ ਵੱਲੋਂ ੪੧ ਹਜ਼ਾਰ ੨੦੦ ਰੁਪਏ ਦਿੱਤੇ ਹਨ। ਇਸ ਤੋਂ ਪਹਿਲਾਂ ਵੀ ਸਿੱਖ ਮਿਸ਼ਨ ਰਾਹੀਂ ਉੱਤਰ ਪ੍ਰਦੇਸ਼ ਦੀਆਂ ਸੰਗਤਾਂ ਵੱਲੋਂ ਲੱਖਾਂ ਰੁਪਏ ਹੜ੍ਹ ਪ੍ਰਭਾਵਿਤ ਖੇਤਰਾਂ ਵਿਚ ਸਹਾਇਤਾ ਲਈ ਭੇਜੇ ਗਏ ਹਨ। ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਜਿਥੇ ਸਹਿਯੋਗ ਕਰਨ ਵਾਲਿਆਂ ਦਾ ਧੰਨਵਾਦ ਕੀਤਾ ਉਥੇ ਸ. ਬ੍ਰਿਜਪਾਲ ਸਿੰਘ ਦੇ ਉਪਰਾਲੇ ਦੀ ਪ੍ਰਸੰਸਾ ਵੀ ਕੀਤੀ। ਉਨ੍ਹਾਂ ਸ਼੍ਰੋਮਣੀ ਕਮੇਟੀ ਵੱਲੋਂ ਭਾਈ ਬ੍ਰਿਜਪਾਲ ਸਿੰਘ ਨੂੰ ਸਨਮਾਨਿਤ ਵੀ ਕੀਤਾ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਅੰਤ੍ਰਿੰਗ ਮੈਂਬਰ ਸ. ਬਲਦੇਵ

ਸਿੰਘ ਕਾਇਮਪੁਰ, ਬੀਬੀ ਹਰਜਿੰਦਰ ਕੌਰ, ਮੈਂਬਰ ਭਾਈ ਅਜੈਬ ਸਿੰਘ ਅਭਿਆਸੀ, ਓਐਸਡੀ ਸ. ਸਤਬੀਰ ਸਿੰਘ ਧਾਮੀ, ਸਕੱਤਰ ਸ. ਪ੍ਰਤਾਪ ਸਿੰਘ, ਸ. ਬਲਵਿੰਦਰ ਸਿੰਘ ਕਾਹਲਵਾਂ, ਨਿਜੀ ਸਕੱਤਰ ਸ. ਸਾਹਬਾਜ਼ ਸਿੰਘ ਤੇ ਮੀਤ ਸਕੱਤਰ ਸ. ਹਰਭਜਨ ਸਿੰਘ ਵਕਤਾ ਆਦਿ ਹਾਜ਼ਰ ਸਨ। ੧੫ ਅਕਤੂਬਰ

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ:

ਅਸਾਮ ਤੋ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ ਗੁਰਦੁਆਰਾ ਪਿੱਪਲੀਆ ਰਾਓ ਇੰਦੌਰ ਤੋਂ ਗੁਰਦੁਆਰਾ ਇਮਲੀ ਸਾਹਿਬ ਇੰਦੌਰ ਲਈ ਰਵਾਨਾ

ਅੰਮ੍ਰਿਤਸਰ-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦਾ ੩੫੦ ਸਾਲਾ ਸ਼ਹੀਦੀ ਨਗਰ ਕੀਰਤਨ ਅੱਜ ਗੁਰਦੁਆਰਾ ਦਾਤਾ ਬੰਦੀ ਛੋੜ ਪਿੱਪਲੀਆ ਰਾਓ ਇੰਦੌਰ ਤੋਂ ਆਪਣੇ ਅਗਲੇ ਪੜਾਅ ਗੁਰਦੁਆਰਾ ਇਮਲੀ ਸਾਹਿਬ ਪਾਤਸ਼ਾਹੀ ਪਹਿਲੀ ਇੰਦੌਰ ਐਮ.ਪੀ. ਲਈ ਰਵਾਨਾ ਹੋਇਆ।

ਨਗਰ ਕੀਰਤਨ ਦੀ ਰਵਾਨਗੀ ਤੋਂ ਪਹਿਲਾਂ ਗੁਰਦੁਆਰਾ ਸਾਹਿਬ ਵਿਖੇ ਧਾਰਮਿਕ ਦੀਵਾਨ ਸਜਾਏ ਗਏ, ਜਿਸ ਵਿਚ ਸ੍ਰੀ ਦਰਬਾਰ ਸਾਹਿਬ ਦੇ ਹਜੂਰੀ ਰਾਗੀ ਜਥੇ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ ਨੇ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ।

ਨਗਰ ਕੀਰਤਨ ਦੀ ਰਵਾਨਗੀ ਸਮੇਂ ਗੁਰਦੁਆਰਾ ਸਾਹਿਬ ਦੇ ਪ੍ਰਬੰਧਕਾਂ ਨੇ ਪੰਜ ਪਿਆਰੇ ਸਾਹਿਬਾਨ ਅਤੇ ਹਾਜ਼ਰ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਿਰੋਪਾਓ ਦਿੱਤੇ। ਨਗਰ ਕੀਰਤਨ ਪ੍ਰਤੀ ਸੰਗਤਾਂ ਵਿੱਚ ਵੱਡਾ ਉਤਸ਼ਾਹ ਸੀ ਅਤੇ ਵੱਖ-ਵੱਖ ਪੜਾਵਾਂ 'ਤੇ ਸੰਗਤਾਂ ਵੱਲੋਂ ਸ਼ਰਧਾ ਨਾਲ ਸਵਾਗਤ ਕੀਤਾ ਗਿਆ। ਸੰਗਤਾਂ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਲਕੀ 'ਤੇ ਫੁੱਲਾਂ ਦੀ ਵਰਖਾ ਕਰਕੇ ਗੁਰੂ ਸਾਹਿਬ ਨੂੰ ਸਤਿਕਾਰ ਭੇਟ ਕੀਤਾ।

ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਸ. ਗੁਰਿੰਦਰਪਾਲ ਸਿੰਘ ਗੋਰਾ, ਜਥੇਦਾਰ ਬਾਵਾ ਸਿੰਘ ਗੁਮਾਨਪੁਰਾ, ਸ. ਅਮਰਜੀਤ ਸਿੰਘ ਭਲਾਈਪੁਰ, ਮੀਤ ਸਕੱਤਰ ਸ. ਗੁਰਦਿਆਲ ਸਿੰਘ, ਸ. ਰਾਮ ਸਿੰਘ ਮੁੰਬਈ, ਇੰਚਾਰਜ ਸ. ਮਲਕੀਤ ਸਿੰਘ, ਵਧੀਕ ਮੈਨੇਜਰ ਸ. ਯੁਵਰਾਜ ਸਿੰਘ, ਸਹਾਇਕ ਸੁਪ੍ਰਿੰਟੈਂਡੈਂਟ ਸ. ਪ੍ਰਭਜੋਤ ਸਿੰਘ, ਸਿੱਖ ਮਿਸ਼ਨ ਦੇ ਇੰਚਾਰਜ ਭਾਈ ਪਰਮਜੀਤ ਸਿੰਘ, ਭਾਈ ਬਲਦੇਵ ਸਿੰਘ ਸਮੇਤ ਵੱਡੀ ਗਿਣਤੀ ਸੰਗਤਾਂ ਹਾਜ਼ਰ ਸਨ। ੧੫ ਅਕਤੂਬਰ

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ:

ਅਸਾਮ ਤੋ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ ਇੰਦੌਰ ਮੱਧ ਪ੍ਰਦੇਸ਼ ਤੋਂ ਅਗਲੇ ਪੜਾਅ ਕੋਟਾ ਰਾਜਿਸਥਾਨ ਲਈ ਰਵਾਨਾ

ਅੰਮ੍ਰਿਤਸਰ- ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦਾ ੩੫੦ ਸਾਲਾ ਸ਼ਹੀਦੀ ਨਗਰ ਕੀਰਤਨ ਵੱਖ-ਵੱਖ ਸੂਬਿਆਂ ਤੋਂ ਹੁੰਦਾ ਹੋਇਆ ਅੱਜ ਗੁਰਦੁਆਰਾ ਇਮਲੀ ਸਾਹਿਬ ਪਾਤਸ਼ਾਹੀ ਪਹਿਲੀ ਇੰਦੌਰ ਮੱਧ ਪ੍ਰਦੇਸ਼ ਤੋਂ ਕੋਟਾਰਾਜਿਸਥਾਨ ਲਈ ਰਵਾਨਾ ਹੋਇਆ।

ਨਗਰ ਕੀਰਤਨ ਦੀ ਰਵਾਨਗੀ ਤੋਂ ਪਹਿਲਾਂ ਗੁਰਦੁਆਰਾ ਸਾਹਿਬ ਵਿਖੇ ਧਾਰਮਿਕ ਦੀਵਾਨ ਸਜਾਏ ਗਏ, ਜਿਸ ਵਿਚ ਸ੍ਰੀ ਦਰਬਾਰ ਸਾਹਿਬ ਦੇ ਹਜੂਰੀ ਰਾਗੀ ਜਥੇ ਨੇ ਗੁਰਬਾਣੀ ਕੀਰਤਨ ਕੀਤਾ ਅਤੇ

ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ ਨੇ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ। ਨਗਰ ਕੀਰਤਨ ਦੀ ਰਵਾਨਗੀ ਸਮੇਂ ਗੁਰਦੁਆਰਾ ਸਾਹਿਬ ਦੇ ਪ੍ਰਬੰਧਕਾਂ ਨੇ ਪੰਜ ਪਿਆਰੇ ਸਾਹਿਬਾਨ ਅਤੇ ਹਾਜ਼ਰ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਿਰੋਪਾਓ ਦਿੱਤੇ। ਨਗਰ ਕੀਰਤਨ ਪ੍ਰਤੀ ਸੰਗਤਾਂ ਵਿੱਚ ਵੱਡਾ ਉਤਸ਼ਾਹ ਸੀ ਅਤੇ ਵੱਖ-ਵੱਖ ਪੜਾਵਾਂ 'ਤੇ ਸੰਗਤਾਂ ਵੱਲੋਂ ਸ਼ਰਧਾ ਨਾਲ ਸਵਾਗਤ ਕੀਤਾ ਗਿਆ। ਸੰਗਤਾਂ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਲਕੀ 'ਤੇ ਫੁੱਲਾਂ ਦੀ ਵਰਖਾ ਕਰਕੇ ਗੁਰੂ ਸਾਹਿਬ ਨੂੰ ਸਤਿਕਾਰ ਭੇਟ ਕੀਤਾ।

ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਸ. ਗੁਰਿੰਦਰਪਾਲ ਸਿੰਘ ਗੋਰਾ, ਜਥੇਦਾਰ ਬਾਵਾ ਸਿੰਘ ਗੁਮਾਨਪੁਰਾ, ਸ. ਜਸਮੇਰ ਸਿੰਘ ਲਾਛੜੂ, ਮੀਤ ਸਕੱਤਰ ਸ. ਗੁਰਦਿਆਲ ਸਿੰਘ, ਇੰਚਾਰਜ ਸ. ਮਲਕੀਤ ਸਿੰਘ, ਵਧੀਕ ਮੈਨੇਜਰ ਸ. ਯੁਵਰਾਜ ਸਿੰਘ, ਸਹਾਇਕ ਸੁਪ੍ਰਿੰਟੈਂਡੈਂਟ ਸ. ਪ੍ਰਭਜੋਤ ਸਿੰਘ, ਗੁਰਦੁਆਰਾ ਇਮਲੀ ਸਾਹਿਬ ਪਾਤਸ਼ਾਹੀ ਪਹਿਲੀ ਇੰਦੌਰ ਮੱਧ ਪ੍ਰਦੇਸ਼ ਦੇ ਪ੍ਰਬੰਧਕ ਸ. ਹਰਪਾਲ ਸਿੰਘ ਭਾਟੀਆ ਤੇ ਸ. ਪ੍ਰਿਤਪਾਲ ਸਿੰਘ ਭਾਟੀਆ, ਸਿੱਖ ਮਿਸ਼ਨ ਦੇ ਇੰਚਾਰਜ ਭਾਈ ਪਰਮਜੀਤ ਸਿੰਘ, ਭਾਈ ਬਲਦੇਵ ਸਿੰਘ ਸਮੇਤ ਵੱਡੀ ਗਿਣਤੀ ਸੰਗਤਾਂ ਹਾਜ਼ਰ ਸਨ। ੧੬ ਅਕਤੂਬਰ

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ:

ਅਸਾਮ ਤੋ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ ਕੋਟਾ ਤੋਂ ਅਗਲੇ ਪੜਾਅ ਉਦੈਪੁਰ ਰਾਜਿਸਥਾਨ ਲਈ ਰਵਾਨਾ

ਅੰਮ੍ਰਿਤਸਰ- ਸ਼ਹੀਦੀ ਨਗਰ ਕੀਰਤਨ ਵੱਖ-ਵੱਖ ਸੂਬਿਆਂ ਤੋਂ ਹੁੰਦਾ ਹੋਇਆ ਅੱਜ ਗੁਰਦੁਆਰਾ ਅਗਮਗੜ੍ਹ ਸਾਹਿਬ, ਬੜਗਾਉਂ, ਕੋਟਾ ਤੋਂ ਉਦੈਪੁਰ ਰਾਜਿਸਥਾਨ ਲਈ ਰਵਾਨਾ ਹੋਇਆ।

ਨਗਰ ਕੀਰਤਨ ਦੀ ਰਵਾਨਗੀ ਤੋਂ ਪਹਿਲਾਂ ਗੁਰਦੁਆਰਾ ਸਾਹਿਬ ਵਿਖੇ ਧਾਰਮਿਕ ਦੀਵਾਨ ਸਜਾਏ ਗਏ, ਜਿਸ ਵਿਚ ਸ੍ਰੀ ਦਰਬਾਰ ਸਾਹਿਬ ਦੇ ਹਜੂਰੀ ਰਾਗੀ ਜਥੇ ਨੇ ਗੁਰਬਾਣੀ ਕੀਰਤਨ ਰਾਹੀਂ ਹਾਜ਼ਰੀ ਭਰੀ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਬਲਜੀਤ ਸਿੰਘ ਨੇ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ। ਨਗਰ ਕੀਰਤਨ ਦੀ ਰਵਾਨਗੀ ਸਮੇਂ ਬਾਬਾ ਲੱਖਾ ਸਿੰਘ ਕੋਟੇ ਵਾਲਿਆਂ ਨੇ ਪੰਜ ਪਿਆਰੇ ਸਾਹਿਬਾਨ ਅਤੇ ਹਾਜ਼ਰ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਿਰੋਪਾਓ ਦਿੱਤੇ। ਨਗਰ ਕੀਰਤਨ ਪ੍ਰਤੀ ਸੰਗਤਾਂ ਵਿੱਚ ਵੱਡਾ ਉਤਸ਼ਾਹ ਸੀ ਅਤੇ ਵੱਖ-ਵੱਖ ਪੜਾਵਾਂ 'ਤੇ ਸੰਗਤਾਂ ਵੱਲੋਂ ਸ਼ਰਧਾ ਨਾਲ ਸਵਾਗਤ ਕੀਤਾ ਗਿਆ। ਸੰਗਤਾਂ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਲਕੀ 'ਤੇ ਫੁੱਲਾਂ ਦੀ ਵਰਖਾ ਕਰਕੇ ਗੁਰੂ ਸਾਹਿਬ ਨੂੰ ਸਤਿਕਾਰ ਭੇਟ ਕੀਤਾ।

ਇਸ ਮੌਕੇ ਬਾਬਾ ਲੱਖਾ ਸਿੰਘ ਕੋਟੇ ਵਾਲੇ, ਸ਼੍ਰੋਮਣੀ ਕਮੇਟੀ ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਜਥੇਦਾਰ ਬਾਵਾ ਸਿੰਘ ਗੁਮਾਨਪੁਰਾ, ਸ. ਜਸਮੇਰ ਸਿੰਘ ਲਾਛੜੂ, ਸ. ਜਗਸੀਰ ਸਿੰਘ ਮਾਂਗੇਆਣਾ, ਸ. ਹਰਭਜਨ ਸਿੰਘ ਮਸਾਣਾ, ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਬਾਬਾ ਬਲਵਿੰਦਰ ਸਿੰਘ, ਬਾਬਾ ਜੱਸਾ ਸਿੰਘ, ਬਾਬਾ ਹਰਜੀਤ ਸਿੰਘ, ਬਾਬਾ ਸੁਖਵਿੰਦਰ ਸਿੰਘ, ਗਿਆਨੀ ਭਗਵਾਨ ਸਿੰਘ, ਭਾਈ ਤਰਸੇਮ ਸਿੰਘ, ਮੀਤ ਸਕੱਤਰ ਸ. ਸੁਖਬੀਰ ਸਿੰਘ, ਵਧੀਕ ਮੈਨੇਜਰ ਸ. ਜਸਬੀਰ ਸਿੰਘ, ਸਿੱਖ ਮਿਸ਼ਨ ਦੇ ਇੰਚਾਰਜ ਭਾਈ ਪਰਮਜੀਤ ਸਿੰਘ, ਸ. ਦਰਸ਼ਨ ਸਿੰਘ, ਸ. ਮੋਹਨਦੀਪ ਸਿੰਘ, ਸ. ਭੁਪਿੰਦਰ ਸਿੰਘ, ਸ. ਸਤਿੰਦਰ ਸਿੰਘ, ਸ. ਸੁਖਦੇਵ ਸਿੰਘ, ਸ. ਸਰਬਜੀਤ ਸਿੰਘ ਭੂਰਾ ਕੋਹਨਾ, ਸ. ਅਮਰਜੀਤ ਸਿੰਘ ਸਮੇਤ ਵੱਡੀ ਗਿਣਤੀ ਸੰਗਤਾਂ ਹਾਜ਼ਰ ਸਨ। ੧੭ ਅਕਤੂਬਰ

350 ਸਾਲਾ ਸ਼ਹੀਦੀ ਸ਼ਤਾਬਦੀ ਸਬੰਧੀ ਦਿੱਲੀ 'ਚ ਸੈਮੀਨਾਰ ਦੌਰਾਨ ਬੰਦੀ ਸਿੰਘਾਂ ਦੀ ਰਿਹਾਈ ਦੀ ਮੰਗ ਦਾ ਮਤਾ ਪਾਸ

ਸੈਮੀਨਾਰ ਵਿਚ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਜਥੇਦਾਰ ਕੁਲਦੀਪ ਸਿੰਘ ਗੜਗੱਜ, ਸ. ਸੁਖਬੀਰ ਸਿੰਘ ਬਾਦਲ ਤੇ ਸ. ਪਰਮਜੀਤ ਸਿੰਘ ਸਰਨਾ ਸਮੇਤ ਪ੍ਰਮੁੱਖ ਸ਼ਖ਼ਸੀਅਤਾਂ ਨੇ ਕੀਤੀ ਸ਼ਮੂਲੀਅਤ

ਨਵੀਂ ਦਿੱਲੀ/ਅੰਮ੍ਰਿਤਸਰ-ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ ੩੫੦ ਸਾਲਾ ਸ਼ਤਾਬਦੀ ਸਬੰਧੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਦਿੱਲੀ ਵਿਖੇ ਕਰਵਾਏ ਗਏ ਵਿਸ਼ਾਲ ਸੈਮੀਨਾਰ ਦੌਰਾਨ ਬੰਦੀ ਸਿੰਘਾਂ ਦੀ ਰਿਹਾਈ ਦੀ ਜ਼ੋਰਦਾਰ ਮੰਗ ਕਰਦਾ ਮਤਾ ਪੇਸ਼ ਕੀਤਾ ਗਿਆ, ਜਿਸ ਨੂੰ ਹਾਜ਼ਰੀਨ ਨੇ ਹੱਥ ਖੜ੍ਹੇ ਕਰਕੇ ਤੇ ਜੈਕਾਰੇ ਲਗਾ ਕੇ ਸਮਰਥਨ ਦਿੱਤਾ।

ਇੰਡੀਆ ਹੈਬੀਟੈਟ ਸੈਂਟਰ ਦੇ ਸਟੇਨ ਆਡੀਟੋਰੀਅਮ ਵਿਖੇ 'ਗੁਰੂ ਤੇਗ ਬਹਾਦਰ ਸਾਹਿਬ ਜੀ ਧਰਮ ਦੀ ਚਾਦਰ' ਵਿਸ਼ੇ 'ਤੇ ਕਰਵਾਏ ਗਏ ਇਸ ਸੈਮੀਨਾਰ 'ਚ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ, ਬਾਬਾ ਦਵਿੰਦਰ ਸਿੰਘ ਬੜੂ ਸਾਹਿਬ ਅਤੇ ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਪ੍ਰਧਾਨ ਸ. ਪਰਮਜੀਤ ਸਿੰਘ ਸਰਨਾ ਨੇ ਸੰਬੋਧਨ ਕੀਤਾ, ਜਦਕਿ ਪ੍ਰਸਿੱਧ ਵਿਦਵਾਨ ਡਾ. ਜਸਪਾਲ ਸਿੰਘ ਸਾਬਕਾ ਵਾਈਸ ਚਾਂਸਲਰ, ਡਾ. ਮਨਮੋਹਨ ਸਿੰਘ ਸਾਬਕਾ ਆਈਪੀਐਸ, ਸਾਬਕਾ ਸਫੀਰ ਸ. ਕੇਸੀ ਸਿੰਘ, ਪ੍ਰੋ. ਹਿਮਾਦਰੀ ਬੈਨਰਜੀ, ਡਾ. ਪਰਮਵੀਰ ਸਿੰਘ, ਪ੍ਰੋ. ਰਾਜ ਕੁਮਾਰ ਹੰਸ, ਪ੍ਰੋ. ਧਰਮ ਸਿੰਘ ਅਤੇ ਡਾ. ਹਰਿੰਦਰ ਸਿੰਘ ਨੇ ਆਪਣੇ ਖੋਜ ਭਰਪੂਰ ਪਰਚੇ ਪੜ੍ਹੇ।

ਇਸ ਮੌਕੇ ਸੰਬੋਧਨ ਕਰਦਿਆਂ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਜੀ ਨੇ ਦੂਜਿਆਂ ਦੇ ਧਰਮ ਦੀ ਰੱਖਿਆ ਲਈ ਸ਼ਹਾਦਤ ਦਿੱਤੀ, ਜੋ ਦੁਨੀਆ ਦੇ ਇਤਿਹਾਸ ਵਿੱਚ ਮਿਸਾਲੀ ਹੈ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਦੀ ਇਸ ਕੁਰਬਾਨੀ ਸਦਕਾ ਹੀ ਭਾਰਤ ਦਾ ਸੱਭਿਆਚਾਰ ਜਿੰਦਾ ਹੈ। ਦਿੱਲੀ ਅੰਦਰ ਲਾਲ ਕਿਲ੍ਹੇ 'ਤੇ ਦੇਸ਼ ਦਾ ਝੰਡਾ ਸਿੱਖ ਗੁਰੂਆਂ ਦੀ ਕੁਰਬਾਨੀ ਕਰਕੇ ਹੈ। ਉਨ੍ਹਾਂ ਕਿਹਾ ਕਿ ਨੌਵੇਂ ਪਾਤਸ਼ਾਹ ਦੀ ਸ਼ਹਾਦਤ ਧਰਮਾਂ ਦੀ ਅਜ਼ਾਦੀ ਤੇ ਮਨੁੱਖੀ ਹੱਕਾਂ ਦੀ ਰਖਵਾਲੀ ਲਈ ਸੀ, ਪਰ ਦੁਖਦ ਪਹਿਲੂ ਇਹ ਹੈ ਕਿ ਅੱਜ ਆਪਣੇ ਹੀ ਦੇਸ਼ ਅੰਦਰ ਸਿੱਖਾਂ ਨਾਲ ਅਨਿਆਂ ਕੀਤਾ ਜਾ ਰਿਹਾ ਹੈ। ਸਿੱਖ ਬੰਦੀਆਂ ਨੂੰ ਤਿੰਨ-ਤਿੰਨ ਦਹਾਕੇ ਜੇਲ੍ਹਾਂ ਕੱਟਣ ਬਾਅਦ ਵੀ ਰਿਹਾਅ ਨਹੀਂ ਕੀਤਾ ਜਾ ਰਿਹਾ।

ਐਡਵੋਕੇਟ ਧਾਮੀ ਨੇ ਕਿਹਾ ਕਿ ਬੰਦੀ ਸਿੱਖਾਂ ਦੀ ਰਿਹਾਈ ਦੀ ਮੰਗ ਕੋਈ ਭੀਖ ਨਹੀਂ ਹੈ, ਸਗੋਂ ਇਹ ਸੰਵਿਧਾਨ ਅਨੁਸਾਰ ਹੱਕੀ ਮੰਗ ਹੈ, ਇਸ ਲਈ ਸਰਕਾਰ ਰਿਹਾਈ ਦਾ ਤੁਰੰਤ ਐਲਾਨ ਕਰੇ।

ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ੩੫੦ ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਦਿੱਲੀ ਵਿਖੇ ਵਿਸ਼ੇਸ਼ ਸੈਮੀਨਾਰ ਸ਼ਲਾਘਾਯੋਗ ਉਪਰਾਲਾ ਹੈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਨੇ ਉਸ ਵੇਲੇ ਦੀ ਮਜ਼ਲੂਮ ਧਿਰ ਦੇ ਤਿਲਕ ਤੇ ਜੰਞੂ ਦੀ ਰੱਖਿਆ ਲਈ ਆਪਣੀ ਸ਼ਹਾਦਤ ਦੇ ਕੇ ਧਾਰਮਿਕ ਅਜ਼ਾਦੀ ਤੇ ਮਨੁੱਖੀ ਅਧਿਕਾਰਾਂ ਦੀ ਰੱਖਿਆ ਦਾ ਵਿਲੱਖਣ ਸੰਦੇਸ਼ ਦਿੱਤਾ, ਜੋ ਸਾਰੀ ਮਨੁੱਖਤਾ ਲਈ ਪ੍ਰੇਰਣਾ ਸਰੋਤ ਹੈ। ਪਰੰਤੂ ਅੱਜ ੩੫੦ ਸਾਲ ਬਾਅਦ ਜਦੋਂ ਅਸੀਂ ਇਸੇ ਦਿੱਲੀ ਦੀ ਧਰਤੀ ਜਿੱਥੇ ਗੁਰੂ ਸਾਹਿਬ ਜੀ

ਨੂੰ ਸ਼ਹੀਦ ਕੀਤਾ ਗਿਆ ਸੀ ਵਿਖੇ ਗੁਰੂ ਸਾਹਿਬ ਦੀ ਸ਼ਹਾਦਤ ਨੂੰ ਯਾਦ ਕਰ ਰਹੇ ਹਾਂ, ਤਾਂ ਇਹ ਦੁਖਦਾਈ ਹੈ ਕਿ ਸਾਡੇ ਬੰਦੀ ਸਿੰਘ ਅਜੇ ਤਕ ਤਿਹਾੜ, ਪਟਿਆਲਾ ਅਤੇ ਬੁੜੈਲ ਜੇਲ੍ਹਾਂ ਵਿੱਚ ਕੈਦ ਹਨ। ਮਨੁੱਖੀ ਅਧਿਕਾਰਾਂ ਦੇ ਮੱਦੇਨਜ਼ਰ ਕੇਂਦਰ ਸਰਕਾਰ ਦੀ ਇਹ ਜਿੰਮੇਵਾਰੀ ਬਣਦੀ ਹੈ ਕਿ ਉਹ ਬੰਦੀ ਸਿੰਘਾਂ ਦੀ ਰਿਹਾਈ ਕਰਕੇ ਗੁਰੂ ਸਾਹਿਬ ਨੂੰ ਸਤਿਕਾਰ ਦੇਵੇ।

ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਨੇ ਸਰਕਾਰਾਂ ਵੱਲੋਂ ਸਿੱਖਾਂ ਦੇ ਧਾਰਮਿਕ ਮਾਮਲਿਆਂ ਤੇ ਸੰਸਥਾਵਾਂ ਵਿੱਚ ਕੀਤੀ ਜਾ ਰਹੀ ਦਖਲਅੰਦਾਜ਼ੀ ਦੀ ਵੀ ਅਲੋਚਨਾ ਕੀਤੀ। ਉਨ੍ਹਾਂ ਆਖਿਆ ਕਿ ਗੁਰਦੁਆਰੇ ਸਿੱਖੀ ਦੇ ਪ੍ਰਚਾਰ ਕੇਂਦਰ ਹਨ ਅਤੇ ਉਨ੍ਹਾਂ ਦਾ ਪ੍ਰਬੰਧ ਸਰਕਾਰੀ ਨੁਮਾਇੰਦਿਆਂ ਕੋਲ ਨਹੀਂ, ਪੰਥਕ ਹੱਥਾਂ ਵਿੱਚ ਹੀ ਰਹਿਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸਿੱਖ ਕੌਮ ਆਪਣੇ ਧਾਰਮਿਕ ਮਾਮਲਿਆਂ ਵਿੱਚ ਕਿਸੇ ਵੀ ਤਰ੍ਹਾਂ ਦਾ ਰਾਜਸੀ ਦਖ਼ਲ ਬਰਦਾਸ਼ਤ ਨਹੀਂ ਕਰੇਗੀ।

ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਸਿੱਖ ਕੌਮ ਦਾ ਇਤਿਹਾਸ ਬੇਮਿਸਾਲ ਕੁਰਬਾਨੀਆਂ ਨਾਲ ਭਰਿਆ ਹੋਇਆ ਹੈ, ਜਿਸ ਵਿਚ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਅਹਿਮ ਹੈ। ਉਨ੍ਹਾਂ ਕਿਹਾ ਕਿ ਜੇ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਨੇ ਸ਼ਹਾਦਤ ਨਾ ਦਿੱਤੀ ਹੁੰਦੀ ਤਾਂ ਦੇਸ਼ ਦੇ ਹਾਲਾਤ ਕੁਝ ਹੋਰ ਹੀ ਹੁੰਦੇ। ਸ. ਬਾਦਲ ਨੇ ਆਖਿਆ ਕਿ ਸਿੱਖ ਕੌਮ ਹਮੇਸ਼ਾ ਆਪਣੇ ਗੁਰੂ ਸਾਹਿਬਾਨ ਦੇ ਉਪਦੇਸ਼ਾਂ ਤੋਂ ਪ੍ਰੇਰਨਾ ਲੈ ਕੇ ਮਾਨਵਤਾ ਲਈ ਅੱਗੇ ਰਹਿੰਦੀ ਹੈ। ਦੇਸ਼ ਦੀ ਅਜ਼ਾਦੀ ਦੀ ਲੜਾਈ ਵਿਚ ਸਭ ਤੋਂ ਵੱਧ ਕੁਰਬਾਨੀਆਂ ਸਿੱਖਾਂ ਵੱਲੋਂ ਹੀ ਦਿੱਤੀਆਂ ਗਈਆਂ, ਜਿਸ ਦਾ ਆਧਾਰ ਗੁਰੂ ਸਾਹਿਬਾਨ ਦੇ ਆਦਰਸ਼ਾਂ 'ਤੇ ਹੀ ਟਿਕਿਆ ਹੈ। ਪਰੰਤੂ ਦੁੱਖ ਦੀ ਗੱਲ ਹੈ ਕਿ ਜਿਸ ਸਿੱਖ ਕੌਮ ਨੇ ਦੇਸ਼ ਲਈ ਕੁਰਬਾਨੀਆਂ ਦਿੱਤੀਆਂ, ਉਸ ਦੀਆਂ ਮਹਾਨ ਸੰਸਥਾਵਾਂ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਹੈ।

ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਨੇ ਕਿਹਾ ਕਿ ਸਿੱਖ ਕੌਮ ਦੀ ਤਾਕਤ ਗੁਰਮਤਿ ਦੀ ਪ੍ਰੇਰਨਾ ਅਤੇ ਕੌਮੀ ਏਕਤਾ ਵਿੱਚ ਹੈ। ਜਦ ਤੱਕ ਸਿੱਖ ਕੌਮ ਗੁਰੂ ਸਾਹਿਬਾਨ ਦੇ ਅਸੂਲਾਂ 'ਤੇ ਡਟੀ ਰਹੇਗੀ, ਕੋਈ ਤਾਕਤ ਉਸ ਨੂੰ ਕਮਜ਼ੋਰ ਨਹੀਂ ਕਰ ਸਕਦੀ। ਉਨ੍ਹਾਂ ਗੁਰੂ ਸਾਹਿਬ ਦੀ ਸ਼ਹੀਦੀ ਸ਼ਤਾਬਦੀ ਸਬੰਧੀ ਸ਼੍ਰੋਮਣੀ ਕਮੇਟੀ ਵੱਲੋਂ ਰੱਖੇ ਸਮਾਗਮਾਂ ਵਿਚ ਸੰਗਤ ਨੂੰ ਵੱਧ ਤੋਂ ਵੱਧ ਸ਼ਮੂਲੀਅਤ ਦੀ ਅਪੀਲ ਕੀਤੀ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ, ਮੈਂਬਰ ਸ. ਬਲਦੇਵ ਸਿੰਘ ਕਾਇਮਪੁਰ, ਸ. ਹਰਭਜਨ ਸਿੰਘ ਮਸਾਣਾ, ਬਾਬਾ ਗੁਰਮੀਤ ਸਿੰਘ ਤਿਲੋਕੇਵਾਲਾ, ਸ. ਗੁਰਮਿੰਦਰ ਸਿੰਘ ਮਠਾਰੂ, ਸ. ਹਰਮਨਜੀਤ ਸਿੰਘ, ਨਿੱਜੀ ਸਕੱਤਰ ਸ. ਸਾਹਬਾਜ਼ ਸਿੰਘ, ਮੀਤ ਸਕੱਤਰ ਸ. ਜਸਵਿੰਦਰ ਸਿੰਘ ਜੱਸੀ, ਸ. ਹਰਭਜਨ ਸਿੰਘ ਵਕਤਾ, ਸਾਬਕਾ ਜਥੇਦਾਰ ਗਿਆਨੀ ਰਣਜੀਤ ਸਿੰਘ ਗੌਹਰ, ਦਿੱਲੀ ਕਮੇਟੀ ਦੇ ਸਾਬਕਾ ਪ੍ਰਧਾਨ ਸ. ਮਨਜੀਤ ਸਿੰਘ ਜੀ ਕੇ, ਮੈਂਬਰ ਸ. ਕਰਤਾਰ ਸਿੰਘ ਚਾਵਲਾ, ਸ. ਤਜਿੰਦਰ ਸਿੰਘ, ਸ. ਜਤਿੰਦਰ ਸਿੰਘ, ਸ. ਸਤਨਾਮ ਸਿੰਘ ਖਾਲਸਾ, ਸ. ਅਮਰੀਕ ਸਿੰਘ ਵਿਕਾਸਪੁਰੀ, ਸ. ਸੁਰਿੰਦਰ ਸਿੰਘ, ਸ. ਜਤਿੰਦਰ ਸਿੰਘ ਸਾਹਨੀ, ਸ. ਮੋਹਿੰਦਰ ਸਿੰਘ, ਸ. ਗੁਰਮੀਤ ਸਿੰਘ ਸ਼ੰਟੀ, ਹਰਿਆਣਾ ਕਮੇਟੀ ਦੇ ਪ੍ਰਧਾਨ ਸ. ਜਗਦੀਸ਼ ਸਿੰਘ ਝੀਂਡਾ, ਮੈਂਬਰ ਸ. ਮੋਹਨਜੀਤ ਸਿੰਘ ਪਾਣੀਪਤ, ਰਵਿੰਦਰ ਸਿੰਘ ਫਰੀਦਾਬਾਦ, ਸਿੱਖ ਮਿਸ਼ਨ ਦੇ ਇੰਚਾਰਜ ਸ. ਮਨਮੀਤ ਸਿੰਘ, ਸ. ਸੁਖਵਿੰਦਰ ਸਿੰਘ, ਸ. ਸੁਰਿੰਦਰਪਾਲ ਸਿੰਘ ਸਮਾਨਾ, ਸ. ਜਸਬੀਰ ਸਿੰਘ ਲੌਂਗੋਵਾਲ, ਸ. ਮਨਪ੍ਰੀਤ ਸਿੰਘ, ਸ. ਰਮਨਦੀਪ ਸਿੰਘ, ਸ. ਅਮਨਜੀਤ ਸਿੰਘ, ਸ. ਪਰਮਜੀਤ ਸਿੰਘ, ਸ. ਹਰਦੀਪ ਸਿੰਘ ਚੰਦਰ ਵਿਹਾਰ ਆਦਿ ਹਾਜ਼ਰ ਸਨ। ੧੮ ਅਕਤੂਬਰ

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ:

ਅਸਾਮ ਤੋਂ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ ਉਦੈਪੁਰ ਤੋਂ ਅਗਲੇ ਪੜਾਅ ਜੋਧਪੁਰ ਰਾਜਸਥਾਨ ਲਈ ਰਵਾਨਾ

ਅੰਮ੍ਰਿਤਸਰ-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦਾ ੩੫੦ ਸਾਲਾ ਸ਼ਹੀਦੀ ਨਗਰ ਕੀਰਤਨ ਵੱਖ-ਵੱਖ ਸੂਬਿਆਂ ਤੋਂ ਹੁੰਦਾ ਹੋਇਆ ਅੱਜ ਗੁਰਦੁਆਰਾ ਸੱਚਖੰਡ ਦਰਬਾਰ ਸਾਹਿਬ ਉਦੈਪੁਰ ਰਾਜਸਥਾਨ ਤੋਂ ਆਪਣੇ ਅਗਲੇ ਪੜਾਅ ਜੋਧਪੁਰ ਰਾਜਸਥਾਨ ਲਈ ਰਵਾਨਾ ਹੋਇਆ।

ਨਗਰ ਕੀਰਤਨ ਦੀ ਰਵਾਨਗੀ ਤੋਂ ਪਹਿਲਾਂ ਗੁਰਦੁਆਰਾ ਸਾਹਿਬ ਵਿਖੇ ਧਾਰਮਿਕ ਦੀਵਾਨ ਸਜਾਏ ਗਏ, ਜਿਸ ਵਿਚ ਸ੍ਰੀ ਦਰਬਾਰ ਸਾਹਿਬ ਦੇ ਹਜੂਰੀ ਰਾਗੀ ਜਥੇ ਨੇ ਗੁਰਬਾਣੀ ਕੀਰਤਨ ਰਾਹੀਂ ਹਾਜ਼ਰੀ ਭਰੀ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਬਲਜੀਤ ਸਿੰਘ ਨੇ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ। ਨਗਰ ਕੀਰਤਨ ਦੀ ਰਵਾਨਗੀ ਮੌਕੇ ਗੁਰਦੁਆਰਾ ਸਾਹਿਬ ਦੇ ਪ੍ਰਬੰਧਕਾਂ ਨੇ ਪੰਜ ਪਿਆਰੇ ਸਾਹਿਬਾਨ ਅਤੇ ਹਾਜ਼ਰ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਿਰੋਪਾਓ ਦਿੱਤੇ। ਸੰਗਤਾਂ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਲਕੀ 'ਤੇ ਫੁੱਲਾਂ ਦੀ ਵਰਖਾ ਕਰਕੇ ਗੁਰੂ ਸਾਹਿਬ ਨੂੰ ਸਤਿਕਾਰ ਭੇਟ ਕੀਤਾ।

ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਸ. ਜਸਮੇਰ ਸਿੰਘ ਲਾਛੜੂ, ਸ. ਜਗਸੀਰ ਸਿੰਘ ਮਾਂਗੇਆਣਾ, ਮੀਤ ਸਕੱਤਰ ਸ. ਸੁਖਬੀਰ ਸਿੰਘ, ਵਧੀਕ ਮੈਨੇਜਰ ਸ. ਜਸਬੀਰ ਸਿੰਘ, ਸਿੱਖ ਮਿਸ਼ਨ ਮੱਧ ਪ੍ਰਦੇਸ਼ ਦੇ ਇੰਚਾਰਜ ਸ. ਬਲਦੇਵ ਸਿੰਘ ਓਗਰਾ, ਰਾਜਿਸਥਾਨ ਸਿੱਖ ਮਿਸ਼ਨ ਦੇ ਇੰਚਾਰਜ ਭਾਈ ਜਰਨੈਲ ਸਿੰਘ, ਸ. ਦਰਸ਼ਨ ਸਿੰਘ, ਸ. ਭੁਪਿੰਦਰ ਸਿੰਘ, ਸੁਪਰਵਾਈਜ਼ਰ ਸ. ਮੋਹਨਦੀਪ ਸਿੰਘ, ਸ. ਮਿਲਖਾ ਸਿੰਘ, ਸ. ਹਰਪ੍ਰੀਤ ਸਿੰਘ ਜੰਡਿਆਲਾ, ਮੀਤ ਮੈਨੇਜਰ ਸ. ਅਮਰਜੀਤ ਸਿੰਘ, ਸ. ਸੁਰਜੀਤ ਸਿੰਘ ਕੰਗ, ਸ. ਜਗਦੀਪ ਸਿੰਘ ਸਮੇਤ ਵੱਡੀ ਗਿਣਤੀ ਸੰਗਤਾਂ ਹਾਜ਼ਰ ਸਨ। ੧੮ ਅਕਤੂਬਰ

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ:

ਅਸਾਮ ਤੋਂ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ ਜੋਧਪੁਰ ਤੋਂ ਅਗਲੇ ਪੜਾਅ ਜੈਪੁਰ ਰਾਜਸਥਾਨ ਲਈ ਰਵਾਨਾ

ਅੰਮ੍ਰਿਤਸਰ-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦਾ ੩੫੦ ਸਾਲਾ ਸ਼ਹੀਦੀ ਨਗਰ ਕੀਰਤਨ ਵੱਖ-ਵੱਖ ਸੂਬਿਆਂ ਤੋਂ ਹੁੰਦਾ ਹੋਇਆ ਅੱਜ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਜੋਧਪੁਰ ਤੋਂ ਆਪਣੇ ਅਗਲੇ ਪੜਾਅ ਜੈਪੁਰ ਰਾਜਿਸਥਾਨ ਲਈ ਰਵਾਨਾ ਹੋਇਆ।

ਨਗਰ ਕੀਰਤਨ ਦੀ ਰਵਾਨਗੀ ਤੋਂ ਪਹਿਲਾਂ ਗੁਰਦੁਆਰਾ ਸਾਹਿਬ ਵਿਖੇ ਧਾਰਮਿਕ ਦੀਵਾਨ ਸਜਾਏ ਗਏ, ਜਿਸ ਵਿਚ ਸ੍ਰੀ ਦਰਬਾਰ ਸਾਹਿਬ ਦੇ ਹਜੂਰੀ ਰਾਗੀ ਜਥੇ ਨੇ ਗੁਰਬਾਣੀ ਕੀਰਤਨ ਰਾਹੀਂ ਹਾਜ਼ਰੀ ਭਰੀ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਬਲਜੀਤ ਸਿੰਘ ਨੇ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ। ਨਗਰ ਕੀਰਤਨ ਦੀ ਰਵਾਨਗੀ ਮੌਕੇਗੁਰਦੁਆਰਾ ਸਾਹਿਬ ਦੇ ਪ੍ਰਬੰਧਕਾਂ ਨੇ ਪੰਜ ਪਿਆਰੇ ਸਾਹਿਬਾਨ ਅਤੇ ਹਾਜ਼ਰ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਿਰੋਪਾਓ ਦਿੱਤੇ। ਨਗਰ ਕੀਰਤਨ 'ਚ ਪੁੱਜੀਆਂ ਸੰਗਤਾਂ ਵਿੱਚ ਵੱਡਾ ਉਤਸ਼ਾਹ ਸੀ ਅਤੇ ਵੱਖ-ਵੱਖ ਪੜਾਵਾਂ 'ਤੇ ਸੰਗਤਾਂ ਵੱਲੋਂ ਸ਼ਰਧਾ ਨਾਲ ਨਗਰ ਕੀਰਤਨ ਦਾ ਸਵਾਗਤ ਕੀਤਾ ਗਿਆ। ਸੰਗਤਾਂ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਲਕੀ 'ਤੇ ਫੁੱਲਾਂ ਦੀ ਵਰਖਾ ਕਰਕੇ ਗੁਰੂ ਸਾਹਿਬ ਨੂੰ ਸਤਿਕਾਰ ਭੇਟ ਕੀਤਾ। ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ

ਸ. ਜਸਮੇਰ ਸਿੰਘ ਲਾਛੜੂ, ਸ. ਜਗਸੀਰ ਸਿੰਘ ਮਾਂਗੇਆਣਾ, ਸ. ਸੁਰਜੀਤ ਸਿੰਘ ਕੰਗ, ਮੀਤ ਸਕੱਤਰ ਸ. ਸੁਖਬੀਰ ਸਿੰਘ, ਵਧੀਕ ਮੈਨੇਜਰ ਸ. ਜਸਬੀਰ ਸਿੰਘ, ਸਿੱਖ ਮਿਸ਼ਨ ਮੱਧ ਪ੍ਰਦੇਸ਼ ਦੇ ਇੰਚਾਰਜ ਸ. ਬਲਦੇਵ ਸਿੰਘ ਓਗਰਾ, ਰਾਜਸਥਾਨ ਸਿੱਖ ਮਿਸ਼ਨ ਦੇ ਇੰਚਾਰਜ ਭਾਈ ਜਰਨੈਲ ਸਿੰਘ, ਸ. ਦਰਸ਼ਨ ਸਿੰਘ, ਸ. ਭੁਪਿੰਦਰ ਸਿੰਘ, ਸੁਪਰਵਾਈਜ਼ਰ ਸ. ਮੋਹਨਦੀਪ ਸਿੰਘ, ਮੀਤ ਮੈਨੇਜਰ ਸ. ਅਮਰਜੀਤ ਸਿੰਘ, ਸ. ਜਗਦੀਪ ਸਿੰਘ ਸਮੇਤ ਵੱਡੀ ਗਿਣਤੀ ਸੰਗਤਾਂ ਹਾਜ਼ਰ ਸਨ। ੧੯ ਅਕਤੂਬਰ

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ:

ਅਸਾਮ ਤੋਂ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ ਜੈਪੁਰ ਤੋਂ ਅਗਲੇ ਪੜਾਅ ਅਲਵਰ ਰਾਜਿਸਥਾਨ ਲਈ ਰਵਾਨਾ

ਅੰਮ੍ਰਿਤਸਰ- ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦਾ ੩੫੦ ਸਾਲਾ ਸ਼ਹੀਦੀ ਨਗਰ ਕੀਰਤਨ ਵੱਖ-ਵੱਖ ਸੂਬਿਆਂ ਤੋਂ ਹੁੰਦਾ ਹੋਇਆ ਅੱਜ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ, ਰਾਜਾ ਪਾਰਕ, ਜੈਪੁਰ ਤੋਂ ਆਪਣੇ ਅਗਲੇ ਪੜਾਅ ਅਲਵਰ ਰਾਜਿਸਥਾਨ ਲਈ ਰਵਾਨਾ ਹੋਇਆ।

ਨਗਰ ਕੀਰਤਨ ਦੀ ਰਵਾਨਗੀ ਤੋਂ ਪਹਿਲਾਂ ਗੁਰਦੁਆਰਾ ਸਾਹਿਬ ਵਿਖੇ ਧਾਰਮਿਕ ਦੀਵਾਨ ਸਜਾਏ ਗਏ, ਜਿਸ ਵਿਚ ਸ੍ਰੀ ਦਰਬਾਰ ਸਾਹਿਬ ਦੇ ਹਜ਼ੂਰੀ ਰਾਗੀ ਜਥੇ ਨੇ ਗੁਰਬਾਣੀ ਕੀਰਤਨ ਰਾਹੀਂ ਹਾਜ਼ਰੀ ਭਰੀ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਬਲਜੀਤ ਸਿੰਘ ਨੇ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ। ਨਗਰ ਕੀਰਤਨ ਦੀ ਰਵਾਨਗੀ ਮੌਕੇ ਗੁਰਦੁਆਰਾ ਸਾਹਿਬ ਦੇ ਪ੍ਰਬੰਧਕਾਂ ਨੇ ਪੰਜ ਪਿਆਰੇ ਸਾਹਿਬਾਨ ਅਤੇ ਹਾਜ਼ਰ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਿਰੋਪਾਓ ਦਿੱਤੇ। ਨਗਰ ਕੀਰਤਨ 'ਚ ਪੁੱਜੀਆਂ ਸੰਗਤਾਂ ਵਿੱਚ ਵੱਡਾ ਉਤਸ਼ਾਹ ਸੀ ਅਤੇ ਵੱਖ-ਵੱਖ ਪੜਾਵਾਂ 'ਤੇ ਸੰਗਤਾਂ ਵੱਲੋਂ ਸ਼ਰਧਾ ਨਾਲ ਨਗਰ ਕੀਰਤਨ ਦਾ ਸਵਾਗਤ ਕੀਤਾ ਗਿਆ। ਸੰਗਤਾਂ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਲਕੀ 'ਤੇ ਫੁੱਲਾਂ ਦੀ ਵਰਖਾ ਕਰਕੇ ਗੁਰੂ ਸਾਹਿਬ ਨੂੰ ਸਤਿਕਾਰ ਭੇਟ ਕੀਤਾ।

ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਸ. ਸੁਰਜੀਤ ਸਿੰਘ ਕੰਗ, ਮੀਤ ਸਕੱਤਰ ਸ. ਸੁਖਬੀਰ ਸਿੰਘ, ਵਧੀਕ ਮੈਨੇਜਰ ਸ. ਜਸਬੀਰ ਸਿੰਘ, ਸਿੱਖ ਮਿਸ਼ਨ ਮੱਧ ਪ੍ਰਦੇਸ਼ ਦੇ ਇੰਚਾਰਜ ਸ. ਬਲਦੇਵ ਸਿੰਘ ਓਗਰਾ, ਰਾਜਸਥਾਨ ਸਿੱਖ ਮਿਸ਼ਨ ਦੇ ਇੰਚਾਰਜ ਭਾਈ ਜਰਨੈਲ ਸਿੰਘ, ਸ. ਦਰਸ਼ਨ ਸਿੰਘ, ਸ. ਭੁਪਿੰਦਰ ਸਿੰਘ, ਸੁਪਰਵਾਈਜ਼ਰ ਸ. ਮੋਹਨਦੀਪ ਸਿੰਘ, ਮੀਤ ਮੈਨੇਜਰ ਸ. ਅਮਰਜੀਤ ਸਿੰਘ, ਸ. ਜਗਦੀਪ ਸਿੰਘ ਮਾਛੀਨੰਗਲ ਸਮੇਤ ਵੱਡੀ ਗਿਣਤੀ ਸੰਗਤਾਂ ਹਾਜ਼ਰ ਸਨ। ੨੧ ਅਕਤੂਬਰ

ਬੰਦੀ ਛੋੜ ਦਿਵਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਵੱਡੀ ਗਿਣਤੀ 'ਚ ਸੰਗਤਾਂ ਨਤਮਸਤਕ

ਬੰਦੀ ਛੋੜ ਦਿਵਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਕੌਮ ਦੇ ਨਾਂ ਸੰਦੇਸ਼

ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਧਾਮੀ ਸਮੇਤ ਪੰਥ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਨੇ ਭਰੀ ਹਾਜ਼ਰੀ

ਅੰਮ੍ਰਿਤਸਰ-ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਬੰਦੀਛੋੜ ਦਿਵਸ ਸ਼ਰਧਾ ਅਤੇ ਉਤਸ਼ਾਹ ਨਾਲ

ਮਨਾਇਆ ਗਿਆ। ਇਸ ਮੌਕੇ ਜਿਥੇ ਦੇਸ਼-ਵਿਦੇਸ਼ ਦੀਆਂ ਲੱਖਾਂ ਸੰਗਤਾਂ ਨੇ ਨਤਮਸਤਕ ਹੋ ਕੇ ਗੁਰੂ ਸਾਹਿਬ ਪ੍ਰਤੀ ਸ਼ਰਧਾ ਅਤੇ ਸਤਿਕਾਰ ਦਾ ਪ੍ਰਗਟਾਵਾ ਕੀਤਾ, ਉਥੇ ਹੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ, ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਅਤੇ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ, ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਮੁਖੀ ਬਾਬਾ ਬਲਬੀਰ ਸਿੰਘ, ਬਾਬਾ ਨਿਹਾਲ ਸਿੰਘ ਤਰਨਾ ਦਲ ਹਰੀਆਂ ਵੇਲਾਂ, ਦਲ ਪੰਥ ਬਾਬਾ ਬਿਧੀ ਚੰਦ ਦੇ ਮੁਖੀ ਬਾਬਾ ਅਵਤਾਰ ਸਿੰਘ ਸੁਰਸਿੰਘ, ਤਰਨਾ ਦਲ ਬਾਬਾ ਬਕਾਲਾ ਦੇ ਮੁਖੀ ਬਾਬਾ ਜੋਗਾ ਸਿੰਘ ਸਮੇਤ ਪ੍ਰਮੁੱਖ ਸ਼ਖ਼ਸੀਅਤਾਂ ਨੇ ਵੀ ਸ਼ਮੂਲੀਅਤ ਕੀਤੀ। ਬੰਦੀ ਛੋੜ ਦਿਹਾੜੇ ਸਬੰਧੀ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਹੋਏ ਗੁਰਮਤਿ ਸਮਾਗਮਾਂ ਦੌਰਾਨ ਪੰਥ ਪ੍ਰਸਿੱਧ ਰਾਗੀ, ਢਾਡੀ, ਕਵੀਸ਼ਰ ਜਥਿਆਂ, ਪ੍ਰਚਾਰਕਾਂ ਅਤੇ ਕਵੀਆਂ ਨੇ ਗੁਰਬਾਣੀ ਕੀਰਤਨ ਅਤੇ ਇਤਿਹਾਸ ਦੁਆਰਾ ਸੰਗਤ ਨਾਲ ਸਾਂਝ ਪਾਈ।

ਇਸੇ ਦੌਰਾਨ ਪ੍ਰੰਪਰਾ ਅਨੁਸਾਰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਦਰਸ਼ਨੀ ਡਿਓੜੀ ਤੋਂ ਸਿੱਖ ਪੰਥ ਦੇ ਨਾਂ ਸੰਦੇਸ਼ ਦਿੰਦਿਆਂ ਭਾਈ ਬਲਵੰਤ ਸਿੰਘ ਰਾਜੋਆਣਾ ਦੀ ਸਜ਼ਾ ਤਬਦੀਲੀ ਅਤੇ ਬੰਦੀ ਸਿੰਘਾਂ ਦੀ ਰਿਹਾਈ ਦੀ ਮੰਗ ਦੇ ਨਾਲ-ਨਾਲ ਸਿੱਖਾਂ ਨਾਲ ਹੋ ਰਹੇ ਵਿਤਕਰੇ ਵਖਰੇਵੇਂ, ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਬੇਦਅਦਬੀਆਂ ਦੀਆਂ ਘਟਨਾਵਾਂ, ਸਿੱਖ ਕਕਾਰਾਂ 'ਤੇ ਹੁੰਦੇ ਸਵਾਲ ਅਤੇ ਸਿੱਖ ਸੰਸਥਾਵਾਂ ਉੱਤੇ ਗਹਿਰੀ ਸਾਜ਼ਿਸ਼ ਤਹਿਤ ਕਬਜ਼ੇ ਦੀਆਂ ਚਾਲਾਂ ਪ੍ਰਤੀ ਚਿੰਤਾ ਪ੍ਰਗਟ ਕਰਦਿਆਂ ਪੰਥਕ ਏਕਤਾ ਦੀ ਗੱਲ ਕੀਤੀ।

ਉਨ੍ਹਾਂ ਕਿਹਾ ਕਿ ਛੇਵੇਂ ਪਾਤਸ਼ਾਹ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਥਾਪਨਾ ਕਰਕੇ ਸਿੱਖਾਂ ਨੂੰ ਇਕ ਅਜਿਹਾ ਤਖ਼ਤ ਬਖ਼ਸ਼ਿਆ, ਜਿਹੜਾ ਹਮੇਸ਼ਾ ਹੱਕ, ਸੱਚ, ਨਿਆਂ ਅਤੇ ਧਰਮ ਦੇ ਬੋਲ-ਬਾਲਿਆਂ ਲਈ ਸੇਧ ਦਿੰਦਾ ਹੈ। ਉਨ੍ਹਾਂ ਕਿਹਾ ਕਿ ਬੰਦੀ ਛੋੜ ਦਿਵਸ ਮੌਕੇ ਸਮੁੱਚਾ ਖ਼ਾਲਸਾ ਪੰਥ ਪੰਥਕ ਰਵਾਇਤਾਂ ਮੁਤਾਬਕ ਇਥੇ ਸਿਰ ਜੋੜ ਕੇ ਬੈਠਦਾ ਹੈ ਅਤੇ ਭਵਿੱਖ ਦੀਆਂ ਚੁਣੌਤੀਆਂ ਦਾ ਸਾਹਮਣਾ ਕਰਨ ਲਈ ਰਣਨੀਤੀ ਬਣਾਉਂਦਾ ਹੈ।

ਗਿਆਨੀ ਕੁਲਦੀਪ ਸਿੰਘ ਨੇ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਅਤੇ ਉਨ੍ਹਾਂ ਦੇ ਅਨਿੰਨ ਸਿੱਖਾਂ ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਤੇ ਭਾਈ ਦਿਆਲਾ ਜੀ ਵੱਲੋਂ ਉਸ ਵੇਲੇ ਦੀ ਮਜ਼ਲੂਮ ਧਿਰ ਦੇ ਤਿਲਕ ਤੇ ਜੰਞੂ ਦੀ ਰਾਖੀ ਕਰਦਿਆਂ ਧਾਰਮਿਕ ਅਜ਼ਾਦੀ ਅਤੇ ਮਨੁੱਖੀ ਅਧਿਕਾਰਾਂ ਲਈ ਦਿੱਤੀ ਅਦੁੱਤੀ ਸ਼ਹਾਦਤ ਦੇ ੩੫੦ ਸਾਲਾ ਮੌਕੇ ਉਨ੍ਹਾਂ ਨੂੰ ਯਾਦ ਕਰਦਿਆਂ ਕਿਹਾ ਕਿ ਇਹ ਸ਼ਹਾਦਤਾਂ ਸਾਡਾ ਮਾਰਗ ਦਰਸ਼ਨ ਕਰਦੀਆਂ ਹਨ ਅਤੇ ਹਰ ਧਰਮ ਦੇ ਲੋਕਾਂ ਨੂੰ ਆਪੋ-ਆਪਣੇ ਧਰਮ ਅਨੁਸਾਰ ਧਾਰਮਿਕ ਚਿੰਨ੍ਹ ਪਹਿਨ ਕੇ ਵਿਚਰਨ ਅਤੇ ਅਜ਼ਾਦੀ ਨਾਲ ਰਹਿਣ ਦੀ ਗਵਾਹੀ ਭਰਦੀਆਂ ਹਨ। ਪ੍ਰੰਤੂ ਦੁੱਖ ਦੀ ਗੱਲ ਹੈ ਕਿ ਅੱਜ ਗੁਰੂ ਸਾਹਿਬ ਜੀ ਦੇ ਸਿੱਖਾਂ ਦੇ ਕਕਾਰ ਕਿਰਪਾਨ, ਕੜਾ ਉਤਰਵਾਉਣ ਦੀਆਂ ਦੇਸ਼ ਦੇ ਵੱਖ-ਵੱਖ ਕੋਨਿਆਂ ਤੋਂ ਸਾਹਮਣੇ ਆਉਂਦੀਆਂ ਘਟਨਾਵਾਂ ਦੱਸਦੀਆਂ ਹਨ ਕਿ ਮੌਜੂਦਾ ਹੁਕਮਰਾਨ ਵੀ ਉਸ ਸਮੇਂ ਦੇ ਹਾਕਮਾਂ ਵਾਂਗ ਸੌੜੀ ਸੋਚ ਰੱਖਕੇ ਸਾਡੀ ਪਛਾਣ ਨੂੰ ਖਤਮ ਕਰਨ ਦੀ ਮਨਸ਼ਾ ਰੱਖਦੇ ਹਨ।

ਉਨ੍ਹਾਂ ਲੰਮੇ ਸਮੇਂ ਤੋਂ ਜੇਲ੍ਹਾਂ ਵਿੱਚ ਨਜ਼ਰਬੰਦ ਸਿੰਘਾਂ ਭਾਈ ਜਗਤਾਰ ਸਿੰਘ ਹਵਾਰਾ, ਭਾਈ ਗੁਰਦੀਪ ਸਿੰਘ ਖੈਰਾ, ਭਾਈ ਦਵਿੰਦਰਪਾਲ ਸਿੰਘ ਭੁੱਲਰ, ਭਾਈ ਜਗਤਾਰ ਸਿੰਘ ਤਾਰਾ, ਭਾਈ ਪਰਮਜੀਤ ਸਿੰਘ ਭਿਓਰਾ ਤੇ ਹੋਰ ਸਿੰਘਾਂ ਅਤੇ ਫਾਂਸੀ ਦੀ ਸਜ਼ਾ ਦਾ ਸਾਹਮਣਾ ਕਰ ਰਹੇ ਭਾਈ ਬਲਵੰਤ ਸਿੰਘ ਰਾਜੋਆਣਾ ਦੇ ਹੱਕ ਹਕੂਕਾਂ ਦੀ ਗੱਲ ਕਰਦਿਆਂ ਸਰਕਾਰ ਪਾਸੋਂ ਤੁਰੰਤ ਰਿਹਾਈ ਦੀ ਮੰਗ ਕੀਤੀ। ਗਿਆਨੀ ਗੜਗੱਜ

ਨੇ ਸਰਕਾਰ ਵੱਲੋਂ ੨੦੧੯ 'ਚ ੫੫੦ ਸਾਲਾ ਪ੍ਰਕਾਸ਼ ਪੁਰਬ ਮੌਕੇ ਜਾਰੀ ਕੀਤੇ ਨੋਟੀਫਿਕੇਸ਼ਨ ਦਾ ਜ਼ਿਕਰ ਕਰਦਿਆਂ ਕਿਹਾ ਕਿ ਸਰਕਾਰ ਨੂੰ ਆਪਣੇ ਫੈਸਲੇ 'ਤੇ ਦ੍ਰਿੜ੍ਹ ਰਹਿਣਾ ਚਾਹੀਦਾ ਹੈ ਅਤੇ ਬੰਦੀ ਸਿੰਘਾਂ ਦੀ ਰਿਹਾਈ ਦਾ ਐਲਾਨ ਕਰਨਾ ਚਾਹੀਦਾ ਹੈ।

ਜਥੇਦਾਰ ਗੜਗੱਜ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਬਦੀ ਦੀਆਂ ਘਟਨਾਵਾਂ ਨੂੰ ਰੋਕਣ ਅਤੇ ਗੁਰੂ ਘਰਾਂ ਵਿੱਚ ਪੰਥ ਦੀ ਪਹਿਰੇਦਾਰੀ ਕਾਇਮ ਕਰਨ ਦੀ ਗੱਲ ਕਰਦਿਆਂ ਕਿਹਾ ਕਿ ਹਰ ਗੁਰਦੁਆਰਾ ਸਾਹਿਬ ਵਿੱਚ ਪਹਿਰੇਦਾਰੀ ਤੇ ਸੁਰੱਖਿਆ ਦੇ ਪੁਖਤਾ ਪ੍ਰਬੰਧ ਕਰਨੇ ਲਾਜ਼ਮੀ ਬਣਾਏ ਜਾਣ। ਉਨ੍ਹਾਂ ਕਿਹਾ ਕਿ ਸਿੱਖ ਨੇ ਜਿਥੇ ਗੁਰੂ ਸਾਹਿਬ ਵੱਲੋਂ ਬਖਸ਼ੇ ਮੀਰੀ ਪੀਰੀ ਦੇ ਸਿਧਾਂਤ ਅਨੁਸਾਰ ਧਾਰਮਿਕ, ਪਰਵਾਰਿਕ, ਸਮਾਜਿਕ ਅਤੇ ਆਰਥਿਕ ਤੌਰ ਉੱਤੇ ਤਕੜਾ ਹੋਣਾ ਹੈ, ਉੱਥੇ ਆਲਮੀ ਪੱਧਰ 'ਤੇ ਰਾਜਸੀ ਤੌਰ ਉੱਤੇ ਵੀ ਤਕੜਾ ਹੋਣਾ ਹੈ। ਉਨ੍ਹਾਂ ਕਿਹਾ ਕਿ ਸਿੱਖ ਕੌਮ ਇੱਕ ਸਾਂਝਾ ਪਰਿਵਾਰ ਹੈ ਅਤੇ ਕੌਮ ਵਿੱਚ ਕੋਈ ਵੀ ਆਪਸੀ ਵਖਰੇਵਾਂ ਇੰਨਾ ਵੱਡਾ ਨਹੀਂ, ਜਿਸ ਨੂੰ ਅਧਾਰ ਬਣਾ ਕੇ ਕੋਈ ਕੌਮ ਵਿੱਚ ਫੁੱਟ ਪਾਉਣ ਦੀ ਕੋਸ਼ਿਸ਼ ਕਰੇ।

ਜਥੇਦਾਰ ਗੜਗੱਜ ਨੇ ਕਿਹਾ ਕਿ ਗੁਰਦੁਆਰਿਆਂ, ਗੁਰਧਾਮਾਂ ਤੇ ਤਖ਼ਤ ਸਾਹਿਬਾਨ ਦਾ ਪ੍ਰਬੰਧ ਖ਼ਾਲਸਾ ਪੰਥ ਨੇ ਸ਼ਹਾਦਤਾਂ ਦੇ ਕੇ ਪ੍ਰਾਪਤ ਕੀਤਾ ਹੈ ਅਤੇ ਇਹ ਹਮੇਸ਼ਾ ਪੰਥ ਕੋਲ ਹੀ ਰਹੇਗਾ। ਸਮੇਂ ਦੇ ਹੁਕਮਰਾਨਾਂ ਵੱਲੋਂ ਗੁਰਦੁਆਰਿਆਂ ਅਤੇ ਤਖ਼ਤ ਸਾਹਿਬਾਨ ਦੇ ਪ੍ਰਬੰਧਾਂ ਵਿੱਚ ਦਖਲ ਜਾਂ ਪ੍ਰਬੰਧ ਨੂੰ ਆਪਣੇ ਹੱਥਾਂ ਵਿੱਚ ਲੈਣ ਦੀ ਕੋਸ਼ਿਸ਼ ਨੂੰ ਖ਼ਾਲਸਾ ਪੰਥ ਕਦੇ ਬਰਦਾਸ਼ਤ ਨਹੀਂ ਕਰੇਗਾ।

ਉਨ੍ਹਾਂ ਪਾਕਿਸਤਾਨ ਸਥਿਤ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ, ਸ੍ਰੀ ਕਰਤਾਰਪੁਰ ਸਾਹਿਬ ਦਾ ਬੰਦ ਪਿਆ ਲਾਂਘਾ ਖੋਲ੍ਹਣ ਦੀ ਵੀ ਮੰਗ ਕੀਤੀ। ਜਥੇਦਾਰ ਨੇ ਆਖਿਆ ਕਿ ਸਿੱਖ ਕੌਮ ਦੀਆਂ ਭਾਵਨਾਵਾਂ ਦੇ ਮੱਦੇਨਜ਼ਰ ਇਹ ਲਾਂਘਾ ਜਲਦ ਮੁੜ ਖੋਲ੍ਹਿਆ ਜਾਵੇ ਤਾਂ ਜੋ ਦੋਵਾਂ ਮੁਲਕਾਂ ਵਿੱਚ ਆਪਸੀ ਪ੍ਰੇਮ ਤੇ ਸਦਭਾਵਨਾ ਦਾ ਪੈਗਾਮ ਵਧੇ। ਉਨ੍ਹਾਂ ਆਪਣੇ ਸੰਦੇਸ਼ ਵਿਚ ਪੰਜਾਬ ਵਿਚ ਆਏ ਹੜ੍ਹਾਂ ਸਮੇਂ ਸਿੱਖ ਸੰਸਥਾਵਾਂ ਵੱਲੋਂ ਨਿਭਾਈਆਂ ਸੇਵਾਵਾਂ ਦੀ ਪ੍ਰਸ਼ੰਸਾ ਵੀ ਕੀਤੀ। ਗਿਆਨੀ ਕੁਲਦੀਪ ਸਿੰਘ ਨੇ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ ੩੫੦ ਸਾਲਾ ਸ਼ਤਾਬਦੀ ਇਸੇ ਸਾਲ ਨਵੰਬਰ ਮਹੀਨੇ ਖ਼ਾਲਸਾ ਪੰਥ ਵੱਲੋਂ ਪੰਥਕ ਰਵਾਇਤਾਂ ਅਤੇ ਕੌਮੀ ਇਕਜੁਟਤਾ ਨਾਲ ਮਨਾਈ ਜਾ ਰਹੀ ਹੈ। ਉਨ੍ਹਾਂ ਗੁਰਦੁਆਰਾ ਸ੍ਰੀ ਸੀਸਗੰਜ ਸਾਹਿਬ, ਸ੍ਰੀ ਅਨੰਦਪੁਰ ਸਾਹਿਬ ਅਤੇ ਗੁਰਦੁਆਰਾ ਸ੍ਰੀ ਸੀਸਗੰਜ ਸਾਹਿਬ ਦਿੱਲੀ ਵਿਖੇ ਹੋ ਰਹੇ ਸਮਾਗਮਾਂ ਸਮੇਂ ਵੱਧ ਤੋਂ ਵੱਧ ਸੰਗਤਾਂ ਨੂੰ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ।

ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਵੀ ਸੰਗਤਾਂ ਨੂੰ ਬੰਦੀ ਛੋੜ ਦਿਵਸ ਦੀ ਵਧਾਈ ਦਿੰਦਿਆਂ ਗੁਰਮਤਿ ਅਨੁਸਾਰੀ ਜੀਵਨ ਬਤੀਤ ਕਰਨ ਦੀ ਪ੍ਰੇਰਣਾ ਕੀਤੀ। ਇਸੇ ਦੌਰਾਨ ਸਿੰਘ ਸਾਹਿਬ ਗਿਆਨੀ ਸੁਲਤਾਨ ਸਿੰਘ ਨੇ ਵੀ ਸੰਗਤਾਂ ਨਾਲ ਵਿਚਾਰਾਂ ਦੀ ਸਾਂਝ ਪਾਈ।

ਬੰਦੀ ਛੋੜ ਦਿਵਸ ਸਮਾਗਮਾਂ ਦੌਰਾਨ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਮੈਂਬਰ ਸ. ਗੁਰਬਚਨ ਸਿੰਘ ਕਰਮੂੰਵਾਲਾ, ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਸ. ਮਗਵਿੰਦਰ ਸਿੰਘ ਖਾਪੜਖੇੜੀ, ਸ. ਅਮਰਜੀਤ ਸਿੰਘ ਬੰਡਾਲਾ, ਸ. ਅਮਰਜੀਤ ਸਿੰਘ ਭਲਾਈਪੁਰ, ਸ. ਬਲਵਿੰਦਰ ਸਿੰਘ ਵੇਈਂ ਪੂਈਂ, ਸ. ਦਰਸ਼ਨ ਸਿੰਘ ਬਰਾੜ, ਸ. ਹਰਭਜਨ ਸਿੰਘ ਮਸਾਣਾ, ਭਾਈ ਅਜੈਬ ਸਿੰਘ ਅਭਿਆਸੀ, ਅਕਾਲੀ ਆਗੂ ਸ. ਸੁੱਚਾ ਸਿੰਘ ਲੰਗਾਹ, ਓਐਸਡੀ ਸ. ਸਤਬੀਰ ਸਿੰਘ, ਸਕੱਤਰ ਸ. ਪ੍ਰਤਾਪ ਸਿੰਘ, ਸ. ਸੁਖਮਿੰਦਰ ਸਿੰਘ, ਸ. ਬਲਵਿੰਦਰ ਸਿੰਘ ਕਾਹਲਵਾਂ, ਵਧੀਕ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਸ. ਬਿਜੈ ਸਿੰਘ, ਸ.

ਪ੍ਰੀਤਪਾਲ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਜਨਰਲ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ ਆਦਿ ਹਾਜ਼ਰ ਸਨ।

ਐਡਵੋਕੇਟ ਧਾਮੀ ਨੇ ਬੰਦੀ ਛੋੜ ਦਿਵਸ ਦੀ ਸਿੱਖ ਜਗਤ ਨੂੰ ਦਿੱਤੀ ਵਧਾਈ

ਇਸੇ ਦੌਰਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸਮੁੱਚੇ ਸਿੱਖ ਜਗਤ ਨੂੰ ਬੰਦੀ ਛੋੜ ਦਿਵਸ ਦੀ ਵਧਾਈ ਦਿੱਤੀ ਹੈ। ਆਪਣੇ ਵਧਾਈ ਸੰਦੇਸ਼ ਵਿਚ ਉਨ੍ਹਾਂ ਆਖਿਆ ਕਿ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਗਵਾਲੀਅਰ ਦੀ ਕੈਦ ਵਿਚੋਂ ਰਿਹਾਅ ਹੋ ਕੇ ਸ੍ਰੀ ਅੰਮ੍ਰਿਤਸਰ ਪਹੁੰਚਣ ਦੀ ਯਾਦ ਵਿਚ ਮਨਾਇਆ ਜਾਂਦਾ ਇਹ ਦਿਹਾੜਾ ਮਾਨਵਤਾ ਦੇ ਹੱਕ ਵਿਚ ਅਵਾਜ਼ ਬੁਲੰਦ ਕਰਨ ਦੀ ਪ੍ਰੇਰਣਾ ਦਿੰਦਾ ਹੈ। ਉਨ੍ਹਾਂ ਕਿਹਾ ਕਿ ਛੇਵੇਂ ਪਾਤਸ਼ਾਹ ਜੀ ਨੇ ਆਪਣੇ ਨਾਲ ੫੨ ਰਾਜਿਆਂ ਨੂੰ ਮੁਗ਼ਲ ਕੈਦ ਵਿੱਚੋਂ ਰਿਹਾਅ ਕਰਵਾ ਕੇ ਵਿਸ਼ਵ ਦੇ ਧਾਰਮਿਕ ਇਤਿਹਾਸ ਅੰਦਰ ਪਰਉਪਕਾਰ ਦੀ ਮਿਸਾਲੀ ਉਦਾਹਰਨ ਪੇਸ਼ ਕੀਤੀ। ਐਡਵੋਕੇਟ ਧਾਮੀ ਨੇ ਬੰਦੀ ਛੋੜ ਦਿਵਸ ਮੌਕੇ ਗੁਰੂ ਸਾਹਿਬ ਦੇ ਉਪਦੇਸ਼ਾਂ ਦੀ ਰੌਸ਼ਨੀ ਵਿਚ ਜੀਵਨ ਜਿਊਣ ਦੀ ਸੰਗਤ ਨੂੰ ਅਪੀਲ ਕੀਤੀ। ਉਨ੍ਹਾਂ ਇਹ ਵੀ ਕਿਹਾ ਕਿ ਬੰਦੀ ਛੋੜ ਦਿਵਸ ਮੌਕੇ ਅਸੀਂ ਆਪਣਾ ਚੌਗਿਰਦਾ ਰੁਸ਼ਨਾਉਣਾ ਹੈ, ਉਥੇ ਹੀ ਗੁਰਬਾਣੀ ਜਾਪ ਦੁਆਰਾ ਆਪਣਾ ਮਨ ਵੀ ਰੌਸ਼ਨ ਕਰਨਾ ਹੈ। ੨੧ ਅਕਤੂਬਰ

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ:

ਅਸਾਮ ਤੋਂ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ ਅਲਵਰ ਤੋਂ ਅਗਲੇ ਪੜਾਅ ਦਿੱਲੀ ਲਈ ਰਵਾਨਾ

ਅੰਮ੍ਰਿਤਸਰ- ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦਾ ੩੫੦ ਸਾਲਾ ਸ਼ਹੀਦੀ ਨਗਰ ਕੀਰਤਨ ਅੱਜ ਅਲਵਰ ਰਾਜਿਸਥਾਨ ਤੋਂ ਆਪਣੇ ਅਗਲੇ ਪੜਾਅ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਗ੍ਰੇਟਰ ਕੈਲਾਸ਼ ਦਿੱਲੀ ਲਈ ਰਵਾਨਾ ਹੋਇਆ।

ਨਗਰ ਕੀਰਤਨ ਦੀ ਰਵਾਨਗੀ ਤੋਂ ਪਹਿਲਾਂ ਗੁਰਦੁਆਰਾ ਸਾਹਿਬ ਵਿਖੇ ਸਜੇ ਧਾਰਮਿਕ ਦੀਵਾਨ 'ਚ ਸ੍ਰੀ ਦਰਬਾਰ ਸਾਹਿਬ ਦੇ ਹਜੂਰੀ ਰਾਗੀ ਜਥੇ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਬਲਜੀਤ ਸਿੰਘ ਨੇ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ। ਨਗਰ ਕੀਰਤਨ ਦੀ ਰਵਾਨਗੀ ਮੌਕੇ ਗੁਰਦੁਆਰਾ ਸਾਹਿਬ ਦੇ ਪ੍ਰਬੰਧਕ ਸ. ਹਰਪ੍ਰੀਤ ਸਿੰਘ ਬੱਗਾ, ਸ. ਸਲੋਕ ਸਿੰਘ ਨੇ ਪੰਜ ਪਿਆਰੇ ਸਾਹਿਬਾਨ, ਸ਼੍ਰੋਮਣੀ ਕਮੇਟੀ ਮੈਂਬਰ ਸ. ਸੁਰਜੀਤ ਸਿੰਘ ਕੰਗ, ਮੀਤ ਸਕੱਤਰ ਸ. ਸੁਖਬੀਰ ਸਿੰਘ, ਵਧੀਕ ਮੈਨੇਜਰ ਸ. ਜਸਬੀਰ ਸਿੰਘ ਅਤੇ ਹਾਜ਼ਰ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਿਰੋਪਾਓ ਦਿੱਤੇ। ਵੱਖ-ਵੱਖ ਪੜਾਵਾਂ 'ਤੇ ਸੰਗਤਾਂ ਨੇ ਸ਼ਰਧਾ ਨਾਲ ਨਗਰ ਕੀਰਤਨ ਦਾ ਭਰਵਾਂ ਸਵਾਗਤ ਕੀਤਾ। ਸੰਗਤਾਂ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਲਕੀ 'ਤੇ ਫੁੱਲਾਂ ਦੀ ਵਰਖਾ ਕਰਕੇ ਗੁਰੂ ਸਾਹਿਬ ਪ੍ਰਤੀ ਸਤਿਕਾਰ ਭੇਟ ਕੀਤਾ ਗਿਆ।

ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਸ. ਸੁਰਜੀਤ ਸਿੰਘ ਕੰਗ, ਮੀਤ ਸਕੱਤਰ ਸ. ਸੁਖਬੀਰ ਸਿੰਘ, ਵਧੀਕ ਮੈਨੇਜਰ ਸ. ਜਸਬੀਰ ਸਿੰਘ, ਰਾਜਸਥਾਨ ਸਿੱਖ ਮਿਸ਼ਨ ਦੇ ਇੰਚਾਰਜ ਭਾਈ ਜਰਨੈਲ ਸਿੰਘ, ਸਿੱਖ ਮਿਸ਼ਨ ਮੱਧ ਪ੍ਰਦੇਸ਼ ਦੇ ਇੰਚਾਰਜ ਸ. ਬਲਦੇਵ ਸਿੰਘ, ਸੁਪਰਵਾਈਜ਼ਰ ਸ. ਦਰਸ਼ਨ ਸਿੰਘ, ਸ. ਭੁਪਿੰਦਰ ਸਿੰਘ, ਮੀਤ ਮੈਨੇਜਰ ਸ. ਅਮਰਜੀਤ ਸਿੰਘ, ਸ. ਜਗਦੀਪ ਸਿੰਘ ਮਾਛੀਨੰਗਲ ਸਮੇਤ ਵੱਡੀ ਗਿਣਤੀ ਸੰਗਤਾਂ ਹਾਜ਼ਰ ਸਨ। ੨੨ ਅਕਤੂਬਰ

ਸ਼੍ਰੋਮਣੀ ਕਮੇਟੀ ਵੱਲੋਂ ਕਥਾ ਵਾਚਕ ਭਾਈ ਸਾਹਿਬ ਭਾਈ ਪਿੰਦਰਪਾਲ ਸਿੰਘ ਦਾ ਸਨਮਾਨ

6 ਤੋਂ 22 ਅਕਤੂਬਰ ਤੱਕ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਵਿਖੇ ਨਿਭਾਈ ਕਥਾ ਵਿਚਾਰ ਦੀ ਸੇਵਾ

ਅੰਮ੍ਰਿਤਸਰ-ਚੌਥੇ ਪਾਤਸ਼ਾਹ ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਪੁਰਬ ਤੋਂ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਲਗਾਤਾਰ ਕਥਾ ਵਿਚਾਰ ਕਰ ਰਹੇ ਸਿੱਖ ਕੌਮ ਦੇ ਪ੍ਰਸਿੱਧ ਕਥਾਵਾਚਕ ਭਾਈ ਸਾਹਿਬ ਭਾਈ ਪਿੰਦਰਪਾਲ ਸਿੰਘ ਨੂੰ ਅੱਜ ਕਥਾ ਸਮਾਪਤੀ ਸਮੇਂ ਸ਼੍ਰੋਮਣੀ ਕਮੇਟੀ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਉਹ ੬ ਅਕਤੂਬਰ ਤੋਂ ਲਗਾਤਾਰ ਕਥਾ ਦੀ ਸੇਵਾ ਨਿਭਾਅ ਰਹੇ ਸਨ, ਜਿਸ ਦੌਰਾਨ ਅੱਜ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਸਮੇਤ ਵੱਖ ਵੱਖ ਜਥੇਬੰਦੀਆਂ ਵੱਲੋਂ ਉਨ੍ਹਾਂ ਨੂੰ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਰਘਬੀਰ ਸਿੰਘ ਨੇ ਕਿਹਾ ਕਿ ਸੰਗਤਾਂ ਭਾਈ ਪਿੰਦਰਪਾਲ ਸਿੰਘ ਦੁਆਰਾ ਕੀਤੀ ਜਾਂਦੀ ਕਥਾ ਨੂੰ ਬੜੇ ਸਹਿਜ ਨਾਲ ਸੁਣਦੀਆਂ ਹਨ ਅਤੇ ਉਨ੍ਹਾਂ ਵੱਲੋਂ ਸਹਿਜ ਨਾਲ ਕੀਤੀ ਗੁਰਬਾਣੀ ਸ਼ਬਦ ਦੀ ਕਥਾ ਨੇ ਕਈਆਂ ਦੇ ਜੀਵਨ ਬਦਲੇ ਹਨ। ਉਨ੍ਹਾਂ ਭਾਈ ਪਿੰਦਰਪਾਲ ਸਿੰਘ ਵੱਲੋਂ ਧਰਮ ਦੇ ਪ੍ਰਚਾਰ ਪ੍ਰਸਾਰ ਲਈ ਕੀਤੀਆਂ ਜਾ ਰਹੀਆਂ ਸੇਵਾਵਾਂ ਦੀ ਸ਼ਲਾਘਾ ਕਰਦਿਆਂ ਆਸ ਪ੍ਰਗਟਾਈ ਕਿ ਉਹ ਇਸੇ ਤਰ੍ਹਾਂ ਨਿਰੰਤਰ ਕਾਰਜਸ਼ੀਲ ਰਹਿਣ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸਿੱਖ ਕੌਮ ਦੇ ਪ੍ਰਬੁੱਧ ਕਥਾਵਾਚਕ ਭਾਈ ਸਾਹਿਬ ਭਾਈ ਪਿੰਦਰਪਾਲ ਸਿੰਘ ਦੇਸ਼ ਵਿਦੇਸ਼ ਅੰਦਰ ਧਰਮ ਦੇ ਪ੍ਰਚਾਰ ਪ੍ਰਸਾਰ ਲਈ ਅਹਿਮ ਸੇਵਾਵਾਂ ਨਿਭਾ ਰਹੇ ਹਨ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਦਿਹਾੜੇ ਤੋਂ ਲੈ ਕੇ ਭਾਈ ਸਾਹਿਬ ਨੇ ਲਗਾਤਾਰ ਕਥਾ ਦੀ ਸੇਵਾ ਕਰਦਿਆਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹੁਕਮਨਾਮੇ ਦੀ ਵਿਆਖਿਆ ਨਾਲ ਸੰਗਤ ਨੂੰ ਜੋੜਿਆ ਹੈ, ਜਿਸ ਦਾ ਸੰਗਤਾਂ ਨੇ ਲਾਹਾ ਲਿਆ।

ਐਡਵੋਕੇਟ ਧਾਮੀ ਨੇ ਸੰਗਤ ਨੂੰ ਅਪੀਲ ਕਰਦਿਆਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਸ਼ਹੀਦੀ ਸਾਕੇ ਦੀ ੩੫੦ ਸਾਲਾ ਸ਼ਤਾਬਦੀ ਪੰਥਕ ਜਥੇਬੰਦੀਆਂ ਅਤੇ ਸੰਗਤਾਂ ਦੇ ਸਹਿਯੋਗ ਨਾਲ ਸ੍ਰੀ ਅਨੰਦਪੁਰ ਸਾਹਿਬ ਵਿਖੇ ੨੩ ਨਵੰਬਰ ਤੋਂ ੨੯ ਨਵੰਬਰ ਤੱਕ ਮਨਾਈ ਜਾ ਰਹੀ ਹੈ। ਉਨ੍ਹਾਂ ਸੰਗਤਾਂ ਨੂੰ ਸ਼ਤਾਬਦੀ ਸਮਾਗਮਾਂ 'ਚ ਵੱਧ ਤੋਂ ਵੱਧ ਸ਼ਮੂਲੀਅਤ ਕਰਨ ਦਾ ਸੱਦਾ ਦਿੱਤਾ।

ਇਸ ਮੌਕੇ ਬਾਬਾ ਗੁਰਦੇਵ ਸਿੰਘ ਕੁੱਲੀ ਵਾਲੇ, ਬਾਬਾ ਅਵਤਾਰ ਸਿੰਘ ਧੱਤਲ, ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਭਾਈ ਅਮਰਜੀਤ ਸਿੰਘ ਚਾਵਲਾ, ਸ. ਮੰਗਵਿੰਦਰ ਸਿੰਘ ਖਾਪੜਖੇੜੀ, ਸ. ਦਰਸ਼ਨ ਸਿੰਘ ਮੋਠਾਂਵਾਲਾ, ਸ. ਜਰਨੈਲ ਸਿੰਘ ਡੋਗਰਾਂਵਾਲਾ, ਭਾਈ ਅਜੈਬ ਸਿੰਘ ਅਭਿਆਸੀ, ਡਾ. ਧਰਮਵੀਰ ਸਿੰਘ ਕਾਰਸੇਵਾ ਬਾਬਾ ਅਟੱਲ ਰਾਏ ਸਾਹਿਬ, ਗਿਆਨੀ ਸੰਤ ਸਿੰਘ ਮਸਕੀਨ ਦੇ ਸਪੁੱਤਰ ਭਾਈ ਅਮਰਜੀਤ ਸਿੰਘ, ਓਐਸਡੀ ਸ. ਸਤਬੀਰ ਸਿੰਘ ਧਾਮੀ, ਸਕੱਤਰ ਸ. ਪ੍ਰਤਾਪ ਸਿੰਘ, ਸ. ਬਲਵਿੰਦਰ ਸਿੰਘ ਕਾਹਲਵਾਂ, ਵਧੀਕ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਸ੍ਰੀ ਦਰਬਾਰ ਸਾਹਿਬ ਦੇ ਜਨਰਲ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਮੀਤ ਸਕੱਤਰ ਸ. ਹਰਭਜਨ ਸਿੰਘ ਵਕਤਾ, ਸੁਪ੍ਰਿੰਟਿੰਡੈਂਟ ਸ. ਨਿਸ਼ਾਨ ਸਿੰਘ, ਫੈਡਰੇਸ਼ਨ ਆਗੂ ਸ. ਅਮਰਬੀਰ ਸਿੰਘ ਢੋਟ, ਸ. ਮੇਜ਼ਰ ਸਿੰਘ ਆਦਿ ਮੌਜੂਦ ਸਨ। ੨੨ ਅਕਤੂਬਰ

ਸ਼੍ਰੋਮਣੀ ਕਮੇਟੀ ਮੈਂਬਰ ਸ. ਦਰਸ਼ਨ ਸਿੰਘ ਮੋਠਾਂਵਾਲਾ ਨੇ ਸੰਗਤ ਦੇ ਸਹਿਯੋਗ ਨਾਲ ਹੜ੍ਹ ਪੀੜਤਾਂ ਦੀ ਸਹਾਇਤਾ ਲਈ ਦਿੱਤੀ ਕਣਕ ਤੇ ਨਗਦ ਰਾਸ਼ੀ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਹੜ੍ਹ ਪ੍ਰਭਾਵਿਤ ਲੋਕਾਂ ਵਾਸਤੇ ਕੀਤੇ ਜਾ ਰਹੇ ਕਾਰਜਾਂ ਲਈ ਸ਼੍ਰੋਮਣੀ ਕਮੇਟੀ ਮੈਂਬਰ ਸ. ਦਰਸ਼ਨ ਸਿੰਘ ਮੋਠਾਂਵਾਲਾ ਨੇ ਸੰਗਤ ਦੇ ਸਹਿਯੋਗ ਨਾਲ ੧੭੨ ਕੁਇੰਟਲ ੪੦ ਕਿਲੋਂ ਕਣਕ ਅਤੇ ੧ ਲੱਖ ੩੧ ਹਜ਼ਾਰ ੩੦੦ ਰੁਪਏ ਦੀ ਰਾਸ਼ੀ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੂੰ ਸੌਂਪੀ।

ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਇਨ੍ਹਾਂ ਰਾਹਤ ਕਾਰਜਾਂ ਲਈ ਜਿਥੇ ਬਹੁਤ ਸਾਰੀਆਂ ਸੰਗਤਾਂ ਅਤੇ ਸੰਸਥਾਵਾਂ ਸਹਿਯੋਗ ਕਰ ਰਹੀਆਂ ਹਨ, ਉਥੇ ਹੀ ਸ਼੍ਰੋਮਣੀ ਕਮੇਟੀ ਦੇ ਮੈਂਬਰ ਵੀ ਹੜ੍ਹ ਪੀੜਤਾਂ ਦੀ ਸਹਾਇਤਾ ਲਈ ਕਾਰਜਸ਼ੀਲ ਹਨ। ਉਨ੍ਹਾਂ ਸ. ਦਰਸ਼ਨ ਸਿੰਘ ਮੋਠਾਂਵਾਲਾ ਵੱਲੋਂ ਜਲਾਲਾਬਾਦ ਅਤੇ ਗੁਰੂ ਹਰਿਸਹਾਏ ਦੀ ਸੰਗਤ ਦੇ ਸਹਿਯੋਗ ਨਾਲ ਹੜ੍ਹ ਰਾਹਤ ਫੰਡ ਲਈ ਪਾਏ ਯੋਗਦਾਨ ਲਈ ਧੰਨਵਾਦ ਕੀਤਾ।

ਇਸੇ ਦੌਰਾਨ ਆਰੋਗਿਆ ਭਾਰਤੀ ਹੈਲਥ ਕੇਅਰ ਅਤੇ ਮੈਡੀਕਲ ਸੰਸਥਾ ਵੱਲੋਂ ਸ. ਸਰਬਜੀਤ ਸਿੰਘ ਰਾਹੀਂ ਹੜ੍ਹ ਪੀੜਤਾਂ ਲਈ ੩ ਲੱਖ ਰੁਪਏ ਦਾ ਸਹਿਯੋਗ ਕੀਤਾ। ਸੰਸਥਾ ਵੱਲੋਂ ੧ ਲੱਖ ਰੁਪਏ ਆਨਲਾਈਨ ਭੇਜੇ ਗਏ ਅਤੇ ੨ ਲੱਖ ਰੁਪਏ ਦਾ ਚੈੱਕ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੂੰ ਸੌਂਪਿਆ ਗਿਆ।

ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਸ. ਦਰਸ਼ਨ ਸਿੰਘ ਮੋਠਾਂਵਾਲਾ, ਭਾਈ ਅਜੈਬ ਸਿੰਘ ਅਭਿਆਸੀ, ਓਐਸਡੀ ਸ. ਸਤਬੀਰ ਸਿੰਘ ਧਾਮੀ, ਸਕੱਤਰ ਸ. ਪ੍ਰਤਾਪ ਸਿੰਘ, ਸ. ਬਲਵਿੰਦਰ ਸਿੰਘ ਕਾਹਲਵਾਂ, ਨਿੱਜੀ ਸਕੱਤਰ ਸ. ਸਾਹਬਾਜ਼ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਜਨਰਲ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਮੀਤ ਸਕੱਤਰ ਸ. ਹਰਭਜਨ ਸਿੰਘ ਵਕਤਾ, ਸੁਪ੍ਰਿੰਟੈਂਡੈਂਟ ਸ. ਨਿਸ਼ਾਨ ਸਿੰਘ ਅਤੇ ਹੋਰ ਮੌਜੂਦ ਸਨ। ੨੨ ਅਕਤੂਬਰ

ਐਡਵੋਕੇਟ ਧਾਮੀ ਨੇ ਡਾ. ਰਾਜਵਿੰਦਰ ਸਿੰਘ ਜੋਗਾ ਦੀ ਪੁਸਤਕ "ਦੂਜੇ ਅਤੇ ਤੀਜੇ ਪਾਤਸ਼ਾਹ ਜੀ ਦੇ ਹਜ਼ੂਰੀ ਸਿੱਖ ਤੇ ਸਨੇਹੀ" ਕੀਤੀ ਸੰਗਤ ਅਰਪਣ

ਅੰਮ੍ਰਿਤਸਰ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਅੱਜ ਧਰਮ ਪ੍ਰਚਾਰ ਕਮੇਟੀ ਵੱਲੋਂ ਪ੍ਰਕਾਸ਼ਕ ਪੁਸਤਕ "ਦੂਜੇ ਅਤੇ ਤੀਜੇ ਪਾਤਸ਼ਾਹ ਜੀ ਦੇ ਹਜ਼ੂਰੀ ਸਿੱਖ ਤੇ ਸਨੇਹੀ" ਸੰਗਤ ਅਰਪਣ ਕੀਤੀ। ਇਹ ਪੁਸਤਕ ਸ੍ਰੀ ਗੁਰੂ ਰਾਮਦਾਸ ਜੀ ਦੇ ੪੫੦ ਸਾਲਾ ਗੁਰਿਆਈ ਦਿਵਸ ਅਤੇ ਤੀਜੇ ਪਾਤਸ਼ਾਹ ਸ੍ਰੀ ਗੁਰੂ ਅਮਰਦਾਸ ਜੀ ਦੇ ੪੫੦ ਸਾਲਾ ਜੋਤੀ ਜੋਤਿ ਦਿਵਸ ਨੂੰ ਸਮਰਪਿਤ ਡਾ. ਰਾਜਵਿੰਦਰ ਸਿੰਘ ਜੋਗਾ ਵੱਲੋਂ ਲਿਖੀ ਗਈ ਹੈ।

ਪੁਸਤਕ ਜਾਰੀ ਕਰਨ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਬੀਤੇ ਸਾਲ ਚੌਥੇ ਪਾਤਸ਼ਾਹ ਜੀ ਦੇ ਗੁਰਿਆਈ ਦਿਵਸ ਅਤੇ ਤੀਜੇ ਪਾਤਸ਼ਾਹ ਜੀ ਦੇ ਜੋਤੀ ਜੋਤਿ ਦਿਵਸ ਦੀ ੪੫੦ ਸਾਲਾ ਸ਼ਤਾਬਦੀ ਮੌਕੇ ਧਰਮ ਪ੍ਰਚਾਰ ਕਮੇਟੀ ਵੱਲੋਂ ਗੁਰੂ ਸਾਹਿਬ ਦੇ ਸਰਬ ਕਲਿਆਲਕਾਰੀ

ਸੰਦੇਸ਼ਾਂ ਤੋਂ ਮਾਨਵਤਾ ਨੂੰ ਜਾਣੂ ਕਰਵਾਉਣ ਹਿੱਤ ਅਨੇਕਾਂ ਪ੍ਰੋਗਰਾਮ ਉਲੀਕੇ ਸਨ। ਉਨ੍ਹਾਂ ਕਿਹਾ ਕਿ ਜਿਥੇ ਵੱਖ-ਵੱਖ ਸੈਮੀਨਾਰ ਹੋਏ, ਉਥੇ ਹੀ ਇਤਿਹਾਸ ਨਾਲ ਸਬੰਧਤ ਕਿਤਾਬਚੇ ਅਤੇ ਪੁਸਤਕਾਂ ਵੀ ਤਿਆਰ ਕਰਵਾਈਆਂ ਗਈਆਂ। ਉਨ੍ਹਾਂ ਕਿਹਾ ਕਿ ਅੱਜ ਜਾਰੀ ਕੀਤੀ ਪੁਸਤਕ ਵਿਚ ਗੁਰੂ ਸਾਹਿਬ ਨੂੰ ਪ੍ਰਣਾਏ ਗੁਰਸਿੱਖਾਂ ਦੀਆਂ ਜੀਵਨ ਸਾਥੀਆਂ ਨੂੰ ਸ਼ਾਮਲ ਕੀਤਾ ਗਿਆ ਹੈ। ਉਨ੍ਹਾਂ ਡਾ. ਰਾਜਵਿੰਦਰ ਸਿੰਘ ਜੋਗਾ ਦੇ ਉਪਰਾਲੇ ਦੀ ਸ਼ਲਾਘਾ ਕਰਦਿਆਂ ਆਸ ਪ੍ਰਗਟਾਈ ਕਿ ਸੰਗਤਾਂ ਇਸ ਪੁਸਤਕ ਤੋਂ ਲਾਹਾ ਪ੍ਰਾਪਤ ਕਰਨਗੀਆਂ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਸ. ਦਰਸ਼ਨ ਸਿੰਘ ਮੋਠਾਂਵਾਲਾ, ਸ. ਜਰਨੈਲ ਸਿੰਘ ਡੋਗਰਾਂਵਾਲਾ, ਭਾਈ ਅਜੈਬ ਸਿੰਘ ਅਭਿਆਸੀ, ਓਐਸਡੀ ਸ. ਸਤਬੀਰ ਸਿੰਘ ਧਾਮੀ, ਸਕੱਤਰ ਸ. ਪ੍ਰਤਾਪ ਸਿੰਘ, ਸ. ਬਲਵਿੰਦਰ ਸਿੰਘ ਕਾਹਲਵਾਂ, ਵਧੀਕ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਨਿੱਜੀ ਸਕੱਤਰ ਸ. ਸਾਹਬਾਜ਼ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਜਨਰਲ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਮੀਤ ਸਕੱਤਰ ਸ. ਹਰਭਜਨ ਸਿੰਘ ਵਕਤਾ, ਇੰਚਾਰਜ ਡਾ. ਰਾਜਵਿੰਦਰ ਸਿੰਘ ਜੋਗਾ ਸਮੇਤ ਹੋਰ ਮੌਜੂਦ ਸਨ। ੨੨ ਅਕਤੂਬਰ

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ:

ਅਸਾਮ ਤੋਂ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ ਗ੍ਰੇਟਰ ਕੈਲਾਸ਼ ਦਿੱਲੀ ਤੋਂ ਅਗਲੇ ਪੜਾਅ ਗੁਰਦੁਆਰਾ ਡੇਰਾ ਬਾਬਾ ਕਰਮ ਸਿੰਘ ਗੀਤਾ ਕਾਲੋਨੀ ਦਿੱਲੀ ਲਈ ਰਵਾਨਾ

ਅੰਮ੍ਰਿਤਸਰ-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦਾ ੩੫੦ ਸਾਲਾ ਸ਼ਹੀਦੀ ਨਗਰ ਕੀਰਤਨ ਅੱਜ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਗ੍ਰੇਟਰ ਕੈਲਾਸ਼ ਦਿੱਲੀ ਤੋਂ ਅਗਲੇ ਪੜਾਅ ਗੁਰਦੁਆਰਾ ਡੇਰਾ ਬਾਬਾ ਕਰਮ ਸਿੰਘ ਗੀਤਾ ਕਾਲੋਨੀ ਦਿੱਲੀ ਲਈ ਰਵਾਨਾ ਹੋਇਆ।

ਨਗਰ ਕੀਰਤਨ ਦੀ ਰਵਾਨਗੀ ਤੋਂ ਪਹਿਲਾਂ ਗੁਰਦੁਆਰਾ ਸਾਹਿਬ ਵਿਖੇ ਸਜੇ ਧਾਰਮਿਕ ਦੀਵਾਨ 'ਚ ਸ੍ਰੀ ਦਰਬਾਰ ਸਾਹਿਬ ਦੇ ਹਜੂਰੀ ਰਾਗੀ ਜਥੇ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਬਲਜੀਤ ਸਿੰਘ ਨੇ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ।

ਨਗਰ ਕੀਰਤਨ ਦੀ ਰਵਾਨਗੀ ਮੌਕੇ ਗੁਰਦੁਆਰਾ ਸਾਹਿਬ ਦੇ ਪ੍ਰਬੰਧਕਾਂ ਨੇ ਪੰਜ ਪਿਆਰੇ ਸਾਹਿਬਾਨ ਅਤੇ ਹਾਜ਼ਰ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਿਰੋਪਾਓ ਦਿੱਤੇ। ਵੱਖ-ਵੱਖ ਪੜਾਵਾਂ 'ਤੇ ਸੰਗਤਾਂ ਨੇ ਸ਼ਰਧਾ ਨਾਲ ਨਗਰ ਕੀਰਤਨ ਦਾ ਭਰਵਾਂ ਸਵਾਗਤ ਕੀਤਾ। ਸੰਗਤਾਂ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਲਕੀ 'ਤੇ ਫੁੱਲਾਂ ਦੀ ਵਰਖਾ ਕਰਕੇ ਗੁਰੂ ਸਾਹਿਬ ਪ੍ਰਤੀ ਸਤਿਕਾਰ ਭੇਟ ਕੀਤਾ ਗਿਆ।

ਇਸ ਮੌਕੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਸ. ਪਰਮਜੀਤ ਸਿੰਘ ਸਰਨਾ ਤੇ ਸ. ਮਨਜੀਤ ਸਿੰਘ ਜੀਕੇ, ਸ਼੍ਰੋਮਣੀ ਕਮੇਟੀ ਮੈਂਬਰ ਸ. ਗੁਰਮਿੰਦਰ ਸਿੰਘ ਮਠਾਰੂ, ਸ. ਹਰਮਨਜੀਤ ਸਿੰਘ, ਮੀਤ ਸਕੱਤਰ ਸ. ਸੁਖਬੀਰ ਸਿੰਘ, ਵਧੀਕ ਮੈਨੇਜਰ ਸ. ਜਸਬੀਰ ਸਿੰਘ, ਸ. ਜਤਿੰਦਰ ਸਿੰਘ ਸਾਹਨੀ, ਸ. ਸਤਨਾਮ ਸਿੰਘ ਖਾਲਸਾ, ਸ. ਗੁਲਸ਼ਨਬੀਰ ਸਿੰਘ ਪ੍ਰਧਾਨ, ਐਸ ਸੀ ਬਿੰਦਰਾ, ਸ. ਹਰਜੀਤ ਸਿੰਘ, ਸ. ਪਰਮਜੀਤ ਸਿੰਘ, ਸ. ਸਤਬੀਰ ਸਿੰਘ ਠਕੁਰਾਲ, ਸ. ਕਵਲਨੈਨ ਸਿੰਘ ਅਨੰਦ, ਸੁਪਰਵਾਈਜ਼ਰ ਸ. ਦਰਸ਼ਨ ਸਿੰਘ, ਸ. ਭੁਪਿੰਦਰ ਸਿੰਘ, ਸਿੱਖ ਮਿਸ਼ਨ ਦਿੱਲੀ ਦੇ ਇੰਚਾਰਜ ਸ. ਮਨਵੀਤ ਸਿੰਘ, ਸ.

ਜਸਬੀਰ ਸਿੰਘ ਜੱਸੀ, ਰਾਜਸਥਾਨ ਸਿੱਖ ਮਿਸ਼ਨ ਦੇ ਇੰਚਾਰਜ ਭਾਈ ਜਰਨੈਲ ਸਿੰਘ, ਸਿੱਖ ਮਿਸ਼ਨ ਮੱਧ ਪ੍ਰਦੇਸ਼ ਦੇ ਇੰਚਾਰਜ ਸ. ਬਲਦੇਵ ਸਿੰਘ ਸਮੇਤ ਵੱਡੀ ਗਿਣਤੀ ਸੰਗਤਾਂ ਹਾਜ਼ਰ ਸਨ। ੨੩ ਅਕਤੂਬਰ

ਸ੍ਰੀ ਦਰਬਾਰ ਸਾਹਿਬ ਵਿਖੇ ਕੇਂਦਰੀ ਸਿੱਖ ਅਜਾਇਬ ਘਰ 'ਚ ਤਿੰਨ ਪ੍ਰਮੁੱਖ ਸ਼ਖ਼ਸੀਅਤਾਂ ਦੀਆਂ ਤਸਵੀਰਾਂ ਸੁਸ਼ੋਭਿਤ

ਗਿਆਨੀ ਰਘਬੀਰ ਸਿੰਘ, ਜਥੇਦਾਰ ਟੇਕ ਸਿੰਘ ਤੇ ਸ. ਕੁਲਵੰਤ ਸਿੰਘ ਮੰਨਣ ਨੇ ਪ੍ਰਮੁੱਖ ਸ਼ਖ਼ਸੀਅਤਾਂ ਦੀ ਹਾਜ਼ਰੀ 'ਚ ਤਸਵੀਰਾਂ ਤੋਂ ਹਟਾਇਆ ਪਰਦਾ

ਅੰਮ੍ਰਿਤਸਰ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਦਰਬਾਰ ਸਾਹਿਬ ਸਮੂਹ ਵਿਖੇ ਸਥਿਤ ਕੇਂਦਰੀ ਸਿੱਖ ਅਜਾਇਬ ਘਰ 'ਚ ਸਿੱਖ ਇਤਿਹਾਸ ਦੇ ਅਹਿਮ ਪਾਤਰ ਭਾਈ ਕੁੰਮਾ ਮਾਸ਼ਕੀ ਜੀ ਦੇ ਨਾਲ-ਨਾਲ ਬਾਬਾ ਅਜੀਤ ਸਿੰਘ ਹੰਸਾਲੀ ਵਾਲੇ ਤੇ ਬਾਬਾ ਮੋਹਨ ਸਿੰਘ ਮਤਵਾਲਾ ਦੀਆਂ ਤਸਵੀਰਾਂ ਸੁਸ਼ੋਭਿਤ ਕੀਤੀਆਂ ਗਈਆਂ। ਅਰਦਾਸ ਉਪਰੰਤ ਤਸਵੀਰਾਂ ਤੋਂ ਪਰਦਾ ਹਟਾਉਣ ਦੀ ਰਸਮ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਰਘਬੀਰ ਸਿੰਘ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ ਤੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ ਨੇ ਨਿਭਾਈ।

ਇਸ ਮੌਕੇ ਸੰਬੋਧਨ ਕਰਦਿਆਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਕਿਹਾ ਕਿ ਕੌਮ ਲਈ ਘਾਲਣਾ ਘਾਲਣ ਵਾਲਿਆਂ ਦੀਆਂ ਤਸਵੀਰਾਂ ਕੇਂਦਰੀ ਸਿੱਖ ਅਜਾਇਬ ਘਰ ਵਿਚ ਸੁਸ਼ੋਭਿਤ ਕਰਕੇ ਸਿੱਖ ਸੰਸਥਾ ਵੱਲੋਂ ਉਨ੍ਹਾਂ ਨੂੰ ਸਨਮਾਨ ਦਿੱਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਵੱਲੋਂ ਸ੍ਰੀ ਅਨੰਦਪੁਰ ਸਾਹਿਬ ਛੱਡਣ ਤੋਂ ਬਾਅਦ ਪਏ ਪਰਿਵਾਰ ਵਿਛੋੜੇ ਮਗਰੋਂ ਮਾਤਾ ਗੁਜਰੀ ਜੀ ਅਤੇ ਛੋਟੇ ਸਾਹਿਬਜ਼ਾਦਿਆਂ ਦੀ ਸੇਵਾ ਕਰਨ ਵਾਲੇ ਭਾਈ ਕੁੰਮਾ ਮਾਸ਼ਕੀ ਜੀ ਦਾ ਸਿੱਖ ਜਗਤ ਅੰਦਰ ਵੱਡਾ ਸਤਿਕਾਰ ਹੈ। ਉਨ੍ਹਾਂ ਨੇ ਹਕੂਮਤਾਂ ਦੀ ਪ੍ਰਵਾਹ ਕੀਤੇ ਬਗੈਰ ਗੁਰੂ ਪਰਿਵਾਰ ਦੀ ਸੇਵਾ ਕੀਤੀ। ਉਨ੍ਹਾਂ ਕਿਹਾ ਕਿ ਭਾਈ ਕੁੰਮਾ ਮਾਸ਼ਕੀ ਜੀ ਦਾ ਜੀਵਨ ਸੰਗਤਾਂ ਲਈ ਹਮੇਸ਼ਾ ਪ੍ਰੇਰਣਾਮਈ ਰਹੇਗਾ।

ਗਿਆਨੀ ਰਘਬੀਰ ਸਿੰਘ ਨੇ ਬਾਬਾ ਅਜੀਤ ਸਿੰਘ ਹੰਸਾਲੀ ਵਾਲਿਆਂ ਨੂੰ ਯਾਦ ਕਰਦਿਆਂ ਕਿਹਾ ਕਿ ਉਨ੍ਹਾਂ ਦਾ ਸਾਰਾ ਜੀਵਨ ਮਨੁੱਖਤਾ ਦੀ ਸੇਵਾ ਨੂੰ ਸਮਰਪਿਤ ਸੀ। ਉਨ੍ਹਾਂ ਧਰਮ ਦੇ ਪ੍ਰਚਾਰ ਪ੍ਰਸਾਰ ਦੇ ਨਾਲ-ਨਾਲ ਜਿਥੇ ਸਕੂਲ, ਕਾਲਜ ਤੇ ਹਸਪਤਾਲ ਸਥਾਪਤ ਕੀਤੇ, ਉਥੇ ਹੀ ਲੋੜਵੰਦ ਲੜਕੀਆਂ ਦੀ ਵਿਦਿਆ ਲਈ ਵੀ ਵਿਸ਼ੇਸ਼ ਯਤਨ ਕੀਤੇ। ਇਸੇ ਤਰ੍ਹਾਂ ਸਿੰਘ ਸਾਹਿਬ ਨੇ ਬਾਬਾ ਮੋਹਨ ਸਿੰਘ ਮਤਵਾਲਾ ਬਾਰੇ ਗੱਲ ਕਰਦਿਆਂ ਕਿਹਾ ਕਿ ਉਨ੍ਹਾਂ ਨੇ ਗੁਰਮਤਿ ਵਿਦਿਆਲਾ ਸਥਾਪਤ ਕਰਕੇ ਅਨੇਕਾਂ ਗ੍ਰੰਥੀ, ਰਾਗੀ ਅਤੇ ਕਥਾਵਾਚਕ ਤਿਆਰ ਕੀਤੇ, ਜੋ ਸਿੱਖੀ ਪ੍ਰਚਾਰ ਪ੍ਰਸਾਰ ਲਈ ਵੱਡਾ ਕਾਰਜ ਹੈ। ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ ਨੇ ਵੀ ਸੰਬੋਧਨ ਕਰਦਿਆਂ ਤਸਵੀਰਾਂ ਲੱਗਣ ਵਾਲੀਆਂ ਸ਼ਖ਼ਸੀਅਤਾਂ ਦੇ ਜੀਵਨ ਬਾਰੇ ਵਿਚਾਰ ਪ੍ਰਗਟਾਏ। ਉਨ੍ਹਾਂ ਪੁੱਜੀਆਂ ਸ਼ਖ਼ਸੀਅਤਾਂ ਅਤੇ ਸੰਗਤਾਂ ਦਾ ਧੰਨਵਾਦ ਵੀ ਕੀਤਾ। ਇਸ ਮੌਕੇ ਤਸਵੀਰਾਂ ਲੱਗਣ ਵਾਲੀਆਂ ਸ਼ਖ਼ਸੀਅਤਾਂ ਦੇ ਪਰਿਵਾਰਕ ਮੈਂਬਰਾਂ ਦੇ ਨਾਲ-ਨਾਲ ਪ੍ਰਮੁੱਖ ਸ਼ਖ਼ਸੀਅਤਾਂ ਦਾ ਸਨਮਾਨ ਵੀ ਕੀਤਾ ਗਿਆ। ਇਸ ਤੋਂ ਪਹਿਲਾਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਜਗਰੂਪ ਸਿੰਘ ਖ਼ਾਲਸਾ ਦੇ ਜਥੇ ਨੇ ਗੁਰਬਾਣੀ ਕੀਰਤਨ ਕੀਤਾ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ, ਬਾਬਾ ਗੁਰਮੀਤ ਸਿੰਘ ਤ੍ਰਿਲੋਕੇਵਾਲਾ, ਬਾਬਾ ਗੁਰਦੇਵ ਸਿੰਘ ਕੁੱਲ੍ਹੀਵਾਲੇ, ਬਾਬਾ ਪਰਮਜੀਤ

ਸਿੰਘ ਹੰਸਾਲੀ ਵਾਲੇ, ਡਾ. ਧਰਮਵੀਰ ਸਿੰਘ ਕਾਰਸੇਵਾ ਬਾਬਾ ਅਟੱਲ ਰਾਏ ਸਾਹਿਬ, ਓਐਸਡੀ ਸ. ਸਤਬੀਰ ਸਿੰਘ ਧਾਮੀ, ਵਧੀਕ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਸ. ਪ੍ਰੀਤਪਾਲ ਸਿੰਘ, ਨਿੱਜੀ ਸਕੱਤਰ ਸ. ਸ਼ਾਹਬਾਜ਼ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਮੀਤ ਸਕੱਤਰ ਸ. ਜਸਵਿੰਦਰ ਸਿੰਘ ਜੱਸੀ, ਸ. ਗੁਰਦਿਆਲ ਸਿੰਘ, ਸ. ਹਰਭਜਨ ਸਿੰਘ ਵਕਤਾ, ਸੁਪ੍ਰਿੰਟੈਂਡੈਂਟ ਸ. ਨਿਸ਼ਾਨ ਸਿੰਘ, ਬਾਬਾ ਨਿਰੰਜਨਮੋਹਨ ਸਿੰਘ, ਬਾਬਾ ਨਛੱਤਰ ਸਿੰਘ, ਬੀਬੀ ਕੁਲਵਿੰਦਰ ਕੌਰ, ਬੀਬੀ ਪਰਮਜੀਤ ਕੌਰ, ਸ ਹਰਵਿੰਦਰ ਸਿੰਘ ਲਿਟਲ ਅਤੇ ਤਸਵੀਰਾਂ ਲੱਗਣ ਵਾਲੀਆਂ ਸ਼ਖ਼ਸੀਅਤਾਂ ਦੇ ਪਰਿਵਾਰਕ ਮੈਂਬਰ ਵੀ ਮੌਜੂਦ ਸਨ। ੨੪ ਅਕਤੂਬਰ

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ:

ਅਸਾਮ ਤੋਂ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ ਗੀਤਾ ਕਾਲੋਨੀ ਦਿੱਲੀ ਤੋਂ ਅਗਲੇ ਪੜਾਅ ਗੁਰਦੁਆਰਾ ਨਾਨਕ ਪਿਆਓ ਸਾਹਿਬ ਦਿੱਲੀ ਲਈ ਰਵਾਨਾ

ਅੰਮ੍ਰਿਤਸਰ- ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦਾ ੩੫੦ ਸਾਲਾ ਸ਼ਹੀਦੀ ਨਗਰ ਕੀਰਤਨ ਅੱਜ ਗੁਰਦੁਆਰਾ ਡੇਰਾ ਬਾਬਾ ਕਰਮ ਸਿੰਘ ਗੀਤਾ ਕਾਲੋਨੀ ਦਿੱਲੀ ਤੋਂ ਅਗਲੇ ਪੜਾਅ ਗੁਰਦੁਆਰਾ ਨਾਨਕ ਪਿਆਓ ਸਾਹਿਬ ਦਿੱਲੀ ਲਈ ਰਵਾਨਾ ਹੋਇਆ।

ਨਗਰ ਕੀਰਤਨ ਦੀ ਰਵਾਨਗੀ ਤੋਂ ਪਹਿਲਾਂ ਗੁਰਦੁਆਰਾ ਸਾਹਿਬ ਵਿਖੇ ਸਜੇ ਧਾਰਮਿਕ ਦੀਵਾਨ 'ਚ ਸ੍ਰੀ ਦਰਬਾਰ ਸਾਹਿਬ ਦੇ ਹਜੂਰੀ ਰਾਗੀ ਜਥੇ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਬਲਜੀਤ ਸਿੰਘ ਨੇ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਦੇ ਇਤਿਹਾਸ ਨੂੰ ਸੰਗਤਾਂ ਨਾਲ ਸਾਂਝਾ ਕੀਤਾ। ਨਗਰ ਕੀਰਤਨ ਦੀ ਰਵਾਨਗੀ ਮੌਕੇ ਗੁਰਦੁਆਰਾ ਡੇਰਾ ਬਾਬਾ ਕਰਮ ਸਿੰਘ ਦੇ ਮੁੱਖ ਸੇਵਾਦਾਰ ਬਾਬਾ ਅਮਰਦੀਪ ਸਿੰਘ ਨੇ ਪੰਜ ਪਿਆਰੇ ਸਾਹਿਬਾਨ ਅਤੇ ਹਾਜ਼ਰ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਿਰੋਪਾਓ ਦਿੱਤੇ। ਨਗਰ ਕੀਰਤਨ ਗੁਰਦੁਆਰਾ ਡੇਰਾ ਬਾਬਾ ਕਰਮ ਸਿੰਘ ਤੋਂ ਚੱਲ ਕੇ ਗੁਰਦੁਆਰਾ ਸ਼ਹੀਦ ਕੁਰੰਜਾ, ਸ਼ੀਲਮਪੁਰ, ਲੋਨੀ ਰੋਡ, ਭਜਨਪੁਰਾ, ਵਜੀਰਾਬਾਦ ਤੋਂ ਹੁੰਦਾ ਹੋਇਆ ਗੁਰਦੁਆਰਾ ਨਾਨਕ ਪਿਆਓ ਸਾਹਿਬ ਵਿਖੇ ਪੁੱਜਾ। ਰਸਤੇ ਵਿਚ ਵੱਖ-ਵੱਖ ਪੜਾਵਾਂ 'ਤੇ ਸੰਗਤਾਂ ਨੇ ਸ਼ਰਧਾ ਨਾਲ ਨਗਰ ਕੀਰਤਨ ਦਾ ਭਰਵਾਂ ਸਵਾਗਤ ਕੀਤਾ।

ਇਸ ਮੌਕੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਸ. ਪਰਮਜੀਤ ਸਿੰਘ ਸਰਨਾ ਤੇ ਸ. ਮਨਜੀਤ ਸਿੰਘ ਜੀਕੇ, ਸ਼੍ਰੋਮਣੀ ਕਮੇਟੀ ਮੈਂਬਰ ਸ. ਗੁਰਮਿੰਦਰ ਸਿੰਘ ਮਠਾਰੂ, ਸ. ਹਰਮਨਜੀਤ ਸਿੰਘ, ਮੀਤ ਸਕੱਤਰ ਸ. ਸੁਖਬੀਰ ਸਿੰਘ, ਵਧੀਕ ਮੈਨੇਜਰ ਸ. ਜਸਬੀਰ ਸਿੰਘ, ਸ. ਕੁਲਵੰਤ ਸਿੰਘ ਬਾਠ, ਸ. ਗੁਰਚਰਨ ਸਿੰਘ, ਸ. ਕਰਤਾਰ ਸਿੰਘ ਚਾਵਲਾ, ਸ. ਜਤਿੰਦਰ ਸਿੰਘ ਸੋਨੂੰ, ਸ. ਕੁਲਵਿੰਦਰ ਸਿੰਘ, ਸ. ਤਰਜੀਤ ਸਿੰਘ ਨਾਗੀ, ਸ. ਹਰਭਜਨ ਸਿੰਘ ਭੱਲਾ, ਸ. ਗੁਰਮੀਤ ਸਿੰਘ ਕੋਹਲੀ, ਸ. ਹਰਦੀਪ ਸਿੰਘ, ਸ. ਗਗਨਦੀਪ ਸਿੰਘ, ਸ. ਮਹਿੰਦਰ ਸਿੰਘ, ਸ. ਜਗਜੀਤ ਸਿੰਘ, ਸ. ਹਰਵਿੰਦਰ ਸਿੰਘ ਕਬੂਲਨਗਰ, ਸ. ਇਕਬਾਲ ਸਿੰਘ ਮੰਡੋਲੀ, ਸ. ਅਮਰਪ੍ਰੀਤ ਸਿੰਘ ਸੰਨੀ, ਬੀਬੀ ਜਸਬੀਰ ਕੌਰ, ਸ. ਪ੍ਰਨੀਤ ਸਿੰਘ ਰੇਖੀ, ਸ. ਇੰਦਰਪਾਲ ਸਿੰਘ, ਸ. ਕਰਮਜੀਤ ਸਿੰਘ, ਸ. ਅਮਨ ਸਿੰਘ ਭਾਟੀਆ, ਸੁਪਰਵਾਈਜ਼ਰ ਸ. ਦਰਸ਼ਨ ਸਿੰਘ, ਸ. ਭੁਪਿੰਦਰ ਸਿੰਘ, ਸ. ਮੋਹਨਦੀਪ ਸਿੰਘ, ਸਿੱਖ ਮਿਸ਼ਨ ਦਿੱਲੀ ਦੇ ਇੰਚਾਰਜ ਸ. ਮਨਵੀਤ ਸਿੰਘ ਸਮੇਤ ਵੱਡੀ ਗਿਣਤੀ ਸੰਗਤਾਂ ਹਾਜ਼ਰ ਸਨ। ੨੪ ਅਕਤੂਬਰ

ਸ਼੍ਰੋਮਣੀ ਕਮੇਟੀ ਨੇ ਹੜ੍ਹ ਪ੍ਰਭਾਵਿਤ ਕਿਸਾਨਾਂ ਲਈ 37 ਹਜ਼ਾਰ 500 ਏਕੜ ਮਿਆਰੀ ਬੀਜ ਦੇਣ ਦਾ ਕੀਤਾ ਪ੍ਰਬੰਧ

5 ਕੇਂਦਰ ਕੀਤੇ ਸਥਾਪਿਤ, ਭਲਕੇ 25 ਅਕਤੂਬਰ ਨੂੰ ਸੁਲਤਾਨਪੁਰ ਲੋਧੀ ਤੋਂ ਹੋਵੇਗੀ ਸ਼ੁਰੂਆਤ

ਅੰਮ੍ਰਿਤਸਰ-ਪੰਜਾਬ ਵਿਚ ਆਏ ਭਿਆਨਕ ਹੜ੍ਹਾਂ ਨੇ ਜਿਥੇ ਲੋਕਾਂ ਨੂੰ ਬੇਘਰ ਕੀਤਾ ਹੈ, ਉਥੇ ਹੀ ਕਿਸਾਨਾਂ ਦੀਆਂ ਫਸਲਾਂ ਨੂੰ ਵੀ ਪੂਰੀ ਤਰ੍ਹਾਂ ਤਬਾਹ ਕਰ ਦਿੱਤਾ ਹੈ। ਇਸ ਸੰਕਟਮਈ ਘੜੀ ਵਿਚ ਸਿੱਖਾਂ ਦੀ ਸਰਵਉੱਚ ਧਾਰਮਿਕ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਪੀੜਤ ਕਿਸਾਨਾਂ ਦੀ ਮੱਦਦ ਲਈ ਵੱਡੀ ਪੱਧਰ 'ਤੇ ਅੱਗੇ ਆਈ ਹੈ। ਸ਼੍ਰੋਮਣੀ ਕਮੇਟੀ ਨੇ ੬ ਕਰੋੜ ਦੀ ਲਾਗਤ ਨਾਲ ੩੭ ਹਜ਼ਾਰ ੫੦੦ ਏਕੜ ਰਕਬੇ ਲਈ ਉੱਤਮ ਕਿਸਮ ਦੇ ਕਣਕ ਦੇ ਬੀਜ ਦੀ ਖਰੀਦ ਕੀਤੀ ਹੈ, ਜਿਸ ਨੂੰ ਭਲਕੇ ੨੫ ਅਕਤੂਬਰ ਨੂੰ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਤੋਂ ਵੰਡਣ ਦੀ ਸ਼ੁਰੂ ਕੀਤੀ ਜਾਵੇਗੀ। ਇਸ ਤੋਂ ਇਲਾਵਾ ਗੁਰਦੁਆਰਾ ਸ੍ਰੀ ਬਾਉਲੀ ਸਾਹਿਬ ਸ੍ਰੀ ਗੋਇੰਦਵਾਲ ਸਾਹਿਬ, ਗੁਰਦੁਆਰਾ ਬਾਬਾ ਬੁੱਢਾ ਜੀ ਰਮਦਾਸ, ਗੁਰਦੁਆਰਾ ਪਾਤਸ਼ਾਹੀ ਪੰਜਵੀਂ ਤੇ ਨੌਵੀਂ ਗੁਰੂ ਕਾ ਬਾਗ ਅਤੇ ਗੁਰਦੁਆਰਾ ਸ੍ਰੀ ਜਾਮਨੀ ਸਾਹਿਬ ਬਜੀਦਪੁਰ ਫਿਰੋਜ਼ਪੁਰ ਵਿਖੇ ਵੀ ਕੇਂਦਰ ਸਥਾਪਿਤ ਕੀਤੇ ਗਏ ਹਨ, ਜਿਥੇ ੭੫੦੦-੭੫੦੦ ਏਕੜ ਦੀ ਬਿਜਾਈ ਲਈ ਕਣਕ ਦੇ ਬੀਜ ਦਾ ਪ੍ਰਬੰਧ ਕੀਤਾ ਗਿਆ ਹੈ। ਇਨ੍ਹਾਂ ਸਾਰੇ ਥਾਵਾਂ ਤੋਂ ਅਗਲੇ ਦਿਨਾਂ 'ਚ ਪੀੜਤ ਕਿਸਾਨਾਂ ਨੂੰ ਬੀਜ ਵੰਡਣ ਦਾ ਕਾਰਜ ਕੀਤਾ ਜਾਵੇਗਾ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਵੱਲੋਂ ਕੀਤੇ ਫੈਸਲੇ ਅਨੁਸਾਰ ੧੦ ਏਕੜ ਤੋਂ ਘੱਟ ਜ਼ਮੀਨ ਵਾਲੇ ਛੋਟੇ ਕਿਸਾਨਾਂ ਨੂੰ ਪ੍ਰਮਾਣਿਕ ਕਿਸਮ ਦੇ ਬੀਜ ਦਿੱਤੇ ਜਾਣਗੇ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਪਹਿਲਾਂ ਹੀ ਹੜ੍ਹਾਂ ਦੌਰਾਨ ਹਜ਼ਾਰਾਂ ਲੋਕਾਂ ਲਈ ਲੰਗਰ ਅਤੇ ਰਾਸ਼ਣ ਦੀ ਸੇਵਾ ਨਿਭਾ ਚੁੱਕੀ ਹੈ ਅਤੇ ਹਜ਼ਾਰਾਂ ਲੀਟਰ ਡੀਜ਼ਲ ਵੰਡ ਚੁੱਕੀ ਹੈ। ਇਸ ਦੇ ਨਾਲ ਹੀ ਪਾਣੀ ਵਿਚ ਘਿਰੇ ਖੇਤਰਾਂ ਵਿਚ ਮੈਡੀਕਲ ਸੇਵਾਵਾਂ ਵੀ ਕੀਤੀਆਂ ਗਈਆਂ ਹਨ।

ਐਡਵੋਕੇਟ ਧਾਮੀ ਨੇ ਕਿਹਾ ਕਿ ਗੁਰੂ ਸਾਹਿਬ ਦੀ ਕਿਰਪਾ ਨਾਲ ਸਾਡੀ ਵਚਨਬੱਧਤਾ ਹੈ ਕਿ ਲੋੜਵੰਦ ਭਰਾਵਾਂ ਨੂੰ ਕਦੀ ਵੀ ਨਿਰਾਸ਼ ਨਹੀਂ ਹੋਣ ਦੇਵਾਂਗੇ। ਸ਼੍ਰੋਮਣੀ ਕਮੇਟੀ ਵੱਲੋਂ ਇਹ ਵੀ ਐਲਾਨ ਕੀਤਾ ਗਿਆ ਕਿ ਕਿਸਾਨਾਂ ਦੇ ਜੀਵਨ ਨੂੰ ਮੁੜ ਪੱਟੜੀ 'ਤੇ ਲਿਆਉਣ ਲਈ ਲੋੜ ਅਨੁਸਾਰ ਅੱਗੇ ਵੀ ਸੇਵਾਵਾਂ ਜਾਰੀ ਰੱਖੀਆਂ ਜਾਣਗੀਆਂ। ੨੪ ਅਕਤੂਬਰ

ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਸਿੱਖ ਜਥੇਬੰਦੀਆਂ ਨੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਦਾ ਦਸਤਾਰਾਂ ਦੇ ਕੇ ਕੀਤਾ ਸਨਮਾਨ

ਸ੍ਰੀ ਅਨੰਦਪੁਰ ਸਾਹਿਬ/ਅੰਮ੍ਰਿਤਸਰ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਕਰਵਾਏ ਗਏ ਵਿਸ਼ੇਸ਼ ਸਮਾਗਮ ਦੌਰਾਨ ਤਖ਼ਤ ਸਾਹਿਬਾਨ ਦੇ ਜਥੇਦਾਰ, ਨਿਹੰਗ ਸਿੰਘ

ਦਲਾਂ, ਸਿੱਖ ਜਥੇਬੰਦੀਆਂ, ਸੰਪਰਦਾਵਾਂ ਅਤੇ ਸਭਾ ਸੁਸਾਇਟੀਆਂ ਵੱਲੋਂ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਦਾ ਦਸਤਾਰਾਂ ਦੇ ਕੇ ਸਨਮਾਨ ਕੀਤਾ ਗਿਆ। ਇਸ ਸਮਾਗਮ ਸਮੇਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ, ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ, ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਮੁੱਖੀ ਜਥੇਦਾਰ ਬਲਬੀਰ ਸਿੰਘ ੯੬ਵੇਂ ਕਰੋੜੀ, ਦਲ ਬਾਬਾ ਬਿਧੀ ਚੰਦ ਦੇ ਮੁਖੀ ਬਾਬਾ ਅਵਤਾਰ ਸਿੰਘ ਸੁਰਸਿੰਘ, ਤਰਨਾ ਦਲ ਬਾਬਾ ਬਕਾਲਾ ਦੇ ਮੁੱਖੀ ਬਾਬਾ ਜੋਗਾ ਸਿੰਘ, ਤਖ਼ਤ ਸ੍ਰੀ ਪਟਨਾ ਸਾਹਿਬ ਦੇ ਜਥੇਦਾਰ ਗਿਆਨੀ ਬਲਦੇਵ ਸਿੰਘ, ਤਖ਼ਤ ਸ੍ਰੀ ਹਜ਼ੂਰ ਸਾਹਿਬ ਦੇ ਮੀਤ ਜਥੇਦਾਰ ਗਿਆਨੀ ਜੋਤਇੰਦਰ ਸਿੰਘ, ਬਾਬਾ ਨਿਹਾਲ ਸਿੰਘ ਤਰਨਾ ਦਲ ਹਰੀਆਂ ਵੇਲਾਂ ਵਾਲਿਆਂ ਵੱਲੋਂ ਬਾਬਾ ਨਾਗਰ ਸਿੰਘ, ਸ਼੍ਰੋਮਣੀ ਅਕਾਲੀ ਦਲ ਵੱਲੋਂ ਡਾ. ਦਲਜੀਤ ਸਿੰਘ ਚੀਮਾ, ਬਾਬਾ ਜਗਜੀਤ ਸਿੰਘ ਹਰਖੋਵਾਲ ਸਮੇਤ ਵੱਖ-ਵੱਖ ਸੰਸਥਾਵਾਂ ਦੇ ਮੁੱਖੀਆਂ ਵਲੋਂ ਸਿੰਘ ਸਾਹਿਬ ਨੂੰ ਸਨਮਾਨ ਦਿੱਤਾ ਗਿਆ।

ਇਸ ਮੌਕੇ ਸੰਗਤਾਂ ਦੇ ਭਰਵੇਂ ਇਕੱਠ ਨੂੰ ਸੰਬੋਧਨ ਕਰਦਿਆਂ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਸਿੱਖ ਪੰਥ ਦੀ ਇਹ ਵਿਲੱਖਣਤਾ ਹੈ ਕਿ ਇਸ ਦੀਆਂ ਜਥੇਬੰਦੀਆਂ ਨੇ ਹਮੇਸ਼ਾ ਪੰਥਕ ਰਵਾਇਤਾਂ ਤੇ ਪਹਿਰਾ ਦਿੱਤਾ ਹੈ। ਉਨ੍ਹਾਂ ਆਖਿਆ ਕਿ ਖਾਲਸਾ ਪੰਥ ਵੱਡਾ ਹੈ ਅਤੇ ਵੱਡਾ ਰਹੇਗਾ, ਜਦਕਿ ਮੈਂ ਪੰਥ ਸਾਹਮਣੇ ਇਕ ਵਾਰ ਨਹੀਂ ਹਜ਼ਾਰ ਵਾਰ ਝੁੱਕਦਾ ਹਾਂ। ਖਾਲਸਾ ਪੰਥ ਗੁਰੂ ਦਾ ਰੂਪ ਹੈ ਅਤੇ ਮੈਂ ਹਮੇਸ਼ਾ ਪੰਥ ਦੀਆਂ ਰਵਾਇਤਾਂ, ਪ੍ਰੰਪਰਾਵਾਂ ਤੇ ਸਿਧਾਂਤਾਂ ਅਨੁਸਾਰ ਪੰਥ ਦੀ ਸੇਵਾ ਕਰਨ ਦੀ ਕੋਸ਼ਿਸ਼ ਕੀਤੀ ਹੈ। ਗਿਆਨੀ ਕੁਲਦੀਪ ਸਿੰਘ ਨੇ ਕਿਹਾ ਕਿ ੩੫੦ ਸਾਲਾ ਸ਼ਹੀਦੀ ਸ਼ਤਾਬਦੀ ਮੌਕੇ ਪੰਥ ਦਾ ਇਕੱਠੇ ਹੋਣਾ ਪੰਥਕ ਏਕਤਾ ਦਾ ਪ੍ਰਗਟਾਵਾ ਹੈ। ਉਨ੍ਹਾਂ ਸਿੱਖ ਜਥੇਬੰਦੀਆਂ ਅਤੇ ਸੰਪ੍ਰਦਾਵਾਂ ਦੇ ਇਤਿਹਾਸ ਨੂੰ ਮਹਾਨ ਕਰਾਰ ਦਿੰਦਿਆਂ ਕਿਹਾ ਕਿ ਇਨ੍ਹਾਂ ਜਥੇਬੰਦੀਆਂ, ਸੰਪ੍ਰਦਾਵਾਂ ਤੇ ਟਕਸਾਲਾਂ ਸਦਕਾ ਹੀ ਕੌਮ ਦੀਆਂ ਰਵਾਇਤਾਂ ਜਿੰਦਾ ਹਨ। ਉਨ੍ਹਾਂ ਐਲਾਨ ਕੀਤਾ ਕਿ ਸਾਰੀਆਂ ਜਥੇਬੰਦੀਆਂ ਅਤੇ ਸੰਪ੍ਰਦਾਵਾਂ ਦੇ ਸਹਿਯੋਗ ਨਾਲ ਕੌਮੀ ਚੁਣੌਤੀਆਂ ਅਤੇ ਧਰਮ ਪਰਵਰਤਨ ਜਿਹੇ ਚਲਣ ਦਾ ਇਕਜੁਟਤਾ ਨਾਲ ਮੁਕਾਬਲਾ ਕੀਤਾ ਜਾਵੇਗਾ। ਜਥੇਦਾਰ ਗਿਆਨੀ ਕੁਲਦੀਪ ਸਿੰਘ ਨੇ ਸਮਾਗਮ ਵਿਚ ਆਈਆਂ ਸਾਰੀਆਂ ਜਥੇਬੰਦੀਆਂ ਦੇ ਨੁਮਾਇੰਦਿਆਂ ਦਾ ਧੰਨਵਾਦ ਕਰਦਿਆਂ ਵਚਨਬੱਧਤਾ ਪ੍ਰਗਟਾਈ ਕਿ ਉਹ ਪੰਥ ਦੇ ਸੇਵਾਦਾਰ ਹਨ ਅਤੇ ਹਮੇਸ਼ਾ ਪੰਥ ਨੂੰ ਸਮਰਪਤ ਹੋ ਕੇ ਸੇਵਾ ਕਰਨਗੇ।

ਇਸ ਮੌਕੇ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਮੁਖੀ ਬਾਬਾ ਬਲਬੀਰ ਸਿੰਘ ੯੬ਵੇਂ ਕਰੋੜੀ ਨੇ ਸੰਬੋਧਨ ਕਰਦਿਆਂ ਕਿਹਾ ਕਿ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੇ ਸ਼ਹੀਦੀ ਸਾਕੇ ਦੀ ੩੫੦ ਸਾਲਾ ਸ਼ਤਾਬਦੀ ਮੌਕੇ ਪੰਥ ਦਾ ਸਿਰਜੋੜ ਬੈਠਣਾ ਸਮੇਂ ਦੀ ਲੋੜ ਹੈ। ਉਨ੍ਹਾਂ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਪੰਥਕ ਕਾਰਜਾਂ ਅਤੇ ਕੌਮੀ ਇਕਜੁਟਤਾ ਲਈ ਨਿਭਾਈ ਜਾ ਰਹੀ ਜਿੰਮੇਵਾਰੀ ਦੀ ਪ੍ਰਸ਼ੰਸਾ ਕਰਦਿਆਂ ਨਿਹੰਗ ਸਿੰਘ ਦਲਾਂ ਅਤੇ ਜਥੇਬੰਦੀਆਂ ਵੱਲੋਂ ਸਹਿਯੋਗ ਦੀ ਵਚਨਬੱਧਤਾ ਪ੍ਰਗਟਾਈ। ਉਨ੍ਹਾਂ ਕਿਹਾ ਕਿ ਪੰਥਕ ਮਰਯਾਦਾ ਵੱਡੀ ਹੈ, ਜਿਸ ਦੀ ਪਹਿਰੇਦਾਰੀ ਸਭ ਨੂੰ ਕਰਨੀ ਚਾਹੀਦੀ ਹੈ। ਬਾਬਾ ਬਲਬੀਰ ਸਿੰਘ ਨੇ ਕਿਹਾ ਕਿ ਪੰਥਕ ਏਕਤਾ ਹੀ ਸਾਰੀਆਂ ਚੁਣੌਤੀਆਂ ਤੇ ਮੁਸ਼ਕਲਾਂ ਦਾ ਹੱਲ ਹੈ, ਜਿਸ ਪ੍ਰਤੀ ਪੰਥ ਸੁਚੇਤ ਹੈ ਅਤੇ ਇਸੇ ਤਰ੍ਹਾਂ ਇਕੱਠਾ ਰਹੇਗਾ। ਉਨ੍ਹਾਂ ਕਿਹਾ ਕਿ ਪੰਥ ਦੀਆਂ ਜਥੇਬੰਦੀਆਂ ਨੇ ਔਖੇ ਸਮਿਆਂ ਦੌਰਾਨ ਵੀ ਪੰਥ ਦਾ ਸਾਥ ਦਿੱਤਾ ਅਤੇ ਕਦੇ ਵੀ ਪਿੱਛੇ ਨਹੀਂ ਹਟੀਆ। ਮੌਜੂਦਾ ਸਮੇਂ ਵੀ ਇਹ ਜਥੇਬੰਦੀਆਂ ਕੌਮੀ ਇਕਜੁਟਤਾ ਲਈ ਤਤਪਰ ਰਹਿੰਦੀਆਂ ਹਨ। ਉਨ੍ਹਾਂ ਕਿਹਾ ਕਿ ਪੰਥ ਅੰਦਰ ਮਰਯਾਦਾ ਅਹਿਮ ਹੈ ਅਤੇ ਜਥੇਬੰਦੀਆਂ ਹਮੇਸ਼ਾ ਮਰਯਾਦਾ ਦੀ ਪਹਿਰੇਦਾਰੀ ਕਰਦੀਆਂ ਹਨ।

ਸਮਾਗਮ ਦੌਰਾਨ ਸਟੇਜ ਦੀ ਸੇਵਾ ਸ਼੍ਰੋਮਣੀ ਕਮੇਟੀ ਦੇ ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ ਵੱਲੋਂ ਨਿਭਾਈ ਗਈ। ਇਸ ਤੋਂ ਪਹਿਲਾਂ ਰਾਗੀ ਜਥਿਆਂ ਵੱਲੋਂ ਗੁਰਬਾਣੀ ਕੀਰਤਨ ਕੀਤਾ ਗਿਆ ਅਤੇ ਅਰਦਾਸ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਜੋਗਿੰਦਰ ਸਿੰਘ ਨੇ ਕੀਤੀ।

ਸਮਾਗਮ ਦੌਰਾਨ ਬਾਬਾ ਮੋਹਨ ਸਿੰਘ ਬਾਰਨ ਵਾਲੇ, ਦਮਦਮੀ ਟਕਸਾਲ ਸੰਗਰਾਵਾਂ ਦੇ ਮੁਖੀ ਗਿਆਨੀ ਰਾਮ ਸਿੰਘ, ਬਾਬਾ ਘਾਲਾ ਸਿੰਘ ਨਾਨਕਸਰ ਵਾਲੇ, ਬਾਬਾ ਗੁਰਦੇਵ ਸਿੰਘ ਕੁਲੀ ਵਾਲੇ, ਬਾਬਾ ਸੁਖਵਿੰਦਰ ਸਿੰਘ ਭੂਰੀਵਾਲੇ, ਬਾਬਾ ਸੇਵਾ ਸਿੰਘ ਖਡੂਰ ਸਾਹਿਬ ਵਾਲਿਆਂ ਵੱਲੋਂ ਬਾਬਾ ਗੁਰਪ੍ਰੀਤ ਸਿੰਘ ਜੀ, ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਜਨਰਲ ਸਕੱਤਰ ਸ. ਸ਼ੇਰ ਸਿੰਘ ਮੰਡਵਾਲਾ, ਅੰਤ੍ਰਿੰਗ ਮੈਂਬਰ ਸ. ਦਲਜੀਤ ਸਿੰਘ ਭਿੰਡਰ, ਸ. ਪਰਮਜੀਤ ਸਿੰਘ ਖਾਲਸਾ, ਬੀਬੀ ਹਰਜਿੰਦਰ ਕੌਰ, ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਭਾਈ ਗੁਰਚਰਨ ਸਿੰਘ ਗਰੇਵਾਲ, ਬਾਬਾ ਬੂਟਾ ਸਿੰਘ, ਸ. ਅਜਮੇਰ ਸਿੰਘ ਖੇੜਾ, ਸ. ਗੁਰਬਖਸ਼ ਸਿੰਘ ਖਾਲਸਾ, ਬੀਬੀ ਦਵਿੰਦਰ ਕੌਰ ਕਾਲੜਾ, ਬਾਬਾ ਗੁਰਮੀਤ ਸਿੰਘ ਤ੍ਰਿਲੋਕੇਵਾਲਾ, ਸੀਨੀਅਰ ਅਕਾਲੀ ਆਗੂ ਸ. ਸੁੱਚਾ ਸਿੰਘ ਲੰਗਾਹ, ਸਕੱਤਰ ਸ. ਪ੍ਰਤਾਪ ਸਿੰਘ, ਵਧੀਕ ਸਕੱਤਰ ਸ. ਬਿਜੈ ਸਿੰਘ, ਸ੍ਰੀ ਦਰਬਾਰ ਸਾਹਿਬ ਮੈਨੇਜਰ ਸ. ਭਗਵੰਤ ਸਿੰਘ ਧੰਘੇੜਾ, ਬਾਬਾ ਜੀਤ ਸਿੰਘ ਜੌਹਲਾਂ ਵਾਲੇ, ਸ਼ਹੀਦ ਭਾਈ ਸਤਵੰਤ ਸਿੰਘ ਦੇ ਪਰਿਵਾਰ ਵੱਲੋਂ ਬਾਬਾ ਸੁਖਵਿੰਦਰ ਸਿੰਘ ਅਗਵਾਨਾਂ ਵਾਲੇ, ਸਾਬਕਾ ਜਥੇਦਾਰ ਗਿਆਨੀ ਰਣਜੀਤ ਸਿੰਘ ਗੌਹਰ ਏ ਮਸਕੀਨ, ਗਿਆਨੀ ਪ੍ਰਤਾਪ ਸਿੰਘ, ਬਾਬਾ ਸਤਨਾਮ ਸਿੰਘ ਕਿਲ੍ਹਾ ਅਨੰਦਗੜ੍ਹ ਸਾਹਿਬ, ਬਾਬਾ ਸੁਖਵਿੰਦਰ ਸਿੰਘ ਮਲਕਪੁਰ, ਬਾਬਾ ਮੇਜਰ ਸਿੰਘ ਸੋਢੀ, ਬਾਬਾ ਬਲਦੇਵ ਸਿੰਘ ਵੱਲਾ, ਬਾਬਾ ਸਤਨਾਮ ਸਿੰਘ ਕਿਲ੍ਹਾ ਅਨੰਦਗੜ੍ਹ, ਭਾਈ ਇੰਦਰਜੀਤ ਸਿੰਘ ਨਿਸ਼ਕਾਮ ਸੇਵਕ ਜਥਾ, ਬਾਬਾ ਜੋਗਾ ਸਿੰਘ ਕਰਨਾਲ, ਬਾਬਾ ਗੁਰਪ੍ਰੀਤ ਸਿੰਘ ਬਾਬਾ ਬਕਾਲਾ, ਦਿੱਲੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੋਂ ਸ. ਜਤਿੰਦਰਪਾਲ ਸਿੰਘ ਗੋਲਡੀ, ਸ. ਗੁਰਮੀਤ ਸਿੰਘ, ਬਾਬਾ ਖੜਕ ਸਿੰਘ, ਬਾਬਾ ਗੁਰਦੇਵ ਸਿੰਘ, ਬਾਬਾ ਬਲਵਿੰਦਰ ਸਿੰਘ ਮਹਿਤਾ ਚੌਂਕ, ਬਾਬਾ ਹਰਜੀਤ ਸਿੰਘ, ਬਾਬਾ ਪ੍ਰਤਾਪ ਸਿੰਘ ਪਟਿਆਲਾ, ਬਾਬਾ ਦੇਵਇੰਦਰ ਸਿੰਘ ਸੰਪਰਦਾਏ ਹੋਤੀ ਮਰਦਾਨ, ਬਾਬਾ ਤਰਸੇਮ ਸਿੰਘ ਮੋਰਾਂਵਾਲੀ, ਮਹੰਤ ਚਮਕੌਰ ਸਿੰਘ, ਸ੍ਰੀ ਮਹੰਤ ਰੇਸ਼ਮ ਸਿੰਘ, ਬਾਬਾ ਸੁਖਪਾਲ ਸਿੰਘ, ਬਾਬਾ ਬਲਦੇਵ ਸਿੰਘ ਮੁਸਤਫਾਪੁਰ, ਬਾਬਾ ਕਸ਼ਮੀਰ ਸਿੰਘ ਬਟਾਲਾ, ਬਾਬਾ ਸੁਖਵਿੰਦਰ ਸਿੰਘ ਮਲਕਪੁਰ, ਡਾ. ਇੰਦਰਬੀਰ ਸਿੰਘ ਨਿੱਜਰ ਪ੍ਰਧਾਨ ਚੀਫ਼ ਖ਼ਾਲਸਾ ਦੀਵਾਨ, ਸ. ਰਣਜੀਤ ਸਿੰਘ ਟੌਹੜਾ, ਬਾਬਾ ਤੇਜਾ ਸਿੰਘ ਖੁੱਡਾ ਕਰਾਲਾ, ਬਾਬਾ ਤੀਰਥ ਸਿੰਘ, ਬਾਬਾ ਜਰਨੈਲ ਸਿੰਘ, ਮਹੰਤ ਕਰਮਜੀਤ ਸਿੰਘ, ਬਾਬਾ ਜੋਗਾ ਸਿੰਘ, ਮਹੰਤ ਸੁਰਿੰਦਰ ਸਿੰਘ, ਬਾਬਾ ਜੋਗਿੰਦਰ ਸਿੰਘ, ਬਾਬਾ ਅਰਵਿੰਦਰ ਸਿੰਘ ਨਾਨਕਸਰ ਕਲੇਰਾਂ, ਬਾਬਾ ਬਲਬੀਰ ਸਿੰਘ, ਬਾਬਾ ਹਰੀ ਸਿੰਘ ਨਾਨਕਸਰ, ਬਾਬਾ ਕੁਲਵੰਤ ਸਿੰਘ, ਇੰਚਾਰਜ ਸ. ਗੁਰਮੇਜ ਸਿੰਘ, ਮੈਨੇਜਰ ਸ. ਰਜਿੰਦਰ ਸਿੰਘ ਰੂਬੀ, ਸ. ਗੁਰਦੀਪ ਸਿੰਘ ਕੰਗ, ਸ. ਰਣਜੀਤ ਸਿੰਘ, ਸ. ਹਰਦੀਪ ਸਿੰਘ, ਸ. ਜਸਬੀਰ ਸਿੰਘ, ਹਰਵਿੰਦਰ ਸਿੰਘ, ਸ. ਜਸਬੀਰ ਸਿੰਘ, ਸ. ਨਰਿੰਦਰਜੀਤ ਸਿੰਘ, ਸ. ਧਰਮਿੰਦਰ ਸਿੰਘ, ਸ. ਹਰਦੇਵ ਸਿੰਘ, ਸ. ਸੰਦੀਪ ਸਿੰਘ ਕਲੋਤਾ, ਬਾਬਾ ਗੁਰਮੀਤ ਸਿੰਘ ਬੜੂ ਸਾਹਿਬ, ਬਾਬਾ ਕੁਲਵੰਤ ਸਿੰਘ ਮਹਿੰਦੀਆਣਾ, ਬਾਬਾ ਹਰਭਜਨ ਸਿੰਘ, ਬਾਬਾ ਤੀਰਥ ਸਿੰਘ, ਬਾਬਾ ਜਗਦੀਪ ਸਿੰਘ ਜਗਾਧਰੀ, ਬਾਬਾ ਮੁਖਤਿਆਰ ਸਿੰਘ, ਬਾਬਾ ਬੁੱਧ ਸਿੰਘ ਨਿੱਕੇ ਘੁੰਮਣ, ਬਾਬਾ ਅਵਤਾਰ ਸਿੰਘ ਟਿੱਬੀ ਸਾਹਿਬ ਵਾਲੇ, ਬੀਬੀ ਮਨਦੀਪ ਕੌਰ ਸੰਧੂ, ਜਿਲ੍ਹਾ ਪ੍ਰਧਾਨ ਸ. ਦਰਬਾਰਾ ਸਿੰਘ ਬਾਲਾ, ਬਾਬਾ ਮੋਹਨ ਸਿੰਘ ਮੱਦੀਪੁਰ, ਪਰਮਜੀਤ ਸਿੰਘ ਮੱਕੜ, ਗਿਆਨੀ ਨਰਿੰਦਰ ਸਿੰਘ ਮਹਿਤਾ ਚੌਂਕ, ਜਵੱਦੀ ਟਕਸਾਲ ਵੱਲੋਂ ਗਿਆਨੀ ਗੁਰਵਿੰਦਰ ਸਿੰਘ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ। ੨੫ ਅਕਤੂਬਰ

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ:

ਅਸਾਮ ਤੋਂ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ ਗੁਰਦੁਆਰਾ ਨਾਨਕ ਪਿਆਓ ਸਾਹਿਬ ਦਿੱਲੀ ਤੋਂ ਅਗਲੇ ਪੜਾਅ ਗੁਰਦੁਆਰਾ ਰਕਾਬ ਗੰਜ ਸਾਹਿਬ ਦਿੱਲੀ ਲਈ ਰਵਾਨਾ

ਅੰਮ੍ਰਿਤਸਰ-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦਾ ੩੫੦ ਸਾਲਾ ਸ਼ਹੀਦੀ ਨਗਰ ਕੀਰਤਨ ਅੱਜ ਗੁਰਦੁਆਰਾ ਨਾਨਕ ਪਿਆਓ ਸਾਹਿਬ ਦਿੱਲੀ ਤੋਂ ਅਗਲੇ ਪੜਾਅ ਗੁਰਦੁਆਰਾ ਰਕਾਬ ਗੰਜ ਸਾਹਿਬ ਦਿੱਲੀ ਲਈ ਰਵਾਨਾ ਹੋਇਆ।

ਨਗਰ ਕੀਰਤਨ ਦੀ ਰਵਾਨਗੀ ਤੋਂ ਪਹਿਲਾਂ ਗੁਰਦੁਆਰਾ ਸਾਹਿਬ ਵਿਖੇ ਸਜੇ ਧਾਰਮਿਕ ਦੀਵਾਨ 'ਚ ਸ੍ਰੀ ਦਰਬਾਰ ਸਾਹਿਬ ਦੇ ਹਜੂਰੀ ਰਾਗੀ ਜਥੇ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਬਲਜੀਤ ਸਿੰਘ ਨੇ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਦੇ ਇਤਿਹਾਸ ਨੂੰ ਸੰਗਤਾਂ ਨਾਲ ਸਾਂਝਾ ਕੀਤਾ।

ਨਗਰ ਕੀਰਤਨ ਦੀ ਰਵਾਨਗੀ ਮੌਕੇ ਗੁਰਦੁਆਰਾ ਸਾਹਿਬ ਦੇ ਪ੍ਰਬੰਧਕਾਂ ਨੇ ਪੰਜ ਪਿਆਰੇ ਸਾਹਿਬਾਨ ਅਤੇ ਹਾਜ਼ਰ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਿਰੋਪਾਓ ਦਿੱਤੇ। ਨਗਰ ਕੀਰਤਨ ਦਾ ਰਸਤੇ ਵਿਚ ਵੱਖ-ਵੱਖ ਪੜਾਵਾਂ 'ਤੇ ਸੰਗਤਾਂ ਨੇ ਸ਼ਰਧਾ ਨਾਲ ਨਗਰ ਕੀਰਤਨ ਦਾ ਭਰਵਾਂ ਸਵਾਗਤ ਕੀਤਾ। ਇਸ ਮੌਕੇ ਨਗਰ ਕੀਰਤਨ 'ਚ ਸ਼ਾਮਲ ਗੱਡੀਆਂ ਵਿਚ ਤੇਲ ਦੀ ਸੇਵਾ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਸ. ਕਰਤਾਰ ਸਿੰਘ ਚਾਵਲਾ ਨੇ ਕੀਤੀ।

ਇਸ ਮੌਕੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਸ. ਪਰਮਜੀਤ ਸਿੰਘ ਸਰਨਾ ਤੇ ਸ. ਮਨਜੀਤ ਸਿੰਘ ਜੀਕੇ, ਸ਼੍ਰੋਮਣੀ ਕਮੇਟੀ ਮੈਂਬਰ ਸ. ਗੁਰਮਿੰਦਰ ਸਿੰਘ ਮਠਾਰੂ, ਸ. ਹਰਮਨਜੀਤ ਸਿੰਘ, ਮੀਤ ਸਕੱਤਰ ਸ. ਸੁਖਬੀਰ ਸਿੰਘ, ਵਧੀਕ ਮੈਨੇਜਰ ਸ. ਜਸਬੀਰ ਸਿੰਘ, ਸ. ਕਰਤਾਰ ਸਿੰਘ ਚਾਵਲਾ, ਸ. ਜਤਿੰਦਰ ਸਿੰਘ ਸੋਨੂੰ, ਸ. ਕੁਲਵਿੰਦਰ ਸਿੰਘ, ਸ. ਤਰਜੀਤ ਸਿੰਘ ਨਾਗੀ, ਸ. ਹਰਭਜਨ ਸਿੰਘ ਭੱਲਾ, ਸ. ਗੁਰਮੀਤ ਸਿੰਘ ਕੋਹਲੀ, ਸ. ਹਰਦੀਪ ਸਿੰਘ, ਸ. ਗਗਨਦੀਪ ਸਿੰਘ, ਸ. ਮਹਿੰਦਰ ਸਿੰਘ, ਸ. ਜਗਜੀਤ ਸਿੰਘ, ਸ. ਹਰਵਿੰਦਰ ਸਿੰਘ ਕਬੂਲਨਗਰ, ਸ. ਇਕਬਾਲ ਸਿੰਘ ਮੰਡੋਲੀ, ਸ. ਅਮਰਪ੍ਰੀਤ ਸਿੰਘ ਸੰਨੀ, ਬੀਬੀ ਜਸਬੀਰ ਕੌਰ, ਸ. ਪ੍ਰਨੀਤ ਸਿੰਘ ਰੇਖੀ, ਸ. ਇੰਦਰਪਾਲ ਸਿੰਘ, ਸ. ਕਰਮਜੀਤ ਸਿੰਘ, ਸ. ਅਮਨ ਸਿੰਘ ਭਾਟੀਆ, ਸੁਪਰਵਾਈਜ਼ਰ ਸ. ਦਰਸ਼ਨ ਸਿੰਘ, ਸ. ਭੁਪਿੰਦਰ ਸਿੰਘ, ਸ. ਮੋਹਨਦੀਪ ਸਿੰਘ, ਸ. ਮਿਲਖਾ ਸਿੰਘ, ਸ. ਹਰਪ੍ਰੀਤ ਸਿੰਘ ਜੰਡਿਆਲਾ, ਮੀਤ ਮੈਨੇਜਰ ਸ. ਅਮਰਜੀਤ ਸਿੰਘ, ਸ. ਜਗਦੀਪ ਸਿੰਘ ਮਾਛੀਨੰਗਲ, ਸਿੱਖ ਮਿਸ਼ਨ ਦਿੱਲੀ ਦੇ ਇੰਚਾਰਜ ਸ. ਮਨਵੀਤ ਸਿੰਘ ਸਮੇਤ ਵੱਡੀ ਗਿਣਤੀ ਸੰਗਤਾਂ ਹਾਜ਼ਰ ਸਨ। ੨੫ ਅਕਤੂਬਰ

ਧਾਰਮਿਕ ਪ੍ਰੀਖਿਆ ਅਤੇ ਸਿੱਖ ਧਰਮ ਅਧਿਐਨ ਪੱਤਰ ਵਿਹਾਰ ਕੋਰਸ ਦੇ ਮੈਰਿਟ ਵਿੱਚ ਆਏ ਵਿਦਿਆਰਥੀ ਸਨਮਾਨਿਤ

ਅੰਮ੍ਰਿਤਸਰ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਵੱਲੋਂ ਹਰ ਸਾਲ ਕਰਵਾਈ ਜਾਂਦੀ ਧਾਰਮਿਕ ਪ੍ਰੀਖਿਆ ਅਤੇ ਦੋ ਸਾਲਾ ਸਿੱਖ ਧਰਮ ਅਧਿਐਨ ਪੱਤਰ ਵਿਹਾਰ ਕੋਰਸ ਦੌਰਾਨ ਮੈਰਿਟ ਵਿੱਚ ਆਏ ਵਿਦਿਆਰਥੀਆਂ ਦਾ ਸਨਮਾਨ ਸਮਾਰੋਹ ਅੱਜ ਸ. ਤੇਜਾ ਸਿੰਘ ਸਮੁੰਦਰੀ ਹਾਲ ਵਿਖੇ ਕੀਤਾ

ਗਿਆ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੈਂਬਰ ਸ. ਰਾਜਿੰਦਰ ਸਿੰਘ ਮਹਿਤਾ, ਭਾਈ ਅਜੈਬ ਸਿੰਘ ਅਭਿਆਸੀ ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ ਅਤੇ ਪ੍ਰਿੰਸੀਪਲ ਸ. ਸਵਰਨ ਸਿੰਘ ਤੁਗਲਵਾਲ ਨੇ ਮੈਰਿਟ ਵਿਚ ਆਏ ਵਿਦਿਆਰਥੀਆਂ ਨੂੰ ਸਨਮਾਨ ਦਿੱਤਾ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ ਤੇ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ ਨੇ ਦੱਸਿਆ ਕਿ ਧਰਮ ਪ੍ਰਚਾਰ ਕਮੇਟੀ ਵੱਲੋਂ ਭਾਰਤ ਦੇ ਸਕੂਲਾਂ/ਕਾਲਜਾਂ ਦੇ ਵਿਦਿਆਰਥੀਆਂ ਅੰਦਰ ਗੁਰਬਾਣੀ ਅਤੇ ਗੁਰ-ਇਤਿਹਾਸ, ਸਿੱਖ ਇਤਿਹਾਸ ਤੇ ਰਹਿਤ ਮਰਯਾਦਾ ਦਾ ਪ੍ਰਚਾਰ-ਪ੍ਰਸਾਰ ਕਰਨ ਦੇ ਉਦੇਸ਼ ਹਿੱਤ ਲਈ ਜਾਂਦੀ ਹੈ। ਸ਼ੈਸਨ ੨੦੨੪-੨੫ ਦੌਰਾਨ ਧਾਰਮਿਕ ਪ੍ਰੀਖਿਆ ਵਿਚ ੬੦ ਹਜ਼ਾਰ ਵਿਦਿਆਰਥੀ ਅਤੇ ਧਰਮ ਅਧਿਐਨ ਪੱਤਰ ਵਿਹਾਰ ਕੋਰਸ (ਸ਼ੈਸਨ ੨੦੨੩-੨੫) 'ਚ ਇਕ ਹਜ਼ਾਰ ਦੇ ਕਰੀਬ ਵਿਦਿਆਰਥੀਆਂ ਨੇ ਭਾਗ ਲਿਆ। ਇਸ ਪ੍ਰੀਖਿਆ ਦੌਰਾਨ ਪੱਤਰ ਵਿਹਾਰ ਕੋਰਸ 'ਚ ੩੦ ਅਤੇ ਧਾਰਮਿਕ ਪ੍ਰੀਖਿਆ ਵਿੱਚ ਮੈਰਿਟ 'ਚ ਆਏ ੩੧੦੦ ਵਿਦਿਆਰਥੀਆਂ ਨੂੰ ਦਰਜੇ ਅਨਸਾਰ ੧੧੦੦, ੨੧੦੦, ੩੧੦੦, ੪੧੦੦ ਦੇ ਵਜ਼ੀਫਾ ਰਾਸ਼ੀ ਦਿੱਤੀ ਗਈ ਹੈ। ਸਮਾਗਮ ਦੌਰਾਨ ਪੱਤਰ ਵਿਹਾਰ ਕੋਰਸ ਅਤੇ ਧਾਰਮਿਕ ਪ੍ਰੀਖਿਆ 'ਚ ਦਰਜਾ ਪਹਿਲਾਂ ਤੋਂ ਚੌਥਾ ਵਿੱਚ ਪਹਿਲਾ, ਦੂਜਾ, ਤੀਜਾ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਪੱਤਰ ਵਿਹਾਰ ਕੋਰਸ ਵਿੱਚ ਮੈਰਿਟ ਪ੍ਰਾਪਤ ਕਰਨ ਵਾਲੇ ਸ. ਬਲਜਿੰਦਰ ਸਿੰਘ, ਸ. ਹਿੰਮਤ ਸਿੰਘ, ਸਰਧਾ ਕੌਰ ਅਤੇ ਧਾਰਮਿਕ ਪ੍ਰੀਖਿਆ ਦਰਜਾ ਪਹਿਲਾ ਦੇ ਜੈਸਮੀਨ ਕੌਰ, ਅੰਮ੍ਰਿਤ ਕੁਮਾਰ, ਜਸਕਿਰਨ ਕੌਰ, ਦਰਜਾ ਦੂਜਾ ਦੇ ਹਰਲੀਨ ਕੌਰ, ਸੁਖਪ੍ਰੀਤ ਕੌਰ, ਲਵਪ੍ਰੀਤ ਸੰਧੂ, ਦਰਜਾ ਤੀਜਾ ਦੇ ਜਗਮੀਤ ਸਿੰਘ, ਮਨਜੀਤ ਕੌਰ, ਫਿਲਪਸ, ਹਰਪਾਲ ਸਿੰਘ, ਦਰਜਾ ਚੌਥਾ ਦੇ ਸਰਬਜੀਤ ਕੌਰ, ਮਨਦੀਪ ਕੌਰ, ਅਮਨਦੀਪ ਕੌਰ, ਸ਼ੁਭਪ੍ਰੀਤ ਕੌਰ, ਰਮਨਦੀਪ ਕੌਰ ਨੂੰ ਪੁਸਤਕਾਂ ਤੇ ਵਜ਼ੀਫਾ ਰਾਸ਼ੀ ਨਾਲ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਡਾ. ਰਣਜੀਤ ਕੌਰ ਪੰਨਵਾਂ ਇੰਚਾਰਜ ਧਾਰਮਿਕ ਪ੍ਰੀਖਿਆ ਬ੍ਰਾਂਚ, ਸ. ਜਸਬੀਰ ਸਿੰਘ, ਸ. ਜਗਜੀਤ ਸਿੰਘ, ਸ. ਨਰਿੰਦਰ ਸਿੰਘ, ਸ. ਚਰਨ ਸਿੰਘ, ਸ. ਰਛਪਾਲ ਸਿੰਘ, ਸ. ਚਮਕੌਰ ਸਿੰਘ, ਸ. ਨਵਜੋਤ ਸਿੰਘ, ਸ. ਗੁਰਬਿੰਦਰ ਸਿੰਘ, ਸ. ਹਰਪ੍ਰੀਤ ਸਿੰਘ ਆਦਿ ਧਾਰਮਿਕ ਪ੍ਰੀਖਿਆ ਬ੍ਰਾਂਚ ਦਾ ਸਟਾਫ ਅਤੇ ਵੱਖ-ਵੱਖ ਸਕੂਲਾਂ ਦੇ ਧਾਰਮਿਕ ਅਧਿਆਪਕ ਸਾਹਿਬਾਨ ਹਾਜ਼ਰ ਸਨ। ੨੫ ਅਕਤੂਬਰ

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ:

-ਅਸਾਮ ਤੋਂ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ ਗੁਰਦੁਆਰਾ ਰਕਾਬ ਗੰਜ ਸਾਹਿਬ ਦਿੱਲੀ ਤੋਂ ਅੱਗੇ ਰਵਾਨਾ

-ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਜਥੇਦਾਰ ਕੁਲਦੀਪ ਸਿੰਘ ਗੜਗੱਜ, ਸ. ਪਰਮਜੀਤ ਸਿੰਘ ਸਰਨਾ ਤੇ ਸ. ਮਨਜੀਤ ਸਿੰਘ ਜੀਕੇ ਸਮੇਤ ਪ੍ਰਮੁੱਖ ਸ਼ਖ਼ਸੀਅਤਾਂ ਨੇ ਕੀਤੀ ਸ਼ਮੂਲੀਅਤ

-ਸ਼੍ਰੋਮਣੀ ਕਮੇਟੀ ਵੱਲੋਂ ਸ਼ਹੀਦੀ ਨਗਰ ਕੀਰਤਨ ਸਜਾਉਣ ਦਾ ਮੰਤਵ ਗੁਰੂ ਸਾਹਿਬ ਦੀ ਸ਼ਹਾਦਤ ਦੇ ਸੰਕਲਪ ਨੂੰ ਦੁਨੀਆਂ ਤੱਕ ਪਹੁੰਚਾਉਣਾ -ਐਡਵੋਕੇਟ ਧਾਮੀ

ਅੰਮ੍ਰਿਤਸਰ-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ ੩੫੦

ਸਾਲਾ ਸ਼ਤਾਬਦੀ ਦੇ ਸਬੰਧ ਵਿਚ ਸ਼੍ਰੋਮਣੀ ਕਮੇਟੀ ਵੱਲੋਂ ਆਸਾਮ ਤੋਂ ਸ਼ੁਰੂ ਕੀਤੇ ਗਏ ਦੇਸ਼ ਪੱਧਰੀ ਸ਼ਹੀਦੀ ਨਗਰ ਕੀਰਤਨ ਦਾ ਦੇਸ਼ ਦੀ ਰਾਜਧਾਨੀ ਦਿੱਲੀ ਵਿਖੇ ਲੰਘੇ ਪੰਜ ਦਿਨ ਵੱਖ ਵੱਖ ਥਾਵਾਂ ਉਤੇ ਸੰਗਤ ਨੇ ਭਰਵਾਂ ਸਵਾਗਤ ਕੀਤਾ। ਇਹ ਨਗਰ ਕੀਰਤਨ ਕਈ ਸੂਬਿਆਂ ਵਿਚੋਂ ਲੰਘਣ ਬਾਅਦ ੨੨ ਅਕਤੂਬਰ ਨੂੰ ਦਿੱਲੀ ਪੁੱਜਿਆ ਸੀ ਅਤੇ ਉਸ ਤੋਂ ਬਾਅਦ ੪ ਦਿਨ ਸ਼ਹਿਰ ਦੇ ਵੱਖ ਵੱਖ ਹਿੱਸਿਆਂ ਵਿਚ ਸੰਗਤ ਨੂੰ ਦਰਸ਼ਨ ਦੇਣ ਉਪਰੰਤ ਅੱਜ ਗੁਰਦੁਆਰਾ ਸ੍ਰੀ ਰਕਾਬ ਗੰਜ ਸਾਹਿਬ ਤੋਂ ਅੱਗੇ ਰਵਾਨਾ ਹੋਇਆ।

ਦਿੱਲੀ ਵਿਖੇ ਅੱਜ ਨਗਰ ਕੀਰਤਨ ਵਿਚ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਪ੍ਰਧਾਨ ਸ. ਪਰਮਜੀਤ ਸਿੰਘ ਸਰਨਾ ਅਤੇ ਦਿੱਲੀ ਕਮੇਟੀ ਦੇ ਸਾਬਕਾ ਪ੍ਰਧਾਨ ਸ. ਮਨਜੀਤ ਸਿੰਘ ਜੀਕੇ ਸਮੇਤ ਪ੍ਰਮੁੱਖ ਸਖਸ਼ੀਅਤਾਂ ਨੇ ਵਿਸ਼ੇਸ਼ ਤੌਰ ਤੇ ਸ਼ਮੂਲੀਅਤ ਕੀਤੀ।

ਗੁਰਦੁਆਰਾ ਸ੍ਰੀ ਰਕਾਬ ਗੰਜ ਸਾਹਿਬ ਤੋਂ ਰਵਾਨਗੀ ਸਮੇਂ ਸਜੇ ਸਮਾਗਮ ਵਿਚ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸੰਬੋਧਨ ਕਰਦਿਆਂ ਕਿਹਾ ਕਿ ਨੌਵੇਂ ਪਾਤਸ਼ਾਹ ਜੀ ਦੇ ਸ਼ਹੀਦੀ ਸਾਕੇ ਦੀ ਸ਼ਤਾਬਦੀ ਨੂੰ ਸਮਰਪਿਤ ਇਹ ਨਗਰ ਕੀਰਤਨ ਜਿਵੇਂ ਜਿਵੇਂ ਪੜਾਅ ਦਰ ਪੜਾਅ ਅੱਗੇ ਵਧ ਰਿਹਾ ਹੈ, ਉਵੇਂ ਹੀ ਸੰਗਤਾਂ ਦੇ ਉਤਸ਼ਾਹ ਵਿਚ ਵੀ ਵਾਧਾ ਹੋ ਰਿਹਾ ਹੈ। ਦੇਸ਼ ਦੀ ਰਾਜਧਾਨੀ ਦਿੱਲੀ ਵਿਚ ਜਿਵੇਂ ਸੰਗਤਾਂ ਨੇ ਨਗਰ ਕੀਰਤਨ ਦਾ ਸਵਾਗਤ ਕੀਤਾ ਇਹ ਉਨ੍ਹਾਂ ਦਾ ਗੁਰੂ ਸਾਹਿਬ ਪ੍ਰਤੀ ਸਨਮਾਨ ਤੇ ਸਮਰਪਣ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਦਾ ਮਕਸਦ ਗੁਰੂ ਸਾਹਿਬ ਦੀ ਸ਼ਹਾਦਤ ਦੇ ਸੰਕਲਪ ਨੂੰ ਦੁਨੀਆਂ ਤੱਕ ਪਹੁੰਚਾਉਣਾ ਸੀ ਅਤੇ ਇਸ ਨਗਰ ਕੀਰਤਨ ਜ਼ਰੀਏ ਉਸ ਵਿਚ ਸਫਲਤਾ ਮਿਲੀ ਹੈ। ਉਨ੍ਹਾਂ ਕਿਹਾ ਕਿ ਜਿਥੇ ਸਿੱਖ ਸੰਗਤਾਂ ਨਗਰ ਕੀਰਤਨ ਦਾ ਹਿੱਸਾ ਬਣ ਰਹੀਆਂ ਹਨ ਉਥੇ ਦੂਸਰੇ ਧਰਮਾਂ ਦੇ ਲੋਕ ਵੀ ਗੁਰੂ ਸਾਹਿਬ ਪ੍ਰਤੀ ਸਤਿਕਾਰ ਪ੍ਰਗਟਾ ਰਹੇ ਹਨ। ਉਨ੍ਹਾਂ ਸਾਰੇ ਧਰਮਾਂ ਦੇ ਲੋਕਾਂ ਨੂੰ ਨਵੰਬਰ ਮਹੀਨੇ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋ ਰਹੇ ਸ਼ਹੀਦੀ ਸ਼ਤਾਬਦੀ ਦੇ ਸਮਾਗਮਾਂ ਵਿੱਚ ਸਮੂਲੀਅਤ ਕਰਨ ਦੀ ਅਪੀਲ ਵੀ ਕੀਤੀ।

ਇਸ ਮੌਕੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਦੇ ਇਸ ਉਪਰਾਲੇ ਨਾਲ ਗੁਰੂ ਇਤਿਹਾਸ ਦਾ ਸੰਦੇਸ਼ ਪੂਰੀ ਭਰ ਦੁਨੀਆ ਵਿਚ ਗਿਆ ਹੈ। ਉਨ੍ਹਾਂ ਕਿਹਾ ਕਿ ਨੌਵੇਂ ਪਾਤਸ਼ਾਹ ਜੀ ਨੇ ਦੂਸਰਿਆਂ ਦੇ ਧਰਮ ਦੀ ਰੱਖਿਆ ਲਈ ਸ਼ਹਾਦਤ ਦੇ ਕੇ ਜੋ ਇਤਿਹਾਸ ਸਿਰਜਿਆ ਉਸ ਦੀ ਮਿਸਾਲ ਹੋਰ ਕਿਧਰੇ ਨਹੀਂ ਮਿਲਦੀ। ਉਨ੍ਹਾਂ ਕਿਹਾ ਕਿ ਨਗਰ ਕੀਰਤਨ ਦੇ ਸਵਾਗਤ ਲਈ ਰਾਜਧਾਨੀ ਵਿਚ ਸੰਗਤਾਂ ਦਾ ਵੱਡਾ ਇਕੱਠ ਇਹ ਦਰਸਾਉਂਦਾ ਹੈ ਕਿ ਦਿੱਲੀ ਅੰਦਰ ਸਿੱਖੀ ਦਾ ਅੱਜ ਵੀ ਬੋਲਬਾਲਾ ਹੈ। ਵੱਖ ਵੱਖ ਮੰਦਰਾਂ ਦੇ ਪ੍ਰਬੰਧਕਾਂ ਵੱਲੋਂ ਨਗਰ ਕੀਰਤਨ ਦੇ ਸਵਾਗਤ ਦੀ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਅਜਿਹੀ ਭਾਈਚਾਰਕ ਸਾਂਝ ਹਮੇਸ਼ਾ ਬਣੀ ਰਹੇਗੀ।

ਗੁਰਦੁਆਰਾ ਸਾਹਿਬ ਵਿਖੇ ਸਜੇ ਧਾਰਮਿਕ ਦੀਵਾਨ 'ਚ ਸ੍ਰੀ ਦਰਬਾਰ ਸਾਹਿਬ ਦੇ ਹਜੂਰੀ ਰਾਗੀ ਜਥੇ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਬਲਜੀਤ ਸਿੰਘ ਨੇ ਵੀ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਦੇ ਇਤਿਹਾਸ ਨੂੰ ਸੰਗਤਾਂ ਨਾਲ ਸਾਂਝਾ ਕੀਤਾ।

ਇਸ ਮੌਕੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਸ. ਪਰਮਜੀਤ ਸਿੰਘ ਸਰਨਾ ਤੇ ਸ. ਮਨਜੀਤ ਸਿੰਘ ਜੀਕੇ, ਸ਼੍ਰੋਮਣੀ ਕਮੇਟੀ ਮੈਂਬਰ ਸ. ਗੁਰਮਿੰਦਰ ਸਿੰਘ ਮਠਾਰੂ, ਸ. ਹਰਮਨਜੀਤ

ਸਿੰਘ, ਓਐਸਡੀ ਸ. ਸਤਬੀਰ ਸਿੰਘ ਧਾਮੀ, ਸ. ਅੰਮ੍ਰਿਤਪਾਲ ਸਿੰਘ ਕੁਲਾਰ, ਮੀਤ ਸਕੱਤਰ ਸ. ਸੁਖਬੀਰ ਸਿੰਘ, ਰਾਜਸਥਾਨ ਦੇ ਸਿੱਖ ਆਗੂ ਸ. ਤੇਜਿੰਦਰਪਾਲ ਸਿੰਘ ਟਿੰਮਾ, ਵਧੀਕ ਮੈਨੇਜਰ ਸ. ਜਸਬੀਰ ਸਿੰਘ, ਸ. ਕਰਤਾਰ ਸਿੰਘ ਚਾਵਲਾ, ਸ. ਜਤਿੰਦਰ ਸਿੰਘ ਸੋਨੂੰ, ਸ. ਕੁਲਵਿੰਦਰ ਸਿੰਘ, ਸ. ਤਰਜੀਤ ਸਿੰਘ ਨਾਗੀ, ਸ. ਹਰਭਜਨ ਸਿੰਘ ਭੱਲਾ, ਸ. ਗੁਰਮੀਤ ਸਿੰਘ ਕੋਹਲੀ, ਸ. ਹਰਦੀਪ ਸਿੰਘ, ਸ. ਗਗਨਦੀਪ ਸਿੰਘ, ਸ. ਮਹਿੰਦਰ ਸਿੰਘ, ਸ. ਜਗਜੀਤ ਸਿੰਘ, ਸ. ਹਰਵਿੰਦਰ ਸਿੰਘ ਕਬੂਲਨਗਰ, ਸ. ਇਕਬਾਲ ਸਿੰਘ ਮੰਡੋਲੀ, ਸ. ਅਮਰਪ੍ਰੀਤ ਸਿੰਘ ਸੰਨੀ, ਬੀਬੀ ਜਸਬੀਰ ਕੌਰ, ਸ. ਪ੍ਰਨੀਤ ਸਿੰਘ ਰੇਖੀ, ਸ. ਇੰਦਰਪਾਲ ਸਿੰਘ, ਸ. ਕਰਮਜੀਤ ਸਿੰਘ, ਸ. ਅਮਨ ਸਿੰਘ ਭਾਟੀਆ, ਸਿੱਖ ਮਿਸ਼ਨ ਦਿੱਲੀ ਦੇ ਇੰਚਾਰਜ ਸ. ਮਨਵੀਤ ਸਿੰਘ ਸਮੇਤ ਵੱਡੀ ਗਿਣਤੀ ਸੰਗਤਾਂ ਹਾਜ਼ਰ ਸਨ। ੨੬ ਅਕਤੂਬਰ

ਪੰਜਾਬ ਯੂਨੀਵਰਸਿਟੀ ਵੱਲੋਂ ਨੌਵੇਂ ਪਾਤਸ਼ਾਹ ਦੀ ਸ਼ਹੀਦੀ ਸ਼ਤਾਬਦੀ ਸਬੰਧੀ ਸੈਮੀਨਾਰ ਰੋਕਣ ਦੀ ਹਰਕਤ ਨਿੰਦਣਯੋਗ- ਐਡਵੋਕੇਟ ਧਾਮੀ

ਅੰਮ੍ਰਿਤਸਰ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਵੱਲੋਂ ਵਿਦਿਆਰਥੀ ਜਥੇਬੰਦੀ ਸੱਥ ਦੇ ਯੂਨੀਵਰਸਿਟੀ ਵਿਖੇ ਕਰਵਾਏ ਜਾ ਰਹੇ ਸੈਮੀਨਾਰ ਨੂੰ ਰੋਕਣ ਦੀ ਹਰਕਤ ਦਾ ਨੋਟਿਸ ਲੈਂਦਿਆਂ ਇਸ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ।

ਐਡਵੋਕੇਟ ਧਾਮੀ ਨੇ ਜਾਰੀ ਬਿਆਨ ਵਿੱਚ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹੀਦੀ ਦੀ ੩੫੦ਵੀਂ ਸ਼ਤਾਬਦੀ ਨੂੰ ਸਮਰਪਿਤ ਸੈਮੀਨਾਰ ਨਾ ਕਰਨ ਦੇਣਾ ਸਿੱਖੀ ਵਿਰੋਧੀ ਕਾਰਵਾਈ ਅਤੇ ਵਿਚਾਰਾਂ ਦੀ ਅਜ਼ਾਦੀ ਉੱਤੇ ਸਿੱਧਾ ਹਮਲਾ ਹੈ। ਇਹ ਬਹੁਤ ਹੀ ਦੁਖਦਾਈ ਤੇ ਚਿੰਤਾਜਨਕ ਗੱਲ ਹੈ ਕਿ ਪੰਜਾਬ ਦੀ ਧਰਤੀ ਉੱਤੇ ਬਣੀ ਪੰਜਾਬ ਯੂਨੀਵਰਸਿਟੀ ਵਿੱਚ ਸਿੱਖ ਵਿਦਵਾਨਾਂ ਅਤੇ ਵਿਚਾਰਕਾਂ ਦੀ ਆਵਾਜ਼ ਨੂੰ ਦਬਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਐਡਵੋਕੇਟ ਧਾਮੀ ਨੇ ਆਖਿਆ ਕਿ ਜਦੋਂ ਸਿੱਖ ਕੌਮ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਦੀ ਸ਼ਹਾਦਤ ਦੀ ੩੫੦ਵੀਂ ਸ਼ਤਾਬਦੀ ਮਨਾ ਰਹੀ ਹੈ ਤਾਂ ਹਰ ਜਥੇਬੰਦੀ ਗੁਰੂ ਸਾਹਿਬ ਪ੍ਰਤੀ ਸ਼ਰਧਾ ਵਿਅਕਤ ਕਰਦਿਆਂ ਸਮਾਗਮ ਤੇ ਸੈਮੀਨਾਰ ਕਰਵਾ ਰਹੀ ਹੈ। ਚਾਹੀਦਾ ਤਾਂ ਇਹ ਹੈ ਕਿ ਯੂਨੀਵਰਸਿਟੀ ਪ੍ਰਬੰਧਕ ਆਪ ਇਸ ਸੈਮੀਨਾਰ ਲਈ ਲੋੜੀਂਦੇ ਪ੍ਰਬੰਧ ਕਰਦੇ ਪਰ ਇਸਦੇ ਉਲਟ ਸਿੱਖ ਜਥੇਬੰਦੀਆਂ ਨੂੰ ਵੀ ਗੁਰੂ ਸਾਹਿਬ ਨੂੰ ਸ਼ਰਧਾ ਭੇਟ ਕਰਨ ਤੋਂ ਰੋਕਿਆ ਜਾ ਰਿਹਾ ਹੈ।

ਐਡਵੋਕੇਟ ਧਾਮੀ ਨੇ ਕਿਹਾ ਕਿ ਯੂਨੀਵਰਸਿਟੀ ਪ੍ਰਸ਼ਾਸਨ ਵੱਲੋਂ ਸਿੱਖ ਵਿਦਵਾਨਾਂ ਉੱਤੇ ਇਤਰਾਜ ਕਰਕੇ ਸੈਮੀਨਾਰ ਰੱਦ ਕਰਨਾ ਪੂਰੀ ਤਰ੍ਹਾਂ ਤਰਕਹੀਣ ਤੇ ਪੱਖਪਾਤੀ ਰਵੱਈਆ ਹੈ। ਇਹ ਹਰਕਤ ਸਿੱਖਾਂ ਨੂੰ ਮਾਨਸਿਕ ਪੀੜਾ ਦੇਣ ਵਾਲੀ ਹੈ।

ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਯੂਨੀਵਰਸਿਟੀ ਦੇ ਉਪ-ਕੁਲਪਤੀ ਅਤੇ ਡੀਨ ਵਿਦਿਆਰਥੀ ਭਲਾਈ ਤੋਂ ਇਸ ਮਾਮਲੇ ਵਿੱਚ ਸਪਸ਼ਟੀਕਰਨ ਦੀ ਮੰਗ ਕਰਦਿਆਂ ਕੇਂਦਰ ਸਰਕਾਰ ਅਤੇ ਪੰਜਾਬ ਸਰਕਾਰ ਨੂੰ ਕਿਹਾ ਕਿ ਉਹ ਇਸ ਨੂੰ ਪ੍ਰਮੁੱਖਤਾ ਨਾਲ ਲੈਣ ਅਤੇ ਦੋਸ਼ੀਆਂ ਵਿਰੁੱਧ ਸਖਤ ਕਾਰਵਾਈ ਕਰਨ।

ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ ਦੇ ਪ੍ਰਚਾਰ-ਪ੍ਰਸਾਰ ਲਈ ਵਚਨਬੱਧ ਹੈ ਤੇ ਕਿਸੇ ਵੀ ਸੰਸਥਾ ਵੱਲੋਂ ਸਿੱਖ ਪਹਿਚਾਣ ਜਾਂ ਵਿਚਾਰਾਂ ਨੂੰ ਦਬਾਉਣ ਦੀ ਕੋਸ਼ਿਸ਼ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਇਸ ਮਾਮਲੇ ਵਿਚ ਸ਼੍ਰੋਮਣੀ ਕਮੇਟੀ ਆਪਣੇ ਪੱਧਰ 'ਤੇ ਜਾਂਚ ਕਰਵਾ ਕੇ ਕਾਰਵਾਈ ਕਰੇਗੀ। ੨੭ ਅਕਤੂਬਰ

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ:

ਅਸਾਮ ਤੋਂ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ ਫ਼ਤਿਹ ਨਗਰ ਦਿੱਲੀ ਤੋਂ ਅਗਲੇ ਪੜਾਅ ਗੁਰਦੁਆਰਾ ਸੀਸ ਗੰਜ ਸਾਹਿਬ ਤਰਾਵੜੀ ਹਰਿਆਣਾ ਲਈ ਰਵਾਨਾ

ਅੰਮ੍ਰਿਤਸਰ-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦਾ ੩੫੦ ਸਾਲਾ ਸ਼ਹੀਦੀ ਨਗਰ ਕੀਰਤਨ ਅੱਜ ਗੁਰਦੁਆਰਾ ਬਾਬਾ ਜ਼ੋਰਾਵਰ ਸਿੰਘ, ਬਾਬਾ ਫ਼ਤਿਹ ਸਿੰਘ ਦਿੱਲੀ ਤੋਂ ਸੰਗਤਾਂ ਦੀ ਹਾਜ਼ਰੀ 'ਚ ਅਗਲੇ ਪੜਾਅ ਗੁਰਦੁਆਰਾ ਸੀਸ ਗੰਜ ਸਾਹਿਬ ਤਰਾਵੜੀ ਹਰਿਆਣਾ ਲਈ ਰਵਾਨਾ ਹੋਇਆ।

ਨਗਰ ਕੀਰਤਨ ਦੀ ਰਵਾਨਗੀ ਤੋਂ ਪਹਿਲਾਂ ਗੁਰਦੁਆਰਾ ਸਾਹਿਬ ਵਿਖੇ ਸਜੇ ਧਾਰਮਿਕ ਦੀਵਾਨ 'ਚ ਸ੍ਰੀ ਦਰਬਾਰ ਸਾਹਿਬ ਦੇ ਹਜ਼ੂਰੀ ਰਾਗੀ ਜਥੇ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਬਲਜੀਤ ਸਿੰਘ ਨੇ ਕਥਾ ਵਿਚਾਰਾਂ ਕਰਦਿਆਂ ਸੰਗਤਾਂ ਨਾਲ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਦੇ ਇਤਿਹਾਸ ਦੀ ਸਾਂਝ ਪਾਈ। ਨਗਰ ਕੀਰਤਨ ਦੀ ਰਵਾਨਗੀ ਮੌਕੇ ਗੁਰਦੁਆਰਾ ਸਾਹਿਬ ਦੇ ਪ੍ਰਬੰਧਕਾਂ ਨੇ ਪੰਜ ਪਿਆਰੇ ਸਾਹਿਬਾਨ ਅਤੇ ਹਾਜ਼ਰ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਿਰੋਪਾਓ ਦਿੱਤੇ। ਅੱਜ ਇਹ ਨਗਰ ਕੀਰਤਨ ਹਰਿਆਣੇ 'ਚ ਦਾਖ਼ਲ ਹੋਇਆ, ਜਿਥੇ ਸੰਗਤਾਂ ਵੱਲੋਂ ਖ਼ਾਲਸਈ ਜਾਹੋ-ਜਲਾਲ ਨਾਲ ਸਵਾਗਤ ਕੀਤਾ ਗਿਆ।

ਇਸ ਮੌਕੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਸ. ਪਰਮਜੀਤ ਸਿੰਘ ਸਰਨਾ, ਸ਼੍ਰੋਮਣੀ ਕਮੇਟੀ ਮੈਂਬਰ ਸ. ਗੁਰਮਿੰਦਰ ਸਿੰਘ ਮਠਾਰੂ, ਸ. ਹਰਮਨਜੀਤ ਸਿੰਘ, ਮੀਤ ਸਕੱਤਰ ਸ. ਸੁਖਬੀਰ ਸਿੰਘ, ਵਧੀਕ ਮੈਨੇਜਰ ਸ. ਜਸਬੀਰ ਸਿੰਘ, ਸ. ਜਤਿੰਦਰ ਸਿੰਘ ਸੋਨੂੰ, ਸ. ਰਮਨਦੀਪ ਸਿੰਘ, ਸ. ਕਰਤਾਰ ਸਿੰਘ ਚਾਵਲਾ, ਸ. ਜਗਮੋਹਨ ਸਿੰਘ ਅਨੰਦ, ਸ. ਤਰਵਿੰਦਰਪਾਲ ਸਿੰਘ, ਸ. ਮਨਮੋਹਨ ਸਿੰਘ, ਸ. ਦਵਿੰਦਰ ਸਿੰਘ ਭਸੀਨ, ਸ. ਗੁਰਮੀਤ ਸਿੰਘ ਜੱਗੀ, ਸ. ਰਮਿੰਦਰਪਾਲ ਸਿੰਘ ਬਖ਼ਸ਼ੀ, ਸੁਪਰਵਾਈਜ਼ਰ ਸ. ਦਰਸ਼ਨ ਸਿੰਘ, ਸ. ਭੁਪਿੰਦਰ ਸਿੰਘ, ਸ. ਮੋਹਨਦੀਪ ਸਿੰਘ, ਸਿੱਖ ਮਿਸ਼ਨ ਦਿੱਲੀ ਦੇ ਇੰਚਾਰਜ ਸ. ਮਨਵੀਤ ਸਿੰਘ ਸਮੇਤ ਵੱਡੀ ਗਿਣਤੀ ਸੰਗਤਾਂ ਹਾਜ਼ਰ ਸਨ। ੨੭ ਅਕਤੂਬਰ

ਸ਼ਹੀਦੀ ਸ਼ਤਾਬਦੀ ਸਬੰਧੀ ਮਟਨ ਕਸ਼ਮੀਰ ਤੋਂ ਨਗਰ ਕੀਰਤਨ ਸਜਾਉਣ ਸਬੰਧੀ ਭਲਕੇ ਜੰਮੂ ਕਸ਼ਮੀਰ ਦੇ ਗਵਰਨਰ ਨਾਲ ਕਰਾਂਗੇ ਮੁਲਾਕਾਤ- ਐਡਵੋਕੇਟ ਧਾਮੀ

-ਲਖਨਪੁਰ ਜੰਮੂ ਵਿਖੇ ਗੁਰਦੁਆਰਾ ਗੁਰੂ ਨਾਨਕ ਮਿਸ਼ਨ ਦਾ ਨਵਾਂ ਦਰਬਾਰ ਹਾਲ ਸੰਗਤ ਅਰਪਣ

-ਐਡਵੋਕੇਟ ਧਾਮੀ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਰਹੀਆਂ ਮੌਜੂਦ

ਅੰਮ੍ਰਿਤਸਰ-ਜੰਮੂ ਸਥਿਤ ਲਖਨਪੁਰ ਵਿਖੇ ਗੁਰਦੁਆਰਾ ਗੁਰੂ ਨਾਨਕ ਮਿਸ਼ਨ ਦੇ ਨਵੇਂ ਦਰਬਾਰ ਹਾਲ ਦੀ ਸੇਵਾ ਮੁਕੰਮਲ ਹੋਣ 'ਤੇ ਅੱਜ ਵਿਸ਼ੇਸ਼ ਸਮਾਗਮ ਦੌਰਾਨ ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਪ੍ਰਕਾਸ਼ ਕਰਕੇ

ਸੰਗਤ ਅਰਪਣ ਕੀਤਾ ਗਿਆ। ਇਸ ਮੌਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਸੁਸ਼ੋਭਿਤ ਕਰਨ ਦੀ ਸੇਵਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਨਿਭਾਈ। ਸ਼੍ਰੋਮਣੀ ਕਮੇਟੀ ਵੱਲੋਂ ਇਸ ਕਾਰਜ ਦੀ ਸੇਵਾ ਬਾਬਾ ਜਗਤਾਰ ਸਿੰਘ ਤੇ ਬਾਬਾ ਮਹਿੰਦਰ ਸਿੰਘ ਕਾਰਸੇਵਾ ਤਰਨ ਤਾਰਨ ਵਾਲਿਆ ਨੂੰ ਸੌਂਪੀ ਗਈ ਸੀ।

ਇਸ ਮੌਕੇ ਇਕੱਤਰ ਸੰਗਤਾਂ ਨੂੰ ਸੰਬੋਧਨ ਕਰਦਿਆਂ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸਿੱਖ ਜਗਤ ਵੱਲੋਂ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹੀਦੀ ਸ਼ਤਾਬਦੀ ਇਸੇ ਸਾਲ ਨਵੰਬਰ ਮਹੀਨੇ ਮਨਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਕਸ਼ਮੀਰੀ ਪੰਡਤਾਂ ਵੱਲੋਂ ਸ੍ਰੀ ਅਨੰਦਪੁਰ ਸਾਹਿਬ ਪਹੁੰਚ ਕੇ ਕੀਤੀ ਫ਼ਰਿਆਦ ਮਗਰੋਂ ਨੌਵੇਂ ਪਾਤਸ਼ਾਹ ਜੀ ਨੇ ਧਰਮ ਦੀ ਰੱਖਿਆ ਲਈ ਸ਼ਹਾਦਤ ਦਿੱਤੀ। ਉਨ੍ਹਾਂ ਦੀ ਸ਼ਹੀਦੀ ਸ਼ਤਾਬਦੀ ਮੌਕੇ ਕਸ਼ਮੀਰ ਤੋਂ ਸ੍ਰੀ ਅਨੰਦਪੁਰ ਸਾਹਿਬ ਤੱਕ ਸਜਾਇਆ ਜਾਣ ਵਾਲਾ ਨਗਰ ਕੀਰਤਨ ਇਤਿਹਾਸਕ ਹੋਵੇਗਾ, ਜੋ ਸੰਗਤਾਂ ਨੂੰ ਨੌਵੇਂ ਪਾਤਸ਼ਾਹ ਜੀ ਦੀ ਸ਼ਹਾਦਤ ਦੇ ਸੰਕਲਪ ਦੇ ਰੂਬਰੂ ਕਰੇਗਾ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਇਹ ਇਤਿਹਾਸਕ ਨਗਰ ਕੀਰਤਨ ਜੰਮੂ ਕਸ਼ਮੀਰ ਦੀਆਂ ਸਿੱਖ ਸੰਸਥਾਵਾਂ ਅਤੇ ਸੰਗਤਾਂ ਦੇ ਸਹਿਯੋਗ ਨਾਲ ਸਜਾਇਆ ਜਾ ਰਿਹਾ ਹੈ।

ਐਡਵੋਕੇਟ ਧਾਮੀ ਨੇ ਕਿਹਾ ਕਿ ਇਸ ਸਬੰਧ ਵਿਚ ਭਲਕੇ ੨੯ ਅਕਤੂਬਰ ਨੂੰ ਜੰਮੂ ਕਸ਼ਮੀਰ ਦੇ ਗਵਰਨਰ ਨਾਲ ਮੁਲਾਕਾਤ ਕੀਤੀ ਜਾਵੇਗੀ। ਇਸ ਮੁਲਾਕਾਤ ਸਮੇਂ ਨਗਰ ਕੀਰਤਨ ਦੀਆਂ ਤਰੀਕਾਂ ਨਿਰਧਾਰਤ ਕਰਨ ਦੇ ਨਾਲ-ਨਾਲ ਸਮੁੱਚੇ ਪ੍ਰਬੰਧਾਂ ਦੀ ਰੂਪ-ਰੇਖਾ ਉਲੀਕੀ ਜਾਵੇਗੀ। ਐਡਵੋਕੇਟ ਧਾਮੀ ਨੇ ਜੰਮੂ ਕਸ਼ਮੀਰ ਦੀਆਂ ਸਮੂਹ ਸਿੱਖ ਸੰਸਥਾਵਾਂ ਅਤੇ ਸੰਗਤਾਂ ਨੂੰ ਜਿਥੇ ਨਗਰ ਕੀਰਤਨ ਵਿਚ ਸ਼ਾਮਲ ਹੋਣ ਦੀ ਅਪੀਲ ਕੀਤੀ, ਉਥੇ ਹੀ ੨੩ ਤੋਂ ੨੯ ਨਵੰਬਰ ਤੱਕ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋਣ ਵਾਲੇ ਸ਼ਤਾਬਦੀ ਸਮਾਗਮਾਂ ਵਿਚ ਸ਼ਾਮਲ ਹੋਣ ਦਾ ਵੀ ਸੱਦਾ ਦਿੱਤਾ।

ਇਸ ਤੋਂ ਪਹਿਲਾਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਜਥੇ ਵੱਲੋਂ ਗੁਰਬਾਣੀ ਕੀਰਤਨ ਕੀਤਾ ਗਿਆ ਅਤੇ ਅਰਦਾਸ ਭਾਈ ਪ੍ਰੇਮ ਸਿੰਘ ਨੇ ਕੀਤੀ। ਇਸੇ ਦੌਰਾਨ ਸ਼੍ਰੋਮਣੀ ਕਮੇਟੀ ਪ੍ਰਧਾਨ ਵੱਲੋਂ ਕਾਰਸੇਵਾ ਤਰਨ ਤਾਰਨ ਵਾਲੇ ਬਾਬਾ ਜਗਤਾਰ ਸਿੰਘ ਤੇ ਬਾਬਾ ਮਹਿੰਦਰ ਸਿੰਘ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ।

ਸਮਾਗਮ 'ਚ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਸਮੇਤ ਬਾਬਾ ਜਗਤਾਰ ਸਿੰਘ ਤੇ ਬਾਬਾ ਮਹਿੰਦਰ ਸਿੰਘ ਕਾਰਸੇਵਾ ਤਰਨ ਤਾਰਨ ਵਾਲੇ, ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਸ. ਸੁਖਵਰਸ਼ ਸਿੰਘ ਪੰਨੂ, ਸੀਨੀਅਰ ਅਕਾਲੀ ਆਗੂ ਜਥੇਦਾਰ ਸੁੱਚਾ ਸਿੰਘ ਲੰਗਾਹ, ਸ. ਨਰਿੰਦਰ ਸਿੰਘ ਬਾੜਾ, ਓਐਸਡੀ ਸ. ਸਤਬੀਰ ਸਿੰਘ ਧਾਮੀ, ਨਿੱਜੀ ਸਕੱਤਰ ਸ. ਸ਼ਾਹਬਾਜ ਸਿੰਘ, ਮੀਤ ਸਕੱਤਰ ਸ. ਹਰਭਜਨ ਸਿੰਘ ਵਕਤਾ, ਸ. ਜਤਿੰਦਰਪਾਲ ਸਿੰਘ ਐਕਸੀਅਨ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਸਤਨਾਮ ਸਿੰਘ ਰਿਆੜ, ਜ਼ਿਲ੍ਹਾ ਗੁਰਦੁਆਰਾ ਕਮੇਟੀ ਦੇ ਪ੍ਰਧਾਨ ਸ. ਭੋਲਾ ਸਿੰਘ, ਸ. ਨਿਰਮਲ ਸਿੰਘ ਕਰਤਾਰ ਪਬਲਿਕ ਸਕੂਲ, ਸ. ਨਵਜੋਤ ਸਿੰਘ ਪ੍ਰਧਾਨ ਨੌਜਵਾਨ ਸਭਾ, ਸ. ਸੁਖਦੇਵ ਸਿੰਘ ਸਮਾਜ ਸੇਵੀ, ਸ. ਗੁਰਦੀਪ ਸਿੰਘ ਲੱਛੀਪੁਰ, ਗੁਰਦੁਆਰਾ ਸ੍ਰੀ ਬਾਰਠ ਸਾਹਿਬ ਦੇ ਮੈਨੇਜਰ ਸ. ਸਰਬਜੀਤ ਸਿੰਘ,ਸਿੱਖ ਮਿਸ਼ਨ ਜੰਮੂ ਕਸ਼ਮੀਰ ਦੇ ਇੰਚਾਰਜ ਭਾਈ ਹਰਭਿੰਦਰ ਸਿੰਘ, ਯੂਥ ਅਕਾਲੀ ਆਗੂ ਸ. ਜਸਪ੍ਰੀਤ ਸਿੰਘ ਰਾਣਾ ਅਤੇ ਹੋਰ ਮੌਜੂਦ ਸਨ। ੨੯ ਅਕਤੂਬਰ

ਬੀਤੇ ਦਿਨੀਂ ਪਿੰਡ ਕੌਲਪੁਰ 'ਚ ਪਾਵਨ ਸਰੂਪਾਂ ਦੀ ਹੋਈ ਬੇਅਦਬੀ ਦੇ ਸਬੰਧ 'ਚ ਹੋਇਆ ਪਸ਼ਚਾਤਾਪ ਸਮਾਗਮ

ਐਡਵੋਕੇਟ ਧਾਮੀ ਸਮੇਤ ਪ੍ਰਮੁੱਖ ਸ਼ਖ਼ਸੀਅਤਾਂ ਅਤੇ ਵੱਡੀ ਗਿਣਤੀ ਸੰਗਤਾਂ ਰਹੀਆਂ ਮੌਜੂਦ

ਅੰਮ੍ਰਿਤਸਰ-ਜੰਮੂ ਕਸ਼ਮੀਰ ਅੰਦਰ ਜ਼ਿਲ੍ਹਾ ਸਾਂਬਾ ਦੇ ਪਿੰਡ ਕੌਲਪੁਰ ਜਿਥੇ ਬੀਤੇ ਦਿਨੀਂ ਇੱਕ ਸਿਰਫਿਰੇ ਵਿਅਕਤੀ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਨੂੰ ਅੱਗ ਲਗਾ ਕੇ ਬੇਅਦਬੀ ਕੀਤੀ ਸੀ, ਵਿਖੇ ਅੱਜ ਪਸ਼ਚਾਤਾਪ ਸਮਾਗਮ ਕੀਤਾ ਗਿਆ। ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਮਗਰੋਂ ਗੁਰਬਾਣੀ ਕੀਰਤਨ ਹੋਇਆ ਅਤੇ ਪਸ਼ਚਾਤਾਪ ਵਜੋਂ ਅਰਦਾਸ ਕੀਤੀ ਗਈ। ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੀ ਪਹੁੰਚੇ ਅਤੇ ਉਨ੍ਹਾਂ ਬੇਅਦਬੀ ਦੀਆਂ ਘਟਨਾਵਾਂ 'ਤੇ ਚਿੰਤਾ ਪ੍ਰਗਟ ਕਰਦਿਆਂ ਅਜਿਹੇ ਮਾਮਲਿਆਂ ਵਿੱਚ ਸਖ਼ਤ ਸਜ਼ਾਵਾਂ ਦੀ ਮੰਗ ਕੀਤੀ।

ਐਡਵੋਕੇਟ ਧਾਮੀ ਨੇ ਆਪਣੇ ਸੰਬੋਧਨ 'ਚ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਦੀ ਬੇਅਦਬੀ ਕਰਨ ਵਾਲੇ ਵਿਅਕਤੀ ਨੂੰ ਮਿਸਾਲੀ ਸਜ਼ਾ ਦਿਵਾਉਣ ਲਈ ਸ਼੍ਰੋਮਣੀ ਕਮੇਟੀ ਸੰਗਤਾਂ ਦਾ ਹਰ ਤਰ੍ਹਾਂ ਸਹਿਯੋਗ ਕਰੇਗੀ। ਉਨ੍ਹਾਂ ਕਿਹਾ ਕਿ ਇਸ ਲਈ ਨਾਮਵਰ ਵਕੀਲਾਂ ਦੀਆਂ ਸੇਵਾਵਾਂ ਲਈਆਂ ਜਾਣਗੀਆਂ। ਐਡਵੋਕੇਟ ਧਾਮੀ ਨੇ ਕਿਹਾ ਕਿ ਪਿਛਲੇ ਲੰਮੇ ਸਮੇਂ ਤੋਂ ਬੇਅਦਬੀ ਦੀਆਂ ਘਟਨਾਵਾਂ ਲਗਾਤਾਰ ਵਾਪਰ ਰਹੀਆਂ ਹਨ, ਪਰੰਤੂ ਸਰਕਾਰਾਂ ਦੀ ਢਿੱਲ ਕਾਰਨ ਦੋਸ਼ੀ ਸਜ਼ਾਵਾਂ ਤੋਂ ਬਚ ਨਿਕਲਦੇ ਹਨ। ਉਨ੍ਹਾਂ ਕਿਹਾ ਕਿ ਬੇਅਦਬੀਆਂ ਨੂੰ ਰੋਕਣ ਲਈ ਜਿਥੇ ਸਖ਼ਤ ਕਾਨੂੰਨ ਦੀ ਲੋੜ ਹੈ, ਉਥੇ ਹੀ ਗੁਰਦੁਆਰਾ ਸਾਹਿਬਾਨ ਦੀਆਂ ਪ੍ਰਬੰਧਕ ਕਮੇਟੀਆਂ ਨੂੰ ਵੀ ਪ੍ਰਬੰਧਾਂ ਪ੍ਰਤੀ ਸੁਚੇਤ ਹੋਣਾ ਪਵੇਗਾ। ਉਨ੍ਹਾਂ ਕਿਹਾ ਕਿ ਗੁਰਦੁਆਰਾ ਸਾਹਿਬ 'ਚ ਹਰ ਵੇਲੇ ਸੇਵਾਦਾਰ ਦੀ ਹਾਜ਼ਰੀ ਯਕੀਨੀ ਹੋਣੀ ਚਾਹੀਦੀ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ਾਂ ਅਨੁਸਾਰ ਬਣਾਈ ਗਈ ੩੧ ਮੈਂਬਰੀ ਕਮੇਟੀ ਨੂੰ ਵੀ ਅਪੀਲ ਕੀਤੀ ਕਿ ਉਹ ਗੁਰੂ ਦੀ ਭੈ-ਭਾਵਨੀ ਵਿਚ ਰਹਿ ਕੇ ਗੁਰੂ-ਆਸ਼ੇ ਅਨੁਸਾਰ ਸੇਵਾ ਨਿਭਾਉਣ।ਉਨ੍ਹਾਂ ਨੇੜਲੇ ਪਿੰਡ ਦੀਆਂ ਸੰਗਤਾਂ ਵੱਲੋਂ ਦੋ ਗੁਰਦੁਆਰਾ ਸਾਹਿਬਾਨ ਤੋਂ ਇੱਕ ਗੁਰਦੁਆਰਾ ਕਰਨ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਹਰ ਪਿੰਡ ਵਿਚ ਇੱਕ ਗੁਰਦੁਆਰਾ ਹੋਣ ਨਾਲ ਜਿਥੇ ਆਪਸੀ ਭਾਈਚਾਰਕ ਸਾਂਝ ਮਜ਼ਬੂਤ ਹੋਵੇਗੀ, ਉਥੇ ਹੀ ਪੁਖਤਾ ਪ੍ਰਬੰਧਾਂ ਲਈ ਵੀ ਸਹਾਇਤਾ ਮਿਲੇਗੀ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਵੀ ਇਸ ਕਾਰਜ ਲਈ ਸੰਗਤ ਦੇ ਸਨਮਾਨ ਵਜੋਂ ਹਰ ਤਰ੍ਹਾਂ ਸਹਿਯੋਗ ਦਿੱਤਾ ਜਾਵੇਗਾ। ਇਸ ਮੌਕੇ ਭਾਈ ਜਗਤਾਰ ਸਿੰਘ ਦੇ ਰਾਗੀ ਜਥੇ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਭਾਈ ਅਜਮੀਤ ਸਿੰਘ ਨੇ ਵੀ ਸੰਗਤਾਂ ਨਾਲ ਵਿਚਾਰ ਸਾਂਝੇ ਕੀਤੇ।

ਜ਼ਿਕਰਯੋਗ ਹੈ ਕਿ ਬੇਅਦਬੀ ਦੀ ਘਟਨਾ ਮਗਰੋਂ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ ਅਨੁਸਾਰ ਗੁਰਦੁਆਰਾ ਸਾਹਿਬ ਤੋਂ ਪਾਵਨ ਸਰੂਪ ਲੈ ਲਏ ਗਏ ਸਨ। ਸ਼੍ਰੋਮਣੀ ਕਮੇਟੀ ਵੱਲੋਂ ਭੇਜੀ ਗਈ ਪੜਤਾਲੀਆ ਟੀਮ ਦੀ ਰਿਪੋਰਟ ਅਤੇ ਸੰਗਤਾਂ ਦੀਆਂ ਭਾਵਨਾਵਾਂ ਦੇ ਮੱਦੇਨਜ਼ਰ ਹੁਣ ਦੁਬਾਰਾ ਗੁਰਦੁਆਰਾ ਸਾਹਿਬ ਵਿਖੇ ਪਾਵਨ ਸਰੂਪ ਸੁਸ਼ੋਭਿਤ ਕੀਤੇ ਗਏ ਹਨ।

ਇਸ ਮੌਕੇ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਸ. ਸੁਖਵਰਸ਼ ਸਿੰਘ ਪੰਨੂ, ਓਐਸਡੀ ਸ. ਸਤਬੀਰ ਸਿੰਘ, ਨਿੱਜੀ ਸਕੱਤਰ ਸ. ਸ਼ਾਹਬਾਜ ਸਿੰਘ, ਮੀਤ ਸਕੱਤਰ ਸ. ਹਰਭਜਨ ਸਿੰਘ ਵਕਤਾ, ਭਾਈ ਅਜਮੀਤ

ਸਿੰਘ, ਸਿੱਖ ਮਿਸ਼ਨ ਜੰਮੂ ਕਸ਼ਮੀਰ ਦੇ ਇੰਚਾਰਜ ਭਾਈ ਹਰਭਿੰਦਰ ਸਿੰਘ, ਭਾਈ ਜਗਤਾਰ ਸਿੰਘ ਕੋਆਰਡੀਨੇਟਰ ਸਿੱਖ ਮਿਸ਼ਨ ਜੰਮੂ ਕਸ਼ਮੀਰ, ਸ. ਅਜੀਤ ਸਿੰਘ ਚੇਅਰਮੈਨ ਜੰਮੂ ਕਸ਼ਮੀਰ ਸਿੱਖ ਕੋਆਰਡੀਨੇਸ਼ਨ ਕਮੇਟੀ, ਸ. ਰਣਜੀਤ ਸਿੰਘ ਟੌਹੜਾ ਪ੍ਰਧਾਨ ਜ਼ਿਲ੍ਹਾ ਗੁਰਦੁਆਰਾ ਕਮੇਟੀ ਜੰਮੂ, ਸ. ਮਨਜੀਤ ਸਿੰਘ ਸਾਬਕਾ ਮੰਤਰੀ, ਸ. ਜਸਬੀਰ ਸਿੰਘ, ਸ. ਕੁਲਵਿੰਦਰ ਸਿੰਘ ਸਮੇਤ ਸਮੂਹ ਜ਼ਿਲ੍ਹਾ ਕਮੇਟੀਆਂ, ਨੌਜੁਆਨ ਸਭਾਵਾਂ ਸਮੇਤ ਸਥਾਨਕ ਸੰਗਤਾਂ ਮੌਜੂਦ ਸਨ। ੨੯ ਅਕਤੂਬਰ

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ:

ਅਸਾਮ ਤੋਂ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ ਤਰਾਵੜੀ ਹਰਿਆਣਾ ਤੋਂ ਅਗਲੇ ਪੜਾਅ ਗੁਰਦੁਆਰਾ ਨਿੰਮ ਸਾਹਿਬ ਕੈਂਥਲ ਹਰਿਆਣਾ ਲਈ ਰਵਾਨਾ

ਅੰਮ੍ਰਿਤਸਰ-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦਾ ੩੫੦ ਸਾਲਾ ਸ਼ਹੀਦੀ ਨਗਰ ਕੀਰਤਨ ਅੱਜ ਗੁਰਦੁਆਰਾ ਸੀਸ ਗੰਜ ਸਾਹਿਬ ਤਰਾਵੜੀ ਹਰਿਆਣਾ ਤੋਂ ਸੰਗਤਾਂ ਦੀ ਹਾਜ਼ਰੀ 'ਚ ਅਗਲੇ ਪੜਾਅ ਗਰੁਦੁਆਰਾ ਨਿੰਮ ਸਾਹਿਬ ਕੈਂਥਲ ਹਰਿਆਣਾ ਲਈ ਰਵਾਨਾ ਹੋਇਆ।

ਨਗਰ ਕੀਰਤਨ ਦੀ ਰਵਾਨਗੀ ਤੋਂ ਪਹਿਲਾਂ ਗੁਰਦੁਆਰਾ ਸਾਹਿਬ ਵਿਖੇ ਸਜੇ ਧਾਰਮਿਕ ਦੀਵਾਨ 'ਚ ਸ੍ਰੀ ਦਰਬਾਰ ਸਾਹਿਬ ਦੇ ਹਜੂਰੀ ਰਾਗੀ ਜਥੇ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਕੇਵਲ ਸਿੰਘ ਨੇ ਕਥਾ ਵਿਚਾਰਾਂ ਕਰਦਿਆਂ ਸੰਗਤਾਂ ਨਾਲ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਦੇ ਇਤਿਹਾਸ ਦੀ ਸਾਂਝ ਪਾਈ। ਨਗਰ ਕੀਰਤਨ ਦੀ ਰਵਾਨਗੀ ਮੌਕੇ ਗੁਰਦੁਆਰਾ ਸਾਹਿਬ ਦੇ ਪ੍ਰਬੰਧਕਾਂ ਨੇ ਪੰਜ ਪਿਆਰੇ ਸਾਹਿਬਾਨ ਅਤੇ ਹਾਜ਼ਰ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਿਰੋਪਾਓ ਦਿੱਤੇ।

ਰਸਤੇ 'ਚ ਵੱਖ-ਵੱਖ ਪੜਾਵਾਂ 'ਤੇ ਹਰਿਆਣਾ ਦੀਆਂ ਸੰਗਤਾਂ ਵੱਲੋਂ ਨਗਰ ਕੀਰਤਨ ਦਾ ਭਰਵਾਂ ਸਵਾਗਤ ਕਰਦਿਆਂ ਗੁਰੂ ਸਾਹਿਬ ਨੂੰ ਸਤਿਕਾਰ ਭੇਟ ਕੀਤਾ ਗਿਆ। ਇਸੇ ਦੌਰਾਨ ਗੁਰੂ ਘਰ ਦੇ ਸ਼ਰਧਾਲੂ ਸ. ਬਿਕਰਮਜੀਤ ਸਿੰਘ ਨੇ ਪਾਲਕੀ ਸਾਹਿਬ ਅਤੇ ਸ਼ਸਤਰਾਂ ਵਾਲੀ ਬੱਸ ਸਮੇਤ ਹੋਰ ਗੱਡੀਆਂ ਵਿਚ ਤੇਲ ਦੀ ਸੇਵਾ ਕੀਤੀ।

ਨਗਰ ਕੀਰਤਨ 'ਚਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ, ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਸ. ਤੇਜਿੰਦਰਪਾਲ ਸਿੰਘ ਲਾਡਵਾਂ, ਹਰਿਆਣਾ ਕਮੇਟੀ ਦੇ ਪ੍ਰਧਾਨ ਸ. ਜਗਦੀਸ਼ ਸਿੰਘ ਝੀਂਡਾ, ਬਾਬਾ ਜੋਗਾ ਸਿੰਘ ਤਰਾਵੜੀ, ਬਾਬਾ ਸੁੱਖਾ ਸਿੰਘ ਕਰਨਾਲ, ਬਾਬਾ ਜੋਗਾ ਸਿੰਘ ਨਾਨਕਸਰ ਕਰਨਾਲ, ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਸ. ਪ੍ਰੀਤਪਾਲ ਸਿੰਘ, ਇੰਚਾਰਜ ਸ. ਬਲਜੀਤ ਸਿੰਘ, ਹੈੱਡ ਪ੍ਰਚਾਰਕ ਭਾਈ ਸਰਬਜੀਤ ਸਿੰਘ ਢੋਟੀਆਂ, ਮੀਤ ਮੈਨੇਜਰ ਸ. ਕੁਲਵੰਤ ਸਿੰਘ, ਹਰਿਆਣਾ ਕਮੇਟੀ ਦੇ ਮੈਂਬਰ ਸ. ਪਲਵਿੰਦਰ ਸਿੰਘ, ਬੀਬੀ ਅਨੂਪ ਕੌਰ, ਸ. ਸੁਖਜਿੰਦਰ ਸਿੰਘ ਮਸਾਣਾਂ, ਬੀਬੀ ਜਸਬੀਰ ਕੌਰ ਮਸਾਣਾਂ, ਸ. ਹਰਦੀਪ ਸਿੰਘ ਲਾਂਗਰਾ ਸਾਬਕਾ ਚੇਅਰਮੈਨ, ਸ. ਕਾਲਾ ਸਿੰਘ ਵਿਰਕ, ਸ. ਪ੍ਰਤਾਪ ਸਿੰਘ, ਸਿੱਖ ਮਿਸ਼ਨ ਹਰਿਆਣਾ ਦੇ ਇੰਚਾਰਜ ਸ. ਸੁਖਵਿੰਦਰ ਸਿੰਘ, ਸਾਬਕਾ ਇੰਚਾਰਜ ਸ. ਮਨਪ੍ਰੀਤ ਸਿੰਘ ਸਮੇਤ ਸੰਗਤਾਂ ਹਾਜ਼ਰ ਸਨ। ੨੯ ਅਕਤੂਬਰ

ਕਸ਼ਮੀਰ ਦੀ ਸਿੱਖ ਸੰਗਤ ਨੇ ਹੜ੍ਹ ਪੀੜਤ ਫੰਡ ਲਈ ਸ਼੍ਰੋਮਣੀ ਕਮੇਟੀ ਨੂੰ 79 ਲੱਖ 50 ਹਜ਼ਾਰ ਰੁਪਏ ਦਿੱਤੇ

350 ਸਾਲਾ ਸ਼ਹੀਦੀ ਸ਼ਤਾਬਦੀ ਸਬੰਧੀ ਗੁਰਦੁਆਰਾ ਸਾਹਿਬ ਮਟਨ ਤੋਂ ਨਗਰ ਕੀਰਤਨ ਸਬੰਧੀ ਸ਼੍ਰੋਮਣੀ ਕਮੇਟੀ ਪ੍ਰਧਾਨ ਨਾਲ ਸ੍ਰੀਨਗਰ ਦੇ ਸਿੱਖ ਆਗੂਆਂ ਨੇ ਕੀਤੀ ਚਰਚਾ

ਅੰਮ੍ਰਿਤਸਰ- ਕਸ਼ਮੀਰ ਦੀਆਂ ਜ਼ਿਲ੍ਹਾ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਦੇ ਨੁਮਾਇੰਦਿਆਂ ਨੇ ਅੱਜ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨਾਲ ਸ੍ਰੀ ਅੰਮ੍ਰਿਤਸਰ ਵਿਖੇ ਮੁਲਾਕਾਤ ਕਰਕੇ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੀ ੩੫੦ ਸਾਲਾ ਸ਼ਹੀਦੀ ਸ਼ਤਾਬਦੀ ਦੇ ਸੰਬੰਧ ਵਿਚ ਗੁਰਦੁਆਰਾ ਸਾਹਿਬ ਮਟਨ (ਕਸ਼ਮੀਰ) ਤੋਂ ਸਜਾਏ ਜਾਣ ਵਾਲੇ ਨਗਰ ਕੀਰਤਨ ਬਾਰੇ ਵਿਸਥਾਰਪੂਰਵਕ ਵਿਚਾਰ ਚਰਚਾ ਕੀਤੀ। ਇਸ ਮੌਕੇ ਕਸ਼ਮੀਰ ਦੀਆਂ ਸਿੱਖ ਸੰਗਤਾਂ ਵੱਲੋਂ ਹੜ੍ਹ ਪੀੜਤਾਂ ਦੀ ਸਹਾਇਤਾ ਲਈ ਇਕ ਵੱਡੀ ਰਕਮ ੭੯ ਲੱਖ ੫੦ ਹਜ਼ਾਰ ਰੁਪਏ ਵੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਪ੍ਰਦਾਨ ਕੀਤੀ ਗਈ।

ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਇਸ ਮੌਕੇ ਕਸ਼ਮੀਰ ਦੀਆਂ ਜ਼ਿਲ੍ਹਾ ਗੁਰਦੁਆਰਾ ਕਮੇਟੀਆਂ ਦੇ ਪ੍ਰਤੀਨਿਧਾਂ ਤੇ ਸੰਗਤਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਜੰਮੂ ਕਸ਼ਮੀਰ ਦੀਆਂ ਸਿੱਖ ਸੰਗਤਾਂ ਵੱਲੋਂ ਹੜ੍ਹ ਪ੍ਰਭਾਵਿਤ ਪੰਜਾਬੀ ਲੋਕਾਂ ਲਈ ਸਹਿਯੋਗ ਕਰਨਾ ਗੁਰੂ ਸਾਹਿਬਾਨ ਦੇ ਮਨੁੱਖੀ ਸੇਵਾ ਦੇ ਫਲਸਫੇ ਦਾ ਪ੍ਰਗਟਾਵਾ ਹੈ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬਾਨ ਦਾ ਮਾਰਗ ਸੇਵਾ ਤੇ ਭਾਈਚਾਰਕ ਸਾਂਝ ਦੀ ਪ੍ਰੇਰਨਾ ਦਿੰਦਾ ਹੈ ਅਤੇ ਕਸ਼ਮੀਰ ਦੀ ਸੰਗਤ ਵੱਲੋਂ ਕੀਤਾ ਇਹ ਉਪਰਾਲਾ ਸਿੱਖ ਭਾਈਚਾਰੇ ਦੀ ਇਕਤਾ ਤੇ ਮਨੁੱਖਤਾ ਪ੍ਰਤੀ ਪਿਆਰ ਦਾ ਸੰਦੇਸ਼ ਹੈ।

ਇਸ ਮੌਕੇ ਐਡਵੋਕੇਟ ਧਾਮੀ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਮਟਨ ਸਾਹਿਬ ਤੋਂ ਸਜਾਏ ਜਾਣ ਵਾਲੇ ਨਗਰ ਕੀਰਤਨ ਬਾਰੇ ਗੱਲਬਾਤ ਕਰਦਿਆਂ ਕਿਹਾ ਕਿ ਇਸ ਵਿੱਚ ਕਸ਼ਮੀਰ ਦੀਆਂ ਜ਼ਿਲ੍ਹਾ ਗੁਰਦੁਆਰਾ ਕਮੇਟੀਆਂ ਦਾ ਪੂਰਾ ਸਹਿਯੋਗ ਲਿਆ ਜਾਵੇਗਾ, ਤਾਂ ਜੋ ਸਥਾਨਕ ਸਿੱਖ ਸੰਗਤਾਂ ਦੀ ਭਾਗੀਦਾਰੀ ਨਾਲ ਇਹ ਸਮਾਗਮ ਹੋਰ ਸਿੱਟਾਮੁਖੀ ਬਣਨ। ਉਨ੍ਹਾਂ ਕਿਹਾ ਕਿ ਇਸ ਸਬੰਧੀ ਜਲਦ ਹੀ ਕਸ਼ਮੀਰ ਦੇ ਸਿੱਖ ਆਗੂਆਂ ਨਾਲ ਸਥਾਨਕ ਪੱਧਰ 'ਤੇ ਵਿਸ਼ੇਸ਼ ਮੀਟਿੰਗ ਕੀਤੀ ਜਾਵੇਗੀ, ਜਿਸ ਵਿੱਚ ਨਗਰ ਕੀਰਤਨ ਦੇ ਮਾਰਗ, ਪ੍ਰੋਗਰਾਮਾਂ ਤੇ ਪ੍ਰਬੰਧਾਂ ਬਾਰੇ ਵਿਸਥਾਰਿਤ ਰੂਪ-ਰੇਖਾ ਤਿਆਰ ਕੀਤੀ ਜਾਵੇਗੀ।

ਇਸ ਮੌਕੇ ਕਸ਼ਮੀਰ ਦੇ ਸਿੱਖ ਆਗੂ ਸ. ਗੁਰਜੀਤ ਸਿੰਘ ਨੇ ਕਿਹਾ ਕਿ ਕਸ਼ਮੀਰ ਦੀ ਸਿੱਖ ਸੰਗਤ ਨੇ ਗੁਰੂਘਰਾਂ ਦੇ ਸਹਿਯੋਗ ਨਾਲ ਵੱਡੇ ਪੱਧਰ 'ਤੇ ਹੜ੍ਹ ਪ੍ਰਭਾਵਿਤ ਲੋਕਾਂ ਲਈ ਸਹਿਯੋਗ ਦਿੱਤਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਾਡੇ ਲਈ ਆਪਣਾ ਹੈ ਤੇ ਹੜ੍ਹ ਪੀੜਤਾਂ ਲਈ ਸਹਿਯੋਗ ਦੇਣਾ ਸਾਡਾ ਫਰਜ ਵੀ ਹੈ ਤੇ ਗੁਰੂ ਦੀ ਬਖ਼ਸ਼ੀ ਹੋਈ ਸੇਵਾ ਦਾ ਹਿੱਸਾ ਵੀ।

ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਜੰਮੂ ਕਸ਼ਮੀਰ ਤੋਂ ਪੁੱਜੇ ਆਗੂਆਂ ਵਿਚ ਸ. ਗੁਰਜੀਤ ਸਿੰਘ ਪ੍ਰਧਾਨ ਜ਼ਿਲ੍ਹਾ ਗੁਰਦੁਆਰਾ ਕਮੇਟੀ ਬਡਗਾਮ, ਸ. ਜਸਪਾਲ ਸਿੰਘ ਪ੍ਰਧਾਨ ਜਿਲ੍ਹਾ ਗੁਰਦੁਆਰਾ ਕਮੇਟੀ ਸ਼੍ਰੀਨਗਰ, ਸ. ਪਰਮਜੀਤ ਸਿੰਘ ਪ੍ਰਧਾਨ ਜ਼ਿਲ੍ਹਾ ਗੁਰਦੁਆਰਾ ਪ੍ਰਬੰਧਕ ਕਮੇਟੀ ਬਾਰਾਮੂਲਾ, ਸ. ਪਰਮਜੀਤ ਸਿੰਘ ਜਰਨਲ ਸੈਕਟਰੀ

ਗੁਰਦੁਆਰਾ ਪ੍ਰਬੰਧਕ ਕਮੇਟੀ ਬਾਰਾਮੂਲਾ, ਸ. ਸਤਪਾਲ ਸਿੰਘ ਪ੍ਰਧਾਨ ਜ਼ਿਲ੍ਹਾ ਗੁਰਦੁਆਰਾ ਪ੍ਰਬੰਧਕ ਕਮੇਟੀ ਅਲੂਚਾਬਾਗ, ਸ. ਅਵਤਾਰ ਸਿੰਘ ਵਾਈਸ ਪ੍ਰਧਾਨ ਜ਼ਿਲ੍ਹਾ ਗੁਰਦੁਆਰਾ ਪ੍ਰਬੰਧਕ ਕਮੇਟੀ ਅਨੰਤਨਾਗ, ਸ. ਅਮਰਜੀਤ ਸਿੰਘ ਵਾਈਸ ਪ੍ਰਧਾਨ ਜ਼ਿਲ੍ਹਾ ਗੁਰਦੁਆਰਾ ਪ੍ਰਬੰਧਕ ਕਮੇਟੀ ਪੁਲਵਾਮਾ, ਸ. ਦਿਲਵੀਰ ਸਿੰਘ, ਸ. ਮਨਜੀਤ ਸਿੰਘ ਸੋਢੀ ਸਲਾਹਕਾਰ ਕਸ਼ਮੀਰ ਸਿੱਖ ਸੁਸਾਇਟੀ, ਸ. ਰਾਜਿੰਦਰ ਸਿੰਘ ਲੱਕੀ ਸੀਨੀਅਰ ਸਿੱਖ ਲੀਡਰ ਕਸ਼ਮੀਰ, ਸ. ਸੁਖਮੀਤ ਸਿੰਘ ਮੀਡੀਆ ਐਡਵਾਈਜ਼ਰ, ਸ. ਗਜਿੰਦਰ ਸਿੰਘ ਮੈਂਬਰ ਜ਼ਿਲ੍ਹਾ ਕਮੇਟੀ ਪੁਲਵਾਮਾ ਅਤੇ ਸ਼੍ਰੋਮਣੀ ਕਮੇਟੀ ਦੇ ਓਐਸਡੀ ਸ. ਸਤਬੀਰ ਸਿੰਘ, ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਨਿੱਜੀ ਸਕੱਤਰ ਸ. ਸ਼ਾਹਬਾਜ ਸਿੰਘ, ਮੀਤ ਸਕੱਤਰ ਸ. ਹਰਭਜਨ ਸਿੰਘ ਵਕਤਾ ਹਾਜਰ ਸਨ। ੨੯ ਅਕਤੂਬਰ

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ:

-ਅਸਾਮ ਤੋਂ ਆਰੰਭ ਹੋਏ ਸ਼ਹੀਦੀ ਨਗਰ ਕੀਰਤਨ ਦਾ ਪੰਜਾਬ ਪੁੱਜਣ 'ਤੇ ਸੰਗਤਾਂ ਵੱਲੋਂ ਭਰਵਾਂ ਸਵਾਗਤ

-ਪ੍ਰਮੁੱਖ ਸਖਸ਼ੀਅਤਾਂ ਤੇ ਵੱਡੀ ਗਿਣਤੀ ਸੰਗਤਾਂ ਨੇ ਸ਼ਮੂਲੀਅਤ ਕਰਕੇ ਗੁਰੂ ਸਾਹਿਬ ਨੂੰ ਕੀਤਾ ਸਤਿਕਾਰ ਭੇਟ

ਅੰਮ੍ਰਿਤਸਰ-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦਾ ੩੫੦ ਸਾਲਾ ਸ਼ਹੀਦੀ ਨਗਰ ਕੀਰਤਨ ਦੇਸ਼ ਦੇ ੨੩ ਸੂਬਿਆਂ ਦੇ ਵੱਖ-ਵੱਖ ਸ਼ਹਿਰਾਂ ਤੋਂ ਹੁੰਦਾ ਹੋਇਆ ਅੱਜ ਪੰਜਾਬ ਪੁੱਜਾ। ਹਰਿਆਣਾ ਤੋਂ ਪੰਜਾਬ ਵਿਚ ਪ੍ਰਵੇਸ਼ ਕਰਨ ਮੌਕੇ ਵੱਡੀ ਗਿਣਤੀ ਵਿਚ ਹਾਜ਼ਰ ਸੰਗਤਾਂ ਨੇ ਨਗਰ ਕੀਰਤਨ ਦਾ ਜੈਕਾਰਿਆਂ ਦੀ ਗੂੰਜ ਵਿੱਚ ਖਾਲਸਾਈ ਜਾਹੋ-ਜਲਾਲ ਨਾਲ ਭਰਵਾਂ ਸਵਾਗਤ ਕੀਤਾ। ਇਸ ਮੌਕੇ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ, ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਸ. ਰਘੁਜੀਤ ਸਿੰਘ ਵਿਰਕ ਸਮੇਤ ਸ਼੍ਰੋਮਣੀ ਕਮੇਟੀ ਮੈਂਬਰ ਅਤੇ ਸੰਗਤਾਂ ਮੌਜੂਦ ਸਨ।

ਇਹ ਨਗਰ ਕੀਰਤਨ ਅੱਜ ਸਵੇਰੇ ਗੁਰਦੁਆਰਾ ਨਿੰਮ ਸਾਹਿਬ ਕੈਂਥਲ ਹਰਿਆਣਾ ਤੋਂ ਗੁਰਮਤਿ ਸਮਾਗਮ ਮਗਰੋਂ ਰਵਾਨਾ ਹੋਇਆ। ਇਸ ਮੌਕੇ ਸਜੇ ਧਾਰਮਿਕ ਦੀਵਾਨ 'ਚ ਸ੍ਰੀ ਦਰਬਾਰ ਸਾਹਿਬ ਦੇ ਹਜੂਰੀ ਰਾਗੀ ਜਥੇ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਕੇਵਲ ਸਿੰਘ ਨੇ ਸੰਗਤਾਂ ਨਾਲ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਦੇ ਇਤਿਹਾਸ ਦੀ ਸਾਂਝ ਪਾਈ। ਨਗਰ ਕੀਰਤਨ ਦੀ ਰਵਾਨਗੀ ਮੌਕੇ ਪ੍ਰਬੰਧਕਾਂ ਨੇ ਪੰਜ ਪਿਆਰੇ ਸਾਹਿਬਾਨ ਅਤੇ ਹਾਜ਼ਰ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਿਰੋਪਾਓ ਦਿੱਤੇ। ਰਸਤੇ 'ਚ ਵੱਖ-ਵੱਖ ਪੜਾਵਾਂ 'ਤੇ ਹਰਿਆਣਾ ਤੇ ਪੰਜਾਬ ਦੀਆਂ ਸੰਗਤਾਂ ਵੱਲੋਂ ਨਗਰ ਕੀਰਤਨ ਦਾ ਭਰਵਾਂ ਸਵਾਗਤ ਕਰਦਿਆਂ ਗੁਰੂ ਸਾਹਿਬ ਨੂੰ ਸਤਿਕਾਰ ਭੇਟ ਕੀਤਾ ਗਿਆ।

ਨਗਰ ਕੀਰਤਨ 'ਚ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਸ. ਰਘੁਜੀਤ ਸਿੰਘ ਵਿਰਕ, ਅੰਤ੍ਰਿੰਗ ਕਮੇਟੀ ਸ. ਬਲਦੇਵ ਸਿੰਘ ਕਾਇਮਪੁਰ, ਮੈਂਬਰ ਸ. ਹਰਭਜਨ ਸਿੰਘ ਮਸਾਣਾ, ਬਾਬਾ ਬੂਟਾ ਸਿੰਘ, ਸ. ਭੁਪਿੰਦਰ ਸਿੰਘ ਭਲਵਾਨ, ਸ. ਇੰਦਰਮੋਹਨ ਸਿੰਘ, ਜਥੇਦਾਰ ਗੁਰਲਾਲ ਸਿੰਘ, ਸ. ਜਗਸੀਰ ਸਿੰਘ ਮਾਂਗੇਆਣਾ, ਸ. ਜਸਮੇਰ ਸਿੰਘ ਲਾਛੜੂ, ਸ. ਤੇਜਿੰਦਰਪਾਲ ਸਿੰਘ ਲਾਡਵਾਂ, ਬੀਬੀ ਪਰਮਜੀਤ ਕੌਰ ਭੰਗੂ, ਸ. ਰਾਮਪਾਲ ਸਿੰਘ ਬਹਿਣੀਵਾਲ, ਬਾਬਾ ਮਹਿੰਦਰ ਸਿੰਘ ਕਾਰਸੇਵਾ ਗੁਰਦੁਆਰਾ ਨਿੰਮ ਸਾਹਿਬ, ਸਾਬਕਾ ਮੰਤਰੀ ਸ. ਬਲਦੇਵ ਸਿੰਘ ਮਾਨ, ਹਲਕਾ ਇੰਚਾਰਜ ਸ. ਵਿਨਰਜੀਤ ਸਿੰਘ ਗੋਲਡੀ, ਸ. ਗਗਨਦੀਪ

ਸਿੰਘ ਹਲਕਾ ਇੰਚਾਰਜ ਲਹਿਰਾ, ਸ. ਗੁਲਜ਼ਾਰ ਸਿੰਘ ਮੂਨਕ, ਸ. ਤਜਿੰਦਰ ਸਿੰਘ ਸੰਘਰੇੜੀ ਜਿਲ੍ਹਾ ਪ੍ਰਧਾਨ, ਜਥੇਦਾਰ ਪ੍ਰੀਤਮਹਿੰਦਰ ਸਿੰਘ ਭੰਗੂ, ਸ. ਹਰਪਾਲ ਸਿੰਘ ਖੰਡਿਆਲ, ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਸ. ਪ੍ਰੀਤਪਾਲ ਸਿੰਘ, ਇੰਚਾਰਜ ਸ. ਬਲਜੀਤ ਸਿੰਘ, ਹੈੱਡ ਪ੍ਰਚਾਰਕ ਭਾਈ ਸਰਬਜੀਤ ਸਿੰਘ ਢੋਟੀਆਂ, ਸ. ਗੁਰਦੀਪ ਸਿੰਘ ਮਕੋਰੜ,ਸ. ਇਕਬਾਲਜੀਤ ਸਿੰਘ ਪੂੰਜੀਆਂ, ਸ. ਨਿਰਮਲ ਸਿੰਘ ਕੜੈਲ ਸਾਬਕਾ ਚੇਅਰਮੈਨ, ਬਾਬਾ ਹਾਕਮ ਸਿੰਘ ਮੂਨਕ ਕਾਰ ਸੇਵਾ ਵਾਲੇ, ਸ. ਜਗਰਾਜ ਸਿੰਘ ਬਾਗੜੀ, ਐਡਵੋਕੇਟ ਜਗਦੀਪ ਸਿੰਘ ਸੰਧੂ ਜਨਰਲ ਸਕੱਤਰ ਯੂਥ ਅਕਾਲੀ ਦਲ, ਸਾਬਕਾ ਮੰਤਰੀ ਸ. ਪਰਮਿੰਦਰ ਸਿੰਘ ਢੀਂਡਸਾ, ਇੰਚਾਰਜ ਸ. ਭੋਲਾ ਸਿੰਘ, ਮੀਤ ਮੈਨੇਜਰ ਸ. ਕੁਲਵੰਤ ਸਿੰਘ, ਹਰਿਆਣਾ ਕਮੇਟੀ ਦੇ ਮੈਂਬਰ ਸ. ਬਲਦੇਵ ਸਿੰਘ ਖਾਲਸਾ, ਸ. ਪ੍ਰਿਤਪਾਲ ਸਿੰਘ ਝੱਬਰ, ਸ. ਗੁਰਚਰਨ ਸਿੰਘ, ਸ. ਸੁਖਬੀਰ ਸਿੰਘ, ਸ. ਸਰਬਜੀਤ ਸਿੰਘ ਸਹੋਤਾ, ਸ. ਕੁਲਦੀਪ ਸਿੰਘ ਚੀਮਾ, ਸਿੱਖ ਮਿਸ਼ਨ ਹਰਿਆਣਾ ਦੇ ਇੰਚਾਰਜ ਸ. ਸੁਖਵਿੰਦਰ ਸਿੰਘ ਸਮੇਤ ਸੰਗਤਾਂ ਹਾਜ਼ਰ ਸਨ। ੨੯ ਅਕਤੂਬਰ

ਐਡਵਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ 'ਚ ਵਫ਼ਦ ਨੇ ਜੰਮੂ ਕਸ਼ਮੀਰ ਦੇ ਲੈਫਟੀਨੈਂਟ ਗਵਰਨਰ ਨਾਲ ਕੀਤੀ ਮੁਲਾਕਾਤ

-350 ਸਾਲਾ ਸ਼ਹੀਦੀ ਸ਼ਤਾਬਦੀ ਸਬੰਧੀ 15 ਨਵੰਬਰ ਨੂੰ ਮਟਨ ਕਸ਼ਮੀਰ ਤੋਂ ਸ਼ੁਰੂ ਹੋਵੇਗਾ ਨਗਰ ਕੀਰਤਨ- ਐਡਵੋਕੇਟ ਧਾਮੀ

ਅੰਮ੍ਰਿਤਸਰ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ 'ਚ ਅੱਜ ਇਕ ਉੱਚ ਪੱਧਰੀ ਵਫ਼ਦ ਨੇ ਜੰਮੂ ਕਸ਼ਮੀਰ ਦੇ ਲੈਫਟੀਨੈਂਟ ਗਵਰਨਰ ਸ੍ਰੀ ਮਨੋਜ ਸਿਨਹਾ ਨਾਲ ਮੁਲਕਾਤ ਕੀਤੀ। ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ ੩੫੦ ਸਾਲਾ ਸ਼ਤਾਬਦੀ ਦੇ ਸਬੰਧ ਵਿਚ ਸ਼੍ਰੋਮਣੀ ਕਮੇਟੀ ਵੱਲੋਂ ਗੁਰਦੁਆਰਾ ਸਾਹਿਬ ਮਟਨ ਕਸ਼ਮੀਰ ਤੋਂ ਸਜਾਏ ਜਾਣ ਵਾਲੇ ਨਗਰ ਕੀਰਤਨ ਦੀ ਤਰੀਕ ਅਤੇ ਪ੍ਰਬੰਧਾਂ ਨੂੰ ਲੈ ਕੇ ਹੋਈ ਇਸ ਬੈਠਕ ਵਿਚ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਬੀਬੀ ਹਰਜਿੰਦਰ ਕੌਰ, ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਸ. ਖੁਸ਼ਵਿੰਦਰ ਸਿੰਘ ਭਾਟੀਆ, ਓਐਸਡੀ ਸ. ਸਤਬੀਰ ਸਿੰਘ ਧਾਮੀ, ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਮੀਤ ਸਕੱਤਰ ਸ. ਹਰਭਜਨ ਸਿੰਘ ਵਕਤਾ, ਮਹੰਤ ਮਨਜੀਤ ਸਿੰਘ ਮੁਖੀ ਸ਼੍ਰੋਮਣੀ ਡੇਰਾ ਨੰਗਲੀ ਸਾਹਿਬ ਸਮੇਤ ਵੱਡੀ ਗਿਣਤੀ ਵਿਚ ਜੰਮੂ ਕਸ਼ਮੀਰ ਦੇ ਸਿੱਖ ਆਗੂ ਸ਼ਾਮਲ ਹੋਏ।

ਇਸ ਮੁਲਾਕਾਤ ਦੇ ਵੇਰਵੇ ਸਾਂਝੇ ਕਰਦਿਆਂ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਧਾਮੀ ਨੇ ਦੱਸਿਆ ਮੁਲਾਕਾਤ ਦਾ ਮੁੱਖ ਮੰਤਵ ਮਟਨ ਤੋਂ ਸਜਾਏ ਜਾਣ ਵਾਲੇ ਨਗਰ ਕੀਰਤਨ ਦੀ ਤਰੀਕ ਅਤੇ ਪ੍ਰਬੰਧਾਂ ਸਬੰਧੀ ਗੱਲਬਾਤ ਕਰਨਾ ਸੀ। ਬਣੀ ਰਾਇ ਅਨੁਸਾਰ ਇਹ ਨਗਰ ਕੀਰਤਨ ੧੫ ਨਵੰਬਰ ਨੂੰ ਸ਼ੁਰੂ ਹੋਵੇਗਾ ਅਤੇ ਲੈਫ਼ਟੀਨੈਂਟ ਗਵਰਨਰ ੧੬ ਨਵੰਬਰ ਨੂੰ ਜੰਮੂ ਵਿਖੇ ਇਸ ਵਿਚ ਆਪ ਸ਼ਾਮਲ ਹੋਣਗੇ। ਇਸ ਤੋਂ ਪਹਿਲਾਂ ੧੪ ਨਵੰਬਰ ਦੀ ਰਾਤ ਨੂੰ ਗੁਰਦੁਆਰਾ ਸ਼ਹੀਦ ਬੁੰਗਾ ਵਿਖੇ ਗੁਰਮਤਿ ਸਮਾਗਮ ਕਰਵਾਇਆ ਜਾਵੇਗਾ।

ਐਡਵੋਕੇਟ ਧਾਮੀ ਨੇ ਦੱਸਿਆ ਕਿ ਗਵਰਨਰ ਸ੍ਰੀ ਮਨੋਜ ਸਿਨਹਾ ਨਾਲ ਮੁਲਾਕਾਤ ਮੌਕੇ ਉਨ੍ਹਾਂ ਨੇ ਨਗਰ ਕੀਰਤਨ ਲਈ ਸੁਰੱਖਿਆ ਅਤੇ ਟ੍ਰੈਫਿਕ ਦੇ ਪੁਖਤਾ ਪ੍ਰਬੰਧ ਕਰਨ ਦੀ ਵਚਨਬੱਧਤਾ ਪ੍ਰਗਟਾਉਂਦਿਆਂ ਸ਼ਤਾਬਦੀ ਸਮਾਗਮਾਂ ਵਿਚ ਸ੍ਰੀ ਅਨੰਦਪੁਰ ਸਾਹਿਬ ਪਹੁੰਚਣ ਦੀ ਹਾਮੀ ਵੀ ਭਰੀ ਹੈ।

ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਇਹ ਵੀ ਦੱਸਿਆ ਲੈਫ਼ਟੀਨੈਂਟ ਗਵਰਨਰ ਨਾਲ ਸਰਕਾਰੀ ਕੈਲੰਡਰ ਦੀਆਂ ਤਾਰੀਕਾਂ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਪ੍ਰਵਾਨਿਤ ਨਾਨਕਸ਼ਾਹੀ ਕੈਲੰਡਰ ਅਨੁਸਾਰ ਕਰਨ ਸਬੰਧੀ ਵੀ ਗੱਲ ਕੀਤੀ ਗਈ ਹੈ, ਜਿਸ ਦੇ ਉਨ੍ਹਾਂ ਨੇ ਸਹਿਮਤੀ ਪ੍ਰਗਟਾਈ ਹੈ। ਉਨ੍ਹਾਂ ਕਿਹਾ ਕਿ ਨਗਰ ਕੀਰਤਨ ਅਤੇ ਸਮਾਗਮ ਜੰਮੂ ਕਸ਼ਮੀਰ ਦੀਆਂ ਸਮੂਹ ਜ਼ਿਲ੍ਹਾ ਗੁਰਦੁਆਰਾ ਕਮੇਟੀਆਂ, ਸਥਾਨਕ ਸਿੱਖ ਸੁਸਾਇਟੀਆਂ ਅਤੇ ਸੰਗਤਾਂ ਦੇ ਸਹਿਯੋਗ ਨਾਲ ਹੋਣਗੇ। ਉਨ੍ਹਾਂ ਜੰਮੂ ਕਸ਼ਮੀਰ ਦੀਆਂ ਸਮੂਹ ਕਮੇਟੀਆਂ ਅਤੇ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਗੁਰੂ ਸਾਹਿਬ ਨੂੰ ਸਮਰਪਿਤ ਹੁੰਦਿਆਂ ਇਸ ਇਤਿਹਾਸਕ ਮੌਕੇ 'ਤੇ ਵੱਧ ਤੋਂ ਵੱਧ ਹਾਜ਼ਰੀ ਭਰਨ।

ਲੈਫ਼ਟੀਨੈਂਟ ਗਵਰਨਰ ਨੂੰ ਮਿਲਣ ਮੌਕੇ ਸਮੂਹ ਜੰਮੂ ਕਸ਼ਮੀਰ ਸਿੱਖ ਕੋਆਰਡੀਨੇਸ਼ਨ ਕਮੇਟੀ ਦੇ ਚੇਅਰਮੈਨ ਸ. ਅਜੀਤ ਸਿੰਘ, ਜ਼ਿਲ੍ਹਾ ਗੁਰਦੁਆਰਾ ਕਮੇਟੀ ਸ਼੍ਰੀਨਗਰ ਦੇ ਜਰਨਲ ਸਕੱਤਰ ਸ. ਗੁਰਮੀਤ ਸਿੰਘ, ਸਿੱਖ ਮਿਸ਼ਨ ਜੰਮੂ ਕਸ਼ਮੀਰ ਦੇ ਇੰਚਾਰਜ ਸ. ਹਰਭਿੰਦਰ ਸਿੰਘ, ਕੋਆਰਡੀਨੇਟਰ ਭਾਈ ਜਗਤਾਰ ਸਿੰਘ, ਸ. ਨਾਨਕ ਸਿੰਘ ਪ੍ਰਧਾਨ, ਸ. ਜਰਨੈਲ ਸਿੰਘ ਸਕੱਤਰ ਤੇ ਸ. ਜੋਗਿੰਦਰ ਸਿੰਘ ਅਕਾਊਂਟੈਂਟ ਜ਼ਿਲ੍ਹਾ ਗੁਰਦੁਆਰਾ ਕਮੇਟੀ ਅਨੰਦਨਾਗ, ਸ. ਦਰਬਾਰੀ ਸਿੰਘ ਪ੍ਰਧਾਨ ਜ਼ਿਲ੍ਹਾ ਗੁਰਦੁਆਰਾ ਕਮੇਟੀ ਕੁਲਗਾਮ, ਪ੍ਰੋ. ਹਰਦਿਆਲ ਸਿੰਘ ਪ੍ਰਧਾਨ ਜ਼ਿਲ੍ਹਾ ਗੁਰਦੁਆਰਾ ਕਮੇਟੀ ਰਾਜੌਰੀ, ਐਡਵੋਕੇਟ ਬਿਕਰਮਦੀਪ ਸਿੰਘ ਤੇ ਸ. ਸੁਰਿੰਦਰ ਸਿੰਘ ਚੰਨੀ ਕਾਨੂੰਨੀ ਸਲਾਹਕਾਰ ਆਲ ਜੰਮੂ ਕਸ਼ਮੀਰ ਸਿੱਖ ਕੋਆਰਡੀਨੇਸ਼ਨ ਕਮੇਟੀ, ਸ. ਕੁਲਦੀਪ ਸਿੰਘ ਸੋਢੀ ਪ੍ਰਧਾਨ ਸਿੱਖ ਸਿਖਆਲਿਆ ਸਭਾ ਕਸ਼ਮੀਰ, ਸ. ਹਰਜੀਤ ਸਿੰਘ ਸਲਾਹਕਾਰ ਆਲ ਜੰਮੂ ਕਸ਼ਮੀਰ ਸਿੱਖ ਕੋਰਡੀਨੇਸ਼ਨ ਕਮੇਟੀ, ਸ. ਕੁਲਵੰਤ ਸਿੰਘ ਪ੍ਰਧਾਨ ਤੇ ਸ. ਫਲੇਲ ਸਿੰਘ ਜਨਰਲ ਸਕੱਤਰ ਜ਼ਿਲ੍ਹਾ ਗੁਰਦੁਆਰਾ ਪ੍ਰਬੰਧਕ ਕਮੇਟੀ ਪੁਲਵਾਮਾ, ਸ. ਰਾਜਿੰਦਰ ਸਿੰਘ ਮੈਂਬਰ ਜ਼ਿਲ੍ਹਾ ਗੁਰਦੁਆਰਾ ਪ੍ਰਬੰਧਕ ਕਮੇਟੀ ਬਾਰਾਮੁੱਲਾ, ਸ. ਭੁਪਿੰਦਰ ਸਿੰਘ ਮੈਂਬਰ ਜ਼ਿਲ੍ਹਾ ਗੁਰਦੁਆਰਾ ਪ੍ਰਬੰਧਕ ਕਮੇਟੀ ਸ਼੍ਰੀਨਗਰ, ਸ. ਜਗਮੋਹਨ ਸਿੰਘ ਵਜ਼ੀਰ ਮੈਂਬਰ ਆਲ ਜੰਮੂ ਕਸ਼ਮੀਰ ਸਿੱਖ ਕੋਆਰਡੀਨੇਸ਼ਨ ਕਮੇਟੀ, ਸ. ਜਸਪਾਲ ਸਿੰਘ ਪ੍ਰਧਾਨ ਜ਼ਿਲ੍ਹਾ ਗੁਰਦੁਆਰਾ ਪ੍ਰਬੰਧਕ ਕਮੇਟੀ ਉਦੈਪੁਰ, ਸ. ਸੁਖਦੇਵ ਸਿੰਘ ਚੀਫ਼ ਕੋਆਰਡੀਨੇਟਰ, ਭਾਈ ਬਲਵੰਤ ਸਿੰਘ ਇੰਚਾਰਜ, ਸ. ਪਰਮਜੀਤ ਸਿੰਘ ਸਲਾਹਕਾਰ, ਸ. ਬੈਂਤ ਸਿੰਘ ਮੀਡੀਆ ਸਲਾਹਕਾਰ ਤੇ ਸ. ਓਂਕਾਰ ਸਿੰਘ ਮੈਂਬਰ ਆਲ ਜੰਮੂ ਕਸ਼ਮੀਰ ਸਿੱਖ ਕੋਆਰਡੀਨੇਸ਼ਨ ਕਮੇਟੀ ਅਤੇ ਹੋਰ ਮੌਜੂਦ ਸਨ।

੨੯ ਅਕਤੂਬਰ

ਸ਼੍ਰੋਮਣੀ ਕਮੇਟੀ ਵੱਲੋਂ ਖਾਲਸਾ ਕਾਲਜ ਵਿਖੇ 'ਸ੍ਰੀ ਗੁਰੂ ਤੇਗ ਬਹਾਦਰ ਸਾਹਿਬ: ਜੀਵਨ ਤੇ ਬਾਣੀ' ਵਿਸ਼ੇ 'ਤੇ ਸੈਮੀਨਾਰ ਆਯੋਜਿਤ

ਅੰਮ੍ਰਿਤਸਰ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ, ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਅਤੇ ਭਾਈ ਦਿਆਲਾ ਜੀ ਦੇ ਸ਼ਹੀਦੀ ਸਾਕੇ ਦੀ ੩੫੦ ਸਾਲਾ ਸ਼ਤਾਬਦੀ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ੩੫੦ ਸਾਲਾ ਗੁਰਿਆਈ ਦਿਵਸ ਨੂੰ ਸਮਰਪਿਤ ਅੱਜ ਖਾਲਸਾ ਕਾਲਜ ਅੰਮ੍ਰਿਤਸਰ ਵਿਖੇ 'ਸ੍ਰੀ ਗੁਰੂ ਤੇਗ ਬਹਾਦਰ ਸਾਹਿਬ: ਜੀਵਨ ਤੇ ਬਾਣੀ' ਵਿਸ਼ੇ 'ਤੇ ਪ੍ਰਭਾਵਸ਼ਾਲੀ ਸੈਮੀਨਾਰ ਕਰਵਾਇਆ ਗਿਆ। ਸੈਮੀਨਾਰ ਦੌਰਾਨ ਪੁੱਜੇ ਬੁਲਾਰਿਆਂ ਨੇ ਨੌਵੇਂ ਪਾਤਸ਼ਾਹ ਜੀ ਵੱਲੋਂ ਧਰਮਾਂ ਦੀ ਅਜ਼ਾਦੀ ਲਈ ਦਿੱਤੀ ਸ਼ਹਾਦਤ ਦੇ ਸੰਕਲਪ ਨੂੰ ਯਾਦ ਕੀਤਾ ਅਤੇ ਗੁਰੂ ਸਾਹਿਬ ਦੇ ਜੀਵਨ ਅਤੇ ਉਨ੍ਹਾਂ ਦੀਆਂ ਸਿੱਖਿਆਵਾਂ 'ਤੇ ਰੌਸ਼ਨੀ ਪਾਈ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ ਨੇ ਆਪਣੇ ਸੰਬੋਧਨ ਵਿਚ ਕਿਹਾ ਕਿ ਨੌਵੇਂ ਪਾਤਸ਼ਾਹ ਜੀ ਦੀ ਸ਼ਹਾਦਤ ਨੇ ਦੇਸ਼ ਦੇ ਲੋਕਾਂ ਨੂੰ ਧਾਰਮਿਕ ਅਜ਼ਾਦੀ ਨਾਲ ਜਿਉਣ

ਦਾ ਮਾਰਗ ਦਿੱਤਾ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਨਾਲ ਸ਼ਹਾਦਤ ਪ੍ਰਾਪਤ ਕਰਨ ਵਾਲੇ ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਅਤੇ ਭਾਈ ਦਿਆਲਾ ਜੀ ਨੇ ਆਖ਼ਰੀ ਸਮੇਂ ਤੱਕ ਮੁੱਖ ਗੁਰੂ ਵੱਲ ਰੱਖਣ ਦੀ ਇੱਛਾ ਨੇ ਗੁਰੂ ਪ੍ਰਤੀ ਸਮਰਪਣ ਦੀ ਮਿਸਾਲ ਕਾਇਮ ਕੀਤੀ। ਇਸੇ ਤਰ੍ਹਾਂ ਅੰਤ੍ਰਿੰਗ ਕਮੇਟੀ ਮੈਂਬਰ ਬੀਬੀ ਹਰਜਿੰਦਰ ਕੌਰ ਨੇ ਕਿਹਾ ਕਿ ਸੰਸਾਰ 'ਤੇ ਅਮਨ ਦੇ ਸੁਨੇਹੇ ਲਈ ਨੌਵੇਂ ਪਾਤਸ਼ਾਹ ਜੀ ਵੱਲੋਂ ਦੂਸਰਿਆਂ ਲਈ ਦਿੱਤੀ ਸ਼ਹਾਦਤ ਨੂੰ ਵਿਸ਼ਵ ਪੱਧਰ 'ਤੇ ਮਨੁੱਖੀ ਅਧਿਕਾਰ ਦਿਵਸ ਵਜੋਂ ਮਨਾਉਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਇਸ ਮੌਕੇ ਭਾਈ ਲੱਖੀ ਸ਼ਾਹ ਵਣਜਾਰਾ ਤੇ ਭਾਈ ਜੈਤਾ ਜੀ ਦੀ ਕੁਰਬਾਨੀ ਨੂੰ ਯਾਦ ਕਰਨਾ ਵੀ ਸਾਡਾ ਫ਼ਰਜ਼ ਹੈ। ਸੈਮੀਨਰ ਦੌਰਾਨ ਡਾ. ਰੌਣਕੀ ਰਾਮ, ਡਾ. ਗੁਰਚਰਨਜੀਤ ਸਿੰਘ ਲਾਂਬਾ, ਡਾ. ਪਿਆਰੇ ਲਾਲ ਗਰਗ, ਡਾ. ਮੁਹੰਮਦ ਸਲੀਮ, ਡਾ. ਧਰਮ ਸਿੰਘ ਅਤੇ ਖਾਲਸਾ ਕਾਲਜ ਅੰਮ੍ਰਿਤਸਰ ਦੇ ਪ੍ਰਿੰਸੀਪਲ ਡਾ. ਆਤਮ ਸਿੰਘ ਨੇ ਵੀ ਸੰਬੋਧਨ ਕੀਤਾ। ਬੁਲਾਰਿਆਂ ਨੇ ਆਪਣੇ ਭਾਸ਼ਣ ਵਿਚ ਕਿਹਾ ਕਿ ਗੁਰੂ ਸਾਹਿਬ ਦੀ ਸ਼ਹਾਦਤ ਦੇ ਉਦੇਸ਼ ਨੂੰ ਸੀਮਤ ਨਹੀਂ ਕੀਤਾ ਜਾ ਸਕਦਾ। ਦੁਨੀਆਂ ਦੇ ਇਤਿਹਾਸ ਅੰਦਰ ਧਰਮ ਦੀ ਰੱਖਵਾਲੀ ਅਤੇ ਮਨੁਖੀ ਅਧਿਕਾਰਾਂ ਲਈ ਦਿੱਤੀ ਸ਼ਹਾਦਤ ਵੱਡੇ ਅਰਥ ਰੱਖਦੀ ਹੈ ਅਤੇ ਇਹ ਸ਼ਹਾਦਤ ਜ਼ੁਲਮੀ ਹਕੀਮਤ ਦੇ ਵਿਰੁੱਧ ਅਤੇ ਮਜ਼ਲੂਮਾਂ ਦੀ ਰਾਖੀ ਲਈ ਸੀ। ਬੁਲਾਰਿਆਂ ਨੇ ਕਿਹਾ ਕਿ ਅੱਜ ਵੀ ਹੁਕਮਰਾਨਾਂ ਵੱਲੋਂ ਦੂਸਰੇ ਧਰਮਾਂ ਨੂੰ ਕਮਜ਼ੋਰ ਕਰਨ ਦੇ ਯਤਨਾਂ ਤੋਂ ਸੁਚੇਤ ਹੋਣ ਦੀ ਲੋੜ ਹੈ। ਇਸ ਮੌਕੇ ਖਾਲਸਾ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਮਹਿਲ ਸਿੰਘ ਨੇ ਧੰਨਵਾਦੀ ਭਾਸ਼ਣ ਵਿਚ ਸ਼੍ਰੋਮਣੀ ਕਮੇਟੀ ਵੱਲੋਂ ਗੁਰੂ ਸਾਹਿਬ ਦੇ ਸੰਦੇਸ਼ ਨੂੰ ਪ੍ਰਚਾਰਨ ਲਈ ਕੀਤੇ ਜਾ ਰਹੇ ਯਤਨਾਂ ਦੀ ਸ਼ਲਾਘਾ ਕੀਤੀ। ਇਸ ਮੌਕੇ ਸ਼੍ਰੋਮਣੀ ਕਮੇਟੀ ਅਤੇ ਖਾਲਸਾ ਕਾਲਜ ਦੇ ਪ੍ਰਬੰਧਕਾਂ ਵੱਲੋਂ ਵਿਦਵਾਨਾਂ ਅਤੇ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਨਮਾਨਿਤ ਵੀ ਕੀਤਾ ਗਿਆ। ਸਟੇਜ਼ ਦੀ ਸੰਚਾਲਨ ਮੀਤ ਸਕੱਤਰ ਸ. ਜਸਵਿੰਦਰ ਸਿੰਘ ਜੱਸੀ ਵੱਲੋਂ ਕੀਤਾ ਗਿਆ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਅੰਤ੍ਰਿੰਗ ਮੈਂਬਰ ਬੀਬੀ ਹਰਜਿੰਦਰ ਕੌਰ, ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਭਾਈ ਅਜੈਬ ਸਿੰਘ ਅਭਿਆਸੀ, ਸ. ਸੁਖਵਰਸ਼ ਸਿੰਘ ਪੰਨੂ, ਖ਼ਾਲਸਾ ਕਾਲਜ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਮਹਿਲ ਸਿੰਘ, ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਮੀਤ ਸਕੱਤਰ ਸ. ਜਸਵਿੰਦਰ ਸਿੰਘ ਜੱਸੀ, ਚੀਫ ਖਾਲਸਾ ਦੀਵਾਨ ਦੇ ਮੀਤ ਪ੍ਰਧਾਨ ਸ. ਸੰਤੋਖ ਸਿੰਘ ਸੇਠੀ, ਇੰਚਾਰਜ ਡਾ. ਜੋਗੇਸ਼ਵਰ ਸਿੰਘ, ਡਾ. ਰਾਜਵਿੰਦਰ ਸਿੰਘ ਜੋਗਾ, ਵਧੀਕ ਮੈਨੇਜਰ ਸ. ਬਿਕਰਮਜੀਤ ਸਿੰਘ, ਮੈਨੇਜਰ ਸ. ਗੁਰਪ੍ਰੀਤ ਸਿੰਘ ਖੈਰਾਬਾਦ, ਪ੍ਰਿੰਸੀਪਲ ਬੀਬੀ ਮਨਜੀਤ ਕੌਰ, ਸ. ਰਣਜੀਤ ਸਿੰਘ ਜਲੰਧਰ ਅਤੇ ਹੋਰ ਮੌਜੂਦ ਸਨ।

੩੦ ਅਕਤੂਬਰ

ਅਸਾਮ ਤੋਂ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ ਗੁਰਦੁਆਰਾ ਨਾਨਕਿਆਣਾ ਸਾਹਿਬ ਸੰਗਰੂਰ ਤੋਂ ਗੁਰਦੁਆਰਾ ਗੁਰੂਸਰ ਸਾਹਿਬ ਹੰਢਾਇਆ ਲਈ ਰਵਾਨਾ

ਵੱਖ-ਵੱਖ ਪੜਾਵਾਂ 'ਤੇ ਸੰਗਤਾਂ ਵੱਲੋਂ ਖਾਲਸਈ ਜਾਹੋ-ਜਲਾਲ ਨਾਲ ਕੀਤਾ ਗਿਆ ਭਰਵਾਂ ਸਵਾਗਤ

ਅੰਮ੍ਰਿਤਸਰ-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦਾ ੩੫੦ ਸਾਲਾ ਸ਼ਹੀਦੀ ਨਗਰ ਕੀਰਤਨ ਵੱਖ-ਵੱਖ ਸ਼ਹਿਰਾਂ ਤੋਂ ਹੁੰਦਾ ਹੋਇਆ ਅੱਜ ਗੁਰਦੁਆਰਾ ਸ੍ਰੀ ਨਾਨਕਿਆਣਾ

ਸਾਹਿਬ ਸੰਗਰੂਰ ਤੋਂ ਆਪਣੇ ਅਗਲੇ ਪੜਾਅ ਗੁਰਦੁਆਰਾ ਗੁਰੂਸਰ ਸਾਹਿਬ ਪਾਤਸ਼ਾਹੀ ਨੌਵੀਂ, ਹੰਢਾਇਆ ਲਈ ਰਵਾਨਾ ਹੋਇਆ।

ਨਗਰ ਕੀਰਤਨ ਦੀ ਰਵਾਨਗੀ ਤੋਂ ਪਹਿਲਾਂ ਗੁਰਦੁਆਰਾ ਨਾਨਕਿਆਣਾ ਸਾਹਿਬ ਵਿਖੇ ਸਜੇ ਧਾਰਮਿਕ ਦੀਵਾਨ 'ਚ ਸ੍ਰੀ ਦਰਬਾਰ ਸਾਹਿਬ ਦੇ ਹਜ਼ੂਰੀ ਰਾਗੀ ਜਥੇ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਕੇਵਲ ਸਿੰਘ ਨੇ ਸੰਗਤਾਂ ਨਾਲ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਦੇ ਇਤਿਹਾਸ ਦੀ ਸਾਂਝ ਪਾਈ। ਇਸ ਮੌਕੇ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ ਨੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਗੁਰੂ ਸਾਹਿਬ ਵੱਲੋਂ ਦਰਸਾਏ ਮਾਰਗ 'ਤੇ ਚੱਲਣ ਦੀ ਪ੍ਰੇਰਣਾ ਕੀਤੀ। ਉਨ੍ਹਾਂ ਸੰਗਤਾਂ ਨੂੰ ਜਿਥੇ ਨਗਰ ਕੀਰਤਨ ਭਰਵੀਂ ਸ਼ਮੂਲੀਅਤ ਲਈ ਪ੍ਰੇਰਿਆ, ਉਥੇ ਹੀ ਸ਼ਤਾਬਦੀ ਸਮਾਗਮਾਂ 'ਚ ਸ਼ਾਮਲ ਹੋਣ ਦੀ ਵੀ ਅਪੀਲ ਕੀਤੀ।

ਨਗਰ ਕੀਰਤਨ ਦੀ ਰਵਾਨਗੀ ਤੋਂ ਪਹਿਲਾਂ ਪੰਜ ਪਿਆਰੇ ਸਾਹਿਬਾਨ ਅਤੇ ਹਾਜ਼ਰ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਿਰੋਪਾਓ ਦਿੱਤੇ। ਨਗਰ ਕੀਰਤਨ 'ਚ ਵੱਡੀ ਗਿਣਤੀ ਸੰਗਤਾਂ ਦੇ ਨਾਲ-ਨਾਲ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਨੇ ਵੀ ਭਰਵੀਂ ਸ਼ਮੂਲੀਅਤ ਕੀਤੀ। ਇਸ ਮੌਕੇ ਪੁਲਿਸ ਪ੍ਰਸ਼ਾਸਨ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਨੂੰ ਸਲਾਮੀ ਦੇ ਕੇ ਸਤਿਕਾਰ ਭੇਟ ਕੀਤਾ ਗਿਆ।

ਨਗਰ ਕੀਰਤਨ 'ਚ ਸ਼੍ਰੋਮਣੀ ਕਮੇਟੀ ਦੇ ਸਾਬਕਾ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ, ਅੰਤ੍ਰਿੰਗ ਕਮੇਟੀ ਮੈਂਬਰ ਸ. ਪਰਮਜੀਤ ਸਿੰਘ ਖਾਲਸਾ, ਮੈਂਬਰ ਬਾਬਾ ਬਲਬੀਰ ਸਿੰਘ ਘੁੰਨਸ, ਸ. ਭੁਪਿੰਦਰ ਸਿੰਘ ਭਲਵਾਨ, ਬਾਬਾ ਬੂਟਾ ਸਿੰਘ, ਜਥੇਦਾਰ ਗੁਰਲਾਲ ਸਿੰਘ, ਸ. ਮਲਕੀਤ ਸਿੰਘ ਚੰਗਾਲ, ਸ. ਹਰਦੇਵ ਸਿੰਘ ਰੋਂਗਲਾ, ਸ. ਤੇਜਾ ਸਿੰਘ ਕਮਾਲਪੁਰ, ਹਲਕਾ ਇੰਚਾਰਜ ਸ. ਵਿਨਰਜੀਤ ਸਿੰਘ ਗੋਲਡੀ, ਸਾਬਕਾ ਮੰਤਰੀ ਸ੍ਰੀ ਵੇਰਿੰਦਰ ਸਿੰਗਲਾ, ਵਧੀਕ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਸ. ਪ੍ਰੀਤਪਾਲ ਸਿੰਘ, ਇੰਚਾਰਜ ਸ. ਬਲਜੀਤ ਸਿੰਘ, ਇੰਚਾਰਜ ਸ. ਭੋਲਾ ਸਿੰਘ, ਗੁਰਦੁਆਰਾ ਨਾਨਕਿਆਣਾ ਸਾਹਿਬ ਦੇ ਮੈਨੇਜਰ ਸ. ਰਾਜਿੰਦਰ ਸਿੰਘ, ਸ. ਨਿਰਮਲ ਸਿੰਘ, ਸ. ਹਰਵਿੰਦਰ ਸਿੰਘ, ਸ. ਅਮਰੀਕ ਸਿੰਘ, ਸ. ਦਵਿੰਦਰ ਸਿੰਘ ਤੇ ਸ. ਅਜੈਬ ਸਿੰਘ, ਸ੍ਰੀ ਅਰਵਿੰਦ ਖੰਨਾ ਸਮਾਜ ਸੇਵੀ, ਗੁਰਦੁਆਰਾ ਕਾਂਝਲਾ ਦੇ ਪ੍ਰਧਾਨ ਸ. ਦਰਸ਼ਨ ਸਿੰਘ, ਮੈਨੇਜਰ ਸ. ਮਲਕੀਤ ਸਿੰਘ, ਸ. ਇਕਬਾਲਜੀਤ ਸਿੰਘ ਪੂਨੀਆਂ ਸਾਬਕਾ ਪ੍ਰਧਾਨ ਨਗਰ ਕੌਂਸਲ, ਸ. ਜਸਵਿੰਦਰ ਸਿੰਘ ਸਮੇਤ ਸੰਗਤਾਂ ਹਾਜ਼ਰ ਸਨ। ੩੦ ਅਕਤੂਬਰ

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ:

ਅਸਾਮ ਤੋਂ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ ਗੁਰਦੁਆਰਾ ਗੁਰੂਸਰ ਸਾਹਿਬ ਹੰਢਾਇਆ ਤੋਂ ਤਖ਼ਤ ਸ੍ਰੀ ਦਮਦਮਾ ਸਾਹਿਬ ਲਈ ਰਵਾਨਾ

ਅੰਮ੍ਰਿਤਸਰ-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦਾ ੩੫੦ ਸਾਲਾ ਸ਼ਹੀਦੀ ਨਗਰ ਕੀਰਤਨ ਅੱਜ ਗੁਰਦੁਆਰਾ ਗੁਰੂਸਰ ਸਾਹਿਬ ਪਾਤਸ਼ਾਹੀ ਨੌਵੀਂ ਹੰਢਾਇਆ ਤੋਂ ਆਪਣੇ ਅਗਲੇ ਪੜਾਅ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਲਈ ਰਵਾਨਾ ਹੋਇਆ। ਰਵਾਨਗੀ ਸਮੇਂ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ ਸਮੇਤ ਸ਼੍ਰੋਮਣੀ ਕਮੇਟੀ ਮੈਂਬਰ ਤੇ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਨੇ ਹਾਜ਼ਰੀ ਭਰੀ।

ਨਗਰ ਕੀਰਤਨ ਦੀ ਰਵਾਨਗੀ ਤੋਂ ਪਹਿਲਾਂ ਗੁਰਦੁਆਰਾ ਸਾਹਿਬ ਵਿਖੇ ਸਜੇ ਧਾਰਮਿਕ ਦੀਵਾਨ 'ਚ ਸ੍ਰੀ ਦਰਬਾਰ ਸਾਹਿਬ ਦੇ ਹਜ਼ੂਰੀ ਰਾਗੀ ਜਥੇ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਕੇਵਲ ਸਿੰਘ ਨੇ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ।

ਨਗਰ ਕੀਰਤਨ ਦੀ ਰਵਾਨਗੀ ਮੌਕੇ ਪੁੱਜੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਨੂੰ ਸਮਰਪਿਤ ਗੁਰੂ ਸਾਹਿਬ ਨਾਲ ਸਬੰਧਤ ਪਾਵਨ ਅਸਥਾਨ ਗੁਰਦੁਆਰਾ ਧੋਬੜੀ ਸਾਹਿਬ ਅਸਾਮ ਤੋਂ ਸਜਾਏ ਨਗਰ ਕੀਰਤਨ ਪ੍ਰਤੀ ਸੰਗਤਾਂ ਦਾ ਉਤਸ਼ਾਹ ਗੁਰੂ ਪ੍ਰਤੀ ਸ਼ਰਧਾ ਦਾ ਪ੍ਰਗਟਾਵਾ ਹੈ। ਉਨ੍ਹਾਂ ਕਿਹਾ ਕਿ ਕਰੀਬ ਢਾਈ ਮਹੀਨਿਆਂ ਤੋਂ ਆਰੰਭ ਹੋਏ ਇਸ ਇਤਿਹਾਸਕ ਨਗਰ ਕੀਰਤਨ ਪ੍ਰਤੀ ਸੰਗਤਾਂ ਦੀ ਸ਼ਰਧਾ ਦਿਨ ਪ੍ਰਤੀ ਦਿਨ ਹੋਰ ਵੱਧ ਰਹੀ ਹੈ। ਦੇਸ਼ ਦੇ ੨੩ ਸੂਬਿਆਂ ਅੰਦਰ ਨਗਰ ਕੀਰਤਨ ਵਿਚ ਸਿੱਖਾਂ ਦੇ ਨਾਲ-ਨਾਲ ਦੂਜੇ ਧਰਮਾਂ ਦੇ ਲੋਕਾਂ ਨੇ ਵੱਡੀ ਗਿਣਤੀ ਵਿਚ ਨੌਵੇਂ ਪਾਤਸ਼ਾਹ ਜੀ ਦੀ ਸ਼ਹਾਦਤ ਨੂੰ ਯਾਦ ਕਰਦਿਆਂ ਸਤਿਕਾਰ ਭੇਟ ਕੀਤਾ। ਇਸ ਮੌਕੇ ਐਡਵੋਕੇਟ ਧਾਮੀ ਨੇ ਸੰਗਤਾਂ ਨੂੰ ੨੧ ਨਵੰਬਰ ਤੋਂ ੨੯ ਨਵੰਬਰ ੨੦੨੫ ਤੱਕ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋਣ ਵਾਲੇ ਸ਼ਤਾਬਦੀ ਸਮਾਗਮਾਂ 'ਚ ਸ਼ਿਰਕਤ ਕਰਨ ਦੀ ਅਪੀਲ ਵੀ ਕੀਤੀ।

ਨਗਰ ਕੀਰਤਨ 'ਚ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਸਮੇਤ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ, ਅੰਤ੍ਰਿੰਗ ਕਮੇਟੀ ਮੈਂਬਰ ਜਥੇਦਾਰ ਪਰਮਜੀਤ ਸਿੰਘ ਖ਼ਾਲਸਾ, ਮੈਂਬਰ ਬਾਬਾ ਬਲਬੀਰ ਸਿੰਘ ਘੁੰਨਸ, ਬਾਬਾ ਬੂਟਾ ਸਿੰਘ ਗੁੜਥੜੀ, ਜਥੇਦਾਰ ਬਲਦੇਵ ਸਿੰਘ ਚੁੰਘਾਂ, ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਮੀਤ ਪ੍ਰਧਾਨ ਸ. ਦਰਬਾਰਾ ਸਿੰਘ ਗੁਰੂ, ਸ਼੍ਰੋਮਣੀ ਅਕਾਲੀ ਦਲ ਦੇ ਬਰਨਾਲਾ ਦੇ ਹਲਕਾ ਇੰਚਾਰਜ ਸ. ਕੁਲਵੰਤ ਸਿੰਘ ਕੀਤੂ, ਜ਼ਿਲ੍ਹਾ ਪ੍ਰਧਾਨ ਸ. ਸਤਨਾਮ ਸਿੰਘ ਰਾਹੀਂ, ਸ਼੍ਰੋਮਣੀ ਅਕਾਲੀ ਦਲ ਮਹਿਲ ਕਲਾਂ ਦੇ ਇੰਚਾਰਜ ਸ. ਨਾਥ ਸਿੰਘ ਹਮੀਦੀ, ਸਾਬਕਾ ਮੈਂਬਰ ਜਥੇਦਾਰ ਜਰਨੈਲ ਸਿੰਘ ਭੋਤਨਾ, ਸ. ਕੁਲਦੀਪ ਸਿੰਘ ਕਾਲਾ ਢਿੱਲੋਂ ਵਿਧਾਇਕ ਬਰਨਾਲਾ, ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਸ. ਪ੍ਰੀਤਪਾਲ ਸਿੰਘ, ਇੰਚਾਰਜ ਸ. ਬਲਜੀਤ ਸਿੰਘ ਸਮੇਤ ਸੰਗਤਾਂ ਹਾਜ਼ਰ ਸਨ। ੩੧ ਅਕਤੂਬਰ

ਭਾਈ ਬੇਅੰਤ ਸਿੰਘ ਦੇ ਸ਼ਹੀਦੀ ਦਿਹਾੜੇ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ

ਅੰਮ੍ਰਿਤਸਰ-ਕੌਮੀ ਯੋਧੇ ਸ਼ਹੀਦ ਭਾਈ ਬੇਅੰਤ ਸਿੰਘ ਦੇ ਸ਼ਹੀਦੀ ਦਿਹਾੜੇ ਮੌਕੇ ਸ੍ਰੀ ਦਰਬਾਰ ਸਾਹਿਬ ਸਮੂਹ 'ਚ ਸਥਿਤ ਗੁਰਦੁਆਰਾ ਸ਼ਹੀਦ ਬਾਬਾ ਗੁਰਬਖਸ਼ ਸਿੰਘ ਜੀ ਵਿਖੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਗੁਰਦੇਵ ਸਿੰਘ ਖਾਲਸਾ ਦੇ ਜਥੇ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਅਰਦਾਸ ਉਪਰੰਤ ਪਾਵਨ ਹੁਕਮਨਾਮਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਬਲਜੀਤ ਸਿੰਘ ਨੇ ਸਰਵਣ ਕਰਵਾਇਆ।

ਸਮਾਗਮ ਮੌਕੇ ਸੰਗਤ ਨਾਲ ਵਿਚਾਰ ਕਰਦਿਆਂ ਗਿਆਨੀ ਬਲਜੀਤ ਸਿੰਘ ਨੇ ਕਿਹਾ ਕਿ ਸਮੇਂ ਦੀ ਭਾਰਤੀ ਹਕੂਮਤ ਵੱਲੋਂ ੧੯੮੪ ਵਿਚ ਸਿੱਖ ਕੌਮ ਦੇ ਪਾਵਨ ਅਸਥਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਸਮੇਤ ਹੋਰ ਗੁਰਦੁਆਰਾ ਸਾਹਿਬਾਨ 'ਤੇ ਕੀਤੇ ਹਮਲੇ ਨੂੰ ਸਿੱਖ ਕੌਮ ਕਦੀ

ਭੁਲਾ ਨਹੀਂ ਸਕਦੀ। ਉਨ੍ਹਾਂ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ 'ਤੇ ਹੋਏ ਹਮਲੇ ਮਗਰੋਂ ਸਿੱਖ ਕੌਮ ਦੀਆਂ ਭਾਵਨਾਵਾਂ ਦੀ ਤਰਜ਼ਮਾਨੀ ਕਰਨ ਵਾਲੇ ਸ਼ਹੀਦ ਭਾਈ ਬੇਅੰਤ ਸਿੰਘ, ਸ਼ਹੀਦ ਭਾਈ ਸਤਵੰਤ ਸਿੰਘ ਤੇ ਸ਼ਹੀਦ ਭਾਈ ਕੇਹਰ ਸਿੰਘ ਦਾ ਸਿੱਖ ਕੌਮ ਅੰਦਰ ਬੇਹੱਦ ਸਤਿਕਾਰ ਹੈ ਅਤੇ ਹਮੇਸ਼ਾ ਰਹੇਗਾ। ਇਸੇ ਦੌਰਾਨ ਸ਼ਹੀਦ ਸਿੰਘਾਂ ਦੇ ਪਰਿਵਾਰਕ ਮੈਂਬਰਾਂ ਨੂੰ ਸਿਰੋਪਾਓ ਦੇ ਕੇ ਸਨਮਾਨ ਦਿੱਤਾ ਗਿਆ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੈਂਬਰ ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਸ. ਗੁਰਪ੍ਰੀਤ ਸਿੰਘ ਝੱਬਰ, ਭਾਈ ਮਨਜੀਤ ਸਿੰਘ, ਸਕੱਤਰ ਸ. ਪ੍ਰਤਾਪ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਜਨਰਲ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਮੈਨੇਜਰ ਸ. ਰਜਿੰਦਰ ਸਿੰਘ ਰੂਬੀ, ਸ. ਜਸਪਾਲ ਸਿੰਘ ਢੱਡੇ, ਵਧੀਕ ਮੈਨੇਜਰ ਸ. ਇਕਬਾਲ ਸਿੰਘ ਮੁਖੀ, ਬਿਕਰਮਜੀਤ ਸਿੰਘ ਝੰਗੀ, ਸ. ਜਸਬੀਰ ਸਿੰਘ ਤੋਂ ਇਲਾਵਾ ਭਾਈ ਵਰਿਆਮ ਸਿੰਘ ਅਗਵਾਨ, ਭਾਈ ਸਤਵੰਤ ਸਿੰਘ, ਸ. ਸਰਬਜੀਤ ਸਿੰਘ ਐਮਪੀ, ਸ. ਤਰਸੇਮ ਸਿੰਘ, ਸ. ਜਸਕਰਨ ਸਿੰਘ ਕਾਹਨ ਸਿੰਘ ਵਾਲਾ ਸਮੇਤ ਹੋਰ ਪਰਿਵਾਰਕ ਮੈਂਬਰ ਮੌਜੂਦ ਸਨ। ੩੧ ਅਕਤੂਬਰ

ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੀ ਸਿੰਡੀਕੇਟ ਤੇ ਸੈਨੇਟ ਨੂੰ ਕੇਂਦਰ ਸਰਕਾਰ ਵੱਲੋਂ ਖ਼ਤਮ ਕਰਨਾ ਮੰਦਭਾਗਾ– ਐਡਵੋਕੇਟ ਧਾਮੀ

ਕਿਹਾ; ਸਰਕਾਰ ਦਾ ਇਹ ਫੈਸਲਾ ਪੰਜਾਬ ਨਾਲ ਇਕ ਹੋਰ ਬੇਇਨਸਾਫ਼ੀ

ਅੰਮ੍ਰਿਤਸਰ–ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੀ ਸਿੰਡੀਕੇਟ ਅਤੇ ਸੈਨੇਟ ਨੂੰ ਕੇਂਦਰ ਸਰਕਾਰ ਵੱਲੋਂ ਖ਼ਤਮ ਕੀਤੇ ਜਾਣ ਦੇ ਫੈਸਲੇ ਦੀ ਸਖ਼ਤ ਸ਼ਬਦਾਂ ਵਿਚ ਨਿੰਦਾ ਕਰਦਿਆਂ ਇਸ ਨੂੰ ਪੰਜਾਬ ਨਾਲ ਇਕ ਹੋਰ ਬੇਇਨਸਾਫ਼ੀ ਕਰਾਰ ਦਿੱਤਾ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਇਹ ਸਰਕਾਰ ਵੱਲੋਂ ਪੰਜਾਬ ਦੀ ਇਸ ਉੱਚ ਸਿੱਖਿਆ ਸੰਸਥਾ ਤੇ ਸੂਬੇ ਦੇ ਹੱਕ ਖ਼ਤਮ ਕਰਨ ਦੀ ਸਪੱਸ਼ਟ ਚਾਲ ਹੈ। ਉਨ੍ਹਾਂ ਕਿਹਾ ਕਿ ਪੰਜਾਬ ਯੂਨੀਵਰਸਿਟੀ ਦੀ ਇਹ ਖ਼ਾਸੀਅਤ ਸੀ ਕਿ ਇਸ ਦੇ ਸੈਨੇਟ ਅਤੇ ਸਿੰਡੀਕੇਟ ਦੀ ਚੋਣ ਲੋਕਤੰਤਰਕ ਪ੍ਰਕਿਰਿਆ ਨਾਲ ਕੀਤੀ ਜਾਂਦੀ ਸੀ, ਪ੍ਰੰਤੂ ਕੇਂਦਰ ਦੀ ਸਰਕਾਰ ਇਸ ਨੂੰ ਪੂਰੀ ਤਰ੍ਹਾਂ ਆਪਣੇ ਹੇਠ ਕਰਨਾ ਚਾਹੁੰਦੀ ਹੈ। ਉਨ੍ਹਾਂ ਕਿਹਾ ਕਿ ਇਹ ਫੈਸਲਾ ਤਾਨਾਸ਼ਾਹੀ ਹੈ, ਜੋ ਸੰਘੀ ਢਾਂਚੇ ਅਤੇ ਪੰਜਾਬ ਪੁਨਰਗਠਨ ਐਕਟ ਦੀ ਵੀ ਉਲੰਘਣਾ ਹੈ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਦੇ ਪੰਜਾਬ ਦੇ ਹੱਕਾਂ ਵਿਰੁੱਧ ਜਾ ਕੇ ਕੀਤੇ ਜਾ ਰਹੇ ਅਜਿਹੇ ਇਕਪਾਸੜ ਫੈਸਲੇ ਪੰਜਾਬ ਦੇ ਲੋਕਾਂ ਨੂੰ ਬੇਗਾਨਗੀ ਦਾ ਅਹਿਸਾਸ ਕਰਵਾ ਰਹੇ ਹਨ।

ਐਡਵੋਕੇਟ ਧਾਮੀ ਨੇ ਪੰਜਾਬ ਦੇ ਮੁੱਖ ਮੰਤਰੀ ਸ੍ਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਸਰਕਾਰ ਨੂੰ ਵੀ ਸਵਾਲ ਕੀਤਾ ਕਿ ਉਸ ਨੇ ਪੰਜਾਬ ਦੇ ਹੱਕਾਂ ਦੀ ਤਰਜਮਾਨੀ ਕਰਨ ਲਈ ਠੋਸ ਕਦਮ ਕਿਉਂ ਨਹੀਂ ਚੁੱਕੇ। ਐਡਵੋਕੇਟ ਧਾਮੀ ਨੇ ਕਿਹਾ ਕਿ ਪੰਜਾਬ ਨਾਲ ਜੁੜਦੇ ਮਾਮਲੇ ਚਾਹੇ ਉਹ ਰਾਜਧਾਨੀ ਚੰਡੀਗੜ੍ਹ ਦਾ ਹੋਵੇ, ਦਰਿਆਈ ਪਾਣੀਆਂ ਦਾ ਹੋਵੇ ਜਾਂ ਭਾਖੜਾ ਬਿਆਸ ਮੈਨੇਜਮੈਂਟ ਬੋਰਡ ਦਾ ਹੋਵੇ। ਜਿਥੇ ਕੇਂਦਰ ਸਰਕਾਰ ਹਮੇਸ਼ਾ ਪੰਜਾਬ ਵਿਰੁੱਧ ਭੁਗਤ ਰਹੀ ਹੈ, ਉਥੇ ਪੰਜਾਬ ਦੀ ਸਰਕਾਰ ਦਾ ਰਵੱਈਆ ਵੀ ਸੂਬੇ ਦੇ ਹਿੱਤਾਂ ਪ੍ਰਤੀ ਸੁਹਿਰਦ ਨਹੀਂ ਹੈ। ੧ ਨਵੰਬਰ

ਐਡਵੋਕੇਟ ਧਾਮੀ ਨੇ ਕੈਪਟਨ ਹਰਚਰਨ ਸਿੰਘ ਰੋਡੇ ਦੇ ਅਕਾਲ ਚਲਾਣਾ ਕਰ ਜਾਣ 'ਤੇ ਕੀਤਾ ਦੁੱਖ ਪ੍ਰਗਟ

ਅੰਮ੍ਰਿਤਸਰ–ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ

ਨੇ ੨੦ਵੀਂ ਸਦੀ ਦੇ ਮਹਾਨ ਸਿੱਖ ਆਗੂ ਗਿਆਨੀ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੇ ਵੱਡੇ ਭਰਾ ਕੈਪਟਨ ਹਰਚਰਨ ਸਿੰਘ ਰੋਡੇ ਦੇ ਅਕਾਲ ਚਲਾਣਾ ਕਰ ਜਾਣ 'ਤੇ ਗਹਿਰੇ ਦੁੱਖ ਦਾ ਇਜਹਾਰ ਕੀਤਾ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਸੰਤ ਗਿਆਨੀ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੇ ਪਰਿਵਾਰ ਦਾ ਸਿੱਖ ਕੌਮ ਅੰਦਰ ਵੱਡਾ ਸਤਿਕਾਰ ਹੈ। ਉਨ੍ਹਾਂ ਦੇ ਭਰਾ ਕੈਪਟਨ ਹਰਚਰਨ ਸਿੰਘ ਰੋਡੇ ਵੀ ਨਿਤਨੇਮੀ ਅਤੇ ਉੱਦਮੀ ਸਿੱਖ ਸਨ, ਜਿਨ੍ਹਾਂ ਦੇ ਅਕਾਲ ਚਲਾਣੇ ਨਾਲ ਪਰਿਵਾਰ ਅਤੇ ਪੰਥ ਨੂੰ ਵੱਡਾ ਘਾਟਾ ਪਿਆ ਹੈ। ਐਡਵੋਕੇਟ ਧਾਮੀ ਨੇ ਪਰਿਵਾਰ ਨਾਲ ਹਮਦਰਦੀ ਪ੍ਰਗਟ ਕਰਦਿਆਂ ਕਰਤਾ ਪੁਰਖ ਅੱਗੇ ਅਰਦਾਸ ਕੀਤੀ ਕਿ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿਚ ਨਿਵਾਸ ਦੇਣ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬੱਲ ਪ੍ਰਦਾਨ ਕਰਨ। ੧ ਨਵੰਬਰ

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ:

ਅਸਾਮ ਤੋਂ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ ਤਖ਼ਤ ਸ੍ਰੀ ਦਮਦਮਾ ਸਾਹਿਬ ਤੋਂ ਖ਼ਾਲਸਾਈ ਜਾਹੋ-ਜਲਾਲ ਨਾਲ ਅਗਲੇ ਪੜਾਅ ਲਈ ਹੋਇਆ ਰਵਾਨਾ

ਤਲਵੰਡੀ ਸਾਬੋ/ਅੰਮ੍ਰਿਤਸਰ- ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦਾ ੩੫੦ ਸਾਲਾ ਸ਼ਹੀਦੀ ਨਗਰ ਕੀਰਤਨ ਅੱਜ ਖ਼ਾਲਸਈ ਜਾਹੋ ਜਲਾਲ ਨਾਲ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਤੋਂ ਆਪਣੇ ਅਗਲੇ ਪੜਾਅ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਸ੍ਰੀ ਮੁਕਤਸਰ ਸਾਹਿਬ ਲਈ ਰਵਾਨਾ ਹੋਇਆ। ਨਗਰ ਕੀਰਤਨ ਦੀ ਰਵਾਨਗੀ ਤੋਂ ਪਹਿਲਾਂ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਤੇ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ ਨੇ ਪੰਜ ਪਿਆਰੇ ਸਾਹਿਬਾਨ ਅਤੇ ਨਿਸ਼ਾਨਚੀ ਸਿੰਘਾਂ ਨੂੰ ਸਿਰੋਪਾਓ ਦਿੱਤੇ।

ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਸਜੇ ਧਾਰਮਿਕ ਦੀਵਾਨ 'ਚ ਰਾਗੀ ਜਥੇ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਕੇਵਲ ਸਿੰਘ ਨੇ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ।

ਇਸ ਮੌਕੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਤਖ਼ਤ ਸ੍ਰੀ ਦਮਦਮਾ ਸਾਹਿਬ ਉਹ ਪਾਵਨ ਅਸਥਾਨ ਹੈ, ਜਿਥੇ ਦਸਵੇਂ ਪਾਤਸ਼ਾਹ ਜੀ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸੰਪੂਰਨਤਾ ਕੀਤੀ ਸੀ। ਉਨ੍ਹਾਂ ਸੰਗਤਾਂ ਨੂੰ ਨੌਵੇਂ ਪਾਤਸ਼ਾਹ ਜੀ ਦੀ ਸ਼ਹੀਦੀ ਸ਼ਤਾਬਦੀ ਮੌਕੇ ਪਾਵਨ ਗੁਰਬਾਣੀ ਨੂੰ ਜੀਵਨ ਵਿਚ ਧਾਰਨ ਦੀ ਪ੍ਰੇਰਣਾ ਕੀਤੀ ਅਤੇ ੨੧ ਨਵੰਬਰ ਤੋਂ ੨੯ ਨਵੰਬਰ ੨੦੨੫ ਤੱਕ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋਣ ਵਾਲੇ ਸ਼ਤਾਬਦੀ ਸਮਾਗਮਾਂ 'ਚ ਸ਼ਿਰਕਤ ਕਰਨ ਦਾ ਸੱਦਾ ਵੀ ਦਿੱਤਾ। ਇਸੇ ਦੌਰਾਨ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ ਨੇ ਵੀ ਸੰਗਤਾਂ ਨੂੰ ਸੰਬੋਧਨ ਕੀਤਾ ਅਤੇ ਨਗਰ ਕੀਰਤਨ ਪ੍ਰਤੀ ਸੰਗਤਾਂ ਦੇ ਉਤਸ਼ਾਹ ਦੀ ਪ੍ਰਸ਼ੰਸਾ ਕੀਤੀ। ਨਗਰ ਕੀਰਤਨ ਦੌਰਾਨ ਵੱਖ-ਵੱਖ ਸਕੂਲਾਂ ਕਾਲਜਾਂ ਦੇ ਵਿਦਿਆਰਥੀਆਂ ਨੇ ਵੀ ਭਰਵੀਂ ਸ਼ਮੂਲੀਅਤ ਕੀਤੀ ਅਤੇ ਪੁਲਿਸ ਪ੍ਰਸ਼ਾਸਨ ਵੱਲੋਂ ਸਲਾਮੀ ਦੇ ਸਤਿਕਾਰ ਭੇਟ ਕੀਤਾ ਗਿਆ।

ਨਗਰ ਕੀਰਤਨ 'ਚ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਸਮੇਤ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ, ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ

ਸ. ਬਲਵਿੰਦਰ ਸਿੰਘ ਭੁੰਦੜ, ਸ. ਸਿਕੰਦਰ ਸਿੰਘ ਮਲੂਕਾ, ਸ਼੍ਰੋਮਣੀ ਕਮੇਟੀ ਮੈਂਬਰ ਸ. ਮੋਹਨ ਸਿੰਘ ਬੰਗੀ, ਸ. ਸੁਰਜੀਤ ਸਿੰਘ ਰਾਏਪੁਰ, ਬਾਬਾ ਬੂਟਾ ਸਿੰਘ ਗੁੜਥੜੀ, ਸ. ਜਗਸੀਰ ਸਿੰਘ ਮਾਂਗੇਆਣਾ, ਸ. ਅਮਰੀਕ ਸਿੰਘ ਕੋਟਸ਼ਮੀਰ, ਸ. ਅਵਤਾਰ ਸਿੰਘ ਵਣਵਾਲਾ, ਬਾਬਾ ਗੁਰਮੀਤ ਸਿੰਘ ਤ੍ਰਿਲੋਕੇਵਾਲਾ, ਬੀਬੀ ਜੋਗਿੰਦਰ ਕੌਰ, ਹੈੱਡ ਗ੍ਰੰਥੀ ਭਾਈ ਗੁਰਜੰਟ ਸਿੰਘ, ਬਾਬਾ ਦਲੇਰ ਸਿੰਘ ਮੁੱਖ ਸੇਵਾਦਾਰ ਬੁੱਢਾ ਦਲ ਤਲਵੰਡੀ ਸਾਬੋ, ਸ. ਰਵੀਪ੍ਰੀਤ ਸਿੰਘ ਸਿੱਧੂ ਹਲਕਾ ਇੰਚਾਰਜ ਤਲਵੰਡੀ ਸਾਬੋ, ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਸ. ਪ੍ਰੀਤਪਾਲ ਸਿੰਘ, ਇੰਚਾਰਜ ਸ. ਬਲਜੀਤ ਸਿੰਘ, ਮੀਤ ਮੈਨੇਜਰ ਸ. ਕੁਲਵੰਤ ਸਿੰਘ, ਇੰਚਾਰਜ ਸ. ਭੋਲਾ ਸਿੰਘ, ਹੈੱਡ ਪ੍ਰਚਾਰਕ ਭਾਈ ਸਰਬਜੀਤ ਸਿੰਘ ਢੋਟੀਆਂ, ਪ੍ਰਿੰਸੀਪਲ ਰਵਿੰਦਰ ਸਿੰਘ, ਮੈਨੇਜਰ ਸ. ਨਰਿੰਦਰਜੀਤ ਸਿੰਘ ਸਮੇਤ ਸੰਗਤਾਂ ਹਾਜ਼ਰ ਸਨ। ੧ ਨਵੰਬਰ

ਨਵੰਬਰ 1984 ਸਿੱਖ ਕਤਲੇਆਮ ਦੇ ਸ਼ਹੀਦਾਂ ਦੀ ਯਾਦ 'ਚ ਸ਼੍ਰੋਮਣੀ ਕਮੇਟੀ ਵੱਲੋਂ ਸਮਾਗਮ

ਅੰਮ੍ਰਿਤਸਰ-ਨਵੰਬਰ ੧੯੮੪ 'ਚ ਦਿੱਲੀ ਸਮੇਤ ਦੇਸ਼ ਦੇ ਵੱਖ-ਵੱਖ ਸ਼ਹਿਰਾਂ ਵਿਚ ਹੋਏ ਸਿੱਖ ਕਤਲੇਆਮ ਦੇ ਸ਼ਹੀਦਾਂ ਦੀ ਯਾਦ ਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਦਰਬਾਰ ਸਾਹਿਬ ਸਮੂਹ ਸਥਿਤ ਗੁਰਦੁਆਰਾ ਸ਼ਹੀਦ ਬਾਬਾ ਗੁਰਬਖਸ਼ ਸਿੰਘ ਜੀ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਇਸ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਜਥੇ ਵੱਲੋਂ ਗੁਰਬਾਣੀ ਕੀਰਤਨ ਕੀਤਾ ਗਿਆ ਅਤੇ ਅਰਦਾਸ ਉਪਰੰਤ ਸੰਗਤ ਨੂੰ ਪਾਵਨ ਹੁਕਮਨਾਮਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ ਨੇ ਸਰਵਣ ਕਰਵਾਇਆ। ਇਸ ਮੌਕੇ ਗਿਆਨੀ ਪਰਵਿੰਦਰਪਾਲ ਸਿੰਘ ਨੇ ਨਵੰਬਰ ੧੯੮੪ ਦੇ ਸ਼ਹੀਦਾਂ ਨੂੰ ਸਤਿਕਾਰ ਭੇਟ ਕਰਦਿਆਂ ਇਸ ਨੂੰ ਸਿੱਖ ਕੌਮ 'ਤੇ ਹੋਇਆ ਵੱਡਾ ਹਮਲਾ ਕਿਹਾ। ਉਨ੍ਹਾਂ ਕਿਹਾ ਕਿ ਦੇਸ਼ ਲਈ ਸਭ ਤੋਂ ਵੱਧ ਕੁਰਬਾਨੀਆਂ ਦੇਣ ਵਾਲੀ ਸਿੱਖ ਕੌਮ ਤੇ ਹੋਏ ਇਸ ਹਮਲੇ ਨੇ ਦੇਸ਼ ਅੰਦਰ ਹੀ ਸਿੱਖਾਂ ਨੂੰ ਬੇਗਾਨਗੀ ਦਾ ਅਹਿਸਾਸ ਕਰਵਾਇਆ। ਉਨ੍ਹਾਂ ਕਿਹਾ ਕਿ ਇਸ ਘਿਨੌਣੇ ਕਾਰੇ ਨੂੰ ਇਤਿਹਾਸ ਸਦਾ ਯਾਦ ਰੱਖੇਗਾ, ਜਿਸ ਦਾ ਕਲੰਕ ਕਾਂਗਰਸ ਪਾਰਟੀ ਦੇ ਮੱਥੇ 'ਤੇ ਹਮੇਸ਼ਾ ਰਹੇਗਾ।

ਗਿਆਨੀ ਪਰਵਿੰਦਰਪਾਲ ਸਿੰਘ ਨੇ ਸਿੱਖ ਕੌਮ ਨੂੰ ਗੁਰੂ ਬਖਸ਼ੇ ਸਿਧਾਂਤ 'ਦਰ ਆਏ ਨੂੰ ਦੇਗ ਅਤੇ ਚੜ੍ਹ ਕੇ ਆਏ ਨੂੰ ਤੇਗ' ਵਿੱਚ ਪ੍ਰਪੱਕ ਹੋਣ ਲਈ ਵੀ ਪ੍ਰੇਰਿਆ। ਉਨ੍ਹਾਂ ਕਿਹਾ ਕਿ ਜੇਕਰ ਅਸੀਂ ਸਿੱਖੀ ਪ੍ਰੰਪਰਾਵਾਂ ਵਿਚ ਪ੍ਰਪੱਕ ਹੋਈਏ ਤਾਂ ਦੁਸ਼ਮਣ ਸਾਡਾ ਨੁਕਸਾਨ ਨਹੀਂ ਕਰ ਸਕਦਾ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਸ. ਗੁਰਪ੍ਰੀਤ ਸਿੰਘ ਝੱਬਰ, ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਪ੍ਰਤਾਪ ਸਿੰਘ, ਸ. ਬਲਵਿੰਦਰ ਸਿੰਘ ਕਾਹਲਵਾਂ, ਸ੍ਰੀ ਦਰਬਾਰ ਸਾਹਿਬ ਦੇ ਜਨਰਲ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਮੀਤ ਸਕੱਤਰ ਸ. ਬਲਵਿੰਦਰ ਸਿੰਘ ਖੈਰਾਬਾਦ, ਸ. ਮਨਜੀਤ ਸਿੰਘ ਤਲਵੰਡੀ, ਸ. ਹਰਭਜਨ ਸਿੰਘ ਵਕਤਾ, ਸ. ਸੁਖਬੀਰ ਸਿੰਘ, ਮੈਨੇਜਰ ਸ. ਰਜਿੰਦਰ ਸਿੰਘ ਰੂਬੀ ਆਦਿ ਹਾਜ਼ਰ ਸਨ। ੨ ਨਵੰਬਰ

ਸ਼੍ਰੋਮਣੀ ਕਮੇਟੀ ਵੱਲੋਂ ਭਗਤ ਨਾਮਦੇਵ ਜੀ ਦੇ ਜਨਮ ਦਿਹਾੜੇ ਮੌਕੇ ਗੁਰਮਤਿ ਸਮਾਗਮ

ਅੰਮ੍ਰਿਤਸਰ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਭਗਤ ਨਾਮਦੇਵ ਜੀ ਦਾ ਜਨਮ ਦਿਹਾੜਾ

ਸ਼ਰਧਾ ਨਾਲ ਮਨਾਇਆ ਗਿਆ। ਇਸ ਸਬੰਧ ਵਿਚ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ, ਜਿਸ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਅਮਨਦੀਪ ਸਿੰਘ ਦੇ ਜਥੇ ਨੇ ਸੰਗਤ ਨੂੰ ਗੁਰਬਾਣੀ ਕੀਰਤਨ ਨਾਲ ਜੋੜਿਆ। ਅਰਦਾਸ ਭਾਈ ਬਲਵਿੰਦਰ ਸਿੰਘ ਨੇ ਕੀਤੀ ਅਤੇ ਸੰਗਤ ਨੂੰ ਪਾਵਨ ਹੁਕਮਨਾਮਾ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਦੇ ਕਥਾਵਾਚਕ ਭਾਈ ਵਿਸ਼ਾਲ ਸਿੰਘ ਨੇ ਸਰਵਣ ਕਰਵਾਇਆ।

ਇਸ ਮੌਕੇ ਭਾਈ ਵਿਸ਼ਾਲ ਸਿੰਘ ਨੇ ਸੰਗਤਾਂ ਨਾਲ ਭਗਤ ਨਾਮਦੇਵ ਜੀ ਦੇ ਜੀਵਨ ਇਤਿਹਾਸ ਬਾਰੇ ਸਾਂਝ ਪਾਈ। ਉਨ੍ਹਾਂ ਕਿਹਾ ਕਿ ਭਗਤ ਨਾਮਦੇਵ ਜੀ ਦਾ ਜੀਵਨ ਕਿਰਤ ਕਰਨ ਅਤੇ ਨਾਮ ਸਿਮਰਨ ਦੀ ਪ੍ਰੇਰਣਾ ਦਿੰਦਾ ਹੈ। ਭਗਤ ਨਾਮਦੇਵ ਜੀ ਦੀ ਬਾਣੀ ਮਨੁੱਖਤਾ ਲਈ ਚਾਨਣ ਮੁਨਾਰਾ ਹੈ, ਜਿਸ ਵਿੱਚੋਂ ਰੱਬੀ ਅਤੇ ਮਨੁੱਖੀ ਏਕਤਾ ਦੀ ਸੇਧ ਮਿਲਦੀ ਹੈ। ਉਨ੍ਹਾਂ ਸੰਗਤਾਂ ਨੂੰ ਭਗਤ ਜੀ ਦੇ ਜੀਵਨ ਤੋਂ ਪ੍ਰੇਰਣਾ ਲੈਣ ਦੀ ਅਪੀਲ ਕੀਤੀ। ਇਸ ਮੌਕੇ ਸ੍ਰੀ ਦਰਬਾਰ ਸਾਹਿਬ ਦੇ ਜਨਰਲ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਮੈਨੇਜਰ ਸ. ਜਸਪਾਲ ਸਿੰਘ ਢੱਡੇ ਤੇ ਸੰਗਤਾਂ ਹਾਜ਼ਰ ਸਨ। ੨ ਨਵੰਬਰ

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ:

ਅਸਾਮ ਤੋਂ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ ਸ੍ਰੀ ਮੁਕਤਸਰ ਸਾਹਿਬ ਤੋਂ ਅਗਲੇ ਪੜਾਅ ਫਰੀਦਕੋਟ ਲਈ ਰਵਾਨਾ

ਸ੍ਰੀ ਮੁਕਤਸਰ ਸਾਹਿਬ/ਅੰਮ੍ਰਿਤਸਰ-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦਾ ੩੫੦ ਸਾਲਾ ਸ਼ਹੀਦੀ ਨਗਰ ਕੀਰਤਨ ਵੱਖ-ਵੱਖ ਸ਼ਹਿਰਾਂ ਤੋਂ ਹੁੰਦਾ ਹੋਇਆ ਅੱਜ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ, ਸ੍ਰੀ ਮੁਕਤਸਰ ਸਾਹਿਬ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਅਤੇ ਪੰਜ ਪਿਆਰੇ ਸਾਹਿਬਾਨ ਦੀ ਅਗਵਾਈ 'ਚ ਆਪਣੇ ਅਗਲੇ ਪੜਾਅ ਗੁਰਦੁਆਰਾ ਖਾਲਸਾ ਦੀਵਾਨ ਫਰੀਦਕੋਟ ਲਈ ਰਵਾਨਾ ਹੋਇਆ।

ਨਗਰ ਕੀਰਤਨ ਦੀ ਰਵਾਨਗੀ ਤੋਂ ਪਹਿਲਾਂ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ, ਸ੍ਰੀ ਮੁਕਤਸਰ ਸਾਹਿਬ ਵਿਖੇ ਸਜੇ ਧਾਰਮਿਕ ਦੀਵਾਨ 'ਚ ਸ੍ਰੀ ਦਰਬਾਰ ਸਾਹਿਬ ਦੇ ਹਜ਼ੂਰੀ ਰਾਗੀ ਜਥੇ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਕੇਵਲ ਸਿੰਘ ਨੇ ਸੰਗਤਾਂ ਨਾਲ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਦੇ ਇਤਿਹਾਸ ਦੀ ਸਾਂਝ ਪਾਈ। ਨਗਰ ਕੀਰਤਨ ਦੀ ਰਵਾਨਗੀ ਤੋਂ ਪਹਿਲਾਂ ਪੰਜ ਪਿਆਰੇ ਸਾਹਿਬਾਨ ਅਤੇ ਹਾਜ਼ਰ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਿਰੋਪਾਓ ਦਿੱਤੇ।

ਨਗਰ ਕੀਰਤਨ 'ਚ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਸ. ਸ਼ੇਰ ਸਿੰਘ ਮੰਡਵਾਲਾ, ਮੈਂਬਰ ਜਥੇਦਾਰ ਕੌਰ ਸਿੰਘ, ਸ. ਅਵਤਾਰ ਸਿੰਘ ਵਣਵਾਲਾ, ਸ. ਨਵਤੇਜ ਸਿੰਘ ਕਾਉਣੀ, ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਤੇ ਸਾਬਕਾ ਵਿਧਾਇਕ ਸ. ਕੰਵਰਜੀਤ ਸਿੰਘ ਰੋਜੀ ਬਰਕੰਦੀ, ਸਾਬਕਾ ਸਾਂਸਦ ਸ. ਜਗਮੀਤ ਸਿੰਘ ਬਰਾੜ, ਵਧੀਕ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਸ. ਪ੍ਰੀਤਪਾਲ ਸਿੰਘ, ਇੰਚਾਰਜ ਸ. ਬਲਜੀਤ ਸਿੰਘ, ਸ. ਭੋਲਾ ਸਿੰਘ ਹੀਰੇਵਾਲਾ, ਹੈੱਡ ਪ੍ਰਚਾਰਕ ਭਾਈ ਸਰਬਜੀਤ ਸਿੰਘ ਢੋਟੀਆਂ, ਸ੍ਰੀ ਦਰਬਾਰ ਸਾਹਿਬ ਦੇ ਮੀਤ ਮੈਨੇਜਰ ਸ. ਕੁਲਵੰਤ ਸਿੰਘ ਸਮੇਤ ਸੰਗਤਾਂ ਹਾਜ਼ਰ ਸਨ। ੨ ਨਵੰਬਰ

ਐਡਵੋਕੇਟ ਹਰਜਿੰਦਰ ਸਿੰਘ ਧਾਮੀ ਲਗਾਤਾਰ ਪੰਜਵੀਂ ਵਾਰ ਬਣੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ

ਐਡਵੋਕੇਟ ਧਾਮੀ ਨੂੰ 117 ਅਤੇ ਸ. ਕਾਹਨੇਕੇ ਨੂੰ ਮਿਲੀਆਂ 18 ਵੋਟਾਂ, 1 ਵੋਟ ਹੋਈ ਰੱਦ

ਸ. ਰਘੂਜੀਤ ਸਿੰਘ ਵਿਰਕ ਸੀਨੀ: ਮੀਤ ਪ੍ਰਧਾਨ, ਸ. ਬਲਦੇਵ ਸਿੰਘ ਕਲਿਆਣ ਜੂਨੀ: ਮੀਤ ਪ੍ਰਧਾਨ ਤੇ ਸ. ਸ਼ੇਰ ਸਿੰਘ ਮੰਡਵਾਲਾ ਬਣੇ ਜਨਰਲ ਸਕੱਤਰ

ਅੰਮ੍ਰਿਤਸਰ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅਹੁਦੇਦਾਰਾਂ ਦੀ ਹੋਈ ਸਾਲਾਨਾ ਚੋਣ ਦੌਰਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਲਗਾਤਾਰ ਪੰਜਵੀਂ ਵਾਰ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਚੁਣੇ ਗਏ ਹਨ। ਸ਼੍ਰੋਮਣੀ ਕਮੇਟੀ ਦਫ਼ਤਰ ਸਥਿਤ ਤੇਜਾ ਸਿੰਘ ਸਮੁੰਦਰੀ ਹਾਲ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਹਜ਼ੂਰੀ 'ਚ ਜਨਰਲ ਇਜਲਾਸ ਦੌਰਾਨ ਹੋਈ ਚੋਣ ਮੌਕੇ ਕੁੱਲ ਪਈਆਂ ੧੩੬ ਵੋਟਾਂ ਵਿੱਚੋਂ ੧੧੭ ਵੋਟਾਂ ਪ੍ਰਾਪਤ ਕਰਕੇ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਜਿੱਤ ਹਾਸਲ ਕੀਤੀ। ਉਨ੍ਹਾਂ ਦੇ ਮੁਕਾਬਲੇ ਪ੍ਰਧਾਨਗੀ ਦੀ ਚੋਣ ਲੜਨ ਲਈ ਖੜੇ ਸ. ਮਿੱਠੂ ਸਿੰਘ ਕਾਹਨੇਕੇ ਨੂੰ ੧੮ ਵੋਟਾਂ ਪਈਆਂ, ਜਦਕਿ ੧ਵੋਟਾਂ ਰੱਦ ਹੋਈ। ਇਜਲਾਸ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ ਅਤੇ ਸ਼੍ਰੋਮਣੀ ਕਮੇਟੀ ਮੈਂਬਰ ਮੌਜੂਦ ਰਹੇ।

ਜਨਰਲ ਇਜਲਾਸ ਦੌਰਾਨ ਸ. ਰਘੂਜੀਤ ਸਿੰਘ ਵਿਰਕ ਨੂੰ ਸੀਨੀਅਰ ਮੀਤ ਪ੍ਰਧਾਨ, ਸ. ਬਲਦੇਵ ਸਿੰਘ ਕਲਿਆਣ ਨੂੰ ਜੂਨੀਅਰ ਮੀਤ ਪ੍ਰਧਾਨ ਅਤੇ ਸ. ਸ਼ੇਰ ਸਿੰਘ ਮੰਡਵਾਲਾ ਨੂੰ ਜਨਰਲ ਸਕੱਤਰ ਚੁਣਿਆ ਗਿਆ। ਇਸ ਤੋਂ ਇਲਾਵਾ ਚੁਣੀ ਗਈ ੧੧ ਮੈਂਬਰੀ ਅੰਤ੍ਰਿੰਗ ਕਮੇਟੀ ਵਿਚ ਸ. ਸੁਰਜੀਤ ਸਿੰਘ ਗੜ੍ਹੀ, ਸ. ਸੁਰਜੀਤ ਸਿੰਘ ਤੁਗਲਵਾਲ, ਸ. ਸੁਰਜੀਤ ਸਿੰਘ ਕੰਗ, ਸ. ਗੁਰਪ੍ਰੀਤ ਸਿੰਘ ਝੱਬਰ, ਸ. ਦਲਜੀਤ ਸਿੰਘ ਭਿੰਡਰ, ਬੀਬੀ ਹਰਜਿੰਦਰ ਕੌਰ, ਸ. ਬਲਦੇਵ ਸਿੰਘ ਕਾਇਮਪੁਰ, ਸ. ਮੇਜਰ ਸਿੰਘ ਢਿੱਲੋਂ, ਸ. ਮੰਗਵਿੰਦਰ ਸਿੰਘ ਖਾਪੜਖੇੜੀ, ਡਾ. ਜੰਗ ਬਹਾਦਰ ਸਿੰਘ ਰਾਏ ਤੇ ਸ. ਮਿੱਠੂ ਸਿੰਘ ਕਾਹਨੇਕੇ ਸ਼ਾਮਲ ਹਨ।

ਐਡਵੋਕੇਟ ਧਾਮੀ ਨੇ ਪ੍ਰਧਾਨ ਚੁਣੇ ਜਾਣ ਮਗਰੋਂ ਮੀਡੀਆ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਕੌਮ ਦੀ ਸੇਵਾ ਗੁਰੂ ਸਾਹਿਬ ਦੀ ਬਖ਼ਸ਼ਿਸ਼ ਨਾਲ ਪ੍ਰਾਪਤ ਹੋਈ ਹੈ, ਜਿਸ ਨੂੰ ਉਹ ਗੁਰੂ ਸਾਹਿਬ ਦੀ ਭੈਅ ਭਾਵਨੀ ਅਨੁਸਾਰ ਨਿਭਾਉਣ ਦਾ ਯਤਨ ਕਰਨਗੇ। ਐਡਵੋਕੇਟ ਧਾਮੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਦੀ ਪਹਿਲੀ ਤਰਜੀਹੀ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ ੩੫੦ ਸਾਲਾ ਸ਼ਤਾਬਦੀ ਦੇ ਸਮਾਗਮਾਂ ਨੂੰ ਕੌਮੀ ਪੱਧਰ 'ਤੇ ਕਰਵਾਉਣਾ ਹੈ। ਉਨ੍ਹਾਂ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸੰਗਤਾਂ ਦੀ ਵੱਧ ਰਹੀ ਆਮਦ ਦੇ ਮੱਦੇਨਜ਼ਰ ਹੋਰ ਸਰਾਵਾਂ ਉਸਾਰਨ ਲਈ ਸ਼ੁਰੂ ਕੀਤੇ ਜਾ ਰਹੇ ਕਾਰਜਾਂ ਨੂੰ ਜਲਦ ਪੂਰਾ ਕਰਨ ਦੇ ਯਤਨ ਕੀਤੇ ਜਾਣਗੇ। ਉਨ੍ਹਾਂ ਆਪਣੇ 'ਚ ਮੁੜ ਭਰੋਸਾ ਜਤਾਉਣ ਲਈ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ ਤੇ ਸਮੁੱਚੀ ਲੀਡਰਸ਼ਿਪ ਦੇ ਨਾਲ-ਨਾਲ ਸ਼੍ਰੋਮਣੀ ਕਮੇਟੀ ਮੈਂਬਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਸਮਰਪਣ ਭਾਵਨਾ ਨਾਲ ਪੰਥਕ ਕਾਰਜਾਂ ਲਈ ਯਤਨਸ਼ੀਲ ਰਹਿਣਗੇ।

ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਧਾਮੀ ਨੇ ਭਵਿੱਖ ਦੀਆਂ ਤਰਜ਼ੀਹਾਂ ਬਾਰੇ ਗੱਲ ਕਰਦਿਆਂ ਕਿਹਾ ਕਿ ਧਰਮ ਪ੍ਰਚਾਰ ਖੇਤਰ ਦੇ ਨਾਲ-ਨਾਲ ਮਾਨਵ ਭਲਾਈ ਦੇ ਕਾਰਜਾਂ ਲਈ ਵੀ ਵਿਸ਼ੇਸ਼ ਤਵਜੋਂ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਮੁਕਾਬਲਾ ਪ੍ਰੀਖਿਆਵਾਂ ਲਈ ਚੱਲ ਰਹੇ ਕੇਂਦਰਾਂ ਦੇ ਨਿਯਮਾਂ ਵਿਚ ਸੋਧ ਕਰਦਿਆਂ ਇਸ ਦਾ ਹੋਰ ਵਿਸਥਾਰ ਕੀਤਾ ਜਾਵੇਗਾ। ਮੌਜੂਦਾ ਸਮੇਂ ਕਿਉਂਕਿ ਪ੍ਰਸ਼ਾਸਨਿਕ ਸੇਵਾਵਾਂ ਵਿਚ ਸਿੱਖ ਨੌਜੁਆਨਾਂ ਦੀ ਸ਼ਮੂਲੀਅਤ ਕੌਮੀ ਹਿੱਤਾਂ ਲਈ ਜ਼ਰੂਰੀ ਹੈ, ਇਸ ਵਾਸਤੇ ਸ਼੍ਰੋਮਣੀ ਕਮੇਟੀ ਵੱਲੋਂ ਚਲਾਈਆਂ ਜਾ ਰਹੀਆਂ ਪ੍ਰਸ਼ਾਸਨਿਕ ਸੇਵਾਵਾਂ ਦੇ ਕੇਂਦਰਾਂ ਨੂੰ ਹੋਰ ਮਜ਼ਬੂਤ ਕੀਤਾ ਜਾਵੇਗਾ। ਐਨਡੀਏ ਲਈ ਭਾਵੇਂ ਪਹਿਲਾਂ ਹੀ ਸ਼੍ਰੋਮਣੀ ਕਮੇਟੀ ਦੇ ਸਕੂਲਾਂ/ਕਾਲਜਾਂ ਵਿਚ ਮੁੱਢਲੇ ਤੌਰ 'ਤੇ ਤਿਆਰੀ ਕਰਵਾਈ ਜਾ ਰਹੀ ਹੈ, ਪਰ ਹੁਣ ਇਸ ਲਈ ਬਹਾਦਰਗੜ੍ਹ ਵਿਖੇ ਚਲਦੀ ਅਕੈਡਮੀ ਦਾ ਵੀ ਵਿਸਥਾਰ ਕਰਾਂਗੇ।

ਐਡਵੋਕੇਟ ਧਾਮੀ ਤੇ ਚੁਣੇ ਹੋਰ ਅਹੁਦੇਦਾਰਾਂ ਨੇ ਗੁਰੂ ਸਾਹਿਬ ਦਾ ਕੀਤਾ ਸ਼ੁਕਰਾਨਾ

ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਚੁਣੇ ਜਾਣ ਮਗਰੋਂ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਸਮੇਤ ਹੋਰ ਅਹੁਦੇਦਾਰਾਂ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋ ਕੇ ਗੁਰੂ ਸਾਹਿਬ ਦਾ ਸ਼ੁਕਰਾਨਾ ਕੀਤਾ, ਜਿਥੇ ਉਨ੍ਹਾਂ ਨੂੰ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਗੁਰੂ ਬਖ਼ਸ਼ਿਸ਼ ਸਿਰੋਪਾਓ ਦਿੱਤੇ। ਐਡਵੋਕੇਟ ਧਾਮੀ ਸਮੇਤ ਅਹੁਦੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਵੀ ਗੁਰੂ ਸਾਹਿਬ ਦਾ ਸ਼ੁਕਰਾਨਾ ਕਰਨ ਲਈ ਗਏ, ਜਿਥੇ ਉਨ੍ਹਾਂ ਦਾ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਅਤੇ ਜਥੇਦਾਰ ਗਿਆਨੀ ਟੇਕ ਸਿੰਘ ਵੱਲੋਂ ਸਤਿਕਾਰ ਕੀਤਾ ਗਿਆ। ਇਸ ਮਗਰੋਂ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਧਾਮੀ ਨੇ ਦਫ਼ਤਰ ਵਿਖੇ ਆਪਣਾ ਕਾਰਜਭਾਰ ਸੰਭਾਲਿਆ। ੩ ਨਵੰਬਰ

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ: ਅਸਾਮ ਤੋਂ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ ਫਰੀਦਕੋਟ ਤੋਂ ਅਗਲੇ ਪੜਾਅ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਲਈ ਰਵਾਨਾ

ਫਰੀਦਕੋਟ/ਅੰਮ੍ਰਿਤਸਰ-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦਾ ੩੫੦ ਸਾਲਾ ਸ਼ਹੀਦੀ ਨਗਰ ਕੀਰਤਨ ਵੱਖ-ਵੱਖ ਸ਼ਹਿਰਾਂ ਤੋਂ ਹੁੰਦਾ ਹੋਇਆ ਅੱਜ ਗੁਰਦੁਆਰਾ ਖਾਲਸਾ ਦਰਬਾਰ ਫਰੀਦਕੋਟ ਤੋਂ ਆਪਣੇ ਅਗਲੇ ਪੜਾਅ ਗੁਰਦੁਆਰਾ ਸ੍ਰੀ ਬੇਰ ਸਾਹਿਬ, ਸੁਲਤਾਨਪੁਰ ਲੋਧੀ ਲਈ ਰਵਾਨਾ ਹੋਇਆ।

ਨਗਰ ਕੀਰਤਨ ਦੀ ਰਵਾਨਗੀ ਤੋਂ ਪਹਿਲਾਂ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ, ਸ੍ਰੀ ਮੁਕਤਸਰ ਸਾਹਿਬ ਵਿਖੇ ਸਜੇ ਧਾਰਮਿਕ ਦੀਵਾਨ 'ਚ ਸ੍ਰੀ ਦਰਬਾਰ ਸਾਹਿਬ ਦੇ ਹਜ਼ੂਰੀ ਰਾਗੀ ਜਥੇ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਕੇਵਲ ਸਿੰਘ ਨੇ ਸੰਗਤਾਂ ਨਾਲ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਦੇ ਇਤਿਹਾਸ ਦੀ ਸਾਂਝ ਪਾਈ। ਨਗਰ ਕੀਰਤਨ ਦੀ ਰਵਾਨਗੀ ਤੋਂ ਪਹਿਲਾਂ ਪੰਜ ਪਿਆਰੇ ਸਾਹਿਬਾਨ ਅਤੇ ਹਾਜ਼ਰ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਿਰੋਪਾਓ ਦਿੱਤੇ।

ਨਗਰ ਕੀਰਤਨ 'ਚ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਸ. ਸ਼ੇਰ ਸਿੰਘ ਮੰਡਵਾਲਾ, ਮੈਂਬਰ ਬੀਬੀ ਗੁਰਿੰਦਰ ਕੌਰ ਭੋਲੂਵਾਲਾ, ਹਲਕਾ ਇੰਚਾਰਜ ਸ. ਪਰਮਬੰਸ ਸਿੰਘ ਬੰਟੀ ਰੁਮਾਣਾ, ਗੁਰਦੁਆਰਾ ਸਾਹਿਬ ਦੇ ਪ੍ਰਬੰਧਕ ਸ. ਸਰਬਜੋਤ ਸਿੰਘ ਸਾਹਨੀ, ਵਧੀਕ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਸ. ਪ੍ਰੀਤਪਾਲ ਸਿੰਘ, ਇੰਚਾਰਜ ਸ. ਬਲਜੀਤ ਸਿੰਘ, ਸ. ਭੋਲਾ ਸਿੰਘ ਹੀਰੇਵਾਲਾ, ਹੈੱਡ ਪ੍ਰਚਾਰਕ ਭਾਈ ਸਰਬਜੀਤ ਸਿੰਘ ਢੋਟੀਆਂ, ਸ੍ਰੀ ਦਰਬਾਰ ਸਾਹਿਬ ਦੇ ਮੀਤ ਮੈਨੇਜਰ ਸ. ਕੁਲਵੰਤ ਸਿੰਘ, ਐਮਐਲਏ ਸ. ਗੁਰਦਿੱਤ ਸਿੰਘ ਸਮੇਤ ਵੱਡੀ ਗਿਣਤੀ ਸੰਗਤਾਂ ਹਾਜ਼ਰ ਸਨ। ੩ ਨਵੰਬਰ

ਕਾਰਵਾਈ ਇਜਲਾਸ

ੴ ਸਤਿਗੁਰ ਪ੍ਰਸਾਦਿ॥

ਕਾਰਵਾਈ ਜਨਰਲ ਇਜਲਾਸ

੧੮ ਕੱਤਕ ਸੰਮਤ ਨਾਨਕਸ਼ਾਹੀ ੫੫੭

੦੩ ਨਵੰਬਰ ੨੦੨੫

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਰਜਿਸਟਰਡ ਪੱਤਰ ਨੰਬਰ ੨੨੦੧੨ ਮਿਤੀ ੧੩-੧੦-੨੦੨੫ ਰਾਹੀਂ ਸ਼੍ਰੋਮਣੀ ਗੁ:ਪ੍ਰ:ਕਮੇਟੀ ਦੇ ਜਨਰਲ ਇਜਲਾਸ ਦੀ ਇਕੱਤਰਤਾ ੧੮ ਕੱਤਕ ਸੰਮਤ ਨਾਨਕਸ਼ਾਹੀ ੫੫੭ (ਮੁਤਾਬਿਕ ੦੩ ਨਵੰਬਰ ੨੦੨੫) ਦਿਨ ਸੋਮਵਾਰ ਨੂੰ ਦੁਪਹਿਰ ੧੨.੦੦ ਵਜੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਦਫ਼ਤਰ ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਸ੍ਰ. ਹਰਜਿੰਦਰ ਸਿੰਘ ਜੀ, ਪ੍ਰਧਾਨ, ਸ਼੍ਰੋਮਣੀ ਗੁ:ਪ੍ਰ:ਕਮੇਟੀ ਦੀ ਪ੍ਰਧਾਨਗੀ ਹੇਠ ਆਰੰਭ ਹੋਈ। ਇਕੱਤਰਤਾ ਵਿੱਚ ਹੇਠ ਲਿਖੇ ਮੈਂਬਰ ਸਾਹਿਬਾਨ, ਸ਼੍ਰੋਮਣੀ ਗੁ:ਪ੍ਰ:ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਸ਼ਾਮਿਲ ਹੋਏ:-

ਸੀ.ਨੰ.	**ਹਲਕਾ ਨੰ:/ਨਾਮ ਹਲਕਾ**		**ਨਾਮ ਮੈਂਬਰ ਸਾਹਿਬਾਨ**
ਹਿਮਾਚਲ ਪ੍ਰਦੇਸ਼			
੧.	੧	ਸ਼ਿਮਲਾ	ਸ੍ਰ. ਦਲਜੀਤ ਸਿੰਘ ਜੀ
ਚੰਡੀਗੜ੍ਹ			
੨.	੨	ਚੰਡੀਗੜ੍ਹ	ਬੀਬੀ ਹਰਜਿੰਦਰ ਕੌਰ ਜੀ
ਹਰਿਆਣਾ ਰਾਜ			
੩.	੩/੧	ਅੰਬਾਲਾ	ਸ੍ਰ. ਅਮਰੀਕ ਸਿੰਘ ਜੀ
੪.	੩/੨	ਅੰਬਾਲਾ	ਸ੍ਰ. ਹਰਪਾਲ ਸਿੰਘ ਜੀ
੫.	੪/੧	ਯਮੁਨਾ ਨਗਰ	ਸ੍ਰ. ਬਲਦੇਵ ਸਿੰਘ ਜੀ
੬.	੪/੨	ਯਮੁਨਾ ਨਗਰ	ਬੀਬੀ ਮਨਜੀਤ ਕੌਰ
੭.	੫	ਕੁਰੂਕਸ਼ੇਤਰ	ਸ੍ਰ. ਹਰਭਜਨ ਸਿੰਘ ਜੀ
੮	੭	ਕੈਂਥਲ	ਸ੍ਰ. ਅਮੀਰ ਸਿੰਘ ਜੀ
੯	੮/੨	ਹਿਸਾਰ	ਬੀਬੀ ਅਮਰਜੀਤ ਕੌਰ ਜੀ
੧੦.	੯	ਸਿਰਸਾ	ਸ੍ਰ. ਗੁਰਮੀਤ ਸਿੰਘ ਜੀ
੧੧	੧੦	ਡਬਵਾਲੀ	ਸ੍ਰ. ਜਗਸੀਰ ਸਿੰਘ ਜੀ
ਪੰਜਾਬ ਰਾਜ			
ਜ਼ਿਲ੍ਹਾ ਮੁਕਤਸਰ ਸਾਹਿਬ			
੧੨.		੧੨/੧ ਗਿੱਦੜਬਾਹਾ	ਸ੍ਰ. ਗੁਰਪਾਲ ਸਿੰਘ ਜੀ
੧੩.	੧੨/੨.	ਗਿੱਦੜਬਾਹਾ	ਬੀਬੀ ਕਿਰਨਬੀਰ ਕੌਰ ਜੀ
੧੪.	੧੩	ਦੋਦਾ	ਸ੍ਰ. ਨਵਤੇਜ ਸਿੰਘ ਜੀ
ਜ਼ਿਲ੍ਹਾ ਫਾਜ਼ਿਲਕਾ:			
੧੫.	੧੫/੧	ਅਬੋਹਰ	ਸ੍ਰ: ਕੌਰ ਸਿੰਘ ਜੀ

੧੬.	੧੫/੨	ਅਬੋਹਰ	ਬੀਬੀ ਪਰਮਿੰਦਰ ਕੌਰ ਜੀ
੧੭.	੧੬	ਫਾਜ਼ਿਲਕਾ	ਸ੍. ਸੂਬਾ ਸਿੰਘ ਜੀ
ਜ਼ਿਲ੍ਹਾ	**ਫਿਰੋਜ਼ਪੁਰ:**		
੧੮.	੧੭	ਜਲਾਲਾਬਾਦ	ਸ੍. ਦਰਸ਼ਨ ਸਿੰਘ ਜੀ
੧੯.	੧੮	ਮਮਦੋਟ	ਸ੍. ਪ੍ਰੀਤਮ ਸਿੰਘ ਜੀ
੨੦.	੧੯/੧	ਫਿਰੋਜ਼ਪੁਰ	ਸ੍. ਦਰਸ਼ਨ ਸਿੰਘ ਜੀ
੨੧.	੧੯/੨	ਫਿਰੋਜ਼ਪੁਰ	ਸ੍. ਬਲਵਿੰਦਰ ਸਿੰਘ ਜੀ
੨੨.	੨੦/੧	ਤਲਵੰਡੀ ਭਾਈ	ਸ੍. ਸਤਪਾਲ ਸਿੰਘ ਜੀ
੨੩.	੨੦/੨	ਤਲਵੰਡੀ ਭਾਈ	ਬੀਬੀ ਜਸਵਿੰਦਰ ਕੌਰ ਜੀ
੨੪.	੨੧	ਜ਼ੀਰਾ	ਸ੍. ਗੁਰਮੀਤ ਸਿੰਘ ਜੀ
ਜ਼ਿਲ੍ਹਾ	**ਮੋਗਾ**		
੨੫.		੨੪/੨ ਬਧਨੀ ਕਲਾਂ	ਬੀਬੀ ਨਰਿੰਦਰ ਕੌਰ ਜੀ
੨੬.		੨੫ ਨਿਹਾਲ ਸਿੰਘ ਵਾਲਾ	ਸ੍. ਗੁਰਮੇਲ ਸਿੰਘ ਜੀ
੨੭.	੨੬	ਬਾਘਾ ਪੁਰਾਣਾ	ਸ੍. ਸੁਖਹਰਪ੍ਰੀਤ ਸਿੰਘ ਜੀ
੨੮.	੨੭/੧	ਘੱਲ ਕਲਾਂ	ਸ੍. ਤਰਸੇਮ ਸਿੰਘ ਜੀ
੨੯.	੨੭/੨	ਘੱਲ ਕਲਾਂ	ਬੀਬੀ ਜਸਵਿੰਦਰ ਕੌਰ ਜੀ
ਜ਼ਿਲ੍ਹਾ	**ਫਰੀਦਕੋਟ**		
੩੦.	੨੮/੨	ਫਰੀਦਕੋਟ	ਬੀਬੀ ਗੁਰਿੰਦਰ ਕੌਰ ਜੀ
੩੧.	੨੯	ਕੋਟਕਪੂਰਾ	ਸ੍. ਸ਼ੇਰ ਸਿੰਘ ਜੀ
ਜ਼ਿਲ੍ਹਾ	**ਬਠਿੰਡਾ**		
੩੨.	੩੧/੧	ਭਗਤਾ	ਸ੍. ਫੁੰਮਣ ਸਿੰਘ ਜੀ
੩੩.	੩੨/੧	ਰਾਮਪੁਰਾ ਫੂਲ	ਸ੍. ਮੇਜਰ ਸਿੰਘ ਜੀ
੩੪.	੩੨/੨	ਰਾਮਪੁਰਾ ਫੂਲ	ਬੀਬੀ ਜਸਪਾਲ ਕੌਰ ਜੀ
੩੫.	੩੪/੧	ਬੱਲੂਆਣਾ	ਸ੍. ਅਮਰੀਕ ਸਿੰਘ ਜੀ
੩੬.	੩੪/੨	ਬੱਲੂਆਣਾ	ਬੀਬੀ ਜੋਗਿੰਦਰ ਕੌਰ ਜੀ
੩੭.	੩੫	ਤਲਵੰਡੀ ਸਾਬੋ	ਸ੍. ਮੋਹਨ ਸਿੰਘ ਜੀ
ਜ਼ਿਲ੍ਹਾ	**ਮਾਨਸਾ**		
੩੮.	੩੭	ਸਰਦੂਲਗੜ੍ਹ	ਸ੍: ਸੁਰਜੀਤ ਸਿੰਘ ਜੀ
੩੯.	੩੮/੧	ਮਾਨਸਾ	ਸ੍: ਮਿੱਠੂ ਸਿੰਘ ਜੀ
੪੦.	੩੮/੨	ਮਾਨਸਾ	ਸ੍. ਬੂਟਾ ਸਿੰਘ ਜੀ
੪੧.	੩੯	ਜੋਗਾ	ਸ੍. ਗੁਰਪ੍ਰੀਤ ਸਿੰਘ ਜੀ
ਜ਼ਿਲ੍ਹਾ	**ਸੰਗਰੂਰ**		
੪੨.	੪੧	ਮੂਨਕ	ਬੀਬੀ ਪਰਮਜੀਤ ਕੌਰ ਜੀ
੪੩.	੪੨/੧	ਸੁਨਾਮ	ਸ੍. ਇੰਦਰਮੋਹਨ ਸਿੰਘ ਜੀ
੪੪.	੪੨/੨	ਸੁਨਾਮ	ਬੀਬੀ ਜਸਪਾਲ ਕੌਰ ਜੀ

੪੫.	੪੩/੧	ਲੌਂਗੋਵਾਲ	ਸ੍. ਗੋਬਿੰਦ ਸਿੰਘ ਜੀ
੪੬.	੪੩/੨	ਲੌਂਗੋਵਾਲ	ਸ੍. ਮਲਕੀਤ ਸਿੰਘ ਜੀ
੪੭.	੪੪	ਬਰਨਾਲਾ	ਸ੍. ਪਰਮਜੀਤ ਸਿੰਘ ਜੀ
੪੮.	੪੫	ਭਦੌੜ	ਸ੍. ਬਲਦੇਵ ਸਿੰਘ ਜੀ
੪੯.	੪੬/੨	ਚੰਨਣਵਾਲ	ਸੰਤ ਬਲਬੀਰ ਸਿੰਘ ਜੀ
੫੦.	੪੭/੨	ਧੂਰੀ	ਬੀਬੀ ਸ਼ਰਨਜੀਤ ਕੌਰ ਜੀ
੫੧.	੪੯	ਅਮਰਗੜ੍ਹ	ਸ੍. ਭੁਪਿੰਦਰ ਸਿੰਘ ਜੀ
੫੨.	੫੧/੧	ਦਿੜ੍ਹਬਾ	ਸ੍. ਹਰਦੇਵ ਸਿੰਘ ਜੀ
੫੩	੫੧/੨	ਦਿੜ੍ਹਬਾ	ਬੀਬੀ ਮਲਕੀਤ ਕੌਰ ਜੀ

ਜ਼ਿਲ੍ਹਾ ਪਟਿਆਲਾ

੫੪	੫੩/੨	ਨਾਭਾ	ਬੀਬੀ ਹਰਦੀਪ ਕੌਰ ਜੀ
੫੫.	੫੪	ਭਾਦਸੋਂ	ਸ੍. ਸਤਵਿੰਦਰ ਸਿੰਘ ਜੀ
੫੬.	੫੫/੧	ਡਕਾਲਾ	ਸ੍. ਜਰਨੈਲ ਸਿੰਘ ਜੀ
੫੭.	੫੬	ਪਟਿਆਲਾ	ਸ੍. ਸਵਿੰਦਰ ਸਿੰਘ ਜੀ
੫੮.	੫੭/੧	ਸਨੌਰ	ਸ੍. ਜਸਮੇਰ ਸਿੰਘ ਜੀ
੫੯.	੫੭/੨	ਸਨੌਰ	ਬੀਬੀ ਕੁਲਦੀਪ ਕੌਰ ਜੀ
੬੦.	੫੮	ਡੇਰਾਬੱਸੀ	ਸ੍. ਨਿਰਮੈਲ ਸਿੰਘ ਜੀ
੬੧.	੫੯	ਰਾਜਪੁਰਾ	ਸ੍. ਸੁਰਜੀਤ ਸਿੰਘ ਜੀ

ਜ਼ਿਲ੍ਹਾ ਫਤਹਿਗੜ੍ਹ ਸਾਹਿਬ

੬੨.	੬੦	ਫਤਹਿਗੜ੍ਹ ਸਾਹਿਬ	ਸ੍. ਗੁਰਪ੍ਰੀਤ ਸਿੰਘ ਜੀ
੬੩.	੬੧/੨	ਬੱਸੀ ਪਠਾਣਾਂ	ਸ੍. ਅਵਤਾਰ ਸਿੰਘ ਜੀ
੬੪.	੬੨	ਅਮਲੋਹ	ਸ੍. ਰਵਿੰਦਰ ਸਿੰਘ ਜੀ

ਜ਼ਿਲ੍ਹਾ ਲੁਧਿਆਣਾ

੬੫.	੬੩	ਖੰਨਾ	ਸ੍. ਦਵਿੰਦਰ ਸਿੰਘ ਜੀ
੬੬.	੬੪	ਪਾਇਲ	ਸ੍. ਰਘਬੀਰ ਸਿੰਘ ਜੀ
੬੭.	੬੫/੧	ਦੋਰਾਹਾ	ਸ੍. ਚਰਨ ਸਿੰਘ ਜੀ
੬੮.	੬੫/੨	ਦੋਰਾਹਾ	ਸ੍. ਹਰਪਾਲ ਸਿੰਘ ਜੀ
੬੯	੬੬	ਪੱਖੋਵਾਲ	ਸ੍. ਹਰਪ੍ਰੀਤ ਸਿੰਘ ਜੀ
੭੦.	੬੭	ਰਾਏਕੋਟ	ਸ੍. ਜਗਜੀਤ ਸਿੰਘ ਜੀ
੭੧.	੬੮/੧	ਜਗਰਾਉਂ	ਸ੍. ਗੁਰਚਰਨ ਸਿੰਘ ਜੀ
੭੨.	੬੯	ਸਿਧਵਾਂ ਬੇਟ	ਸ੍. ਜਸਵੰਤ ਸਿੰਘ ਜੀ
੭੩.	੭੦/੨	ਮੁੱਲਾਂਪੁਰ ਦਾਖਾ	ਸ੍. ਕੇਵਲ ਸਿੰਘ ਜੀ
੭੪.	੭੧	ਲੁਧਿਆਣਾ (ਦੱਖਣੀ)	ਸ੍. ਬਲਵਿੰਦਰ ਸਿੰਘ ਜੀ
੭੫.	੭੨/੨	ਲੁਧਿਆਣਾ (ਪੱਛਮੀ)	ਬੀਬੀ ਰਜਿੰਦਰ ਕੌਰ ਜੀ
੭੬.	੭੪	ਲੁਧਿਆਣਾ (ਦਿਹਾਤੀ)	ਸ੍. ਰਣਜੀਤ ਸਿੰਘ ਜੀ

੭੭.	੭੫/੧	ਸਮਰਾਲਾ	ਸ੍. ਸਰਬੰਸ ਸਿੰਘ ਜੀ
੭੮.	੭੫/੨	ਸਮਰਾਲਾ	ਬੀਬੀ ਹਰਜਿੰਦਰ ਕੌਰ ਜੀ

ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ

੭੯.	੭੬/੧	ਬਲਾਚੌਰ	ਸ੍. ਮਹਿੰਦਰ ਸਿੰਘ ਜੀ
੮੦.	੭੬/੨	ਬਲਾਚੌਰ	ਸ੍. ਗੁਰਬਖਸ਼ ਸਿੰਘ ਜੀ

ਜ਼ਿਲ੍ਹਾ: ਜਲੰਧਰ

੮੧.	੮੦/੨	ਸ਼ਾਹਕੋਟ	ਸ੍. ਬਲਦੇਵ ਸਿੰਘ ਜੀ
੮੨.	੮੧/੧	ਆਦਮਪੁਰ	ਸ੍. ਪਰਮਜੀਤ ਸਿੰਘ ਜੀ
੮੩.	੮੧/੨	ਆਦਮਪੁਰ	ਬੀਬੀ ਦਵਿੰਦਰ ਕੌਰ ਜੀ
੮੪.	੮੨	ਜਲੰਧਰ	ਸ੍. ਕੁਲਵੰਤ ਸਿੰਘ ਜੀ
੮੫.	੮੩/੧	ਕਰਤਾਰਪੁਰ	ਸ੍. ਰਣਜੀਤ ਸਿੰਘ ਜੀ
੮੬.	੮੩/੨	ਕਰਤਾਰਪੁਰ	ਬੀਬੀ ਗੁਰਮੀਤ ਕੌਰ ਜੀ

ਜ਼ਿਲ੍ਹਾ ਕਪੂਰਥਲਾ

੮੭.	੮੪/੨	ਫਗਵਾੜਾ	ਬੀਬੀ ਗੁਰਪ੍ਰੀਤ ਕੌਰ ਜੀ
੮੮.	੮੫	ਕਪੂਰਥਲਾ	ਸ੍. ਜਰਨੈਲ ਸਿੰਘ ਜੀ
੮੯.	੮੬	ਭੁਲੱਥ	ਬੀਬੀ ਜਗੀਰ ਕੌਰ ਜੀ

ਜ਼ਿਲ੍ਹਾ: ਤਰਨ ਤਾਰਨ

੯੦.	੮੭	ਬਾਬਾ ਬਕਾਲਾ	ਸ੍. ਬਲਜੀਤ ਸਿੰਘ ਜੀ
੯੧.	੮੮/੧	ਖਡੂਰ ਸਾਹਿਬ	ਸ੍. ਅਮਰਜੀਤ ਸਿੰਘ ਜੀ
੯੨.	੮੮/੨	ਖਡੂਰ ਸਾਹਿਬ	ਸ੍. ਬਲਵਿੰਦਰ ਸਿੰਘ ਜੀ
੯੩.	੮੯	ਨੌਸ਼ਹਿਰਾ ਪਨੂੰਆਂ	ਸ੍. ਗੁਰਬਚਨ ਸਿੰਘ ਜੀ
੯੪.	੯੦/੧	ਪੱਟੀ	ਸ੍. ਖੁਸ਼ਵਿੰਦਰ ਸਿੰਘ ਜੀ
੯੫.	੯੦/੨	ਪੱਟੀ	ਬੀਬੀ ਹਰਜਿੰਦਰ ਕੌਰ ਜੀ
੯੬.	੯੨	ਭਿੱਖੀਵਿੰਡ	ਸ੍. ਮਨਜੀਤ ਸਿੰਘ ਜੀ
੯੭.	੯੩	ਤਰਨ ਤਾਰਨ	ਸ੍. ਅਲਵਿੰਦਰਪਾਲ ਸਿੰਘ ਜੀ
੯੮.	੯੪	ਝਬਾਲ ਕਲਾਂ	ਸ੍. ਨਿਰਮਲ ਸਿੰਘ ਜੀ

ਜ਼ਿਲ੍ਹਾ ਸ੍ਰੀ ਅੰਮ੍ਰਿਤਸਰ

੯੯.	੯੫/੧	ਵੇਰਕਾ	ਸ੍. ਮੰਗਵਿੰਦਰ ਸਿੰਘ ਜੀ
੧੦੦.	੯੫/੨	ਵੇਰਕਾ	ਸ੍. ਗੁਰਿੰਦਰਪਾਲ ਸਿੰਘ ਜੀ
੧੦੧.	੯੬	ਅੰਮ੍ਰਿਤਸਰ (ਪੂਰਬੀ)	ਸ੍. ਹਰਜਾਪ ਸਿੰਘ ਜੀ
੧੦੨.	੯੭	ਅੰਮ੍ਰਿਤਸਰ (ਕੇਂਦਰੀ)	ਸ੍. ਰਜਿੰਦਰ ਸਿੰਘ ਜੀ
੧੦੩.	੯੮/੧	ਅੰਮ੍ਰਿਤਸਰ (ਪੱਛਮੀ)	ਸ੍. ਬਾਵਾ ਸਿੰਘ ਜੀ
੧੦੪.	੯੮/੨	ਅੰਮ੍ਰਿਤਸਰ ਸ਼ਹਿਰ (ਪੱਛਮੀ)	ਬੀਬੀ ਕਿਰਨਜੋਤ ਕੌਰ ਜੀ
੧੦੫.	੯੯/੧	ਚੋਗਾਵਾਂ	ਸ੍. ਸੁਰਜੀਤ ਸਿੰਘ ਜੀ
੧੦੬.	੯੯/੨	ਚੋਗਾਵਾਂ	ਬੀਬੀ ਬਲਵਿੰਦਰ ਕੌਰ ਜੀ

੧੦੭.	੧੦੦	ਅਜਨਾਲਾ	ਸ੍. ਅਮਰੀਕ ਸਿੰਘ ਜੀ
੧੦੮.	੧੦੧/੧	ਗੁਰੂ ਕਾ ਬਾਗ	ਸ੍. ਜੋਧ ਸਿੰਘ ਜੀ
੧੦੯.	੧੦੧/੨	ਗੁਰੂ ਕਾ ਬਾਗ	ਬੀਬੀ ਸਵਰਨ ਕੌਰ ਜੀ
੧੧੦.	੧੦੨/੧	ਜੰਡਿਆਲਾ ਗੁਰੂ	ਸ੍. ਅਮਰਜੀਤ ਸਿੰਘ ਜੀ
੧੧੧.	੧੦੨/੨	ਜੰਡਿਆਲਾ ਗੁਰੂ	ਸ੍. ਬਿਕਰਮਜੀਤ ਸਿੰਘ ਜੀ
੧੧੨.	੧੦੩	ਮੱਤੇਵਾਲ	ਸ੍. ਭਗਵੰਤ ਸਿੰਘ ਜੀ

ਜ਼ਿਲ੍ਹਾ: ਗੁਰਦਾਸਪੁਰ

੧੧੩.	੧੦੪	ਸ੍ਰੀ ਹਰਿਗੋਬਿੰਦਪੁਰ	ਸ੍. ਸੁਰਜੀਤ ਸਿੰਘ ਜੀ
੧੧੪.	੧੦੫/੧	ਬਟਾਲਾ	ਸ੍. ਗੁਰਿੰਦਰਪਾਲ ਸਿੰਘ ਜੀ
੧੧੫.	੧੦੫/੨	ਬਟਾਲਾ	ਸ੍. ਗੁਰਨਾਮ ਸਿੰਘ ਜੀ
੧੧੬.	੧੦੭/੧	ਡੇਰਾ ਬਾਬਾ ਨਾਨਕ	ਸ੍. ਅਮਰੀਕ ਸਿੰਘ ਜੀ
੧੧੭.	੧੦੭/੨	ਡੇਰਾ ਬਾਬਾ ਨਾਨਕ	ਬੀਬੀ ਜੋਗਿੰਦਰ ਕੌਰ ਜੀ
੧੧੮.	੧੦੮/੨	ਧਾਰੀਵਾਲ	ਬੀਬੀ ਜਸਬੀਰ ਕੌਰ ਜੀ

ਜ਼ਿਲ੍ਹਾ: ਹੁਸ਼ਿਆਰਪੁਰ

੧੧੯.	੧੧੧	ਮੁਕੇਰੀਆਂ	ਸ੍. ਰਵਿੰਦਰ ਸਿੰਘ ਜੀ
੧੨੦.	੧੧੩/੧	ਸ਼ਾਮਚੁਰਾਸੀ	ਸ੍. ਹਰਜਿੰਦਰ ਸਿੰਘ ਜੀ
੧੨੧.	੧੧੪	ਹੁਸ਼ਿਆਰਪੁਰ	ਸ੍. ਸੁਰਿੰਦਰ ਸਿੰਘ ਜੀ
੧੨੨.	੧੧੫/੧	ਗੜ੍ਹਸ਼ੰਕਰ	ਸ੍. ਜੰਗਬਹਾਦਰ ਸਿੰਘ ਜੀ

ਜ਼ਿਲ੍ਹਾ: ਰੋਪੜ

੧੨੩.	੧੧੬/੧	ਸ੍ਰੀ ਅਨੰਦਪੁਰ ਸਾਹਿਬ	ਸ੍. ਅਮਰਜੀਤ ਸਿੰਘ ਜੀ
੧੨੪.	੧੧੭	ਰੂਪ ਨਗਰ	ਸ੍. ਪਰਮਜੀਤ ਸਿੰਘ ਜੀ

ਜ਼ਿਲ੍ਹਾ: ਮੋਹਾਲੀ

੧੨੫.	੧੧੮	ਮੋਰਿੰਡਾ	ਸ੍. ਅਜਮੇਰ ਸਿੰਘ ਜੀ
੧੨੬.	੧੧੯	ਖਰੜ	ਸ੍. ਚਰਨਜੀਤ ਸਿੰਘ ਜੀ
੧੨੭.	੧੨੦/੨	ਮੋਹਾਲੀ	ਬੀਬੀ ਪਰਮਜੀਤ ਕੌਰ ਜੀ

ਕੋਆਪਟਿਡ ਮੈਂਬਰ ਸਾਹਿਬਾਨ

੧੨੮.	੧.	ਪ੍ਰੋ: ਕਿਰਪਾਲ ਸਿੰਘ ਜੀ
੧੨੯.	੨.	ਸ੍. ਰਘੂਜੀਤ ਸਿੰਘ ਜੀ
੧੩੦.	੫	ਸ੍. ਜਗਤਾਰ ਸਿੰਘ ਜੀ
੧੩੧	੭	ਸ੍. ਸੁਰਜੀਤ ਸਿੰਘ ਜੀ
੧੩੨.	੯	ਸ੍. ਚਰਨਜੀਤ ਸਿੰਘ ਜੀ
੧੩੩.	੧੦	ਸ੍. ਸੁਖਮੀਤ ਸਿੰਘ ਜੀ
੧੩੪.	੧੩	ਸ੍. ਗੁਰਮਿੰਦਰ ਸਿੰਘ ਜੀ
੧੩੫.	੧੪	ਸ੍. ਗੁਰਿੰਦਰ ਸਿੰਘ ਜੀ
੧੩੬.	੧੫	ਬੀਬੀ ਸੁਖਵਿੰਦਰ ਕੌਰ ਜੀ

ਹੈੱਡ ਮਨਿਸਟਰਜ਼ ਸਾਹਿਬਾਨ

੧. ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਜੀ, ਮੁੱਖ ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ।

੨. ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਜੀ, ਕਾਰਜਕਾਰੀ ਜਥੇਦਾਰ, ਸ੍ਰੀ ਅਕਾਲ ਤਖ਼ਤ ਸਾਹਿਬ, ਸ੍ਰੀ ਅੰਮ੍ਰਿਤਸਰ।

੩. ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਜੀ, ਜਥੇਦਾਰ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਅਨੰਦਪੁਰ ਸਾਹਿਬ (ਰੂਪ ਨਗਰ)

੪. ਸਿੰਘ ਸਾਹਿਬ ਗਿਆਨੀ ਟੇਕ ਸਿੰਘ ਜੀ, ਜਥੇਦਾਰ, ਤਖਤ ਸ੍ਰੀ ਦਮਦਮਾ ਸਾਹਿਬ, ਤਲਵੰਡੀ ਸਾਬੋ (ਬਠਿੰਡਾ)

ਜਨਰਲ ਹਾਊਸ ਦੀ ਆਰੰਭਤਾ ਦੀ ਅਰਦਾਸ ਭਾਈ ਪ੍ਰੇਮ ਸਿੰਘ ਜੀ ਅਰਦਾਸੀਆ ਨੇ ਕੀਤੀ ਅਤੇ ਆਰੰਭ ਦਾ ਹੁਕਮਨਾਮਾ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਜੀ, ਹੈੱਡ ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ ਨੇ ਲਿਆ। ਮੁੱਖ ਵਾਕ ਆਇਆ:-

ਸੋਰਠਿ ਮਹਲਾ ੫ ॥
ਗੁਰਿ ਪੂਰੈ ਕੀਤੀ ਪੂਰੀ ॥ ਪ੍ਰਭੁ ਰਵਿ ਰਹਿਆ ਭਰਪੂਰੀ ॥
ਖੇਮ ਕੁਸਲ ਭਇਆ ਇਸਨਾਨਾ ॥ ਪਾਰਬ੍ਰਹਮ ਵਿਟਹੁ ਕੁਰਬਾਨਾ ॥੧ ॥

(ਅੰਗ ੬੨੪)

ਸ੍ਰ. ਕੁਲਵੰਤ ਸਿੰਘ, ਮੁੱਖ ਸਕੱਤਰ, ਸ਼੍ਰੋਮਣੀ ਗੁ:ਪ੍ਰ:ਕਮੇਟੀ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਸਾਹਿਬ ਜੀ ਦੀ ਪਾਵਨ ਹਜ਼ੂਰੀ ਵਿੱਚ ਮਿਲ ਬੈਠੇ ਸਿੰਘ ਸਾਹਿਬਾਨ ਅਤੇ ਮੈਂਬਰ ਸਾਹਿਬਾਨ ਸ਼੍ਰੋਮਣੀ ਗੁ:ਪ੍ਰ:ਕਮੇਟੀ ਨੂੰ ਗੁਰ ਫਤਹਿ ਬੁਲਾਉਂਦਿਆਂ ਸੱਦੇ ਗਏ ਜਨਰਲ ਇਜਲਾਸ ਸਬੰਧੀ ਜਾਣਕਾਰੀ ਦਿੰਦਿਆਂ ਜਨਰਲ ਸਮਾਗਮ ਸਬੰਧੀ ਦਫਤਰ, ਸ਼੍ਰੋਮਣੀ ਗੁ:ਪ੍ਰ:ਕਮੇਟੀ ਵੱਲੋਂ ਜਾਰੀ ਪੱਤਰ ਨੰਬਰ ੨੨੦੧੨ ਮਿਤੀ ੧੩-੧੦-੨੦੨੫ ਪੜ੍ਹ ਕੇ ਸੁਣਾਇਆ। ਪੱਤਰ ਪੜ੍ਹਨ ਉਪਰੰਤ ਮੁੱਖ ਸਕੱਤਰ ਜੀ ਨੇ ਪ੍ਰਧਾਨ ਸਾਹਿਬ ਨੂੰ ਇਜਲਾਸ ਦੀ ਅਰੰਭਤਾ ਕਰਨ ਦੀ ਬੇਨਤੀ ਕੀਤੀ। ਇਸ ਉਪਰੰਤ ਪ੍ਰਧਾਨ ਸਾਹਿਬ ਵੱਲੋਂ ਮੂਲ ਮੰਤਰ ਅਤੇ ਗੁਰ ਮੰਤਰ ਦੇ ਪੰਜ-ਪੰਜ ਵਾਰ ਜਾਪ ਕਰਕੇ ਇਜਲਾਸ ਦੀ ਸ਼ੁਰੂਆਤ ਕੀਤੀ। ਇਸ ਉਪਰੰਤ ਪ੍ਰਧਾਨ ਜੀ ਵੱਲੋਂ ਹੇਠ ਲਿਖੇ ਅਨੁਸਾਰ ਸ਼ੋਕ ਮਤੇ ਪੜ੍ਹੇ ਗਏ:-

ਸ਼ੋਕ ਮਤੇ

ਮਤਾ ਨੰਬਰ ੦੧

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦਾ ਅੱਜ ਦਾ ਇਹ ਜਨਰਲ ਇਜਲਾਸ ਸਿੰਘ ਸਾਹਿਬ ਗਿਆਨੀ ਮੋਹਣ ਸਿੰਘ ਜੀ, ਸਾਬਕਾ ਹੈੱਡ ਗ੍ਰੰਥੀ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਅਕਾਲ ਚਲਾਣਾ ਕਰ ਜਾਣ 'ਤੇ ਗਹਿਰੇ ਦੁੱਖ ਦਾ ਇਜ਼ਹਾਰ ਕਰਦਾ ਹੈ।

ਜਨਰਲ ਇਜਲਾਸ ਸਿੰਘ ਸਾਹਿਬ ਗਿਆਨੀ ਮੋਹਣ ਸਿੰਘ ਜੀ ਨੂੰ ਸ਼ਰਧਾ ਤੇ ਸਤਿਕਾਰ ਭੇਟ ਕਰਦਾ ਹੋਇਆ ਅਕਾਲ ਪੁਰਖ ਅੱਗੇ ਅਰਦਾਸ ਕਰਦਾ ਹੈ ਕਿ ਉਹ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿਚ ਨਿਵਾਸ ਦੇਣ ਅਤੇ ਪਿੱਛੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖ਼ਸ਼ਣ।

ਮਤਾ ਨੰਬਰ ੦੨

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦਾ ਅੱਜ ਦਾ ਇਹ ਜਨਰਲ ਇਜਲਾਸ ਸ. ਰਣਧੀਰ ਸਿੰਘ ਜੀ ਚੀਮਾ ਮੈਂਬਰ ਸ਼੍ਰੋਮਣੀ ਗੁ:ਪ੍ਰ:ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਅਕਾਲ ਚਲਾਣਾ ਕਰ ਜਾਣ 'ਤੇ ਗਹਿਰੇ ਦੁੱਖ ਦਾ ਇਜ਼ਹਾਰ ਕਰਦਾ ਹੈ।

ਜਨਰਲ ਇਜਲਾਸ ਸ. ਰਣਧੀਰ ਸਿੰਘ ਜੀ ਚੀਮਾ ਨੂੰ ਸ਼ਰਧਾ ਤੇ ਸਤਿਕਾਰ ਭੇਟ ਕਰਦਾ ਹੋਇਆ ਅਕਾਲ ਪੁਰਖ ਅੱਗੇ ਅਰਦਾਸ ਕਰਦਾ ਹੈ ਕਿ ਉਹ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿਚ ਨਿਵਾਸ ਦੇਣ ਅਤੇ ਪਿੱਛੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖ਼ਸ਼ਣ।

ਮਤਾ ਨੰਬਰ ੦੩

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦਾ ਅੱਜ ਦਾ ਇਹ ਜਨਰਲ ਇਜਲਾਸ ਭਾਈ ਰਾਮ ਸਿੰਘ ਜੀ ਮੈਂਬਰ ਸ਼੍ਰੋਮਣੀ ਗੁ:ਪ੍ਰ: ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਅਕਾਲ ਚਲਾਣਾ ਕਰ ਜਾਣ 'ਤੇ ਗਹਿਰੇ ਦੁੱਖ ਦਾ ਇਜ਼ਹਾਰ ਕਰਦਾ ਹੈ।

ਜਨਰਲ ਇਜਲਾਸ ਭਾਈ ਰਾਮ ਸਿੰਘ ਜੀ ਨੂੰ ਸ਼ਰਧਾ ਤੇ ਸਤਿਕਾਰ ਭੇਟ ਕਰਦਾ ਹੋਇਆ ਅਕਾਲ ਪੁਰਖ ਅੱਗੇ ਅਰਦਾਸ ਕਰਦਾ ਹੈ ਕਿ ਉਹ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿਚ ਨਿਵਾਸ ਦੇਣ ਅਤੇ ਪਿੱਛੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖ਼ਸ਼ਣ।

ਮਤਾ ਨੰਬਰ ੦੪

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦਾ ਅੱਜ ਦਾ ਇਹ ਜਨਰਲ ਇਜਲਾਸ ਬਾਬਾ ਬਲਜਿੰਦਰ ਸਿੰਘ ਜੀ ਰਾੜਾ ਸਾਹਿਬ ਵਾਲਿਆਂ ਦੇ ਅਕਾਲ ਚਲਾਣਾ ਕਰ ਜਾਣ 'ਤੇ ਗਹਿਰੇ ਦੁੱਖ ਦਾ ਇਜ਼ਹਾਰ ਕਰਦਾ ਹੈ।

ਜਨਰਲ ਇਜਲਾਸ ਬਾਬਾ ਬਲਜਿੰਦਰ ਸਿੰਘ ਜੀ ਨੂੰ ਸ਼ਰਧਾ ਤੇ ਸਤਿਕਾਰ ਭੇਟ ਕਰਦਾ ਹੋਇਆ ਅਕਾਲ ਪੁਰਖ ਅੱਗੇ ਅਰਦਾਸ ਕਰਦਾ ਹੈ ਕਿ ਉਹ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿਚ ਨਿਵਾਸ ਦੇਣ ਅਤੇ ਪਿੱਛੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖ਼ਸ਼ਣ।

ਮਤਾ ਨੰਬਰ ੦੫

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦਾ ਅੱਜ ਦਾ ਇਹ ਜਨਰਲ ਇਜਲਾਸ ਸ. ਸੁਖਦੇਵ ਸਿੰਘ ਜੀ ਢੀਂਡਸਾ ਸਾਬਕਾ ਕੇਂਦਰੀ ਮੰਤਰੀ ਦੇ ਅਕਾਲ ਚਲਾਣਾ ਕਰ ਜਾਣ 'ਤੇ ਗਹਿਰੇ ਦੁੱਖ ਦਾ ਇਜ਼ਹਾਰ ਕਰਦਾ ਹੈ।

ਜਨਰਲ ਇਜਲਾਸ ਸ. ਸੁਖਦੇਵ ਸਿੰਘ ਜੀ ਢੀਂਡਸਾ ਨੂੰ ਸ਼ਰਧਾ ਤੇ ਸਤਿਕਾਰ ਭੇਟ ਕਰਦਾ ਹੋਇਆ ਅਕਾਲ ਪੁਰਖ ਅੱਗੇ ਅਰਦਾਸ ਕਰਦਾ ਹੈ ਕਿ ਉਹ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿਚ ਨਿਵਾਸ ਦੇਣ ਅਤੇ ਪਿੱਛੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖ਼ਸ਼ਣ।

ਮਤਾ ਨੰਬਰ ੦੬

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦਾ ਅੱਜ ਦਾ ਇਹ ਜਨਰਲ ਇਜਲਾਸ ਸ. ਹਰਮੇਲ ਸਿੰਘ ਜੀ ਟੌਹੜਾ ਸਾਬਕਾ ਮੰਤਰੀ ਪੰਜਾਬ ਦੇ ਅਕਾਲ ਚਲਾਣਾ ਕਰ ਜਾਣ 'ਤੇ ਗਹਿਰੇ ਦੁੱਖ ਦਾ ਇਜ਼ਹਾਰ ਕਰਦਾ ਹੈ।

ਜਨਰਲ ਇਜਲਾਸ ਸ. ਹਰਮੇਲ ਸਿੰਘ ਜੀ ਟੌਹੜਾ ਨੂੰ ਸ਼ਰਧਾ ਤੇ ਸਤਿਕਾਰ ਭੇਟ ਕਰਦਾ ਹੋਇਆ ਅਕਾਲ ਪੁਰਖ ਅੱਗੇ ਅਰਦਾਸ ਕਰਦਾ ਹੈ ਕਿ ਉਹ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿਚ ਨਿਵਾਸ ਦੇਣ ਅਤੇ ਪਿੱਛੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖ਼ਸ਼ਣ।

ਸ਼ੋਕ ਮਤੇ ਪੜ੍ਹਣ ਉਪਰੰਤ ਮਾਣਯੋਗ ਪ੍ਰਧਾਨ ਸਾਹਿਬ ਨੇ ਪੰਜ ਮੂਲ ਮੰਤਰ ਅਤੇ ਪੰਜ ਗੁਰ ਮੰਤਰ ਦੇ ਜਾਪ ਕਰਕੇ ਵਿਛੜੀਆਂ ਰੂਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ।

ਮਾਨਯੋਗ ਪ੍ਰਧਾਨ ਸਾਹਿਬ ਵੱਲੋਂ ਹਾਊਸ ਵਿੱਚ ਸ਼੍ਰੋਮਣੀ ਗੁ:ਪ੍ਰ:ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦੀ ਜਨਰਲ ਇਕੱਤਰਤਾ (ਬਜਟ ਸਮਾਗਮ) ੧੫ ਚੇਤ ਸੰਮਤ ਨਾਨਕਸ਼ਾਹੀ ੫੫੭, ਮੁਤਾਬਿਕ ੨੯ ਮਾਰਚ ੨੦੨੫ ਦੀ ਕਾਰਵਾਈ ਪੇਸ਼ ਕਰਨ 'ਤੇ ਹਾਊਸ ਵੱਲੋਂ ਹੇਠ ਲਿਖੇ ਮਤੇ ਰਾਹੀਂ ਪ੍ਰਵਾਨਗੀ ਦਿੱਤੀ ਗਈ:-

ਮਤਾ ਨੰਬਰ ੦੭

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਦੀ ਜਨਰਲ ਇਕੱਤਰਤਾ (ਬਜਟ ਸਮਾਗਮ) ੧੫ ਚੇਤ ਸੰਮਤ ਨਾਨਕਸ਼ਾਹੀ ੫੫੭, ਮੁਤਾਬਿਕ ੨੯ ਮਾਰਚ ੨੦੨੫ ਦੀ ਕਾਰਵਾਈ ਜੋ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਵੱਲੋਂ ਪ੍ਰਕਾਸ਼ਿਤ ਕੀਤੇ ਜਾਂਦੇ ਮਾਸਿਕ ਪੱਤਰ ਗੁਰਦੁਆਰਾ ਗਜ਼ਟ ਦੇ ਅੰਕ ਮਹੀਨਾ ਅਪ੍ਰੈਲ ੨੦੨੫ ਤੋਂ ਅਕਤੂਬਰ ੨੦੨੫ ਵਿਚ ਛਾਪ ਕੇ ਸਮੂਹ ਮੈਂਬਰ ਸਾਹਿਬਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਨੂੰ ਭੇਜੀ ਜਾ ਚੁੱਕੀ ਹੈ, ਦੀ ਪੁਸ਼ਟੀ ਦਾ ਮਾਮਲਾ ਪੇਸ਼ ਹੋਣ 'ਤੇ ਹਵਾਲੇ ਵਾਲੀ ਕਾਰਵਾਈ ਦੇ ਦਰੁੱਸਤ ਲਿਖਿਆਂ ਦੀ ਹਾਊਸ ਵਿੱਚ ਹਾਜ਼ਰ ਮੈਂਬਰ ਸਾਹਿਬਾਨ ਵੱਲੋਂ ਜੈਕਾਰਿਆਂ ਦੀ ਗੂੰਜ ਵਿੱਚ ਸਰਬ ਸੰਮਤੀ ਨਾਲ ਪ੍ਰਵਾਨਗੀ ਦਿੱਤੀ ਗਈ। ਉਪਰੰਤ ਕਾਰਵਾਈ ਕੰਨਫਰਮ (ਪੁਸ਼ਟੀ) ਕਰਦਿਆਂ ਪ੍ਰਧਾਨ ਸਾਹਿਬ ਸ਼੍ਰੋਮਣੀ ਗੁ:ਪ੍ਰ:ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦੇ ਤਸਦੀਕੀ ਦਸਤਖ਼ਤ ਕਰਵਾਏ ਗਏ।

(ਓ) ਚੋਣ ਪ੍ਰਧਾਨ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ :-

ਪ੍ਰਧਾਨ /ਚੇਅਰਮੈਨ ਸ਼੍ਰੋਮਣੀ ਗੁ:ਪ੍ਰ:ਕਮੇਟੀ ਵੱਲੋਂ ਜਨਰਲ ਇਜਲਾਸ ਦੀ ਕਾਰਵਾਈ ਸ਼ੁਰੂ ਕਰਦਿਆਂ ਹਾਊਸ ਵਿਚ ਹਾਜ਼ਰ ਮੈਂਬਰ ਸਾਹਿਬਾਨ ਨੂੰ ਪ੍ਰਧਾਨਗੀ ਅਹੁੱਦੇ ਲਈ ਨਾਮ ਪੇਸ਼ ਕਰਨ ਲਈ ਕਿਹਾ ਗਿਆ। ਹਾਊਸ ਵਿਚੋਂ ਸ. ਕਿਰਪਾਲ ਸਿੰਘ (ਕੋਆਪਟਿਡ-੧, ਪੰਜਾਬ) ਮੈਂਬਰ, ਸ਼੍ਰੋਮਣੀ ਗੁ:ਪ੍ਰ:ਕਮੇਟੀ ਵੱਲੋਂ ਸ. ਹਰਜਿੰਦਰ ਸਿੰਘ ਜੀ (ਹਲਕਾ ਨੰ:੧੧੩/੧, ਸ਼ਾਮ ਚੁਰਾਸੀ) ਮੈਂਬਰ, ਸ਼੍ਰੋਮਣੀ ਗੁ:ਪ੍ਰ:ਕਮੇਟੀ ਦਾ ਨਾਮ ਪ੍ਰਧਾਨਗੀ ਅਹੁੱਦੇ ਲਈ ਪੇਸ਼ ਕੀਤਾ, ਜਿਸ 'ਤੇ ਸ. ਹਰਜਿੰਦਰ ਸਿੰਘ ਜੀ ਵਲੋਂ ਪ੍ਰਧਾਨ ਦੇ ਅਹੁੱਦੇ ਲਈ ਆਪਣਾ ਨਾਮ ਪੇਸ਼ ਹੋਣ ਪੁਰ ਸਹਿਮਤੀ ਦਿੱਤੀ ਗਈ। ਸ੍ਰ. ਅਲਵਿੰਦਰਪਾਲ ਸਿੰਘ (ਹਲਕਾ ਨੰ:੯੩, ਤਰਨ ਤਾਰਨ) ਮੈਂਬਰ, ਸ਼੍ਰੋਮਣੀ ਗੁ:ਪ੍ਰ:ਕਮੇਟੀ ਨੇ ਪੇਸ਼ ਹੋਏ ਨਾਮ ਦੀ ਤਾਈਦ ਅਤੇ ਸ੍ਰ. ਰਜਿੰਦਰ ਸਿੰਘ (ਹਲਕਾ ਨੰ.੯੭ ਅੰਮ੍ਰਿਤਸਰ ਸ਼ਹਿਰ ਕੇਂਦਰੀ) ਮੈਂਬਰ, ਸ਼੍ਰੋਮਣੀ ਗੁ:ਪ੍ਰ:ਕਮੇਟੀ ਵੱਲੋਂ ਤਾਈਦ ਮਜੀਦ ਕੀਤੀ ਗਈ। ਪ੍ਰਧਾਨ/ ਚੇਅਰਮੈਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਵੱਲੋਂ ਪ੍ਰਧਾਨਗੀ ਪਦ ਲਈ ਕੋਈ ਹੋਰ ਨਾਮ ਪੇਸ਼ ਕਰਨ ਲਈ ਹਾਊਸ ਨੂੰ ਬੇਨਤੀ ਕੀਤੀ। ਸ੍ਰ. ਸੁਰਿੰਦਰ ਸਿੰਘ (ਹਲਕਾ ਨੰਬਰ ੧੧੪, ਹੁਸ਼ਿਆਰਪੁਰ) ਮੈਂਬਰ, ਸ਼੍ਰੋਮਣੀ ਗੁ:ਪ੍ਰ:ਕਮੇਟੀ ਵੱਲੋਂ ਸ੍ਰ. ਮਿੱਠੂ ਸਿੰਘ (ਹਲਕਾ ਨੰ:੩੮/੧, ਮਾਨਸਾ) ਦਾ ਨਾਮ ਪ੍ਰਧਾਨਗੀ ਅਹੁੱਦੇ ਲਈ ਪੇਸ਼ ਕੀਤਾ। ਜਿਸ 'ਤੇ ਸ. ਮਿੱਠੂ ਸਿੰਘ ਜੀ ਵਲੋਂ ਪ੍ਰਧਾਨ ਦੇ ਅਹੁੱਦੇ ਲਈ ਆਪਣਾ ਨਾਮ ਪੇਸ਼ ਹੋਣ ਪੁਰ ਸਹਿਮਤੀ ਦਿੱਤੀ ਗਈ। ਬੀਬੀ ਪਰਮਜੀਤ ਕੌਰ (ਹਲਕਾ ਨੰ:੧੨੦/ ੨, ਮੋਹਾਲੀ) ਮੈਂਬਰ, ਸ਼੍ਰੋਮਣੀ ਗੁ:ਪ੍ਰ:ਕਮੇਟੀ ਨੇ ਪੇਸ਼ ਹੋਏ ਨਾਮ ਦੀ ਤਾਈਦ ਅਤੇ ਸ੍ਰ. ਅਮਰੀਕ ਸਿੰਘ (ਹਲਕਾ ਨੰ: ੧੦੭/੧, ਡੇਰਾ ਬਾਬਾ ਨਾਨਕ) ਸ਼੍ਰੋਮਣੀ ਗੁ:ਪ੍ਰ:ਕਮੇਟੀ ਨੇ ਪੇਸ਼ ਹੋਏ ਨਾਮ ਦੀ ਤਾਈਦ ਮਜੀਦ ਕੀਤੀ ਗਈ। ਜਿਸ ਉਪਰੰਤ ਵੋਟਿੰਗ ਦੀ ਪ੍ਰਕਿਰਿਆ ਸ਼ੁਰੂ ਹੋਈ। ਸ੍ਰ. ਹਰਜਿੰਦਰ ਸਿੰਘ ਐਡਵੋਕੇਟ ਵੱਲੋਂ ਸ. ਭਗਵੰਤ ਸਿੰਘ (ਹਲਕਾ ਨੰ:੧੦੩, ਮਤੇਵਾਲ) ਅਤੇ ਸ੍ਰ. ਮਿੱਠੂ ਸਿੰਘ ਵੱਲੋਂ ਸ੍ਰ. ਜਸਵੰਤ ਸਿੰਘ (ਹਲਕਾ ਨੰਬਰ ੬੯, ਸਿਧਵਾਂ ਬੇਟ) ਬਤੌਰ ਟੈਲਰ ਨਿਯੁਕਤ ਕੀਤੇ ਗਏ। ਵੋਟਿੰਗ ਦੇ ਆਏ ਨਤੀਜਿਆਂ ਅਨੁਸਾਰ ਸ੍ਰ. ਹਰਜਿੰਦਰ ਸਿੰਘ ਜੀ ਐਡਵੋਕੇਟ ਨੂੰ ੧੧੭ ਵੋਟਾਂ ਪਈਆਂ ਅਤੇ ਸ੍ਰ. ਮਿੱਠੂ ਸਿੰਘ ਨੂੰ ੧੮

ਵੋਟਾਂ ਪਈਆਂ ਅਤੇ ੧ (ਇੱਕ) ਵੋਟ ਰੱਦ ਹੋਈ, ਕੁੱਲ ਵੋਟਾਂ ੧੩੬ ਪੋਲ ਹੋਈਆਂ। ਸ੍ਰ. ਹਰਜਿੰਦਰ ਸਿੰਘ ਜੀ ਐਡਵੋਕੇਟ (ਹਲਕਾ ਨੰ:੧੧੩/੧, ਸ਼ਾਮ ਚੁਰਾਸੀ) ਮੈਂਬਰ ਸ਼੍ਰੋਮਣੀ ਗੁ:ਪ੍ਰ:ਕਮੇਟੀ ਬਹੁਮਤ ਨਾਲ ਪ੍ਰਧਾਨਗੀ ਅਹੁੱਦੇ ਲਈ ਚੁਣੇ ਗਏ।

(ਅ) ਚੋਣ: ਸੀਨੀਅਰ ਮੀਤ ਪ੍ਰਧਾਨ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ:-

ਚੇਅਰਪਰਸਨ /ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਹਾਊਸ ਵਿਚ ਹਾਜ਼ਰ ਮੈਂਬਰ ਸਾਹਿਬਾਨ ਪਾਸੋਂ ਕਿਸੇ ਮੈਂਬਰ ਦਾ ਨਾਮ ਸੀਨੀਅਰ ਮੀਤ ਪ੍ਰਧਾਨ ਦੇ ਅਹੁੱਦੇ ਲਈ ਪੇਸ਼ ਕਰਨ ਦੀ ਮੰਗ ਕਰਨ 'ਤੇ ਸ. ਸੁਰਜੀਤ ਸਿੰਘ (ਹਲਕਾ ਨੰ:੫੯, ਰਾਜਪੁਰਾ) ਮੈਂਬਰ, ਸ਼੍ਰੋਮਣੀ ਗੁ:ਪ੍ਰ:ਕਮੇਟੀ ਵੱਲੋਂ ਸੀਨੀਅਰ ਮੀਤ ਪ੍ਰਧਾਨ ਦੇ ਅਹੁੱਦੇ ਲਈ ਸ੍ਰ. ਰਘੂਜੀਤ ਸਿੰਘ (ਕੋਆਪਟਿਡ-੨) ਮੈਂਬਰ, ਸ਼੍ਰੋਮਣੀ ਗੁ:ਪ੍ਰ:ਕਮੇਟੀ ਦਾ ਨਾਮ ਪੇਸ਼ ਕੀਤਾ, ਜਿਸ ਦੀ ਸ੍ਰ. ਦਲਜੀਤ ਸਿੰਘ (ਹਲਕਾ ਨੰ:੦੧, ਹਿਮਾਚਲ ਪ੍ਰਦੇਸ਼) ਮੈਂਬਰ, ਸ਼੍ਰੋਮਣੀ ਗੁ:ਪ੍ਰ:ਕਮੇਟੀ ਵੱਲੋਂ ਤਾਈਦ ਕੀਤੀ ਅਤੇ ਤਾਈਦ/ਮਜੀਦ ਸ. ਅਜਮੇਰ ਸਿੰਘ (ਹਲਕਾ ਨੰ:੧੧੮ ਮੋਰਿੰਡਾ) ਮੈਂਬਰ, ਸ਼੍ਰੋਮਣੀ ਗੁ:ਪ੍ਰ:ਕਮੇਟੀ ਨੇ ਕੀਤੀ। ਚੇਅਰਪਰਸਨ /ਪ੍ਰਧਾਨ ਸਾਹਿਬ ਵੱਲੋਂ ਕੋਈ ਹੋਰ ਨਾਮ ਸੀਨੀਅਰ ਮੀਤ ਪ੍ਰਧਾਨ ਦੇ ਅਹੁੱਦੇ ਲਈ ਪੇਸ਼ ਕਰਨ ਵਾਸਤੇ ਹਾਊਸ ਤੋਂ ਮੰਗ ਕੀਤੀ, ਕੋਈ ਹੋਰ ਨਾਮ ਪੇਸ਼ ਨਾ ਹੋਣ 'ਤੇ ਚੇਅਰਪਰਸਨ/ਪ੍ਰਧਾਨ ਵੱਲੋਂ ਸ੍ਰ. ਰਘੂਜੀਤ ਸਿੰਘ ਨੂੰ ਸਰਬਸੰਮਤੀ ਨਾਲ ਸੀਨੀਅਰ ਮੀਤ ਪ੍ਰਧਾਨ, ਸ਼੍ਰੋਮਣੀ ਗੁ:ਪ੍ਰ:ਕਮੇਟੀ ਦੇ ਅਹੁੱਦੇ ਲਈ ਚੁਣੇ ਜਾਣ ਦਾ ਐਲਾਨ ਕੀਤਾ। ਹਾਊਸ ਵਿਚ ਹਾਜ਼ਰ ਮੈਂਬਰ ਸਾਹਿਬਾਨ ਵੱਲੋਂ ਜੈਕਾਰੇ ਬੁਲਾ ਕੇ ਇਸ ਦੀ ਪ੍ਰਵਾਨਗੀ ਦਿੱਤੀ ਗਈ।

(ੲ) ਚੋਣ: ਜੂਨੀਅਰ ਮੀਤ ਪ੍ਰਧਾਨ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ:-

ਚੇਅਰਪਰਸਨ/ਪ੍ਰਧਾਨ ਵਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਦੇ ਅਹੁੱਦੇ ਲਈ ਹਾਊਸ ਵਿੱਚ ਹਾਜ਼ਰ ਮੈਂਬਰ ਸਾਹਿਬਾਨ ਪਾਸੋਂ ਕਿਸੇ ਮੈਂਬਰ ਦਾ ਨਾਮ ਜੂਨੀਅਰ ਮੀਤ ਪ੍ਰਧਾਨ ਦੇ ਅਹੁੱਦੇ ਲਈ ਨਾਮ ਪੇਸ਼ ਕਰਨ ਦੀ ਮੰਗ ਕਰਨ 'ਤੇ ਸ੍ਰ. ਰਘਬੀਰ ਸਿੰਘ, ਹਲਕਾ ਨੰ:੬੪, ਪਾਇਲ, ਮੈਂਬਰ, ਸ਼੍ਰੋਮਣੀ ਗੁ:ਪ੍ਰ:ਕਮੇਟੀ ਵੱਲੋਂ ਸ੍ਰ. ਬਲਦੇਵ ਸਿੰਘ ਹਲਕਾ ਨੰ:੮੦/੨, ਸ਼ਾਹਕੋਟ, ਮੈਂਬਰ, ਸ਼੍ਰੋਮਣੀ ਗੁ:ਪ੍ਰ:ਕਮੇਟੀ ਦਾ ਨਾਮ ਜੂਨੀਅਰ ਮੀਤ ਪ੍ਰਧਾਨ ਦੇ ਅਹੁੱਦੇ ਲਈ ਪੇਸ਼ ਕੀਤਾ। ਸ੍ਰ. ਹਰਪ੍ਰੀਤ ਸਿੰਘ ਹਲਕਾ ਨੰ:੬੬, ਪੱਖੋਵਾਲ, ਮੈਂਬਰ, ਸ਼੍ਰੋਮਣੀ ਗੁ:ਪ੍ਰ:ਕਮੇਟੀ ਨੇ ਪੇਸ਼ ਹੋਏ ਨਾਮ ਦੀ ਤਾਈਦ ਕੀਤੀ ਅਤੇ ਸ੍ਰ. ਸੁਰਜੀਤ ਸਿੰਘ ਕੋਆਪਟਿਡ ਨੰਬਰ ੦੭, ਮੈਂਬਰ, ਸ਼੍ਰੋਮਣੀ ਗੁ:ਪ੍ਰ:ਕਮੇਟੀ ਨੇ ਤਾਈਦ/ਮਜੀਦ ਕੀਤੀ। ਕੋਈ ਹੋਰ ਨਾਮ ਜੂਨੀਅਰ ਮੀਤ ਪ੍ਰਧਾਨ ਦੇ ਅਹੁੱਦੇ ਲਈ ਪੇਸ਼ ਨਾ ਹੋਣ ਕਰਕੇ, ਚੇਅਰਪਰਸਨ/ਪ੍ਰਧਾਨ ਵੱਲੋਂ ਸ੍ਰ. ਬਲਦੇਵ ਸਿੰਘ ਨੂੰ ਸਰਬਸੰਮਤੀ ਨਾਲ ਜੂਨੀਅਰ ਮੀਤ ਪ੍ਰਧਾਨ, ਸ਼੍ਰੋਮਣੀ ਗੁ:ਪ੍ਰ:ਕਮੇਟੀ ਦੇ ਅਹੁੱਦੇ ਲਈ ਚੁਣੇ ਜਾਣ ਦਾ ਐਲਾਨ ਕੀਤਾ। ਹਾਊਸ ਵਿੱਚ ਹਾਜ਼ਰ ਮੈਂਬਰ ਸਾਹਿਬਾਨ ਵੱਲੋਂ ਜੈਕਾਰਾ ਬੁਲਾ ਕੇ ਜੂਨੀਅਰ ਮੀਤ ਪ੍ਰਧਾਨ ਦੀ ਚੋਣ ਲਈ ਪ੍ਰਵਾਨਗੀ ਦਿੱਤੀ।

(ਸ) ਚੋਣ: ਜਨਰਲ ਸਕੱਤਰ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ:-

ਚੇਅਰਪਰਸਨ/ਪ੍ਰਧਾਨ ਵਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਕਿਸੇ ਮੈਂਬਰ ਦਾ ਨਾਮ ਜਨਰਲ ਸਕੱਤਰ ਦੇ ਅਹੁਦੇ ਲਈ ਪੇਸ਼ ਕਰਨ ਦੀ ਮੰਗ ਕਰਨ 'ਤੇ ਸ੍ਰ. ਗੁਰਮੀਤ ਸਿੰਘ ਹਲਕਾ ਨੰ:੨੧ ਜੀਰਾ, ਮੈਂਬਰ ,ਸ਼੍ਰੋਮਣੀ ਗੁ:ਪ੍ਰ:ਕਮੇਟੀ ਨੇ ਸ. ਸ਼ੇਰ ਸਿੰਘ, ਹਲਕਾ ਨੰ:੨੯, ਕੋਟਕਪੂਰਾ, ਮੈਂਬਰ, ਸ਼੍ਰੋਮਣੀ ਗੁ:ਪ੍ਰ:ਕਮੇਟੀ ਦਾ ਨਾਮ ਪੇਸ਼ ਕੀਤਾ। ਸ੍ਰ. ਚਰਨਜੀਤ ਸਿੰਘ ਹਲਕਾ ਨੰ: ੧੧੯, ਖਰੜ, ਮੈਂਬਰ, ਸ਼੍ਰੋਮਣੀ ਗੁ:ਪ੍ਰ:ਕਮੇਟੀ ਨੇ ਨਾਮ ਦੀ ਤਾਈਦ ਕੀਤੀ ਅਤੇ ਸ੍ਰ. ਗੁਰਨਾਮ ਸਿੰਘ, ਹਲਕਾ ਨੰ: ੧੦੫/੨, ਬਟਾਲਾ, ਮੈਂਬਰ, ਸ਼੍ਰੋਮਣੀ ਗੁ:ਪ੍ਰ:ਕਮੇਟੀ ਨੇ ਤਾਈਦ/ਮਾਜੀਦ ਕੀਤੀ। ਚੇਅਰਪਰਸਨ/ ਪ੍ਰਧਾਨ ਨੇ ਹੋਰ ਨਾਮ ਪੇਸ਼ ਕਰਨ ਦੀ ਮੰਗ ਕੀਤੀ। ਕੋਈ ਹੋਰ ਨਾਮ ਜਨਰਲ ਸਕੱਤਰ ਦੇ ਅਹੁੱਦੇ ਲਈ ਪੇਸ਼ ਨਾ ਹੋਣ ਕਰਕੇ, ਚੇਅਰਪਰਸਨ/ਪ੍ਰਧਾਨ

ਵੱਲੋਂ ਸ੍ਰ. ਸ਼ੇਰ ਸਿੰਘ ਨੂੰ ਸਰਬਸੰਮਤੀ ਨਾਲ ਜਰਨਲ ਸਕੱਤਰ, ਸ਼੍ਰੋਮਣੀ ਗੁ:ਪ੍ਰ:ਕਮੇਟੀ ਦੇ ਅਹੁੱਦੇ ਲਈ ਚੁਣੇ ਜਾਣ ਦਾ ਐਲਾਨ ਕੀਤਾ। ਹਾਊਸ ਵਿੱਚ ਹਾਜ਼ਰ ਮੈਂਬਰ ਸਾਹਿਬਾਨ ਵੱਲੋਂ ਜੈਕਾਰਾ ਬੁਲਾ ਕੇ ਜਨਰਲ ਸਕੱਤਰ ਦੀ ਚੋਣ ਦੀ ਪ੍ਰਵਾਨਗੀ ਦਿੱਤੀ।

ਮਾਨਯੋਗ ਪ੍ਰਧਾਨ ਸਾਹਿਬ ਵਲੋਂ ਅੰਤ੍ਰਿੰਗ ਮੈਂਬਰ ਸਾਹਿਬਾਨ ਦੀ ਤਜਵੀਜ਼ ਲਈ ਹਾਊਸ ਨੂੰ ਬੇਨਤੀ ਕੀਤੀ ਗਈ:-

ਮਤਾ ਨੰਬਰ ੦੮

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਦੀ ਅੰਤ੍ਰਿੰਗ ਕਮੇਟੀ ਦੇ ੧੧ ਮੈਂਬਰ ਰੱਖਣ ਦੀ ਤਜਵੀਜ਼ ਦਾ ਮਾਮਲਾ, ਪੇਸ਼ ਹੋਣ 'ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦਾ ਅੱਜ ਦਾ ਜਨਰਲ ਇਜਲਾਸ ਸਰਬਸੰਮਤੀ ਨਾਲ ਪ੍ਰਵਾਨ ਕਰਦਾ ਹੈ ਕਿ ਅੰਤ੍ਰਿੰਗ ਕਮੇਟੀ (ਸ਼੍ਰੋਮਣੀ ਗੁ:ਪ੍ਰ:ਕਮੇਟੀ) ਦੇ ੧੧ ਮੈਂਬਰ ਹੋਣਗੇ।

ਸ੍ਰ. ਅਮਰਜੀਤ ਸਿੰਘ ਹਲਕਾ ਨੰ:੧੦੨/੧, ਬੰਡਾਲਾ, ਮੈਂਬਰ, ਸ਼੍ਰੋਮਣੀ ਗੁ:ਪ੍ਰ:ਕਮੇਟੀ ਵੱਲੋਂ ਹੇਠ ਲਿਖੇ ਅਨੁਸਾਰ ੧੧ ਮੈਂਬਰਾਂ ਦੇ ਨਾਮ ਅੰਤ੍ਰਿੰਗ ਕਮੇਟੀ ਦੀ ਚੋਣ ਵਾਸਤੇ ਪੇਸ਼ ਕੀਤੇ ਗਏ। ਸ੍ਰ. ਗੁਰਿੰਦਰਪਾਲ ਸਿੰਘ ਹਲਕਾ ਨੰ:੧੦੫/੧, ਬਟਾਲਾ, ਮੈਂਬਰ ਸ਼੍ਰੋਮਣੀ ਗੁ:ਪ੍ਰ:ਕਮੇਟੀ ਵੱਲੋਂ ਉਪਰੋਕਤ ੧੧ ਮੈਂਬਰਾਂ ਦੇ ਨਾਵਾਂ ਦੀ ਤਾਈਦ ਕੀਤੀ ਗਈ। ਸ੍ਰ. ਗੁਰਪ੍ਰੀਤ ਸਿੰਘ ਹਲਕਾ ਨੰ:੩੯, ਜੋਗਾ, ਮੈਂਬਰ, ਸ਼੍ਰੋਮਣੀ ਗੁ:ਪ੍ਰ:ਕਮੇਟੀ ਵੱਲੋਂ ਤਾਈਦ/ਮਜੀਦ ਕੀਤੀ ਗਈ:-

ਉਪਰੰਤ ਹਾਊਸ ਵੱਲੋਂ ਸਰਬਸੰਮਤੀ ਨਾਲ ਹੇਠ ਲਿਖੇ ਅਨੁਸਾਰ ੧੧ ਮੈਂਬਰੀ ਅੰਤ੍ਰਿੰਗ ਕਮੇਟੀ ਦੀ ਚੋਣ ਕੀਤੀ ਗਈ:-

ਲੜੀ ਨੰ.	ਨਾਮ	ਹਲਕਾ ਨੰਬਰ
੧.	ਸ. ਸੁਰਜੀਤ ਸਿੰਘ ਜੀ ਗੜ੍ਹੀ	੫੯
੨.	ਸ. ਸੁਰਜੀਤ ਸਿੰਘ ਜੀ ਤੁਗਲਵਾਲ	੧੦੪
੩.	ਸ੍ਰ. ਸੁਰਜੀਤ ਸਿੰਘ ਜੀ ਕੰਗ (ਕੋਆ:)	੦੭
੪.	ਸ੍ਰ. ਗੁਰਪ੍ਰੀਤ ਸਿੰਘ ਝੱਬਰ	੩੯
੫.	ਸ. ਦਲਜੀਤ ਸਿੰਘ ਜੀ ਭਿੰਡਰ	੧
੬.	ਬੀਬੀ ਹਰਜਿੰਦਰ ਕੌਰ ਜੀ	੦੨
੭.	ਸ. ਬਲਦੇਵ ਸਿੰਘ ਜੀ ਕਾਇਮਪੁਰੀ	੪/੧
੮.	ਸ. ਮੇਜਰ ਸਿੰਘ ਜੀ ਢਿੱਲੋਂ	੩੨/੧
੯.	ਸ. ਮੰਗਵਿੰਦਰ ਸਿੰਘ ਜੀ ਖਾਪੜਖੇੜੀ	੬੫/੧
੧੦.	ਸ. ਜੰਗਬਹਾਦਰ ਸਿੰਘ ਜੀ ਰਾਏ	੧੧੫/੧
੧੧.	ਸ. ਮਿੱਠੂ ਸਿੰਘ ਜੀ ਕਾਹਨੇ ਕੇ	੩੮/੧

ਪ੍ਰਧਾਨ/ਚੇਅਰਪਰਸਨ ਵੱਲੋਂ ਉਪਰੋਕਤ ੧੧ ਮੈਂਬਰਾਂ ਦੇ ਅੰਤ੍ਰਿੰਗ ਕਮੇਟੀ ਮੈਂਬਰਾਂ ਵਜੋਂ ਚੁਣੇ ਜਾਣ ਦਾ ਐਲਾਨ ਕੀਤਾ। ਹਾਊਸ ਵੱਲੋਂ ਜੈਕਾਰਾ ਬੁਲਾ ਕੇ ਇਸ ਦੀ ਪ੍ਰਵਾਨਗੀ ਦਿੱਤੀ ਗਈ।

ਚੋਣ ਦੀ ਪ੍ਰਕਿਰਿਆ ਮੁਕੰਮਲ ਹੋਣ 'ਤੇ ਚੇਅਰਪਰਸਨ/ਪ੍ਰਧਾਨ ਸਾਹਿਬ ਨੇ ਹਾਊਸ ਦਾ ਧੰਨਵਾਦ ਕਰਦਿਆਂ ਹੇਠ ਲਿਖੇ ਮਤੇ ਪ੍ਰਵਾਨਗੀ ਲਈ ਪੇਸ਼ ਕੀਤੇ:-

ਮਤਾ ਨੰਬਰ ੦੯

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਦਾ ਇਹ ਜਨਰਲ ਇਜਲਾਸ ਸਾਹਿਬ

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੇ ਸ਼ਹੀਦੀ ਸਾਕੇ ਦੀ ੩੫੦ ਸਾਲਾ ਸ਼ਤਾਬਦੀ ਮੌਕੇ ਗੁਰੂ ਸਾਹਿਬ ਜੀ ਨੂੰ ਪੂਰੇ ਸਮਰਪਣ ਨਾਲ ਸ਼ਰਧਾ ਤੇ ਸਤਿਕਾਰ ਭੇਟ ਕਰਦਾ ਹੈ।

ਗੁਰੂ ਸਾਹਿਬ ਦੀ ਸ਼ਹਾਦਤ ਦਾ ਸਾਕਾ ਮਨੁੱਖਤਾ ਦੇ ਇਤਿਹਾਸ ਵਿਚ ਵਚਿਤ੍ਰ, ਵਿਲੱਖਣ ਅਤੇ ਅਦੁੱਤੀ ਘਟਨਾ ਹੈ। ਇਸ ਦੀ ਗਵਾਹੀ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਆਪਣੀ ਬਾਣੀ ਵਿਚ ਅੰਕਤ ਕੀਤੀ ਹੈ:-

ਤਿਲਕ ਜੰਞੂ ਰਾਖਾ ਪ੍ਰਭ ਤਾ ਕਾ॥ ਕੀਨੋ ਬਡੋ ਕਲੂ ਮਹਿ ਸਾਕਾ॥
ਸਾਧਨ ਹੇਤਿ ਇਤੀ ਜਿਨਿ ਕਰੀ॥ ਸੀਸੁ ਦੀਆ ਪਰ ਸੀ ਨ ਉਚਰੀ॥੧੩॥
ਧਰਮ ਹੇਤ ਸਾਕਾ ਜਿਨਿ ਕੀਆ॥ ਸੀਸੁ ਦੀਆ ਪਰ ਸਿਰਰੁ ਨ ਦੀਆ॥

ਇਹ ਧਰਮ ਦੀ ਪਾਲਣਾ ਦੀ ਸਿਖ਼ਰ ਸੀ ਕਿ ਦੂਸਰਿਆਂ ਦੇ ਧਾਰਮਿਕ ਅਕੀਦੇ ਅਤੇ ਚਿਨ੍ਹਾਂ ਦੀ ਰਾਖੀ ਲਈ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਨੇ ਆਪਣਾ ਸੀਸ ਵਾਰ ਦਿੱਤਾ। ਇਹ ਸ਼ਹਾਦਤ ਧਰਮ ਦੀ ਅਜ਼ਾਦੀ ਲਈ ਸੀ। ਪ੍ਰੰਤੂ ਦੁਖਦ ਪਹਿਲੂ ਇਹ ਹੈ ਕਿ ਮੌਜੂਦਾ ਸਮੇਂ ਦੇਸ਼ ਅੰਦਰ ਅਕਸਰ ਹੀ ਸਿੱਖਾਂ ਦੇ ਕਕਾਰਾਂ ਨੂੰ ਚੁਣੌਤੀ ਦੀਆਂ ਰਿਪੋਰਟਾਂ ਸਾਹਮਣੇ ਆਉਂਦੀਆਂ ਰਹਿੰਦੀਆਂ ਹਨ। ਇਹ ਗੁਰੂ ਸਾਹਿਬ ਦੇ ਧਰਮ ਦੀ ਅਜ਼ਾਦੀ ਲਈ ਦਿੱਤੀ ਸ਼ਹਾਦਤ ਦਾ ਸਿੱਧਾ ਨਿਰਾਦਰ ਹੈ।

ਇਸ ਦੇ ਮੱਦੇਨਜ਼ਰ ਅੱਜ ਦਾ ਇਹ ਇਜਲਾਸ ਕੇਂਦਰ ਸਰਕਾਰ ਪਾਸੋਂ ਮੰਗ ਕਰਦਾ ਹੈ ਕਿ ਉਹ ਪੂਰੇ ਦੇਸ਼ ਅੰਦਰ ਸਿੱਖਾਂ ਦੇ ਧਾਰਮਿਕ ਅਧਿਕਾਰਾਂ, ਇਸਦੀ ਵਿਲੱਖਣਤਾ ਅਤੇ ਨਿਆਰੇਪਨ ਦਾ ਸਤਿਕਾਰ ਕਰਦਿਆਂ ਇਹ ਯਕੀਨੀ ਬਣਾਵੇ ਕਿ ਸਿੱਖਾਂ ਨੂੰ ਉਨ੍ਹਾਂ ਦੇ ਧਾਰਮਿਕ ਸਰੂਪ ਦਸਤਾਰ ਅਤੇ ਕਕਾਰਾਂ ਸਹਿਤ ਬਿਨਾਂ ਰੋਕ-ਟੋਕ ਵਿਚਰਣ ਵਿਚ ਕੋਈ ਮੁਸ਼ਕਿਲ ਨਾ ਆਵੇ। ਪੂਰੇ ਦੇਸ਼ ਅੰਦਰ ਇਸ ਦੇ ਪਾਲਣ ਨੂੰ ਯਕੀਨੀ ਬਣਾਉਣ ਦੀ ਜ਼ਿੰਮੇਵਾਰੀ ਭਾਰਤ ਸਰਕਾਰ ਦੀ ਹੈ, ਜਿਸ ਨੂੰ ਸੁਹਿਰਦਤਾ ਨਾਲ ਨਿਭਾਇਆ ਜਾਵੇ।

ਮਤਾ ਨੰਬਰ ੧੦

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਦਾ ਇਹ ਜਨਰਲ ਇਜਲਾਸ ਸਰਕਾਰਾਂ ਨੂੰ ਚੇਤੇ ਕਰਵਾਉਂਦਾ ਹੈ ਕਿ ਸਿੱਖਾਂ ਨੇ ਭਾਰਤ ਦੀ ਅਜ਼ਾਦੀ ਲਈ ਸਭ ਤੋਂ ਵੱਧ ਕੁਰਬਾਨੀਆਂ ਦਿੱਤੀਆਂ ਅਤੇ ਦੇਸ਼ ਦੀ ਏਕਤਾ, ਸੁਰੱਖਿਆ ਅਤੇ ਖ਼ੁਸ਼ਹਾਲੀ ਲਈ ਬੇਮਿਸਾਲ ਯੋਗਦਾਨ ਪਾਇਆ। ਪ੍ਰੰਤੂ ਅਜ਼ਾਦ ਭਾਰਤ ਅੰਦਰ ਪੰਜਾਬ ਦੇ ਹੱਕਾਂ, ਹਿੱਤਾਂ ਅਤੇ ਸਿੱਖ ਕੌਮ ਦੀਆਂ ਵਾਜ਼ਿਬ ਮੰਗਾਂ ਨੂੰ ਲਗਾਤਾਰ ਅਣਡਿੱਠ ਕੀਤਾ ਜਾ ਰਿਹਾ ਹੈ। ਭਾਵੇਂ ਪਾਣੀਆਂ ਦੀ ਵੰਡ ਦਾ ਮਾਮਲਾ ਹੋਵੇ, ਚੰਡੀਗੜ੍ਹ ਤੇ ਹੋਰ ਪੰਜਾਬੀ ਬੋਲਣ ਵਾਲੇ ਇਲਾਕਿਆਂ ਦੇ ਮਸਲੇ ਹੋਣ ਜਾਂ ਖੇਤੀਬਾੜੀ, ਆਰਥਿਕਤਾ ਨਾਲ ਜੁੜੇ ਮਸਲੇ ਹੋਣ। ਹਰ ਇਕ ਮਾਮਲੇ ਵਿਚ ਪੰਜਾਬ ਅਤੇ ਸਿੱਖਾਂ ਨਾਲ ਨਾ-ਇਨਸਾਫ਼ੀ ਕੀਤੀ ਜਾਂਦੀ ਰਹੀ ਹੈ।

ਇਸ ਦੇ ਮੱਦੇਨਜ਼ਰ ਅੱਜ ਦਾ ਇਹ ਜਨਰਲ ਇਜਲਾਸ ਕੇਂਦਰ ਸਰਕਾਰ ਪਾਸੋਂ ਮੰਗ ਕਰਦਾ ਹੈ ਕਿ:-

* ਪੰਜਾਬ ਦੇ ਦਰਿਆਵਾਂ ਦਾ ਪਾਣੀ ਜਿਸ 'ਤੇ ਪਹਿਲਾ ਹੱਕ ਪੰਜਾਬ ਦੇ ਲੋਕਾਂ ਦਾ ਹੈ, ਇਸ ਨੂੰ ਹੋਰਨਾਂ ਰਾਜਾਂ ਵਿਚ ਗੈਰ-ਕਾਨੂੰਨੀ ਤਰੀਕੇ ਨਾਲ ਜਾਣ ਤੋਂ ਰੋਕਿਆ ਜਾਵੇ। ਸਤਲੁਜ ਯਮੁਨਾ ਲਿੰਕ ਨਹਿਰ ਸਬੰਧੀ ਹਰ ਤਰ੍ਹਾਂ ਦੀ ਕਾਰਵਾਈ 'ਤੇ ਮੁਕੰਮਲ ਰੋਕ ਲਗਾਈ ਜਾਵੇ।

* ਚੰਡੀਗੜ੍ਹ ਜੋ ਪੰਜਾਬ ਦੇ ਪਿੰਡਾਂ ਨੂੰ ਉਜਾੜ ਕੇ ਬਣਿਆ ਹੈ ਅਤੇ ਸੂਬੇ ਦੀ ਰਾਜਧਾਨੀ ਵੀ ਹੈ, ਨੂੰ ਪੂਰੀ ਤਰ੍ਹਾਂ ਪੰਜਾਬ ਦੇ ਹਵਾਲੇ ਕੀਤਾ ਜਾਵੇ।

* ਭਾਖੜਾ ਬਿਆਸ ਮੈਨੇਜਮੈਂਟ ਬੋਰਡ ਵਿਚ ਪੰਜਾਬ ਦੀ ਭਾਗੀਦਾਰੀ ਬਰਕਰਾਰ ਰੱਖੀ ਜਾਵੇ ਅਤੇ ਕੇਂਦਰ ਇਸ 'ਤੇ ਮਨਮਰਜ਼ੀ ਦੇ ਫੈਸਲੇ ਥੋਪਣ ਦੀਆਂ ਹਰਕਤਾਂ ਬੰਦ ਕਰੇ।

* ਪੰਜਾਬ ਦੀ ਆਰਥਿਕਤਾ ਦਾ ਆਧਾਰ ਖੇਤੀਬਾੜੀ ਹੈ, ਇਸ ਲਈ ਭਵਿੱਖ ਅੰਦਰ ਖੇਤੀ ਨਾਲ ਸਬੰਧਤ ਸਾਰੇ ਫੈਸਲੇ ਕਿਸਾਨਾਂ ਅਤੇ ਰਾਜ ਦੀ ਸਲਾਹ ਨਾਲ ਕੀਤੇ ਜਾਣ। ਇਸ ਦੇ ਨਾਲ ਹੀ ਫ਼ਸਲਾਂ ਦੇ ਘੱਟੋ-ਘੱਟ ਸਮਰਥਨ ਮੁੱਲ ਨੂੰ ਕਾਨੂੰਨੀ ਗਾਰੰਟੀ ਦਿੱਤੀ ਜਾਵੇ।

* ਪੰਜਾਬ ਕਿਉਂਕਿ ਸਰਹੱਦੀ ਸੂਬਾ ਹੈ, ਇਸ ਲਈ ਇਸ ਦੇ ਸਰੋਤਾਂ, ਕਰਾਂ ਅਤੇ ਨੀਤੀਆਂ ਦੇ ਪੂਰੇ ਹੱਕ ਹਕੂਕ ਸੂਬੇ ਨੂੰ ਦਿੱਤੇ ਜਾਣ।

* ਸਿੱਖ ਕੌਮ ਦੀ ਅੱਡਰੀ ਪਛਾਣ, ਇਤਿਹਾਸ ਅਤੇ ਸਿਧਾਂਤਾਂ ਨੂੰ ਦੇਸ਼ ਅੰਦਰ ਮਿਲਦੀਆਂ ਚੁਣੌਤੀਆਂ ਦੇ ਮੱਦੇਨਜ਼ਰ ਕੇਂਦਰ ਸਰਕਾਰ ਹਰੇਕ ਰਾਜ ਸਰਕਾਰਾਂ ਨੂੰ ਆਦੇਸ਼ ਕਰੇ ਕਿ ਉਹ ਸਿੱਖਾਂ ਦੀਆਂ ਧਾਰਮਿਕ ਭਾਵਨਾਵਾਂ ਦੀ ਕਦਰ ਕਰਨ। ਸੰਵਿਧਾਨ ਤਹਿਤ ਸਿੱਖਾਂ ਨੂੰ ਮਿਲੇ ਹੱਕਾਂ ਦੀ ਪਾਲਣਾ ਲਾਜ਼ਮੀ ਕਰਵਾਈ ਜਾਵੇ ਅਤੇ ਪ੍ਰੀਖਿਆਵਾਂ ਆਦਿ ਦੌਰਾਨ ਸਿੱਖ ਵਿਦਿਆਰਥੀਆਂ ਨੂੰ ਕਕਾਰਾਂ ਸਮੇਤ ਬੈਠਣ ਤੋਂ ਰੋਕਣ ਦੀਆਂ ਮੰਦਭਾਗੀਆਂ ਘਟਨਾਵਾਂ ਸਖ਼ਤੀ ਨਾਲ ਰੋਕੀਆਂ ਜਾਣ।

ਮਤਾ ਨੰਬਰ ੧੧

